ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 149
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 31 May, 2026) ਐਤਵਾਰ, 31 ਮਈ, 2026, 17 ਜੇਠ (ਪੂਰਨਮਾਸ਼ੀ), ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਸੂਬੇ ਦੀਆਂ ਅਦਾਲਤਾਂ ਇੱਕ ਤੋਂ 30 ਜੂਨ ਤੱਕ ਰਹਿਣਗੀਆਂ ਬੰਦ

ਚੰਡੀਗੜ੍ਹ, 30 ਮਈ (ਚ.ਨ.ਸ.): ਗਰਮੀਆਂ ਦੀਆਂ ਛੁੱਟੀਆਂ ਦੇ ਚੱਲਦਿਆਂ ਪੂਰੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੀਆਂ ਸੈਸ਼ਨ ਅਦਾਲਤਾਂ (ਜ਼ਿਲ੍ਹਾ ਅਦਾਲਤਾਂ) ਅਤੇ ਹੇਠਲੀਆਂ ਅਦਾਲਤਾਂ ਦਾ ਰੋਜ਼ਾਨਾ ਦਾ ਆਮ ਕੰਮਕਾਜ 1 ਜੂਨ ਤੋਂ ਲੈ ਕੇ 30 ਜੂਨ ਤੱਕ ਬੰਦ ਰਹੇਗਾ। ਇਸ ਛੁੱਟੀਆਂ ਦੇ ਸਮੇਂ ਦੌਰਾਨ, ਦੀਵਾਨੀ ਮਾਮਲਿਆਂ ਦੀ ਰੋਜ਼ਾਨਾ ਸੁਣਵਾਈ ਨਹੀਂ ਹੋਵੇਗੀ, ਜਦੋਂ ਕਿ ਫ਼ੌਜਦਾਰੀ (ਕ੍ਰਿਮੀਨਲ) ਅਦਾਲਤਾਂ 15 ਜੂਨ ਤੱਕ ਨਿਯਮਤ ਕਾਰਵਾਈ ਜਾਰੀ ਰੱਖਣਗੀਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੈਸ਼ਨ ਜੱਜ ਹਰਪ੍ਰੀਤ ਕੌਰ ਰੰਧਾਵਾ ਨੇ ਦੱਸਿਆ ਕਿ (ਬਾਕੀ ਸਫ਼ਾ 2 'ਤੇ)

## ਜਦੋਂ ਖੜਗੇ ਸਾਹਮਣੇ ਵੜਿੰਗ ਤੇ ਚੰਨੀ ਨੇ ਇੱਕ-ਦੂਜੇ 'ਤੇ ਉਂਗਲਾਂ ਚੁੱਕੀਆਂ

ਦਰਸ਼ਨ ਸਿੰਘ ਦਰਸ਼ਕ



ਪਟਿਆਲਾ, 30 ਮਈ: 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਕਾਂਗਰਸ ਵਿੱਚ ਜਥੇਬੰਦਕ ਮਜ਼ਬੂਤੀ ਅਤੇ ਅੰਦਰੂਨੀ ਧੜੇਬੰਦੀ ਨੂੰ ਖਤਮ ਕਰਨ ਦੇ ਮਕਸਦ ਨਾਲ ਕਾਂਗਰਸ ਪ੍ਰਧਾਨ ਮਲਿਕਅਰਜੁਨ ਖੜਗੇ ਨੇ ਪੰਜਾਬ ਕਾਂਗਰਸ ਦੇ ਆਗੂਆਂ ਅਤੇ ਕਾਂਗਰਸ ਵਰਕਿੰਗ ਕਮੇਟੀ (ਸੀ.ਡਬਲਯੂ.ਸੀ.) ਦੇ ਮੈਂਬਰਾਂ ਨੂੰ ਦਿੱਲੀ ਵਿੱਚ ਬੁਲਾਇਆ ਜਿਸ ਵਿਚ ਉਸ ਸਮੇਂ ਮਾਹੌਲ ਤਲਖ਼ ਹੋ ਗਿਆ ਜਦੋਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਵਿਚ ਗਿੱਦੜਬਾਹਾ ਵਿੱਚ ਪਾਰਟੀ ਦੀ ਮਾੜੀ ਕਾਰਗੁਜ਼ਾਰੀ ਦੇ ਸਬੰਧ ਵਿਚ ਰਾਜਾ ਵੜਿੰਗ ਨੂੰ ਨਿਸ਼ਾਨਾ ਬਣਾਇਆ ਅਤੇ ਵੜਿੰਗ ਨੇ ਇਨ੍ਹਾਂ ਚੋਣਾਂ ਵਿੱਚ ਚੰਨੀ ਦੀ ਗੈਰ ਹਾਜ਼ਰੀ ਉੱਤੇ ਸਵਾਲ ਉਠਾਏ।

ਇਸ ਮੀਟਿੰਗ ਵਿੱਚ ਕਾਂਗਰਸ ਪ੍ਰਧਾਨ ਖ਼ੜਗੇ ਅਤੇ ਏ.ਆਈ.ਸੀ.ਸੀ. ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਵੀ ਮੌਜੂਦ ਸਨ। ਮੀਟਿੰਗ ਵਿੱਚ ਪੀ.ਪੀ.ਸੀ.ਸੀ. ਮੁਖੀ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਜੇ ਇੰਦਰ ਸਿੰਗਲਾ ਅਤੇ ਸੁਖਜਿੰਦਰ ਸਿੰਘ ਰੰਧਾਵਾ ਸ਼ਾਮਲ ਹੋਏ।

ਇਹ ਮੀਟਿੰਗ ਪੰਜਾਬ ਦੀਆਂ ਨਗਰ ਕੌਂਸਲ ਚੋਣਾਂ ਵਿੱਚ ਕਾਂਗਰਸ ਦੀ ਮਾੜੀ ਕਾਰਗੁਜ਼ਾਰੀ ਤੋਂ ਬਾਅਦ ਹੋਈ, ਜਿੱਥੇ ਪਾਰਟੀ ਸੱਤਾਧਾਰੀ ਆਮ ਆਦਮੀ ਪਾਰਟੀ ਤੋਂ ਕਾਫ਼ੀ ਪਿੱਛੇ ਰਹਿ ਗਈ। ਗਿੱਦੜਬਾਹਾ, ਜੋ ਪੰਜਾਬ ਕਾਂਗਰਸ ਪ੍ਰਧਾਨ ਅਤੇ ਲੁਧਿਆਣਾ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਗੜ੍ਹ ਮੰਨਿਆ ਜਾਂਦਾ ਹੈ, ਉੱਥੇ ਆਪ ਨੇ 19 ਵਿੱਚੋਂ 17 ਵਾਰਡ ਜਿੱਤੇ, ਅਤੇ ਕਾਂਗਰਸ ਸਿਰਫ਼ ਦੋ ਵਾਰਡਾਂ ਤੱਕ ਸੀਮਤ ਰਹੀ।

ਮੀਟਿੰਗ ਵਿੱਚ ਅੰਦਰੂਨੀ ਕਲੇਸ਼ ਵੀ ਸਾਹਮਣੇ ਆਇਆ। ਵੜਿੰਗ ਵਿਰੋਧੀ ਧੜੇ ਨੇ ਗਿੱਦੜਬਾਹਾ ਵਿੱਚ ਮਾੜੇ ਨਤੀਜਿਆਂ ਲਈ ਪੀ.ਪੀ.ਸੀ.ਸੀ. ਮੁਖੀ ਵੜਿੰਗ ਨੂੰ ਜ਼ਿੰਮੇਵਾਰ ਠਹਿਰਾਇਆ, ਜਦਕਿ ਵੜਿੰਗ ਦੇ ਸਮਰਥਕਾਂ ਨੇ ਜਲੰਧਰ ਵਿੱਚ ਮਾੜੇ ਨਤੀਜਿਆਂ ਲਈ ਚੰਨੀ ਨੂੰ ਦੋਸ਼ੀ ਠਹਿਰਾਇਆ। ਸੂਤਰਾਂ ਅਨੁਸਾਰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਗਿੱਦੜਬਾਹਾ ਦੀ ਨਮੋਸ਼ੀਜਨਕ ਹਾਰ ਲਈ ਸਿੱਧੇ ਤੌਰ 'ਤੇ ਪਾਰਟੀ ਪ੍ਰਧਾਨ ਵੜਿੰਗ ਵੱਲ ਉਂਗਲੀ ਚੁੱਕੀ ਅਤੇ ਕਿਹਾ ਕਿ ਆਪਣੇ ਹੀ ਗੜ੍ਹ ਵਿੱਚ ਇੰਨੀ ਮਾੜੀ ਕਾਰਗੁਜ਼ਾਰੀ ਸਵੀਕਾਰਯੋਗ ਨਹੀਂ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਪੰਜਾਬ ਕਾਂਗਰਸ ਵਿੱਚ ਸੰਭਾਵਿਤ ਜਥੇਬੰਦਕ ਤਬਦੀਲੀ ਦਾ ਸੰਕੇਤ ਦਿੰਦਿਆਂ ਰਾਜ ਇਕਾਈ ਦੇ ਪੰਜ ਸੀਨੀਅਰ ਆਗੂਆਂ ਨਾਲ ਇਕੱਲੀਆਂ-ਇਕੱਲੀਆਂ ਮੀਟਿੰਗਾਂ ਕੀਤੀਆਂ। ਮੀਟਿੰਗ ਵਿੱਚ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਦੀ ਗੈਰਹਾਜ਼ਰੀ ਵੀ ਚਰਚਾ ਦਾ ਵਿਸ਼ਾ ਬਣੀ।

ਪਾਰਟੀ ਸੂਤਰਾਂ ਅਨੁਸਾਰ ਵਿਚਾਰ-ਵਟਾਂਦਰਾ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (ਪੀ.ਪੀ.ਸੀ.ਸੀ.) ਨੂੰ ਮਜ਼ਬੂਤ ਕਰਨ ਅਤੇ 2027 ਦੀਆਂ ਚੋਣਾਂ ਤੋਂ ਪਹਿਲਾਂ ਏਕਤਾ ਯਕੀਨੀ ਕਰਨ ਲਈ ਅੰਦਰੂਨੀ ਸਮੀਕਰਨਾਂ ਨੂੰ ਸੁਲਝਾਉਣ 'ਤੇ ਕੇਂਦਰਿਤ ਰਿਹਾ।

ਜਨਵਰੀ ਤੋਂ ਵੜਿੰਗ, ਬਾਜਵਾ ਅਤੇ ਚੰਨੀ ਵੱਖ-ਵੱਖ ਤੌਰ 'ਤੇ ਰਾਹੁਲ ਗਾਂਧੀ, ਖ਼ੜਗੇ ਅਤੇ ਵੇਣੂਗੋਪਾਲ ਨਾਲ ਮੁਲਾਕਾਤਾਂ ਕਰਦੇ ਰਹੇ ਹਨ। ਹਾਈਕਮਾਂਡ ਹੁਣ ਉਨ੍ਹਾਂ ਮੁੱਦਿਆਂ ਬਾਰੇ ਕਾਫ਼ੀ ਜਾਣੂ ਹੋ ਗਈ ਹੈ ਜਿਨ੍ਹਾਂ ਨੂੰ 2027 ਤੋਂ ਪਹਿਲਾਂ ਹੱਲ ਕਰਨਾ ਜ਼ਰੂਰੀ ਹੈ। (ਬਾਕੀ ਸਫ਼ਾ 2 'ਤੇ)

### ਪੰਜਾਬ ਕੈਬਨਿਟ ਵੱਲੋਂ ਮੁਲਾਜ਼ਮਾਂ ਦੀ ਭਲਾਈ ਲਈ ਇਤਿਹਾਸਕ ਫ਼ੈਸਲਾ

## ਸੂਬੇ 'ਚ ਠੇਕੇਦਾਰੀ ਪ੍ਰਣਾਲੀ ਖ਼ਤਮ ਕਰਨ ਦਾ ਐਲਾਨ

### ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਕੰਮ ਕਰਦੇ 65,000 ਤੋਂ ਵੱਧ ਕਰਮਚਾਰੀ ਹੋਣਗੇ ਪੱਕੇ

ਅੰਮ੍ਰਿਤਪਾਲ ਸਿੰਘ



ਚੰਡੀਗੜ੍ਹ, 30 ਮਈ :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਅੱਜ ਮੁਲਾਜ਼ਮਾਂ ਦੇ ਹੱਕ 'ਚ ਪੰਜਾਬ ਦੇ ਇਤਿਹਾਸ ਦੇ ਹੁਣ ਤੱਕ ਦੇ ਸਭ ਤੋਂ ਅਹਿਮ ਫੈਸਲਿਆਂ ਵਿੱਚੋਂ ਇੱਕ ਫੈਸਲਾ ਲੈਂਦਿਆਂ ਦਹਾਕਿਆਂ ਪੁਰਾਣੀ ਠੇਕੇਦਾਰੀ ਰੋਜ਼ਗਾਰ ਪ੍ਰਣਾਲੀ ਨੂੰ ਖਤਮ ਕਰਨ ਅਤੇ ਸਰਕਾਰੀ ਵਿਭਾਗਾਂ ਵਿੱਚ 65,000 ਤੋਂ ਵੱਧ ਕਾਮਿਆਂ ਨੂੰ ਰੈਗੂਲਰ ਕਰਨ ਦਾ ਰਾਹ ਪੱਧਰਾ ਕਰਨ ਲਈ ਰੂਪ-ਰੇਖਾ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਸਰਕਾਰੀ ਰੋਜ਼ਗਾਰ ਵਿਵਸਥਾ ਵਿੱਚੋਂ ਨਿੱਜੀ ਠੇਕੇਦਾਰਾਂ ਦੀ ਭੂਮਿਕਾ ਨੂੰ ਖਤਮ ਕਰਦਿਆਂ ਸਰਕਾਰ ਅਤੇ ਕਾਮਿਆਂ ਦਰਮਿਆਨ ਸਿੱਧਾ ਸਰਕਾਰ-ਕਰਮਚਾਰੀ ਸਬੰਧ ਸਥਾਪਤ ਕਰਨ ਲਈ ਭਗਵੰਤ ਮਾਨ ਸਰਕਾਰ ਨੇ ਹਜ਼ਾਰਾਂ ਕਰਮਚਾਰੀਆਂ, ਜਿਨ੍ਹਾਂ ਨੇ ਰੈਗੂਲਰ ਦਰਜੇ ਤੋਂ ਬਿਨਾਂ ਸਾਲਾਂ ਤੋਂ ਪੰਜਾਬ ਨੂੰ ਆਪਣੀਆਂ ਸੇਵਾਵਾਂ ਦਿੱਤੀਆਂ ਹਨ, ਲਈ ਰੋਜ਼ਗਾਰ ਸੁਰੱਖਿਆ, ਮਾਣ-ਸਨਮਾਨ ਅਤੇ ਰੈਗੂਲਰ ਸੇਵਾ ਲਈ ਸਪੱਸ਼ਟ ਤੌਰ 'ਤੇ ਰਾਹ ਪ੍ਰਦਾਨ ਕਰਨ ਦਾ ਫੈਸਲਾ ਲਿਆ ਹੈ।

ਮੰਤਰੀ ਮੰਡਲ ਨੇ ਇਸ ਫੈਸਲੇ ਨੂੰ ਲਾਗੂ ਕਰਨ ਲਈ ਦੋ ਨਵੇਂ ਆਰਡੀਨੈਂਸਾਂ, ਲੰਬਿਤ ਮਹਿੰਗਾਈ ਭੱਤੇ (ਡੀ.ਏ.) ਅਤੇ ਪੈਨਸ਼ਨ ਨਾਲ ਸਬੰਧਤ ਬਕਾਏ ਦੇ ਹੱਲ ਲਈ ਮੰਤਰੀ ਪੈਨਲ ਦਾ ਪੁਨਰਗਠਨ ਕਰਨ ਅਤੇ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਲਈ 7 ਵਿਸ਼ੇਸ਼ ਅਦਾਲਤਾਂ ਸਥਾਪਤ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਫੈਸਲੇ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ ਵਜ਼ਾਰਤ ਨੇ 'ਪੰਜਾਬ ਐਡਹਾਕ, ਕੰਟਰੈਕਚੁਅਲ, ਡੇਲੀ ਵੇਜ, ਟੈਂਪਰੇਰੀ, ਵਰਕ ਚਾਰਜਡ ਐਂਡ ਆਊਟਸੋਰਸਡ ਇੰਪਲਾਈਜ਼ ਵੈਲਫੇਅਰ ਐਕਟ, 2016' ਨੂੰ ਰੱਦ ਕਰਨ ਅਤੇ 'ਪੰਜਾਬ ਸਟੇਟ ਆਊਟਸੋਰਸਡ ਪਰਸੋਨਲ (ਟਰਾਂਜਿਸ਼ਨ ਟੂ ਕੰਟਰੈਕਚੁਅਲ ਐਂਗੇਜਮੈਂਟ) ਬਿੱਲ, 2026' ਤੇ 'ਪੰਜਾਬ ਕੰਟਰੈਕਚੁਅਲ ਪਰਸੋਨਲ (ਮਨਜ਼ੂਰਸ਼ੁਦਾ ਖਾਲੀ ਅਸਾਮੀਆਂ ਵਿਰੁੱਧ ਐਬਸੌਰਪਸ਼ਨ) ਬਿੱਲ, 2026' ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਹ ਕਦਮ ਆਊਟਸੋਰਸਡ ਕਰਮਚਾਰੀਆਂ ਨੂੰ ਸਿੱਧੇ ਤੌਰ 'ਤੇ ਸਰਕਾਰੀ ਠੇਕੇ ਅਧੀਨ ਲਿਆਉਣ ਅਤੇ ਰੈਗੂਲਰ ਰੋਜ਼ਗਾਰ ਲਈ ਸਪੱਸ਼ਟ ਰੂਪ-ਰੇਖਾ ਉਲੀਕਣ ਦਾ ਰਾਹ ਪੱਧਰਾ ਕਰਦਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,'ਪੰਜਾਬ ਦੇ 65,000 ਤੋਂ (ਬਾਕੀ ਸਫ਼ਾ 2 'ਤੇ)

## ਜਥੇ. ਗੜਗੱਜ ਤੇ ਸ਼੍ਰੋਮਣੀ ਕਮੇਟੀ ਨੇ ਅੱਜ ਸੱਦਿਆ ਪੰਥਕ ਇਕੱਠ

### ਨਵੇਂ ਬੇਅਦਬੀ ਕਾਨੂੰਨ 'ਤੇ ਕੀਤਾ ਜਾਵੇਗਾ ਵਿਚਾਰ-ਵਟਾਂਦਰਾ

ਅੰਮ੍ਰਿਤਸਰ, 30 ਮਈ (ਚ.ਨ.ਸ.): ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ ਦੇ ਵਿਰੋਧ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 31 ਮਈ ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਵਿਖੇ ਇੱਕ ਵੱਡਾ ਪੰਥਕ ਇਕੱਠ ਬੁਲਾ ਲਿਆ ਹੈ ਜਿਸ ਵਿੱਚ ਸਿੱਖ ਕੌਮ ਦੀਆਂ ਸਮੂਹ ਪੰਥਕ ਜਥੇਬੰਦੀਆਂ ਸ਼ਾਮਿਲ ਹੋ ਰਹੀਆਂ ਹਨ। ਦਰਅਸਲ ਪੰਜਾਬ ਸਰਕਾਰ ਨੇ ਬੇਅਦਬੀਆਂ ਨੂੰ ਰੋਕਣ ਲਈ ਇਕ ਐਕਟ ਵਿੱਚ ਸੋਧ ਕੀਤੀ ਸੀ ਜਿਸ ਵਿੱਚ ਜਿੱਥੇ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਖਤ ਸਜ਼ਾ ਦਿੱਤੇ ਜਾਣ ਦਾ ਪ੍ਰਬੰਧ ਕੀਤਾ (ਬਾਕੀ ਸਫ਼ਾ 2 'ਤੇ)

## ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵਿਚਾਲੇ ਹੋ ਸਕਦੈ ਗਠਜੋੜ !

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 30 ਮਈ : ਸ਼੍ਰੋਮਣੀ ਅਕਾਲੀ ਦਲ ਤੋਂ ਵੱਖ ਹੋ ਕੇ ਬਣੇ ਨਵੇਂ ਧੜੇ 'ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ)' ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿਚਕਾਰ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਗਠਜੋੜ ਹੋ ਸਕਦਾ ਹੈ।

ਹਾਲਾਂਕਿ, ਪੁਨਰ ਸੁਰਜੀਤ ਦੇ ਆਗੂ ਇਸ ਘਟਨਾਕ੍ਰਮ ਬਾਰੇ ਚੁੱਪ ਧਾਰੀ ਬੈਠੇ ਹਨ। ਸੂਤਰਾਂ ਨੇ ਦੱਸਿਆ ਕਿ ਪੱਛਮੀ ਬੰਗਾਲ ਚੋਣਾਂ ਤੋਂ ਬਾਅਦ ਭਾਜਪਾ ਲੀਡਰਸ਼ਿਪ ਨੇ ਪੁਨਰ ਸੁਰਜੀਤ ਦੇ ਆਗੂਆਂ ਨਾਲ ਸੰਪਰਕ ਕਾਇਮ ਕੀਤਾ ਸੀ।

ਸੂਤਰਾਂ ਮੁਤਾਬਕ ਉਨ੍ਹਾਂ (ਭਾਜਪਾ) ਨੇ ਪੁਨਰ ਸੁਰਜੀਤ ਦੇ ਆਗੂਆਂ ਨੂੰ ਆਪਣੇ ਨਾਲ ਪੰਜਾਬ ਦੇ ਮੁੱਦਿਆਂ 'ਤੇ ਚਰਚਾ ਕਰਨ ਲਈ ਕਿਹਾ ਸੀ। ਦੋਵਾਂ ਪਾਰਟੀਆਂ ਦੇ ਸੂਤਰਾਂ ਨੇ ਦੱਸਿਆ ਕਿ ਮੀਟਿੰਗਾਂ ਦੀ ਯੋਜਨਾ ਕਈ ਵਾਰ ਬਣਾਈ ਗਈ ਪਰ ਉਨ੍ਹਾਂ ਨੂੰ ਆਯੋਜਿਤ ਨਹੀਂ ਕੀਤਾ ਜਾ ਸਕਿਆ। ਹੁਣ, ਇਨ੍ਹਾਂ ਕੋਸ਼ਿਸ਼ਾਂ ਨੂੰ ਦੁਬਾਰਾ ਸ਼ੁਰੂ ਕੀਤਾ ਗਿਆ ਹੈ।

ਪੁਨਰ ਸੁਰਜੀਤ ਦੇ ਸੀਨੀਅਰ ਆਗੂ ਗੁਰਪ੍ਰਤਾਪ ਵਡਾਲਾ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਦਿਆਂ 'ਤੇ ਚਰਚਾ ਕਰਨ ਅਤੇ ਸੂਬੇ ਦੀ ਭਲਾਈ ਲਈ ਕਿਸੇ ਨੂੰ ਵੀ ਮਿਲਣ ਲਈ ਤਿਆਰ ਹਨ।

ਉਨ੍ਹਾਂ ਕਿਹਾ ਕਿ ਅਜੇ ਤੱਕ ਗਠਜੋੜ ਬਾਰੇ ਕੋਈ ਸਿੱਧੀ ਗੱਲਬਾਤ ਨਹੀਂ ਹੋਈ ਹੈ ਅਤੇ ਪੁਨਰ ਸੁਰਜੀਤ ਕੋਈ ਵੀ ਸਿਆਸੀ ਫ਼ੈਸਲਾ ਲੈਣ ਤੋਂ ਪਹਿਲਾਂ ਪੰਜਾਬੀਆਂ ਦੀ ਰਾਏ ਲਵੇਗਾ।

ਦੂਜੇ ਪਾਸੇ, ਪਾਰਟੀ ਦੇ ਬੁਲਾਰੇ ਜਗਜੀਤ ਸਿੰਘ ਕੋਹਲੀ ਨੇ ਕਿਹਾ ਕਿ ਆਗੂਆਂ ਵਿਚਕਾਰ ਕੋਈ ਰਸਮੀ ਮੀਟਿੰਗ ਨਹੀਂ ਹੋਈ। ਜੇਕਰ ਆਗੂ ਭਾਜਪਾ ਆਗੂਆਂ ਨੂੰ ਮਿਲੇ ਹਨ, ਤਾਂ ਉਹ ਸ਼ਾਇਦ ਉਨ੍ਹਾਂ ਨੂੰ ਆਪਣੀ ਨਿੱਜੀ ਹੈਸੀਅਤ ਨਾਲ ਮਿਲੇ ਹੋਣਗੇ।

## ਪੰਜਾਬ ਦੇ ਸਾਰੇ ਸਕੂਲਾਂ 'ਚ ਇੱਕ ਤੋਂ 30 ਜੂਨ ਤੱਕ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ

ਚੰਡੀਗੜ੍ਹ, 30 ਮਈ (ਚ.ਨ.ਸ.):ਪੰਜਾਬ ਸਰਕਾਰ ਨੇ ਸਕੂਲਾਂ ਲਈ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ। ਛੁੱਟੀਆਂ 1 ਜੂਨ ਤੋਂ 30 ਜੂਨ ਤੱਕ ਰਹਿਣਗੀਆਂ। ਹੁਕਮ ਜਾਰੀ ਕਰ ਦਿੱਤੇ ਗਏ ਹਨ। ਤੇਜ਼ ਗਰਮੀ ਕਾਰਨ ਚੰਡੀਗੜ੍ਹ ਦੇ ਸਕੂਲ ਪਹਿਲਾਂ ਹੀ ਬੰਦ ਕਰ ਦਿੱਤੇ ਗਏ ਹਨ। ਗਰਮੀਆਂ ਦੇ ਮੌਸਮ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਸਰਕਾਰੀ ਸਹਾਇਤਾ ਪ੍ਰਾਪਤ ਅਤੇ ਨਿੱਜੀ ਸਕੂਲਾਂ ਲਈ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ। ਜਾਰੀ ਕੀਤੇ ਗਏ ਹੁਕਮਾਂ ਮੁਤਾਬਕ ਸਕੂਲ 1 ਜੂਨ ਤੋਂ 30 ਜੂਨ ਤੱਕ ਬੰਦ ਰਹਿਣਗੇ। ਸਿੱਖਿਆ ਵਿਭਾਗ ਦੀ ਸਕੱਤਰ ਸੋਨਾਲੀ ਗਿਰੀ ਨੇ ਇਸ ਸਬੰਧੀ ਹੁਕਮ ਜਾਰੀ ਕੀਤੇ ਹਨ। ਹੁਕਮਾਂ ਦੀਆਂ ਕਾਪੀਆਂ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਨੂੰ ਭੇਜ ਦਿੱਤੀਆਂ ਗਈਆਂ ਹਨ।

## ਵਿਰੋਧੀ ਧਿਰ ਲੋਕਾਂ ਦੇ ਸਪੱਸ਼ਟ ਫ਼ਤਵੇ ਦੇ ਬਾਵਜੂਦ ਨਿਗਮ ਚੋਣਾਂ 'ਤੇ ਚੁੱਕ ਰਹੀ ਹੈ ਸਵਾਲ : ਮਾਨ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 30 ਮਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਨਗਰ ਨਿਗਮ ਚੋਣਾਂ ਵਿੱਚ ਬੁਰੀ ਤਰ੍ਹਾਂ ਹਾਰ ਜਾਣ ਤੋਂ ਬਾਅਦ ਬੁਖਲਾਹਟ ਵਿੱਚ ਆ ਕੇ ਵਿਰੋਧੀ ਪਾਰਟੀਆਂ ਨੇ ਹੁਣ ਚੋਣਾਂ 'ਤੇ ਸਵਾਲ ਚੁੱਕਣੇ ਸ਼ੁਰੂ ਕਰ ਦਿੱਤੇ ਹਨ। ਮੁੱਖ ਮੰਤਰੀ ਨੇ ਇਨ੍ਹਾਂ ਚੋਣਾਂ ਨੂੰ ਸੂਬੇ ਵਿੱਚ ਹੁਣ ਤੱਕ ਦੀਆਂ ਸਭ ਤੋਂ ਸ਼ਾਂਤੀਪੂਰਨ, ਸੁਤੰਤਰ ਅਤੇ ਪਾਰਦਰਸ਼ੀ ਸਥਾਨਕ ਚੋਣਾਂ ਦੱਸਿਆ।

ਮੀਡੀਆ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਨੇ ਇਹ ਯਕੀਨੀ ਬਣਾਇਆ ਕਿ ਇਹ ਸਥਾਨਕ ਚੋਣਾਂ ਸੁਤੰਤਰ, ਨਿਰਪੱਖ, ਪਾਰਦਰਸ਼ੀ ਅਤੇ ਸ਼ਾਂਤੀਪੂਰਨ ਤਰੀਕੇ ਨਾਲ ਨੇਪਰੇ ਚੜ੍ਹਨ। ਸੂਬਾ ਸਰਕਾਰ ਦੇ ਉਹ ਕਰਮਚਾਰੀ ਸ਼ਲਾਘਾ ਦੇ ਹੱਕਦਾਰ ਹਨ ਜੋ ਇਨ੍ਹਾਂ ਚੋਣਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਂਦੇ ਰਹੇ। ਹਾਲਾਂਕਿ, ਵਿਰੋਧੀ ਧਿਰ ਆਪਣੀ ਸ਼ਰਮਨਾਕ ਹਾਰ ਨੂੰ ਹਜ਼ਮ ਨਹੀਂ ਕਰ ਪਾ ਰਹੀ ਹੈ ਅਤੇ ਹੁਣ ਨਤੀਜਿਆਂ 'ਤੇ ਬੇਲੋੜਾ ਹੋ-ਹੱਲਾ ਮਚਾ ਰਹੀ ਹੈ।"

ਉਨ੍ਹਾਂ ਕਿਹਾ ਕਿ ਚੋਣਾਂ ਦੀ ਨਿਰਪੱਖਤਾ ਇਸ ਤੱਥ ਤੋਂ ਸਪੱਸ਼ਟ ਹੁੰਦੀ ਹੈ ਕਿ ਕਈ ਵਾਰਡਾਂ ਅਤੇ ਸਥਾਨਕ ਸੰਸਥਾਵਾਂ ਵਿੱਚ ਵਿਰੋਧੀ ਧਿਰ ਦੇ ਉਮੀਦਵਾਰ ਵੀ ਜੇਤੂ ਰਹੇ ਹਨ, ਜਿਨ੍ਹਾਂ ਵਿੱਚ ਬਹੁਤ ਹੀ ਮਾਮੂਲੀ ਫਰਕ (ਘੱਟ ਵੋਟਾਂ) ਵਾਲੇ ਮੁਕਾਬਲੇ ਵੀ ਸ਼ਾਮਲ ਹਨ। ਉਨ੍ਹਾਂ ਅੱਗੇ ਕਿਹਾ, "ਇਨ੍ਹਾਂ ਚੋਣਾਂ ਦੀ ਪਾਰਦਰਸ਼ਤਾ ਦਾ ਅੰਦਾਜ਼ਾ ਇਸ ਗੱਲ ਤੋਂ ਲਾਇਆ ਜਾ ਸਕਦਾ ਹੈ ਕਿ ਕਈ ਹਲਕਿਆਂ ਵਿੱਚ ਵਿਰੋਧੀ ਧਿਰ ਦੇ ਉਮੀਦਵਾਰਾਂ ਨੇ ਸੀਟਾਂ ਜਿੱਤੀਆਂ, ਕਈਆਂ ਨੇ ਤਾਂ ਬਹੁਤ ਹੀ ਘੱਟ ਫਰਕ ਨਾਲ ਜਿੱਤ ਹਾਸਲ ਕੀਤੀ। ਇਸ ਤੋਂ ਲੋਕਾਂ ਦੀ ਅਸਲ ਇੱਛਾ ਸ਼ਕਤੀ ਦਾ ਪਤਾ ਲਗਦਾ ਹੈ।"

ਉਨ੍ਹਾਂ ਕਿਹਾ ਕਿ ਵਿਰੋਧੀ ਧਿਰਾਂ ਨੂੰ ਪੰਜਾਬ ਦੇ ਲੋਕਾਂ ਵੱਲੋਂ ਵਾਰ-ਵਾਰ ਨਕਾਰਿਆ ਗਿਆ ਹੈ ਕਿਉਂਕਿ ਉਹ ਕੋਈ ਵੀ ਸਾਕਾਰਾਤਮਕ ਏਜੰਡਾ ਪੇਸ਼ ਕਰਨ ਵਿੱਚ (ਬਾਕੀ ਸਫ਼ਾ 2 'ਤੇ)

### ਈਰਾਨ ਨੂੰ ਮਿਲੇਗਾ 28 ਲੱਖ ਕਰੋੜ ਦਾ ਪੈਕੇਜ !

## ਟਰੰਪ ਵੱਲੋਂ ਡੀਲ ਦਾ ਦਾਅਵਾ ਪਰ ਤਹਿਰਾਨ ਨੇ ਕੀਤੀ ਨਾਂਹ

ਚੜ੍ਹਦੀਕਲਾ ਬਿਊਰੋ



ਵਾਸ਼ਿੰਗਟਨ/ ਤਹਿਰਾਨ, 30 ਮਈ : ਮੱਧ ਪੂਰਬ 'ਚ ਜਾਰੀ ਭਾਰੀ ਤਣਾਅ ਦੇ ਵਿਚਕਾਰ ਅਮਰੀਕਾ ਅਤੇ ਈਰਾਨ ਵਿਚਕਾਰ ਇੱਕ ਇਤਿਹਾਸਕ ਸਮਝੌਤੇ ਦੀਆਂ ਖਬਰਾਂ ਸਾਹਮਣੇ ਆਈਆਂ ਹਨ। ਪ੍ਰਸਤਾਵਿਤ ਸਮਝੌਤੇ ਦੇ ਤਹਿਤ ਈਰਾਨ ਨੂੰ 300 ਅਰਬ ਡਾਲਰ (ਲਗਭਗ 28.5 ਲੱਖ ਕਰੋੜ ਰੁਪਏ) ਦਾ ਇੱਕ ਵਿਸ਼ਾਲ ਪੁਨਰ ਨਿਰਮਾਣ ਫੰਡ ਦਿੱਤੇ ਜਾਣ ਦੀ ਯੋਜਨਾ ਹੈ। ਇਹ ਰਾਸ਼ੀ ਜੰਗ ਨਾਲ ਪ੍ਰਭਾਵਿਤ ਬੁਨਿਆਦੀ ਢਾਂਚੇ, ਊਰਜਾ ਖੇਤਰ ਅਤੇ ਆਰਥਿਕ ਸੁਧਾਰਾਂ ਲਈ ਵਰਤੀ ਜਾਵੇਗੀ। ਇਸ ਤੋਂ ਇਲਾਵਾ, ਅਮਰੀਕੀ ਕੰਪਨੀਆਂ ਨੂੰ ਈਰਾਨ ਵਿੱਚ ਨਿਵੇਸ਼ ਕਰਨ ਦੀ ਇਜਾਜ਼ਤ ਵੀ ਮਿਲ ਸਕਦੀ ਹੈ।

**ਟਰੰਪ ਦੇ ਦਾਅਵੇ ਅਤੇ ਪਰਮਾਣੂ ਸ਼ਰਤਾਂ**

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦਾਅਵਾ ਕੀਤਾ ਹੈ ਕਿ ਦੋਵੇਂ ਦੇਸ਼ ਪਰਮਾਣੂ (ਬਾਕੀ ਸਫ਼ਾ 2 'ਤੇ)

## ਸਾਕਾ ਨੀਲਾ ਤਾਰਾ ਦੇ ਰੋਸ ਵਜੋਂ 6 ਜੂਨ ਨੂੰ ਦਲ ਖ਼ਾਲਸਾ ਵੱਲੋਂ ਅੰਮ੍ਰਿਤਸਰ ਬੰਦ ਦਾ ਸੱਦਾ

ਅੰਮ੍ਰਿਤਸਰ, 30 ਮਈ (ਚ.ਨ.ਸ.):ਸਿੱਖ ਜਥੇਬੰਦੀ ਦਲ ਖ਼ਾਲਸਾ ਵੱਲੋਂ 6 ਜੂਨ ਨੂੰ ਅੰਮ੍ਰਿਤਸਰ ਬੰਦ ਰੱਖਣ ਦਾ ਸੱਦਾ ਦਿੱਤਾ ਗਿਆ ਹੈ। ਇਹ ਸੱਦਾ ਜੂਨ 1984 ਵਿੱਚ ਸਾਕਾ ਨੀਲਾ ਤਾਰਾ ਫ਼ੌਜੀ ਹਮਲੇ ਦੌਰਾਨ ਦਰਬਾਰ ਸਾਹਿਬ ਉੱਤੇ ਹੋਏ ਹਮਲੇ ਦੇ ਰੋਹ ਅਤੇ ਰੋਸ ਵਜੋਂ ਦਿੱਤਾ ਗਿਆ ਹੈ। ਇਸ ਹਮਲੇ ਦੀ 42ਵੀਂ ਵਰ੍ਹੇਗੰਢ ਦੇ ਸਬੰਧ ਵਿੱਚ, ਜਥੇਬੰਦੀ ਵੱਲੋਂ 5 ਜੂਨ ਦੀ ਸ਼ਾਮ ਨੂੰ ਇੱਕ 'ਘੱਲੂਘਾਰਾ ਯਾਦਗਾਰੀ ਮਾਰਚ' ਵੀ ਕੱਢਿਆ ਜਾਵੇਗਾ। ਇਹ ਮਾਰਚ ਸ਼ਹਿਰ ਦੇ ਪ੍ਰਮੁੱਖ ਹਿੱਸਿਆਂ ਵਿੱਚੋਂ ਲੰਘਦਾ ਹੋਇਆ ਦਰਬਾਰ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਵੇਗਾ। ਪਾਰਟੀ ਦੇ ਵਰਕਿੰਗ ਪ੍ਰਧਾਨ ਪਰਮਜੀਤ ਸਿੰਘ ਮੰਡ ਨੇ ਦੱਸਿਆ ਕਿ ਦਰਬਾਰ ਸਾਹਿਬ ਦੀ ਬੇਹੁਰਮਤੀ, ਨਿਰਦੋਸ਼ਾਂ ਦੇ ਕਤਲੇਆਮ (ਬਾਕੀ ਸਫ਼ਾ 2 'ਤੇ)

## ਮੀਂਹ ਨਾਲ ਬਦਲਿਆ ਮੌਸਮ ਦਾ ਮਿਜਾਜ਼, ਪਟਿਆਲਾ ਦੇ ਤਾਪਮਾਨ 'ਚ ਰਿਕਾਰਡ ਗਿਰਾਵਟ

ਚੜ੍ਹਦੀਕਲਾ ਬਿਊਰੋ



ਪਟਿਆਲਾ, 30 ਮਈ : ਭਿਆਨਕ ਗਰਮੀ ਤੇ ਤਪਦੀ ਧੁੱਪ ਨਾਲ ਜੂਝ ਰਹੇ ਪਟਿਆਲਾ ਵਾਸੀਆਂ ਨੂੰ ਸ਼ਨਿੱਚਰਵਾਰ ਨੂੰ ਮੌਸਮ ਨੇ ਵੱਡੀ ਰਾਹਤ ਦਿੱਤੀ। ਸ਼ਹਿਰ ਵਿਚ ਹੋਈ ਬਾਰਿਸ਼ ਅਤੇ ਦਿਨ ਭਰ ਛਾਏ ਰਹੇ ਬੱਦਲਾਂ ਕਾਰਨ ਤਾਪਮਾਨ ਵਿਚ ਰਿਕਾਰਡ 6.7 ਡਿਗਰੀ ਸੈਲਸੀਅਸ ਦੀ ਗਿਰਾਵਟ ਦਰਜ ਕੀਤੀ ਗਈ। ਮੌਸਮ ਵਿਚ ਆਏ ਇਸ ਅਚਾਨਕ ਬਦਲਾਅ ਕਾਰਨ ਲੋਕਾਂ ਨੇ ਸੁੱਖ ਦਾ ਸਾਹ ਲਿਆ ਅਤੇ ਕਈ ਦਿਨਾਂ ਬਾਅਦ ਸੁਹਾਵਣੇ ਮੌਸਮ ਦਾ ਅਨੁਭਵ ਕੀਤਾ।

ਸ਼ਨਿੱਚਰਵਾਰ ਨੂੰ ਸ਼ਹਿਰ ਵਿਚ ਕਰੀਬ ਇਕ ਘੰਟੇ ਤੱਕ ਹੋਈ ਬਾਰਿਸ਼ ਦੌਰਾਨ 19.6 ਐੱਮਐੱਮ ਬਾਰਿਸ਼ ਦਰਜ ਕੀਤੀ ਗਈ। ਮੀਂਹ ਦੇ ਨਾਲ ਚੱਲੀਆਂ ਠੰਢੀਆਂ ਹਵਾਵਾਂ ਅਤੇ ਬੱਦਲਾਂ ਦੀ ਆਵਾਜਾਈ ਨੇ ਸਾਰਾ ਦਿਨ ਮੌਸਮ ਨੂੰ ਖੁਸ਼ਗਵਾਰ ਬਣਾਈ ਰੱਖਿਆ। ਇਸ ਕਾਰਨ ਸ਼ਹਿਰ ਦਾ ਵੱਧ ਤੋਂ ਵੱਧ ਤਾਪਮਾਨ ਘਟ ਕੇ 30 ਡਿਗਰੀ ਸੈਲਸੀਅਸ 'ਤੇ ਪਹੁੰਚ ਗਿਆ, ਜਦਕਿ ਘੱਟੋ-ਘੱਟ ਤਾਪਮਾਨ 26.2 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ। ਪਿਛਲੇ ਕਈ ਦਿਨਾਂ ਤੋਂ ਤਾਪਮਾਨ ਲਗਾਤਾਰ 42 ਡਿਗਰੀ ਸੈਲਸੀਅਸ ਦੇ ਨੇੜੇ ਪਹੁੰਚ ਰਿਹਾ ਸੀ ਅਤੇ ਉਮਸ ਭਰੀ ਗਰਮੀ ਕਾਰਨ (ਬਾਕੀ ਸਫ਼ਾ 2 'ਤੇ)

## ਜਿਨਸੀ ਹਿੰਸਾ: ਇਜ਼ਰਾਇਲੀ ਤੇ ਰੂਸੀ ਫ਼ੌਜਾਂ ਯੂ.ਐਨ. ਦੀ ਕਾਲੀ ਸੂਚੀ 'ਚ ਸ਼ਾਮਲ

ਸੰਯੁਕਤ ਰਾਸ਼ਟਰ, 30 ਮਈ (ਚ.ਨ.ਸ.): ਸੰਯੁਕਤ ਰਾਸ਼ਟਰ ਨੇ ਦੁਨੀਆਂ ਭਰ ਦੇ ਟਕਰਾਵਾਂ ਵਿੱਚ ਜਿਨਸੀ ਹਿੰਸਾ ਨੂੰ ਦਸਤਾਵੇਜ਼ੀ ਰੂਪ ਦਿੰਦੀ ਆਪਣੀ ਸਾਲਾਨਾ ਰਿਪੋਰਟ ਵਿੱਚ ਰੂਸੀ ਤੇ ਇਜ਼ਰਾਇਲੀ ਫ਼ੌਜਾਂ ਨੂੰ ਕਾਲੀ ਸੂਚੀ ਵਿੱਚ ਸ਼ਾਮਲ ਕੀਤਾ ਹੈ। ਇਜ਼ਰਾਈਲ ਨੇ ਹਾਲਾਂਕਿ ਦੋਸ਼ਾਂ ਤੋਂ ਇਨਕਾਰ ਕੀਤਾ ਹੈ। ਇਹ 35 ਸਫ਼ਿਆਂ ਦੀ ਰਿਪੋਰਟ, ਜਿਸ ਨੂੰ ਸੰਯੁਕਤ ਰਾਸ਼ਟਰ ਵਿੱਚ ਇਜ਼ਰਾਇਲੀ ਮਿਸ਼ਨ ਨੇ ਸ਼ੁੱਕਰਵਾਰ ਨੂੰ ਇਸ ਦੇ ਸੰਭਾਵੀ ਜਾਰੀ ਹੋਣ ਤੋਂ ਪਹਿਲਾਂ, ਵੀਰਵਾਰ ਦੇਰ ਰਾਤ ਸਾਂਝਾ ਕੀਤਾ, ਦੁਨੀਆਂ ਭਰ ਦੇ ਟਕਰਾਅ ਦੌਰਾਨ ਜਿਨਸੀ ਹਿੰਸਾ ਜਾਂ ਉਸ ਲਈ ਜ਼ਿੰਮੇਵਾਰ ਹੋਣ ਦੇ ਸ਼ੱਕ ਵਿੱਚ; ਇਕ ਦਰਜਨ ਦੇਸ਼ਾਂ ਦੀਆਂ 77 ਸਰਕਾਰੀ ਜਾਂ (ਬਾਕੀ ਸਫ਼ਾ 2 'ਤੇ)






## ਪੰਜਾਬ 'ਚ ਡੇਰਿਆਂ ਦੀ ਪੁਸ਼ਤ ਪਨਾਹੀ ਕਰਦੇ ਪੰਜਾਬੀ ਸਿੰਗਰ ਬਣੇ ਕਰੋੜਪਤੀ

### ਅੱਜ ਪੰਜਾਬ ਦੇ ਧਾਰਮਿਕ ਡੇਰੇ, ਪੰਜਾਬੀ ਗਾਇਕਾਂ ਤੇ ਰਾਜਨੀਤਿਕ ਨੇਤਾਵਾਂ ਦਾ ਖ਼ਤਰਨਾਕ ਗਠਜੋੜ ਹੈ

### ਪੰਜਾਬ ਦੀ ਸੱਭਿਆਚਾਰਕ ਸਾਂਝ ਲਈ ਤੇ ਉਸ 'ਚ ਜਾਤੀਵਾਦ ਦੇ ਉਭਾਰ ਲਈ ਵੀ ਇਹ ਜ਼ਿਮੇਵਾਰ

ਪ੍ਰੋ.ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੰਜਾਬ ਵਿੱਚ ਪਿਛਲੇ ਦੋ ਦਹਾਕਿਆਂ ਦੌਰਾਨ ਧਾਰਮਿਕ ਡੇਰਿਆਂ ਦਾ ਪ੍ਰਭਾਵ ਲਗਾਤਾਰ ਵਧਿਆ ਹੈ।ਇਹ ਪ੍ਰਭਾਵ ਸਿਰਫ਼ ਧਾਰਮਿਕ ਖੇਤਰ ਤੱਕ ਸੀਮਤ ਨਹੀਂ ਰਿਹਾ, ਸਗੋਂ ਸਮਾਜਿਕ, ਸੱਭਿਆਚਾਰਕ ਅਤੇ ਰਾਜਨੀਤਿਕ ਖੇਤਰਾਂ ਵਿੱਚ ਵੀ ਡੂੰਘਾਈ ਤੱਕ ਪਹੁੰਚ ਗਿਆ ਹੈ।ਇਸ ਸੰਦਰਭ ਵਿੱਚ ਅਕਸਰ ਇਹ ਸਵਾਲ ਉੱਠਦਾ ਹੈ ਕਿ ਕੀ ਪੰਜਾਬੀ ਗਾਇਕਾਂ, ਮਨੋਰੰਜਨ ਉਦਯੋਗ ਅਤੇ ਰਾਜਨੀਤਿਕ ਵਰਗ ਨੇ ਇਸ ਵਰਤਾਰੇ ਨੂੰ ਹੋਰ ਮਜ਼ਬੂਤ ਕਰਨ ਵਿੱਚ ਭੂਮਿਕਾ ਨਿਭਾਈ ਹੈ? ਇਹਨਾਂ ਡੇਰਿਆਂ ਦੀ ਬਦੌਲਤ ਕਈ ਸਿੰਗਰ ਅੱਜ ਕਰੋੜਾਂਪਤੀ ਹੋ ਗਏ ਹਨ।

ਦੁਆਬਾ ਖੇਤਰ ਵਿੱਚ ਅਤੇ ਹੋਰ ਕਈ ਨਾਲ ਲੱਗਦੇ ਜ਼ਿਲਿਆਂ ਦੇ ਵਿੱਚ ਵੱਡੇ ਮਸ਼ਹੂਰ ਸਟਾਰ ਗਾਇਕ ਡੇਰਿਆਂ ਦੇ ਪੁਰੋਹਿਤ ਸਾਈ ਬਣ ਕੇ ਬੈਠ ਗਏ ਹਨ । ਇਹ ਇੱਕ ਹਕੀਕਤ ਹੈ ਕਿ ਅੱਜ ਪੰਜਾਬ ਦੇ ਕਈ ਵੱਡੇ ਡੇਰਿਆਂ ਦੇ ਸਮਾਗਮਾਂ ਵਿੱਚ ਮਸ਼ਹੂਰ ਪੰਜਾਬੀ ਗਾਇਕਾਂ ਦੀ ਹਾਜ਼ਰੀ ਆਮ ਗੱਲ ਬਣ ਚੁੱਕੀ ਹੈ। ਕਈ ਗਾਇਕ ਡੇਰਿਆਂ ਦੇ ਸਟੇਜਾਂ 'ਤੇ ਹਾਜ਼ਰੀ ਲਗਾਉਂਦੇ ਹਨ, ਡੇਰਾ ਮੁਖੀਆਂ ਦੀ ਪ੍ਰਸ਼ੰਸਾ ਕਰਦੇ ਹਨ, ਉਨ੍ਹਾਂ ਦੇ ਸਮਾਗਮਾਂ ਵਿੱਚ ਗਾਉਂਦੇ ਹਨ ਅਤੇ ਆਪਣੇ ਸੋਸ਼ਲ ਮੀਡੀਆ ਮਾਧਿਅਮਾਂ ਰਾਹੀਂ ਵੀ ਉਨ੍ਹਾਂ ਦਾ ਪ੍ਰਚਾਰ ਕਰਦੇ ਹਨ।

ਅੱਜ ਇਸ ਨਾਲ ਡੇਰਿਆਂ ਨੂੰ ਲੋਕਪ੍ਰਿਯਤਾ ਅਤੇ ਸਮਾਜਿਕ ਮਾਨਤਾ ਮਿਲਦੀ ਹੈ। ਜਦੋਂ ਕਿਸੇ ਲੋਕਪ੍ਰਿਯ ਕਲਾਕਾਰ ਦਾ ਪ੍ਰਭਾਵ ਲੱਖਾਂ ਨੌਜਵਾਨਾਂ ਅਤੇ ਪਰਿਵਾਰਾਂ 'ਤੇ ਹੋਵੇ ਤਾਂ ਉਸ ਦੀ ਹਾਜ਼ਰੀ ਕਿਸੇ ਵੀ ਸੰਸਥਾ ਲਈ ਇੱਕ ਤਰ੍ਹਾਂ ਦਾ ਸਮਾਜਿਕ ਪ੍ਰਮਾਣ ਪੱਤਰ ਬਣ ਜਾਂਦੀ ਹੈ। ਪਰ ਇਸ ਮੁੱਦੇ ਨੂੰ ਸਿਰਫ਼ ਇੱਕ ਪੱਖ ਤੋਂ ਦੇਖਣਾ ਵੀ ਠੀਕ ਨਹੀਂ ਹੋਵੇਗਾ। ਪੰਜਾਬ ਵਿੱਚ ਡੇਰਿਆਂ ਦੇ ਵਧਦੇ ਪ੍ਰਭਾਵ ਦੇ ਪਿੱਛੇ ਸਮਾਜਿਕ ਕਾਰਨ ਵੀ ਮੌਜੂਦ ਹਨ। ਦਲਿਤ ਭਾਈਚਾਰੇ ਅਤੇ ਹੋਰ ਪਿੱਛੜੇ ਵਰਗਾਂ ਦੇ ਵੱਡੇ ਹਿੱਸੇ ਨੇ ਇਤਿਹਾਸਕ ਤੌਰ 'ਤੇ ਸਮਾਜਿਕ ਬਰਾਬਰੀ ਅਤੇ ਸਨਮਾਨ ਦੀ ਭਾਲ ਵਿੱਚ ਕਈ ਡੇਰਿਆਂ ਵੱਲ ਰੁਝਾਨ ਕੀਤਾ। ਜਿੱਥੇ ਉਨ੍ਹਾਂ ਨੂੰ ਆਪਣੀ ਵੱਖਰੀ ਪਛਾਣ, ਸੰਗਠਨ ਅਤੇ ਨੇਤ੍ਰਿਤਵ ਮਿਲਿਆ। ਇਸ ਲਈ ਡੇਰਿਆਂ ਦੇ ਉਭਾਰ ਨੂੰ ਕੇਵਲ ਗਾਇਕਾਂ ਜਾਂ ਰਾਜਨੀਤਿਕ ਪਾਰਟੀਆਂ ਨਾਲ ਜੋੜ ਦੇਣਾ ਪੂਰੀ ਤਸਵੀਰ ਨਹੀਂ ਦਿਖਾਉਂਦਾ। ਫਿਰ ਵੀ ਇਹ ਗੱਲ ਚਿੰਤਾਜਨਕ ਹੈ ਕਿ ਜਦੋਂ ਧਾਰਮਿਕ ਸੰਸਥਾਵਾਂ ਆਧਿਆਤਮਿਕਤਾ ਦੀ ਬਜਾਏ ਵਿਅਕਤੀ-ਪੂਜਾ, ਰਾਜਨੀਤਿਕ ਪ੍ਰਭਾਵ ਅਤੇ ਆਰਥਿਕ ਸ਼ਕਤੀ ਦੇ ਕੇਂਦਰ ਬਣਨ ਲੱਗ ਪੈਣ ਤਾਂ ਸਮਾਜ ਵਿੱਚ ਵਿਚਾਰਧਾਰਕ ਸੰਕਟ ਪੈਦਾ ਹੁੰਦਾ ਹੈ। ਪੰਜਾਬ ਦੀ ਧਰਤੀ ਦਾ ਕੇਂਦਰੀ ਸੰਦੇਸ਼ ਗੁਰੂ ਸਾਹਿਬਾਨ ਦੀ ਬਾਣੀ, (ਬਾਕੀ ਸਫ਼ਾ 2 'ਤੇ)

## ਫਗਵਾੜਾ 'ਚ ਦਿਨ-ਦਿਹਾੜੇ ਆਰ.ਟੀ.ਆਈ. ਕਾਰਕੁੰਨ ਦਾ ਗੋਲ਼ੀਆਂ ਮਾਰ ਕੇ ਕਤਲ

ਜਲੰਧਰ, 30 ਮਈ (ਚ.ਨ.ਸ.):ਜਲੰਧਰ ਵਿਚ ਆਰ.ਟੀ.ਆਈ. ਕਾਰਕੁੰਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਫਗਵਾੜਾ ਵਿਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਲਾਅ ਗੇਟ ਦੇ ਕੋਲ ਅੱਜ ਸਵੇਰੇ 8 ਤੋਂ 10 ਵਜੇ ਦੇ ਵਿਚ ਹਮਲਾਵਾਰਾਂ ਨੇ ਉਸ 'ਤੇ ਅੰਨ੍ਹੇਵਾਹ ਫਾਇਰਿੰਗ ਕੀਤੀ। ਗੋਲੀ ਉਸ ਦੇ ਸਿਰ ਵਿਚ ਲੱਗੀ ਤੇ ਉਹ ਜ਼ਮੀਨ 'ਤੇ ਡਿੱਗ ਪਿਆ ਤੇ ਫਿਰ ਨਹੀਂ ਉਠਿਆ।

ਗੋਲ਼ੀ ਚੱਲਣ ਦੀ ਆਵਾਜ਼ ਸੁਣ ਕੇ ਆਸ-ਪਾਸ ਦੇ ਲੋਕ ਮੌਕੇ 'ਤੇ ਪਹੁੰਚੇ। ਜਾਂਚ ਦੌਰਾਨ ਮੌਕੇ 'ਤੇ ਲਾਸ਼ ਕੋਲੋਂ ਇਕ ਪਿਸਤੌਲ, ਫਾਰਚੂਨਰ ਤੇ 2 ਮੋਬਾਈਲ ਪਏ ਮਿਲੇ। ਇਸ ਤੋਂ ਇਲਾਵਾ ਇਕ ਖੋਲ ਵੀ ਬਰਾਮਦ ਹੋਇਆ। ਪੁਲਿਸ ਹੁਣ ਕਤਲ ਦੇ ਕਾਰਨਾਂ ਤੇ ਹਮਲਾਵਰਾਂ ਦਾ ਪਤਾ ਲਗਾ ਰਹੀ ਹੈ। ਹਾਲਾਂਕਿ ਦੱਸਿਆ ਜਾ ਰਿਹਾ (ਬਾਕੀ ਸਫ਼ਾ 2 'ਤੇ)




# ਸੁਲਤਾਨਪੁਰ ਲੋਧੀ ਦੇ ਲੋਕਾਂ ਦੇ ਪਿਆਰ ਅਤੇ ਵਿਸ਼ਵਾਸ ਨੇ ਹਰ ਸਿਆਸੀ ਗੱਠਜੋੜ ਨੂੰ ਹਰਾਇਆ : ਰਾਣਾ ਇੰਦਰ ਪ੍ਰਤਾਪ ਸਿੰਘ

## ਮਿਉਂਸਿਪਲ ਕਮੇਟੀ ਚੋਣਾਂ ਵਿੱਚ 7 ਵਾਰਡਾਂ 'ਚ ਜਿੱਤ 'ਤੇ ਲੋਕਾਂ ਦਾ ਕੀਤਾ ਧੰਨਵਾਦ, ਅਧੂਰੇ ਵਿਕਾਸ ਕਾਰਜ ਜਲਦ ਪੂਰੇ ਕਰਨ ਦਾ ਦਿੱਤਾ ਭਰੋਸਾ

ਸੁਲਤਾਨਪੁਰ ਲੋਧੀ, 30 ਮਈ (ਚ.ਨ.ਸ.) : ਸੁਲਤਾਨਪੁਰ ਲੋਧੀ ਤੋਂ ਆਜ਼ਾਦ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਅੱਜ ਇੱਕ ਬਿਆਨ ਜਾਰੀ ਕਰਦਿਆਂ ਸੁਲਤਾਨਪੁਰ ਲੋਧੀ ਹਲਕੇ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਸੁਲਤਾਨਪੁਰ ਲੋਧੀ ਦੇ ਸ਼ਹਿਰ ਅਤੇ ਪਿੰਡਾਂ ਦੇ ਲੋਕਾਂ ਨੇ ਹਮੇਸ਼ਾਂ ਉਨ੍ਹਾਂ ਨੂੰ ਆਪਣੇ ਪਰਿਵਾਰ ਦੇ ਮੈਂਬਰ ਵਾਂਗ ਪਿਆਰ, ਸਤਿਕਾਰ ਅਤੇ ਮਜ਼ਬੂਤ ਸਹਿਯੋਗ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਦੇ ਅਥਾਹ ਪਿਆਰ ਅਤੇ ਭਰੋਸੇ ਸਦਕਾ ਹੀ ਪਹਿਲਾਂ ਉਨ੍ਹਾਂ ਨੂੰ ਵਿਧਾਇਕ ਬਣਨ ਦਾ ਮਾਣ ਮਿਲਿਆ, ਫਿਰ ਬਲਾਕ ਸੰਮਤੀਆਂ ਅਤੇ ਜ਼ਿਲ੍ਹਾ ਪਰਿਸ਼ਦ ਚੋਣਾਂ ਵਿੱਚ ਵੀ ਭਰਵੀਂ ਜਿੱਤ ਪ੍ਰਾਪਤ ਹੋਈ ਅਤੇ ਹੁਣ ਮਿਉਂਸਪਲ ਕਮੇਟੀ ਦੀਆਂ 13 ਵਾਰਡਾਂ ਵਿੱਚੋਂ 7 ਵਾਰਡਾਂ ਵਿੱਚ ਉਨ੍ਹਾਂ ਦੇ ਸਮਰਥਿਤ ਉਮੀਦਵਾਰਾਂ ਨੂੰ ਜਿਤਾ ਕੇ ਲੋਕਾਂ ਨੇ ਬਹੁਮਤ ਦਿੱਤਾ ਹੈ।

ਰਾਣਾ ਇੰਦਰ ਪ੍ਰਤਾਪ ਸਿੰਘ ਨੇ ਕਿਹਾ ਕਿ ਇਹ ਕੋਈ ਆਮ ਚੋਣ ਨਹੀਂ ਸੀ, ਸਗੋਂ ਕਈ ਵਾਰਡਾਂ ਵਿੱਚ ਚਾਰ ਵੱਡੇ ਸਿਆਸੀ ਧੜੇ ਕਾਂਗਰਸ, ਸ਼੍ਰੋਮਣੀ ਅਕਾਲੀ ਦਲ,ਆਮ ਆਦਮੀ ਪਾਰਟੀ ਅਤੇ ਬੀਜੇਪੀ ਪਾਰਟੀਆਂ ਇਕੱਠੇ ਹੋ ਕੇ ਉਨ੍ਹਾਂ ਦੇ ਵਿਰੁੱਧ ਮੈਦਾਨ ਵਿੱਚ ਉਤਰੇ ਹੋਏ ਸਨ। ਪਰ ਸੁਲਤਾਨਪੁਰ ਲੋਧੀ ਦੀ ਸੂਝਵਾਨ ਸੈਂਟਰਾਂ ਨੇ ਇਹ ਸਾਬਤ ਕਰ ਦਿੱਤਾ ਕਿ ਸੱਚੀ ਨੀਅਤ, ਲੋਕ ਸੇਵਾ ਅਤੇ ਪਿਆਰ ਅੱਗੇ ਹਰ ਸਿਆਸੀ ਗੱਠਜੋੜ ਫੇਲ੍ਹ ਹੋ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤਾ ਗਿਆ ਇਹ ਪਿਆਰ ਅਤੇ ਵਿਸ਼ਵਾਸ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ ਅਤੇ ਉਹ ਹਮੇਸ਼ਾਂ ਇਸ ਦੇ ਰਿਣੀ ਰਹਿਣਗੇ। ਉਨ੍ਹਾਂ ਹਲਕੇ ਦੇ ਹਰ ਨਿਵਾਸੀ ਨਾਲ ਵਾਅਦਾ ਕਰਦਿਆਂ ਕਿਹਾ ਕਿ ਸੁਲਤਾਨਪੁਰ ਲੋਧੀ ਦੇ ਜਿੰਨੇ ਵੀ ਵਿਕਾਸ ਕਾਰਜ ਅਧੂਰੇ ਪਏ ਹਨ, ਉਨ੍ਹਾਂ ਨੂੰ ਦਿਨ-ਰਾਤ ਇੱਕ ਕਰਕੇ ਜਲਦ ਤੋਂ ਜਲਦ ਪੂਰਾ ਕਰਵਾਇਆ ਜਾਵੇਗਾ।

ਰਾਣਾ ਇੰਦਰ ਪ੍ਰਤਾਪ ਸਿੰਘ ਨੇ ਕਿਹਾ ਕਿ ਉਹ ਪਹਿਲਾਂ ਵਾਂਗ ਹੀ ਲੋਕਾਂ ਦੀ ਸੇਵਾ ਲਈ ਹਮੇਸ਼ਾਂ ਹਾਜ਼ਰ ਹਨ ਅਤੇ ਭਵਿੱਖ ਵਿੱਚ ਵੀ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਹਲਕੇ ਦੀ ਤਰੱਕੀ ਅਤੇ ਲੋਕ ਭਲਾਈ ਲਈ ਕੰਮ ਕਰਦੇ ਰਹਿਣਗੇ।

# ਸੀ.ਬੀ.ਐਸ.ਈ. ਦੀ ਤਿਆਰੀ

# ਅਗਲੇ ਸਾਲ ਤੋਂ ਮਾਰਕਸ਼ੀਟ ਦੇ ਨਾਲ ਡਿਜੀਲਾਕਰ 'ਚ ਆਉਣਗੀਆਂ ਉੱਤਰ-ਪੱਤਰੀਆਂ

## ਆਨ-ਸਕ੍ਰੀਨ ਮਾਰਕਿੰਗ ਸਿਸਟਮ (ਓ.ਐਸ.ਐਮ.) ਦੀਆਂ ਗੜਬੜੀਆਂ ਤੋਂ ਬਾਅਦ ਬੋਰਡ ਚੁੱਕ ਰਿਹੈ ਵੱਡਾ ਕਦਮ

ਨਵੀਂ ਦਿੱਲੀ, 30 ਮਈ (ਚ.ਨ.ਸ.): ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀ.ਬੀ.ਐਸ.ਈ. ) ਅਗਲੇ ਅਕਾਦਮਿਕ ਸੈਸ਼ਨ ਤੋਂ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਮਾਰਕਸ਼ੀਟਾਂ ਦੇ ਨਾਲ-ਨਾਲ ਉੱਤਰ-ਪੱਤਰੀਆਂ ਵੀ ਸਿੱਧੀਆਂ ਡਿਜੀਲਾਕਰ 'ਤੇ ਭੇਜਣ ਦੀ ਯੋਜਨਾ ਬਣਾ ਰਿਹਾ ਹੈ। ਬੋਰਡ ਅਧਿਕਾਰੀਆਂ ਅਨੁਸਾਰ ਇਸ ਵੇਲੇ ਬੋਰਡ ਦੀ ਮੁੱਖ ਚਿੰਤਾ 12ਵੀਂ ਜਮਾਤ ਦੇ ਨਤੀਜਿਆਂ ਨੂੰ ਅੰਤਿਮ ਰੂਪ ਦੇਣਾ ਹੈ, ਕਿਉਂਕਿ ਵੈੱਬਸਾਈਟ ਵਿੱਚ ਆਈਆਂ ਤਕਨੀਕੀ ਖ਼ਰਾਬੀਆਂ ਕਾਰਨ ਮੁੜ-ਮੁਲਾਂਕਣ (ਰੀਵੈਲੂਏਸ਼ਨ) ਦੀ ਪ੍ਰਕਿਰਿਆ ਵਿੱਚ ਪਹਿਲਾਂ ਹੀ ਦੇਰੀ ਹੋ ਚੁੱਕੀ ਹੈ।

ਮੌਜੂਦਾ ਸਮੇਂ ਵਿੱਚ, ਸੀ.ਬੀ.ਐਸ.ਈ. 10ਵੀਂ ਅਤੇ 12ਵੀਂ ਜਮਾਤ ਦੇ ਨਤੀਜੇ ਘੋਸ਼ਿਤ ਹੁੰਦੇ ਹੀ ਡਿਜੀਟਲ ਤੌਰ 'ਤੇ ਹਸਤਾਖਰਿਤ ਅਤੇ ਮਾਨਤਾ ਪ੍ਰਾਪਤ ਮਾਰਕਸ਼ੀਟ ਸਿੱਧੀ ਵਿਦਿਆਰਥੀਆਂ ਦੇ ਡਿਜੀਲਾਕਰ ਖਾਤੇ ਵਿੱਚ ਅਪਲੋਡ ਕਰ ਦਿੰਦਾ ਹੈ। ਪਰ ਸਾਲ 2027 ਤੋਂ, ਮਾਰਕਸ਼ੀਟ ਦੇ ਨਾਲ-ਨਾਲ ਸਾਰੇ ਵਿਸ਼ਿਆਂ ਦੀਆਂ ਸਕੈਨ ਕੀਤੀਆਂ ਉੱਤਰ-ਪੱਤਰੀਆਂ ਵੀ ਡਿਜੀਲਾਕਰ 'ਤੇ ਉਪਲੱਬਧ ਹੋਣਗੀਆਂ। ਇਸ ਨਾਲ ਵਿਦਿਆਰਥੀ ਆਪਣੀਆਂ ਉੱਤਰ-ਪੱਤਰੀਆਂ ਖੁਦ ਦੇਖ ਸਕਣਗੇ ਅਤੇ ਜੇਕਰ ਕੋਈ ਸ਼ੱਕ ਹੋਵੇ, ਤਾਂ ਮੁੜ-ਮੁਲਾਂਕਣ ਲਈ ਆਸਾਨੀ ਨਾਲ ਅਪਲਾਈ ਕਰ ਸਕਣਗੇ।



ਔਨ-ਸਕ੍ਰੀਨ ਮਾਰਕਿੰਗ ਸਿਸਟਮ (ਓਐਸਐਮ) 'ਤੇ ਉੱਠੇ ਸਵਾਲ

ਬੋਰਡ ਦੇ ਇਸ ਕਦਮ ਦਾ ਮੁੱਖ ਮਕਸਦ ਪ੍ਰੀਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ ਵਧਾਉਣਾ ਹੈ। 12ਵੀਂ ਜਮਾਤ ਦੇ ਨਤੀਜੇ ਆਉਣ ਤੋਂ ਬਾਅਦ ਬੋਰਡ ਦੇ 'ਔਨ-ਸਕ੍ਰੀਨ ਮਾਰਕਿੰਗ ਸਿਸਟਮ' (ਓਐਸਐਮ) 'ਤੇ ਲਗਾਤਾਰ ਸਵਾਲ ਉੱਠ ਰਹੇ ਹਨ। ਦਰਅਸਲ, ਇਸ ਵਾਰ ਮੁੜ-ਮੁਲਾਂਕਣ ਪ੍ਰਕਿਰਿਆ ਦੌਰਾਨ ਕਈ ਵਿਦਿਆਰਥੀਆਂ ਨੂੰ ਅਜਿਹੀਆਂ ਉੱਤਰ-ਪੱਤਰੀਆਂ ਮਿਲੀਆਂ, ਜੋ ਉਨ੍ਹਾਂ ਦੀਆਂ ਨਹੀਂ ਸਨ ਬਲਕਿ ਦੂਜੇ ਵਿਦਿਆਰਥੀਆਂ ਦੀਆਂ ਸਨ।ਵੇਦਾਂਤ ਦੇ ਮਾਮਲੇ ਤੋਂ ਬਾਅਦ, ਬੋਰਡ ਨੇ ਮੰਨਿਆ ਕਿ ਸੰਜਨਾ ਨਾਮ ਦੀ ਵਿਦਿਆਰਥਣ ਦੀ ਉੱਤਰ-ਪੱਤਰੀ ਵੀ ਕਿਸੇ ਹੋਰ ਨਾਲ ਬਦਲ ਗਈ ਸੀ, ਜਿਸ ਨੂੰ ਬਾਅਦ ਵਿੱਚ ਸੁਧਾਰ ਕੇ ਸਹੀ ਕਾਪੀ ਭੇਜੀ ਗਈ। ਹੁਣ ਸਾਹਮਣੇ ਆਈ ਜਾਣਕਾਰੀ ਮੁਤਾਬਕ ਅਜਿਹੇ ਘੱਟੋ-ਘੱਟ 20 ਵਿਦਿਆਰਥੀ ਹਨ, ਜਿਨ੍ਹਾਂ ਨੂੰ ਗਲਤ ਸਕੈਨ ਹੋਈਆਂ ਉੱਤਰ-ਪੱਤਰੀਆਂ ਮਿਲੀਆਂ ਸਨ। ਹੁਣ ਇਸ ਗੜਬੜੀ ਦੇ ਪਿੱਛੇ ਦਾ ਅਸਲ ਕਾਰਨ ਵੀ ਸਾਹਮਣੇ ਆ ਗਿਆ ਹੈ।ਸਿੱਖਿਆ ਮੰਤਰਾਲੇ ਦੇ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਹੈ ਕਿ ਇਸ ਸਾਲ ਓਐਸਐਮਸਿਸਟਮ ਤਹਿਤ ਲੱਗਭੱਗ 98 ਲੱਖ ਉੱਤਰ-ਪੱਤਰੀਆਂ ਸਕੈਨ ਕੀਤੀਆਂ ਗਈਆਂ ਸਨ, ਜੋ ਕਿ 40 ਕਰੋੜ ਤੋਂ ਵੱਧ ਪੰਨੇ ਬਣਦੇ ਹਨ। ਮੰਤਰਾਲੇ ਦੇ ਅਧਿਕਾਰੀ ਨੇ ਕਿਹਾ, ਸ਼ੁਰੂਆਤ ਵਿੱਚ ਖ਼ਰਾਬ ਸਕੈਨ ਗੁਣਵੱਤਾ ਕਾਰਨ ਲੱਗਭੱਗ 68,000 ਉੱਤਰ-ਪੱਤਰੀਆਂ ਨੂੰ ਨਿਸ਼ਾਨਬੱਧ ਕਰਕੇ ਦੁਬਾਰਾ ਸਕੈਨ ਕੀਤਾ ਗਿਆ ਸੀ। ਪਰ ਦੁਬਾਰਾ ਸਕੈਨ ਕਰਨ ਦੇ ਬਾਵਜੂਦ, 13,000 ਤੋਂ ਵੱਧ ਉੱਤਰ-ਪੱਤਰੀਆਂ ਪੜ੍ਹਨਯੋਗ ਨਹੀਂ ਹੋ ਸਕੀਆਂ। ਆਖ਼ਰਕਾਰ, ਇਨ੍ਹਾਂ ਕਾਪੀਆਂ ਦਾ ਮੁਲਾਂਕਣ ਡਿਜੀਟਲ ਦੀ ਬਜਾਏ ਮੈਨੂਅਲ (ਹੱਥੀਂ) ਤਰੀਕੇ ਨਾਲ ਕਰਨਾ ਪਿਆ।ਹਾਲਾਂਕਿ, ਅਧਿਕਾਰੀ ਨੇ ਸਪੱਸ਼ਟ ਕੀਤਾ ਕਿ ਇਸ ਗੜਬੜੀ ਦੇ ਬਾਵਜੂਦ ਆਨ-ਸਕ੍ਰੀਨ ਮਾਰਕਿੰਗ ਸਿਸਟਮ (ਓਐਸਐਮ) ਨੂੰ ਬੰਦ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਯੂਨੀਵਰਸਿਟੀਆਂ ਅਤੇ ਨਾਮਵਰ ਗਲੋਬਲ ਸਕੂਲ ਵੀ ਮੁਲਾਂਕਣ ਲਈ ਇਸੇ ਆਧੁਨਿਕ ਪ੍ਰਣਾਲੀ ਦੀ ਵਰਤੋਂ ਕਰਦੇ ਹਨ, ਇਸ ਲਈ ਇਸ ਪ੍ਰਣਾਲੀ ਵਿੱਚ ਮੌਜੂਦ ਤਕਨੀਕੀ ਖ਼ਾਮੀਆਂ ਨੂੰ ਜਲਦ ਦੂਰ ਕਰ ਲਿਆ ਜਾਵੇਗਾ।

# ਭਾਰਤ-ਕੈਨੇਡਾ ਵਪਾਰਕ ਸਬੰਧਾਂ 'ਚ ਆਈ ਨਵੀਂ ਤੇਜ਼ੀ : ਪੀਯੂਸ਼ ਗੋਇਲ

ਨਵੀਂ ਦਿੱਲੀ/ਟੋਰਾਂਟੋ , 30 ਮਈ (ਚ.ਨ.ਸ.): ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਆਪਣੇ ਕੈਨੇਡਾ ਦੇ ਤਿੰਨ ਦਿਨਾਂ ਇਤਿਹਾਸਕ ਦੌਰੇ ਨੂੰ ਬਹੁਤ ਸਫਲ ਦੱਸਦਿਆਂ ਕਿਹਾ ਕਿ ਇਸ ਨਾਲ ਭਾਰਤ-ਕੈਨੇਡਾ ਸਬੰਧਾਂ ਵਿੱਚ 'ਨਵੀਂ ਗਤੀ' ਆਈ ਹੈ। ਇਸ ਦੌਰੇ ਦਾ ਮੁੱਖ ਉਦੇਸ਼ ਦੋਵਾਂ ਦੇਸ਼ਾਂ ਵਿਚਾਲੇ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ 'ਭਾਰਤ-ਕੈਨੇਡਾ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ' (ਸੀਈਪੀਏ) ਲਈ ਚੱਲ ਰਹੀ ਗੱਲਬਾਤ ਨੂੰ ਤੇਜ਼ ਕਰਨਾ ਸੀ।

ਵਰਤਮਾਨ ਵਿੱਚ ਭਾਰਤ ਅਤੇ ਕੈਨੇਡਾ ਵਿਚਕਾਰ ਦੁਵੱਲਾ ਵਪਾਰ ਲੱਗਭੱਗ 8.5 ਅਰਬ ਡਾਲਰ ਹੈ। ਦੋਵੇਂ ਸਰਕਾਰਾਂ ਇਸ ਨੂੰ 2030 ਤੱਕ ਵਧਾ ਕੇ 50 ਅਰਬ ਡਾਲਰ ਤੱਕ ਪਹੁੰਚਾਉਣ ਲਈ ਵਚਨਬੱਧ ਹਨ। ਮੰਤਰੀ ਗੋਇਲ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (19), ਕਲੀਨ-ਟੈਕ, ਐਗਰੀ-ਟੈਕ ਅਤੇ ਡੀਪ-ਟੈਕ ਵਰਗੇ ਉੱਚ-ਵਿਕਾਸ ਵਾਲੇ ਖੇਤਰਾਂ ਵਿੱਚ ਭਾਈਵਾਲੀ ਦੀਆਂ ਵੱਡੀਆਂ ਸੰਭਾਵਨਾਵਾਂ 'ਤੇ ਜ਼ੋਰ ਦਿੱਤਾ।



ਆਪਣੇ ਦੌਰੇ ਦੌਰਾਨ ਪੀਯੂਸ਼ ਗੋਇਲ ਨੇ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ, ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ ਅਤੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਮਹੱਤਵਪੂਰਨ ਮੀਟਿੰਗਾਂ ਕੀਤੀਆਂ। ਉਨ੍ਹਾਂ ਨੇ ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਨਾਲ ਵੀ ਮੁਲਾਕਾਤ ਕੀਤੀ, ਜਿੱਥੇ ਨਿਰਮਾਣ, ਬੁਨਿਆਦੀ ਢਾਂਚਾ, ਸਵੱਛ ਊਰਜਾ, ਫੂਡ ਪ੍ਰੋਸੈਸਿੰਗ ਅਤੇ ਮਹੱਤਵਪੂਰਨ ਖਣਿਜਾਂ ਦੇ ਖੇਤਰ ਵਿੱਚ ਸਹਿਯੋਗ ਵਧਾਉਣ 'ਤੇ ਚਰਚਾ ਕੀਤੀ ਗਈ। ਟੋਰਾਂਟੋ ਵਿੱਚ ਮੰਤਰੀ ਨੇ ਇੱਕ ਨਿਵੇਸ਼ ਗੋਲਮੇਜ਼ ਕਾਨਫਰੰਸ ਵਿੱਚ ਹਿੱਸਾ ਲਿਆ ਅਤੇ ਵੱਖ-ਵੱਖ ਖੇਤਰੀ ਚੈਂਬਰਾਂ ਅਤੇ ਕੈਨੇਡਾ-ਇੰਡੀਆ ਫਾਊਂਡੇਸ਼ਨ ਦੇ ਮੈਂਬਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਓਨਟਾਰੀਓ ਸੈਂਟਰ ਆਫ ਇਨੋਵੇਸ਼ਨ ਦਾ ਦੌਰਾ ਵੀ ਕੀਤਾ ਅਤੇ ਭਾਰਤੀ ਵਪਾਰਕ ਪ੍ਰਤੀਨਿਧਾਂ ਅਤੇ ਕਈ ਸੀ.ਈ.ਓ. ਨਾਲ ਵਪਾਰ ਅਤੇ ਨਿਵੇਸ਼ ਦੇ ਨਵੇਂ ਮੌਕਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਹ ਦੌਰਾ ਦੋਵਾਂ ਦੇਸ਼ਾਂ ਦੇ ਸਾਂਝੇ ਵਿਕਾਸ ਅਤੇ ਖੁਸ਼ਹਾਲੀ ਵੱਲ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ।

# ਬਿਹਾਰ 'ਚ ਤੂਫ਼ਾਨ ਤੇ ਬਿਜਲੀ ਡਿੱਗਣ ਕਾਰਨ 17 ਮੌਤਾਂ, 4 ਉਡਾਣਾਂ ਹੋਈਆਂ ਡਾਇਵਰਟ

ਸਿਵਾਨ, 30 ਮਈ (ਚ.ਨ.ਸ.) : ਬਿਹਾਰ ਵਿਚ ਪਿਛਲੇ 24 ਘੰਟਿਆਂ ਵਿੱਚ ਮੀਂਹ, ਤੂਫ਼ਾਨ ਅਤੇ ਬਿਜਲੀ ਡਿੱਗਣ ਕਾਰਨ 17 ਲੋਕਾਂ ਦੀ ਮੌਤ ਹੋ ਗਈ ਹੈ। ਪਟਨਾ ਵਿੱਚ ਮੀਂਹ ਕਾਰਨ ਚਾਰ ਉਡਾਣਾਂ ਨੂੰ ਡਾਇਵਰਟ ਕੀਤਾ ਗਿਆ, ਜਦੋਂ ਕਿ 18 ਉਡਾਣਾਂ ਵਿੱਚ ਦੇਰੀ ਹੋਈ। ਇਸ ਨਾਲ 500 ਤੋਂ ਵੱਧ ਯਾਤਰੀਆਂ ਨੂੰ ਅਸੁਵਿਧਾ ਹੋਈ, ਕਈ ਥਾਵਾਂ 'ਤੇ ਘੰਟਿਆਂ ਤੱਕ ਰੇਲਗੱਡੀਆਂ ਫਸੀਆਂ ਰਹੀਆਂ।ਮੌਸਮ ਵਿਭਾਗ ਨੇ ਅੱਜ ਰਾਜ ਦੇ 25 ਜ਼ਿਲ੍ਹਿਆਂ ਵਿੱਚ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਵਿਭਾਗ ਦੇ ਅਨੁਸਾਰ, 2 ਜੂਨ ਤੋਂ ਬਾਅਦ ਤਾਪਮਾਨ ਫਿਰ ਤੋਂ ਵਧਣਾ ਸ਼ੁਰੂ ਹੋ ਜਾਵੇਗਾ ਅਤੇ ਗਰਮੀ ਤੇਜ਼ ਹੋ ਜਾਵੇਗੀ।ਸਿਵਾਨ ਵਿੱਚ 24 ਘੰਟਿਆਂ ਵਿੱਚ ਸਭ ਤੋਂ ਵੱਧ 135.4 ਮਿਲੀਮੀਟਰ ਮੀਂਹ ਪਿਆ। ਮੋਤੀਹਾਰੀ ਵਿੱਚ 116 ਮਿਲੀਮੀਟਰ, ਗੋਪਾਲਗੰਜ ਦੇ ਵਿਜੇਪੁਰ ਵਿੱਚ 101 ਮਿਲੀਮੀਟਰ, ਜਦੋਂ ਕਿ ਪਟਨਾ ਵਿੱਚ 68 ਮਿਲੀਮੀਟਰ ਮੀਂਹ ਪਿਆ।



## ਸੂਬੇ ਦੀਆਂ ਅਦਾਲਤਾਂ ਇੱਕ ਤੋਂ 30 ਜੂਨ

16 ਜੂਨ ਤੋਂ 30 ਜੂਨ ਤੱਕ ਫ਼ੌਜਦਾਰੀ ਮਾਮਲਿਆਂ ਵਿੱਚ ਵੀ ਨਿਯਮਤ ਸੁਣਵਾਈ ਮੁਲਤਵੀ ਰਹੇਗੀ ਅਤੇ ਜ਼ਰੂਰੀ ਮਾਮਲਿਆਂ ਨੂੰ ਛੱਡ ਕੇ ਅਦਾਲਤਾਂ ਪੂਰੀ ਤਰ੍ਹਾਂ ਬੰਦ ਰਹਿਣਗੀਆਂ।

ਉਨ੍ਹਾਂ ਦੱਸਿਆ ਕਿ ਛੁੱਟੀਆਂ ਦੇ ਸਮੇਂ ਦੌਰਾਨ ਜ਼ਮਾਨਤ ਦੀਆਂ ਅਰਜ਼ੀਆਂ, ਸਟੇਅ (ਰੋਕ ਦੇ ਮਾਮਲੇ) ਅਤੇ ਹੋਰ ਹੰਗਾਮੀ ਮਾਮਲਿਆਂ ਸਮੇਤ ਜ਼ਰੂਰੀ ਕੇਸਾਂ ਦੀ ਸੁਣਵਾਈ ਯਕੀਨੀ ਬਣਾਉਣ ਲਈ, ਵੱਖ-ਵੱਖ ਅਦਾਲਤਾਂ ਦੇ ਜੁਡੀਸ਼ੀਅਲ ਅਫ਼ਸਰਾਂ (ਨਿਆਇਕ ਅਧਿਕਾਰੀਆਂ) ਦੀ ਡਿਊਟੀ ਰੋਸਟਰ ਤਿਆਰ ਕੀਤੀ ਗਈ ਹੈ। ਇੱਕ ਵਿਸਤ੍ਰਿਤ ਸੂਚੀ ਵੀ ਜਾਰੀ ਕੀਤੀ ਗਈ ਹੈ, ਜਿਸ ਅਨੁਸਾਰ ਨਾਮਜ਼ਦ ਕੀਤੇ ਜੱਜ ਨਿਰਧਾਰਤ ਮਿਤੀਆਂ 'ਤੇ ਜ਼ਰੂਰੀ ਮਾਮਲਿਆਂ ਦੀ ਸੁਣਵਾਈ ਕਰਨਗੇ, ਤਾਂ ਜੋ ਅਦਾਲਤੀ ਛੁੱਟੀਆਂ ਦੌਰਾਨ ਮੁਕੱਦਮੇਬਾਜ਼ਾਂ ਨੂੰ ਕਿਸੇ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਉੱਥੇ ਹੀ ਜ਼ਿਲ੍ਹਾ ਅਟਾਰਨੀ ਦਿਨੇਸ਼ ਕੁਮਾਰ ਵਰਮਾ ਨੇ ਦੱਸਿਆ ਕਿ ਛੁੱਟੀਆਂ ਦੇ ਇਨ੍ਹਾਂ ਦਿਨਾਂ ਵਿੱਚ ਵੈਕੇਸ਼ਨ ਕੋਰਟਾਂ (ਛੁੱਟੀਆਂ ਵਾਲੀਆਂ ਅਦਾਲਤਾਂ) ਅੱਗੇ ਸਰਕਾਰ ਦਾ ਪੱਖ ਪੇਸ਼ ਕਰਨ ਲਈ ਪ੍ਰੌਸੀਕਿਊਸ਼ਨ ਵਿਭਾਗ (ਇਸਤਗਾਸਾ ਵਿਭਾਗ) ਵੱਲੋਂ ਸਰਕਾਰੀ ਵਕੀਲਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ ਹਨ, ਤਾਂ ਜੋ ਸਰਕਾਰ ਨਾਲ ਜੁੜੇ ਹੋਏ ਜ਼ਰੂਰੀ ਮਾਮਲਿਆਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਸਹੀ ਤਰੀਕੇ ਨਾਲ ਨਿਪਟਾਇਆ ਜਾ ਸਕੇ।

## ਜਦੋਂ ਖੜਗੇ ਸਾਹਮਣੇ ਵੜਿੰਗ ਤੇ ਚੰਨੀ

ਪਾਰਟੀ ਆਗੂਆਂ ਨੂੰ ਸਾਫ਼ ਸੁਨੇਹਾ ਦਿੱਤਾ ਗਿਆ ਹੈ ਕਿ ਪਾਰਟੀ ਮਾਮਲਿਆਂ ਨੂੰ ਜਨਤਕ ਤੌਰ 'ਤੇ ਉਠਾਉਣ ਤੋਂ ਗੁਰੇਜ਼ ਕੀਤਾ ਜਾਵੇ ਅਤੇ ਅਨੁਸ਼ਾਸਨ ਦਾ ਪਾਲਣ ਕੀਤਾ ਜਾਵੇ।

ਗਿੱਦੜਬਾਹਾ ਰਾਜਾ ਵੜਿੰਗ ਦਾ ਪੁਰਾਣਾ ਵਿਧਾਨ ਸਭਾ ਹਲਕਾ ਰਿਹਾ ਹੈ, ਜੋ 2012 ਤੋਂ 2024 ਤੱਕ ਉੱਥੋਂ ਵਿਧਾਇਕ ਰਹੇ ਅਤੇ 2024 ਵਿੱਚ ਲੁਧਿਆਣਾ ਸੀਟ ਤੋਂ ਸੰਸਦ ਮੈਂਬਰ ਬਣੇ। ਇਸ ਲਈ ਉੱਥੇ ਨਗਰ ਕੌਂਸਲ ਚੋਣਾਂ ਵਿੱਚ ਕਾਂਗਰਸ ਦੀ ਹੋਈ ਕਰਾਰੀ ਹਾਰ ਪਾਰਟੀ ਲਈ ਵਿਸ਼ੇਸ਼ ਤੌਰ 'ਤੇ ਸ਼ਰਮਿੰਦਗੀ ਵਾਲੀ ਗੱਲ ਬਣ ਗਈ ਹੈ ਅਤੇ ਅੰਦਰੂਨੀ ਖਿੱਚੋਤਾਣ ਨੂੰ ਹੋਰ ਹਵਾ ਦੇ ਗਈ ਹੈ।

## ਸੂਬੇ 'ਚ ਠੇਕੇਦਾਰੀ ਪ੍ਰਣਾਲੀ ਖ਼ਤਮ ਕਰਨ ਦਾ ਐਲਾਨ

ਵੱਧ ਕੰਟਰੈਕਟ ਵਰਕਰਾਂ ਨੇ ਸੂਬੇ ਦੀ ਸੇਵਾ ਵਿੱਚ ਆਪਣੀ ਜ਼ਿੰਦਗੀ ਦੇ ਕਈ-ਕਈ ਸਾਲ ਦਿੱਤੇ ਹਨ। ਇਸ ਫੈਸਲੇ ਨਾਲ ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਉਹ ਦੇ ਦਿੱਤਾ ਹੈ, ਜੋ ਉਨ੍ਹਾਂ ਦਾ ਹੱਕ ਹੈ। ਹੁਣ ਕੋਈ ਵੀ ਠੇਕੇਦਾਰ ਇਨ੍ਹਾਂ ਕਰਮਚਾਰੀਆਂ ਅਤੇ ਸੂਬਾ ਸਰਕਾਰ ਵਿਚਕਾਰ ਖੜ੍ਹਾ ਨਹੀਂ ਹੋਵੇਗਾ। ਇਸ ਸੁਧਾਰਾਤਮਕ ਕਦਮ ਬਾਰੇ ਵਿਸਥਾਰ ਨਾਲ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ ਕਰਮਚਾਰੀਆਂ ਨੂੰ ਹੁਣ ਸਿੱਧਾ ਰੋਜ਼ਗਾਰ, ਪੂਰਾ ਮਾਣ-ਸਨਮਾਨ ਅਤੇ ਪੱਕੀ ਨੌਕਰੀ ਦਾ ਸਪੱਸ਼ਟ ਰਸਤਾ ਮਿਲੇਗਾ। ਪੰਜਾਬ ਸਰਕਾਰ ਦੇ ਵਿਭਾਗਾਂ ਅਤੇ ਸੰਸਥਾਵਾਂ ਵਿੱਚ ਨਿੱਜੀ ਠੇਕੇਦਾਰਾਂ ਰਾਹੀਂ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਸਿੱਧੇ ਸੂਬਾ ਸਰਕਾਰ ਦੀ ਆਪਣੀ ਰੋਜ਼ਗਾਰ ਪ੍ਰਣਾਲੀ ਅਧੀਨ ਲਿਆ ਜਾਵੇਗਾ, ਜਿਸ ਨਾਲ ਵਿਚੋਲੀਆ ਠੇਕੇਦਾਰ ਪ੍ਰਥਾ ਖਤਮ ਹੋ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ 'ਪੰਜਾਬ ਰਾਜ ਆਊਟਸੋਰਸਡ ਪਰਸੋਨਲ (ਟਰਾਂਜਿਸ਼ਨ ਟੂ ਕੰਟਰੈਕਟੁਅਲ ਇੰਗੇਜਮੈਂਟ) ਬਿੱਲ, 2026' ਤਹਿਤ ਆਊਟਸੋਰਸਡ ਗਰੁੱਪ-ਸੀ ਅਤੇ ਗਰੁੱਪ-ਡੀ ਦੇ ਕਰਮਚਾਰੀਆਂ ਜਿਨ੍ਹਾਂ ਨੇ ਪੰਜ ਸਾਲ ਦੀ ਨਿਰੰਤਰ ਸੇਵਾ ਪੂਰੀ ਕਰ ਲਈ ਹੈ, ਨੂੰ ਸਿੱਧੇ ਸਰਕਾਰੀ ਠੇਕੇ 'ਤੇ ਰੋਜ਼ਗਾਰ ਅਧੀਨ ਲਿਆ ਜਾਵੇਗਾ। ਜ਼ੋਖ਼ਮ ਵਾਲੀਆਂ ਸ਼੍ਰੇਣੀਆਂ 'ਚ ਕੰਮ ਕਰਨ ਵਾਲੇ ਕਰਮਚਾਰੀ ਤਿੰਨ ਸਾਲ ਦੀ ਸੇਵਾ ਪੂਰੀ ਕਰਨ ਤੋਂ ਬਾਅਦ ਯੋਗ ਹੋ ਜਾਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜ ਸਾਲ ਦੀ ਨਿਰੰਤਰ ਆਊਟਸੋਰਸਡ ਸੇਵਾ ਤੋਂ ਬਾਅਦ ਸਿੱਧਾ ਰਾਜ ਸਰਕਾਰ ਅਧੀਨ ਰੋਜ਼ਗਾਰ ਪ੍ਰਦਾਨ ਕੀਤਾ ਜਾਵੇਗਾ। ਇਸ ਤੋਂ ਬਾਅਦ ਸਰਕਾਰੀ ਠੇਕੇ 'ਤੇ 10 ਸਾਲ ਸੇਵਾ ਪੂਰੀ ਕਰਨ ਤੋਂ ਬਾਅਦ, ਕਰਮਚਾਰੀਆਂ ਨੂੰ ਰੈਗੂਲਰ ਮਨਜ਼ੂਰਸ਼ੁਦਾ ਅਸਾਮੀਆਂ ਵਿਰੁੱਧ ਰੈਗੂਲਰ ਕਰਨ ਲਈ ਵਿਚਾਰਿਆ ਜਾਵੇਗਾ। ਦੋ ਨਵੇਂ ਕਾਨੂੰਨ ਲਿਆਂਦੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਇਕ ਆਊਟਸੋਰਸਡ ਰੋਜ਼ਗਾਰ ਤੋਂ ਸਿੱਧੇ ਸੂਬਾ ਸਰਕਾਰ ਅਧੀਨ ਠੇਕੇ 'ਤੇ ਕਰਨ ਲਈ ਅਤੇ ਦੂਜਾ ਪ੍ਰਵਾਨਿਤ ਖਾਲੀ ਅਸਾਮੀਆਂ ਵਿਰੁੱਧ ਸਰਕਾਰੀ ਠੇਕੇ ਤੋਂ ਰੈਗੂਲਰ ਕਾਡਰ ਵਿੱਚ ਕਰਨ ਲਈ ਹੈ।

ਇਸ ਪਹਿਲਕਦਮੀ ਦੇ ਪੈਮਾਨੇ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 51 ਵਿਭਾਗਾਂ ਵਿੱਚ ਕੁੱਲ 65,048 ਆਊਟਸੋਰਸ ਕਾਮੇ ਇਸ ਸੁਧਾਰ ਦੇ ਦਾਇਰੇ ਵਿੱਚ ਆਉਂਦੇ ਹਨ ਅਤੇ 26,000 ਤੋਂ ਵੱਧ ਕਾਮੇ ਪਹਿਲੇ ਲਾਭਪਾਤਰੀਆਂ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਅੱਗੇ ਐਲਾਨ ਕੀਤਾ ਕਿ ਜੀਵਨ ਅਤੇ ਸਿਹਤ ਲਈ ਜ਼ੋਖਮਾਂ ਨਾਲ ਸਬੰਧਤ ਡਿਊਟੀਆਂ ਨਿਭਾਉਣ ਵਾਲੇ ਕਾਮਿਆਂ 'ਤੇ ਨੀਤੀ ਦੇ ਤਹਿਤ ਤੇਜ਼ੀ ਨਾਲ ਵਿਚਾਰ ਕੀਤਾ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਿਨ੍ਹਾਂ ਕਾਮਿਆਂ ਦੀ ਰੋਜ਼ਾਨਾ ਡਿਊਟੀਆਂ ਵਿੱਚ ਖ਼ਤਰਾ ਹੁੰਦਾ ਹੈ, ਉਨ੍ਹਾਂ ਨੂੰ ਪੰਜ ਸਾਲਾਂ ਦੀ ਬਜਾਏ ਤਿੰਨ ਸਾਲਾਂ ਬਾਅਦ ਵਿਚਾਰਿਆ ਜਾਵੇਗਾ। ਇਨ੍ਹਾਂ ਵਿੱਚ ਫਾਇਰ ਸਰਵਿਸਿਜ਼ ਕਰਮਚਾਰੀ, ਪੀ.ਐਸ.ਪੀ.ਸੀ.ਐਲ. ਲਾਈਨਮੈਨ, ਸੀਵਰ ਵਰਕਰ, ਸ਼ਹਿਰੀ ਸਥਾਨਕ ਸੰਸਥਾਵਾਂ ਦੇ ਸੈਨੀਟੇਸ਼ਨ ਕਰਮਚਾਰੀ, ਕੂੜਾ-ਕਰਕਟ ਸੰਭਾਲਣ ਵਾਲੇ ਕਰਮਚਾਰੀ ਅਤੇ ਫੀਲਡ ਸ਼ਿਕਾਇਤ ਸਟਾਫ਼ ਸ਼ਾਮਲ ਹਨ।

ਲਾਭ ਲੈਣ ਵਾਲੇ ਵਿਭਾਗਾਂ ਦਾ ਵੇਰਵਾ ਦਿੰਦਿਆਂ ਬਿਆਨ ਵਿੱਚ ਕਿਹਾ ਗਿਆ ਹੈ ਕਿ ਸੁਧਾਰ ਵਿੱਚ ਬਿਜਲੀ ਸੈਕਟਰ ਦੇ 15,753 ਕਰਮਚਾਰੀਆਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਸ ਵਿੱਚ ਸ਼ਿਕਾਇਤਾਂ ਦਾ ਹੱਲ ਕਰਨ ਵਾਲਾ ਸਟਾਫ, ਪੈਸਕੋ ਕਰਮਚਾਰੀ, ਮੀਟਰ ਰੀਡਰ ਅਤੇ ਨੋਡਲ ਸੈਂਟਰ ਵਰਕਰ ਸ਼ਾਮਲ ਹਨ। ਸਥਾਨਕ ਸਰਕਾਰਾਂ ਵਿਭਾਗ ਦੇ 8,436 ਕਰਮਚਾਰੀ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਸਫ਼ਾਈ ਕਰਮਚਾਰੀ, ਖੰਡ ਮਿੱਲਾਂ, ਸਪਿਨਫੈੱਡ ਅਤੇ ਮਾਰਕਫੈੱਡ ਸਮੇਤ ਸਹਿਕਾਰੀ ਸੰਸਥਾਵਾਂ ਦੇ 8,373 ਕਾਮੇ; ਸਕੂਲ ਸਿੱਖਿਆ ਦੇ 7,704 ਕਰਮਚਾਰੀ, ਟਰਾਂਸਪੋਰਟ ਵਿਭਾਗ ਦੇ 4,746 ਕਰਮਚਾਰੀ ਅਤੇ 1,472 ਆਊਟਸੋਰਸਡ ਫਾਇਰ ਕਰਮਚਾਰੀ ਸ਼ਾਮਲ ਹਨ। ਇਸ ਤੋਂ ਇਲਾਵਾ ਸਿਹਤ ਤੇ ਪਰਿਵਾਰ ਭਲਾਈ ਦੇ 2,688 ਕਰਮਚਾਰੀ, ਜਲ ਸਪਲਾਈ ਅਤੇ ਸੈਨੀਟੇਸ਼ਨ ਦੇ 1,575 ਕਰਮਚਾਰੀ, ਖੇਤੀਬਾੜੀ ਦੇ 1,533 ਕਰਮਚਾਰੀ, ਜੇਲ੍ਹਾਂ ਦੇ 1,311 ਕਰਮਚਾਰੀ, ਤਕਨੀਕੀ ਸਿੱਖਿਆ ਦੇ 1,251 ਕਰਮਚਾਰੀ, ਪੀ.ਡਬਲਯੂ.ਡੀ. (ਬੀ ਐਂਡ ਆਰ) ਦੇ 1,570 ਕਰਮਚਾਰੀ, ਆਮ ਰਾਜ ਪ੍ਰਬੰਧ ਵਿਭਾਗ ਦੇ 1,322 ਕਰਮਚਾਰੀਆਂ ਅਤੇ ਮੈਡੀਕਲ ਸਿੱਖਿਆ ਦੇ 1,231 ਕਰਮਚਾਰੀਆਂ ਨੂੰ ਲਾਭ ਮਿਲੇਗਾ।

ਮਾਨ ਨੇ ਕਿਹਾ,'ਮਜ਼ਦੂਰਾਂ ਦਾ ਹੁਣ ਮਾਲਕਾਂ ਨਾਲ ਸਿੱਧਾ ਸੰਪਰਕ ਹੋਵੇਗਾ। ਇਸ ਪ੍ਰਣਾਲੀ ਵਿੱਚ ਹੁਣ ਠੇਕੇਦਾਰਾਂ ਲਈ ਕੋਈ ਥਾਂ ਨਹੀਂ ਹੋਵੇਗੀ।' ਮੁੱਖ ਮੰਤਰੀ ਨੇ ਅੱਗੇ ਕਿਹਾ,'ਉਜਰਤਾਂ ਬਿਨਾਂ ਕਿਸੇ ਏਜੰਸੀ ਦੀ ਕਟੌਤੀ ਜਾਂ ਕਮਿਸ਼ਨਾਂ ਦੇ ਸਿੱਧੇ ਕਰਮਚਾਰੀਆਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕੀਤੀਆਂ ਜਾਣਗੀਆਂ। ਕਰਮਚਾਰੀਆਂ ਨੂੰ ਹਰ ਕੈਲੰਡਰ ਸਾਲ ਵਿੱਚ ਕਾਨੂੰਨੀ ਜਣੇਪਾ ਲਾਭ ਅਤੇ 10 ਦਿਨਾਂ ਦੀ ਕੈਜ਼ੂਅਲ ਛੁੱਟੀ ਮਿਲੇਗੀ। ਉਹ ਬਾਇਓਮੀਟ੍ਰਿਕ ਹਾਜ਼ਰੀ ਅਤੇ ਆਈ.ਐਚ.ਆਰ.ਐਮ.ਐਸ. ਪ੍ਰਣਾਲੀਆਂ ਦੇ ਅਧੀਨ ਵੀ ਕਵਰ ਕੀਤੇ ਜਾਣਗੇ।' ਕਰਮਚਾਰੀਆਂ ਦੀ ਸੁਰੱਖਿਆ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,'ਇੱਥੇ ਪਾਰਦਰਸ਼ਤਾ ਅਤੇ ਮਨਮਾਨੀ ਵਾਲੀ ਕਾਰਵਾਈ ਨਹੀਂ ਚੱਲੇਗੀ। ਕਿਸੇ ਵੀ ਕਰਮਚਾਰੀ ਨੂੰ ਲਿਖਤੀ ਕਾਰਨ ਦਰਜ ਕੀਤੇ ਬਿਨਾਂ ਅਤੇ ਸੁਣਵਾਈ ਦਾ ਮੌਕਾ ਦਿੱਤੇ ਬਿਨਾਂ ਹਟਾਇਆ ਨਹੀਂ ਜਾਵੇਗਾ।'

ਮੁੱਖ ਮੰਤਰੀ ਨੇ ਕਿਹਾ ਕਿ ਮੰਤਰੀ ਮੰਡਲ ਦੀ ਪ੍ਰਵਾਨਗੀ ਦੇ 45 ਦਿਨਾਂ ਦੇ ਅੰਦਰ ਲਾਗੂ ਕਰਨ ਦੀ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ ਅਤੇ ਅਮਲਾ ਅਤੇ ਵਿੱਤ ਵਿਭਾਗਾਂ ਦੁਆਰਾ ਯੋਗ ਸ਼੍ਰੇਣੀਆਂ ਨੂੰ ਪੜਾਵਾਂ ਵਿੱਚ ਨੋਟੀਫ਼ਾਈ ਕੀਤਾ ਜਾਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,'ਮੁੱਖ ਸਕੱਤਰ ਦੀ ਅਗਵਾਈ ਵਾਲੀ ਸੂਬਾ ਪੱਧਰੀ ਅਧਿਕਾਰਤ ਕਮੇਟੀ ਇਸ ਫ਼ੈਸਲੇ ਨੂੰ ਲਾਗੂ ਕਰਨ ਦੀ ਨਿਗਰਾਨੀ ਕਰੇਗੀ ਜਦੋਂ ਕਿ ਬਹੁਤ ਸਾਰੇ ਸੂਬੇ ਠੇਕੇਦਾਰੀ ਵੱਲ ਵਧ ਰਹੇ ਹਨ, ਪੰਜਾਬ ਇਸ ਰੁਝਾਨ ਨੂੰ ਉਲਟਾ ਰਿਹਾ ਹੈ ਅਤੇ ਠੇਕੇਦਾਰੀ ਪ੍ਰਣਾਲੀ ਨੂੰ ਖ਼ਤਮ ਕੀਤਾ ਜਾ ਰਿਹਾ ਹੈ।' ਮੰਤਰੀ ਮੰਡਲ ਵੱਲੋਂ ਡੀ.ਏ. ਅਤੇ ਪੈਨਸ਼ਨ ਦੇ ਬਕਾਏ ਦੀ ਜਾਂਚ ਲਈ ਪੈਨਲ ਦਾ ਪੁਨਰਗਠਨ

ਇੱਕ ਹੋਰ ਅਹਿਮ ਫ਼ੈਸਲੇ ਵਿੱਚ ਮੰਤਰੀ ਮੰਡਲ ਨੇ ਸੋਧੀ ਹੋਈ ਤਨਖਾਹ, ਪੈਨਸ਼ਨਾਂ, ਛੁੱਟੀਆਂ ਦੇ ਬਕਾਏ ਦੇ ਸਬੰਧਤ ਮੁੱਦਿਆਂ ਦੀ ਘੋਖ ਕਰਨ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ,

**ਚੜ੍ਹਦੀਕਲਾ**

**ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।**

**PRGI (RNI) Regd. No. 22972/1972**

**Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi**

**PRGI (RNI) Regd. No. 22972/1972**

# ਪਹਿਲੇ ਸਫ਼ੇ ਦੀ ਬਾਕੀ

ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ 'ਤੇ ਅਧਾਰਿਤ ਕੈਬਨਿਟ ਸਬ-ਕਮੇਟੀ ਦੇ ਪੁਨਰਗਠਨ ਲਈ ਕਾਰਜ ਬਾਅਦ ਪ੍ਰਵਾਨਗੀ ਦੇ ਦਿੱਤੀ ਹੈ।

ਕਮੇਟੀ 1 ਜਨਵਰੀ, 2016 ਤੋਂ 30 ਜੂਨ, 2021 ਦਰਮਿਆਨ ਸੋਧੀਆਂ ਤਨਖਾਹਾਂ ਅਤੇ ਪੈਨਸ਼ਨ ਲਾਭਾਂ ਸਦਕਾ ਹੋਣ ਵਾਲੇ ਬਕਾਏ ਦੇ ਭੁਗਤਾਨ 'ਤੇ ਵਿਚਾਰ ਕਰੇਗੀ। ਇਸ ਤੋਂ ਇਲਾਵਾ 1 ਜੁਲਾਈ, 2021 ਤੋਂ 31 ਮਾਰਚ, 2024 ਤੱਕ ਦੇ ਬਕਾਇਆ ਡੀ.ਏ. ਅਤੇ ਮਹਿੰਗਾਈ ਰਾਹਤ ਦੇ ਬਕਾਏ ਦਾ ਅਧਿਐਨ ਕਰੇਗੀ। ਕਮੇਟੀ ਕਰਮਚਾਰੀਆਂ ਅਤੇ ਵੱਖ-ਵੱਖ ਮਹਿੰਗਾਈ ਭੱਤਿਆਂ ਅਤੇ ਮਹਿੰਗਾਈ ਰਾਹਤ ਨਾਲ ਸਬੰਧਤ ਮੁੱਦਿਆਂ ਦਾ ਅਧਿਐਨ ਕਰੇਗੀ।

ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਤੁਰੰਤ ਸੁਣਵਾਈ ਲਈ 7 ਵਿਸ਼ੇਸ਼ ਅਦਾਲਤਾਂ ਨੂੰ ਮਨਜ਼ੂਰੀ: ਭ੍ਰਿਸ਼ਟਾਚਾਰ ਰੋਕੂ ਕਾਨੂੰਨ, 1988 ਤਹਿਤ ਭ੍ਰਿਸ਼ਟਾਚਾਰ ਦੇ ਕੇਸਾਂ ਦੇ ਤੇਜ਼ੀ ਨਾਲ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਮੰਤਰੀ ਮੰਡਲ ਨੇ ਪੰਜਾਬ ਭਰ ਵਿੱਚ 7 ਵਿਸ਼ੇਸ਼ ਵਿਸ਼ੇਸ਼ ਅਦਾਲਤਾਂ ਦੀ ਸਥਾਪਨਾ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਐਸ.ਏ.ਐਸ.ਨਗਰ ਵਿੱਚ ਤਿੰਨ ਅਦਾਲਤਾਂ ਸਥਾਪਤ ਕੀਤੀਆਂ ਜਾਣਗੀਆਂ ਜਦਕਿ ਜਲੰਧਰ, ਲੁਧਿਆਣਾ, ਅੰਮ੍ਰਿਤਸਰ ਅਤੇ ਪਟਿਆਲਾ ਵਿੱਚ ਇੱਕ-ਇੱਕ ਅਦਾਲਤ ਸਥਾਪਤ ਕੀਤੀ ਜਾਵੇਗੀ। ਮੰਤਰੀ ਮੰਡਲ ਨੇ ਇਨ੍ਹਾਂ ਅਦਾਲਤਾਂ ਦੇ ਕੰਮਕਾਜ ਲਈ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜਾਂ ਦੀਆਂ 7 ਅਸਾਮੀਆਂ ਦੇ ਨਾਲ-ਨਾਲ ਸਹਾਇਕ ਸਟਾਫ਼ ਦੀਆਂ 63 ਅਸਾਮੀਆਂ ਸਿਰਜਣ ਦੀ ਪ੍ਰਵਾਨਗੀ ਦੇ ਦਿੱਤੀ ਹੈ।

ਪੰਜਾਬ ਸੁਪੀਰੀਅਰ ਜੁਡੀਸ਼ੀਅਲ ਸਰਵਿਸ ਰੂਲਜ਼ ਵਿੱਚ ਸੋਧ ਨੂੰ ਪ੍ਰਵਾਨਗੀ : ਮੰਤਰੀ ਮੰਡਲ ਨੇ ਪੰਜਾਬ ਸੁਪੀਰੀਅਰ ਜੁਡੀਸ਼ੀਅਲ ਸਰਵਿਸ ਰੂਲਜ਼, 2007 ਦੇ ਨਿਯਮ 7, 10, 12 ਅਤੇ ਅੰਤਿਕਾ 'ਬੀ' ਵਿੱਚ ਸੋਧਾਂ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਪ੍ਰਸਤਾਵਿਤ ਸੋਧਾਂ ਦਾ ਉਦੇਸ਼ ਪੰਜਾਬ ਵਿੱਚ ਸੇਵਾ ਨਿਭਾ ਰਹੇ ਉੱਚ ਨਿਆਂਇਕ ਅਧਿਕਾਰੀਆਂ ਨੂੰ ਤਰੱਕੀ ਨਾਲ ਸਬੰਧਤ ਲਾਭ ਪ੍ਰਦਾਨ ਕਰਨਾ ਹੈ ਅਤੇ ਇਸ ਨਾਲ ਸੂਬੇ ਦੀਆਂ ਨਿਆਂਇਕ ਸੇਵਾਵਾਂ ਵਿੱਚ ਕਰੀਅਰ ਦੀ ਤਰੱਕੀ ਦੇ ਮੌਕਿਆਂ ਦੇ ਮਜ਼ਬੂਤ ਹੋਣ ਦੀ ਉਮੀਦ ਹੈ।

## ਵਿਰੋਧੀ ਧਿਰ ਲੋਕਾਂ ਦੇ ਸਪੱਸ਼ਟ ਫ਼ਤਵੇ ਦੇ ਬਾਵਜੂਦ

ਅਸਫਲ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੇ ਚਾਰ ਸਾਲਾਂ ਦੌਰਾਨ ਪੂਰੇ ਪੰਜਾਬ ਦੇ ਲੋਕ 'ਆਪ' ਅਤੇ ਇਸ ਦੀਆਂ ਲੋਕ-ਪੱਖੀ ਨੀਤੀਆਂ ਨਾਲ ਚੱਟਾਨ ਵਾਂਗ ਖੜ੍ਹੇ ਹਨ। ਅਸੀਂ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਹਰ ਜ਼ਿਮਨੀ ਚੋਣ, ਪੰਚਾਇਤ ਚੋਣ, ਜ਼ਿਲ੍ਹਾ ਪ੍ਰੀਸ਼ਦ ਚੋਣ, ਨਗਰ ਨਿਗਮ ਚੋਣ ਅਤੇ ਹੋਰ ਚੋਣ ਮੁਕਾਬਲੇ ਜਿੱਤੇ ਹਨ। ਇਹ ਨਤੀਜੇ ਉਸ ਅਥਾਹ ਵਿਸ਼ਵਾਸ ਨੂੰ ਦਰਸਾਉਂਦੇ ਹਨ ਜੋ ਪੰਜਾਬੀਆਂ ਨੇ ਸਾਡੀ ਸਰਕਾਰ ਵਿੱਚ ਪ੍ਰਗਟਾਇਆ ਹੈ।"

ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਬਾਰੇ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਿੱਪਣੀ ਕੀਤੀ, "ਕੈਪਟਨ ਅਮਰਿੰਦਰ ਸਿੰਘ ਦੇ ਨੇੜੇ ਹਮੇਸ਼ਾ ਕੇਵਲ ਸਿੰਘ ਢਿੱਲੋਂ ਨੂੰ ਹੀ ਸਮਝਿਆ ਜਾਂਦਾ ਸੀ। ਹੁਣ ਦੋਵੇਂ ਆਗੂ ਵੱਖੋ-ਵੱਖਰੇ ਰਾਹਾਂ 'ਤੇ ਚੱਲਦੇ ਪ੍ਰਤੀਤ ਹੁੰਦੇ ਹਨ ਅਤੇ ਇਸ ਬਦਲਾਅ ਦੇ ਕਾਰਨ ਸਿਰਫ ਉਹੀ ਜਾਣਦੇ ਹਨ। ਇਹ ਇੱਕ ਰਹੱਸ ਬਣਿਆ ਹੋਇਆ ਹੈ ਕਿ ਦੋਵਾਂ ਵਿਚਾਲੇ ਆਪਸੀ ਗਰਮਜੋਸ਼ੀ ਕਿਉਂ ਖਤਮ ਹੋ ਗਈ ਹੈ।"

ਪਿਛਲੇ ਸਿਆਸੀ ਘਟਨਾਕ੍ਰਮ ਨੂੰ ਯਾਦ ਕਰਦਿਆਂ ਉਨ੍ਹਾਂ ਦੱਸਿਆ ਕਿ ਕੈਪਟਨ ਅਮਰਿੰਦਰ ਸਿੰਘ ਨੇ ਸਾਲ 2019 ਦੀਆਂ ਲੋਕ ਸਭਾ ਚੋਣਾਂ ਮੌਕੇ ਸੰਗਰੂਰ ਤੋਂ ਚੋਣ ਲੜਨ ਵੇਲੇ ਕੇਵਲ ਸਿੰਘ ਢਿੱਲੋਂ ਦੀ ਹਮਾਇਤ ਕੀਤੀ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਜ਼ਾਦ ਉਮੀਦਵਾਰਾਂ ਨੇ ਵੀ ਭਾਜਪਾ ਨਾਲੋਂ ਵੱਧ ਸੀਟਾਂ ਹਾਸਲ ਕੀਤੀਆਂ ਹਨ। ਪੰਜਾਬ ਦੇ ਲੋਕਾਂ ਨੇ ਭਾਜਪਾ ਨੂੰ ਪੰਜਵੇਂ ਸਥਾਨ 'ਤੇ ਧੱਕ ਦਿੱਤਾ ਹੈ। ਇਹ ਫਤਵਾ ਸਪੱਸ਼ਟ ਤੌਰ 'ਤੇ ਲੋਕਾਂ ਦੁਆਰਾ ਇਸ ਦੇ ਨਕਾਰਾਤਮਕ ਏਜੰਡੇ ਨੂੰ ਰੱਦ ਕਰਨ ਦਾ ਪ੍ਰਤੀਕ ਹੈ।"

ਸੂਬੇ ਦੇ ਭਵਿੱਖ ਦੀਆਂ ਸਿਆਸੀ ਪ੍ਰਸਥਿਤੀਆਂ 'ਤੇ ਭਰੋਸਾ ਪ੍ਰਗਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਇਹ ਗੱਲ ਸੀਸੇ ਵਾਂਗ ਸਾਫ ਹੈ ਕਿ ਅਗਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ, ਅਕਾਲੀ ਅਤੇ ਭਾਜਪਾ ਦੂਜੇ, ਤੀਜੇ ਅਤੇ ਚੌਥੇ ਸਥਾਨ ਲਈ ਲੜਨਗੇ, ਜਦੋਂਕਿ 'ਆਪ' ਲੋਕਾਂ ਦੇ ਆਸ਼ੀਰਵਾਦ ਅਤੇ ਸਹਿਯੋਗ ਨਾਲ ਸੌਖਿਆ ਹੀ ਸਰਕਾਰ ਬਣਾਏਗੀ।"

## ਜਥੇ. ਗੜਗੱਜ ਤੇ ਸ਼੍ਰੋਮਣੀ ਕਮੇਟੀ ਨੇ ਅੱਜ

ਗਿਆ ਸੀ ਉੱਥੇ ਹੀ ਕੁਝ ਕਸਟੋਡੀਅਨ ਸਬੰਧੀ ਧਾਰਾ ਵੀ ਜੋੜ ਦਿੱਤੀਆਂ ਗਈਆਂ, ਜਿਸ ਨੂੰ ਲੈ ਕੇ ਸਮੁੱਚੇ ਸਿੱਖ ਪੰਥ ਵਿੱਚ ਵਿਰੋਧ ਹੋ ਗਿਆ ਜਦ ਇਹ ਮਾਮਲਾ ਸ੍ਰੀ ਅਕਾਲ ਤਖਤ ਸਾਹਿਬ ਤੇ ਪੁੱਜਾ ਤਾਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਭ ਤੋਂ ਪਹਿਲਾਂ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਬੁਲਾਇਆ ਅਤੇ ਇਸ ਐਕਟ ਸਬੰਧੀ ਇਤਰਾਜ਼ ਦੱਸੇ ਇਸ ਤੇ ਸੰਧਵਾਂ ਨੇ ਜ਼ਰੂਰੀ ਕਦਮ ਚੁੱਕਣ ਦਾ ਭਰੋਸਾ ਜਤਾਇਆ। ਇਸੇ ਦੌਰਾਨ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਰਕਾਰ ਨੂੰ 15 ਦਿਨ ਦਾ ਅਲਟੀਮੇਟਮ ਦਿੱਤਾ ਸੀ ਉਹਨਾਂ ਇਤਰਾਜ਼ਯੋਗ ਧਾਰਾਵਾਂ ਨੂੰ ਹਟਾਉਣ ਦਾ ਲੇਕਿਨ ਬਾਅਦ ਵਿੱਚ ਸਰਕਾਰ ਨੇ ਸਪਸ਼ਟ ਕਰ ਦਿੱਤਾ ਕਿ ਉਹ ਇਸ ਐਕਟ ਵਿੱਚ ਹੁਣ ਕੋਈ ਵੀ ਤਰਮੀਮ ਜਾਂ ਤਬਦੀਲੀ ਕਰਨ ਵਾਲੇ ਨਹੀਂ ਹਨ ਅਤੇ ਹੁਣ ਜਦ 15 ਦਿਨ ਦਾ ਅਲਟੀਮੇਟਮ ਖਤਮ ਹੋਇਆ ਤਾਂ ਅਗਲੀ ਰਾਣਨੀਤੀ ਤੈ ਕਰਨ ਲਈ ਇਹ ਵੱਡਾ ਪੰਥਕ ਇਕੱਠ ਸੱਦ ਲਿਆ ਗਿਆ ਹੈ ਤੇ ਇਸ ਵਿੱਚ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ ਹੁਣ ਇਸ ਗੱਲ ਦੀ ਸੰਭਾਵਨਾ ਪ੍ਰਗਟਾਈ ਜਾ ਰਹੀ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਸਰਕਾਰ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਵਿਚਕਾਰ ਟਕਰਾ ਸੰਭਵ ਹੋ ਗਿਆ ਹੈ ਹਾਲਾਂਕਿ ਇਸ ਤੋਂ ਪਹਿਲਾਂ ਵੀ ਪੰਜਾਬ ਦੀਆਂ ਸਮੂਹ ਪੰਥਕ ਜਥੇਬੰਦੀਆਂ ਦਾ ਇਕੱਠ ਹੋ ਚੁੱਕਾ ਹੈ ਅਜੇ ਕੱਲ ਹੀ ਅਕਾਲੀ ਦਲ ਵਾਰਸ ਪੰਜਾਬ ਨੇ ਵੀ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਮਿਲ ਕੇ ਇਸ ਮਾਮਲੇ ਵਿੱਚ ਆਪਣਾ ਸਮਰਥਨ ਦਿੱਤਾ ਹੈ ਅਤੇ ਕਿਹਾ ਕਿ ਇਹ ਐਕਟ ਸਿੱਖਾਂ ਦੀ ਧਾਰਮਿਕ ਮਸਲਿਆਂ ਵਿੱਚ ਸਿੱਧੀ ਦਖਲ ਅੰਦਾਜੀ ਲਈ ਰਾਹ ਖੋਲ੍ਹ ਰਿਹਾ ਹੈ।

## ਜਿਨਸੀ ਹਿੰਸਾ: ਇਜ਼ਰਾਈਲੀ ਤੇ ਰੂਸੀ

ਗ਼ੈਰ-ਸਰਕਾਰੀ ਸੰਸਥਾਵਾਂ ਨੂੰ ਕਾਲੀ ਸੂਚੀ ਵਿੱਚ ਰੱਖਦੀ ਹੈ। ਇਸ ਵਿੱਚ ਕਿਹਾ ਗਿਆ ਹੈ ਕਿ 2024 ਦੇ ਮੁਕਾਬਲੇ 2025 ਵਿੱਚ ਅਜਿਹੇ ਮਾਮਲਿਆਂ ਦੀ ਗਿਣਤੀ ਵਿੱਚ ਤੇਜ਼ੀ ਨਾਲ ਵਾਧਾ ਹੋਇਆ।ਇਸ ਸਾਲ ਪਹਿਲੀ ਵਾਰ ਰੂਸੀ ਫ਼ੌਜਾਂ ਤੇ ਸੁਰੱਖਿਆ ਬਲਾਂ ਨੂੰ ਵੀ ਯੂਕਰੇਨ ਵਿੱਚ ਜੰਗ ਦੌਰਾਨ ਜੰਗੀ ਕੈਦੀਆਂ ਤੇ ਆਮ ਨਾਗਰਿਕਾਂ ਖ਼ਿਲਾਫ਼ ਜਿਨਸੀ ਹਿੰਸਾ ਦੇ ਦੋਸ਼ਾਂ ਤਹਿਤ ਬਲੈਕਲਿਸਟ ਕੀਤਾ ਗਿਆ ਹੈ। 2025 ਦੀ ਸੂਚੀ ਵਿੱਚ ਇਜ਼ਰਾਈਲ ਦੇ ਹਥਿਆਰਬੰਦ ਤੇ ਸਲਾਮਤੀ ਦਸਤਿਆਂ ਤੋਂ ਇਲਾਵਾ ਹਮਾਸ ਦਹਿਸ਼ਤਗਰਦ ਵੀ ਸ਼ਾਮਲ ਹਨ, ਜਿਨ੍ਹਾਂ ਨੂੰ ਇਜ਼ਰਾਈਲ 'ਤੇ 7 ਅਕਤੂਬਰ,2023 ਦੇ ਹਮਲੇ ਮਗਰੋਂ ਬਲੈਕਲਿਸਟ ਕੀਤਾ ਗਿਆ ਸੀ। ਯੂ.ਐੱਨ. ਦੇ ਸਕੱਤਰ ਜਨਰਲ ਅੰਤੋਨੀਓ ਗੁਟੇਰੇਜ਼ ਨੇ ਪਿਛਲੇ ਸਾਲ ਦੀ ਰਿਪੋਰਟ ਵਿੱਚ ਇਜ਼ਰਾਈਲ ਤੇ ਰੂਸ ਦੋਵਾਂ ਨੂੰ ਸੂਚੀ ਵਿੱਚ ਸ਼ਾਮਲ ਕੀਤੇ ਜਾਣ ਦੀ ਚਿਤਾਵਨੀ ਦਿੱਤੀ ਸੀ। ਦੋਵਾਂ ਮੁਲਕਾਂ ਦੇ ਰਾਜਦੂਤਾਂ ਨੇ ਸੂਚੀ ਵਿੱਚ ਸ਼ਾਮਲ ਕੀਤੇ ਜਾਣ ਖ਼ਿਲਾਫ਼ ਰੋਸ ਜਤਾਉਂਦਿਆਂ ਗੁਟੇਰੇਜ਼ ਨੂੰ ਰੱਜ ਕੇ ਭੰਡਿਆ ਹੈ।

## ਮੀਂਹ ਨਾਲ ਬਦਲਿਆ ਮੌਸਮ ਦਾ ਮਿਜਾਜ਼

ਲੋਕ ਬੇਹੱਦ ਪ੍ਰੇਸ਼ਾਨ ਸਨ। ਸ਼ਨਿੱਚਰਵਾਰ ਸਵੇਰੇ ਮੌਸਮ ਨੇ ਕਰਵਟ ਬਦਲੀ ਅਤੇ ਅਸਮਾਨ ਵਿਚ ਬੱਦਲ ਛਾਉਣੇ ਸ਼ੁਰੂ ਹੋ ਗਏ। ਦੁਪਹਿਰ ਬਾਅਦ ਹੋਈ ਤੇਜ਼ ਬਾਰਿਸ਼ ਨੇ ਗਰਮੀ ਦੇ ਅਸਰ ਨੂੰ ਕਾਫ਼ੀ ਹੱਦ ਤੱਕ ਘੱਟ ਕਰ ਦਿੱਤਾ। ਮੀਂਹ ਤੋਂ ਬਾਅਦ ਸ਼ਹਿਰ ਦੀਆਂ ਸੜਕਾਂ, ਬਾਜ਼ਾਰਾਂ ਅਤੇ ਪਾਰਕਾਂ ਵਿਚ ਲੋਕਾਂ ਦੀ ਚਹਿਲ-ਪਹਿਲ ਵਧ ਗਈ। ਕਈ ਪਰਿਵਾਰ ਸੁਹਾਵਣੇ ਮੌਸਮ ਦਾ ਆਨੰਦ ਮਾਣਨ ਲਈ ਘਰਾਂ ਤੋਂ ਬਾਹਰ ਨਿਕਲੇ ਅਤੇ ਸ਼ਾਮ ਦਾ ਸਮਾਂ ਖੁੱਲ੍ਹੇ ਮਾਹੌਲ ਵਿਚ ਬਿਤਾਇਆ। ਖੇਤੀਬਾੜੀ ਮਾਹਿਰਾਂ ਅਨੁਸਾਰ ਇਸ ਮੀਂਹ ਨਾਲ ਖੇਤਾਂ ਵਿਚ ਨਮੀ ਵਧੇਗੀ ਅਤੇ ਝੋਨੇ ਦੀ ਆਉਣ ਵਾਲੀ ਫ਼ਸਲ ਦੀ ਤਿਆਰੀ ਵਿਚ ਮਦਦ ਮਿਲੇਗੀ। ਹਾਲਾਂਕਿ ਕੁਝ ਨੀਵੇਂ ਇਲਾਕਿਆਂ ਵਿਚ ਪਾਣੀ ਭਰਨ ਦੀ ਸਮੱਸਿਆ ਵੀ ਦੇਖਣ ਨੂੰ ਮਿਲੀ, ਪਰ ਲੋਕਾਂ ਨੇ ਗਰਮੀ ਤੋਂ ਮਿਲੀ ਰਾਹਤ ਨੂੰ ਵੱਧ ਮਹੱਤਵ ਦਿੱਤਾ। ਮੀਂਹ ਤੋਂ ਬਾਅਦ ਹਵਾ ਦੀ ਗੁਣਵੱਤਾ ਵਿਚ ਵੀ ਸੁਧਾਰ ਦਰਜ ਕੀਤਾ ਗਿਆ। ਏਅਰ ਕੁਆਲਿਟੀ ਇੰਡੈਕਸ (ਏਕਿਊਆਈ) 61 ਦਰਜ ਹੋਇਆ, ਜੋ ਬਿਹਤਰ ਸ਼੍ਰੇਣੀ ਵਿਚ ਆਉਂਦਾ ਹੈ। ਬਾਰਿਸ਼ ਕਾਰਨ ਧੂੜ ਅਤੇ ਪ੍ਰਦੂਸ਼ਣ ਦੇ ਪੱਧਰ ਵਿੱਚ ਕਮੀ ਆਉਣ ਨਾਲ ਵਾਤਾਵਰਨ ਹੋਰ ਸਾਫ਼ ਅਤੇ ਤਾਜ਼ਗੀ ਭਰਿਆ ਮਹਿਸੂਸ ਹੋਇਆ।

## ਟਰੰਪ ਵੱਲੋਂ ਡੀਲ ਦਾ ਦਾਅਵਾ

ਪ੍ਰੋਗਰਾਮ ਨੂੰ ਲੈ ਕੇ ਸਮਝੌਤੇ ਦੇ ਬਹੁਤ ਨੇੜੇ ਪਹੁੰਚ ਚੁੱਕੇ ਹਨ। ਟਰੰਪ ਅਨੁਸਾਰ, ਇਸ ਸਮਝੌਤੇ ਤਹਿਤ ਈਰਾਨ ਪਰਮਾਣੂ ਹਥਿਆਰ ਨਹੀਂ ਬਣਾਏਗਾ ਅਤੇ ਆਪਣੇ ਯੂਰੇਨੀਅਮ ਭੰਡਾਰ ਨੂੰ ਖਤਮ ਕਰੇਗਾ। ਬਦਲੇ ਵਿੱਚ, ਅਮਰੀਕਾ ਈਰਾਨ 'ਤੇ ਲਗਾਈ ਗਈ ਸਮੁੰਦਰੀ ਨਾਕਾਬੰਦੀ ਹਟਾ ਸਕਦਾ ਹੈ ਅਤੇ ਹੋਰਮੁਜ਼ 'ਚ ਜਹਾਜ਼ਾਂ ਤੋਂ ਟੋਲ ਵਸੂਲੀ ਦੇ ਵਿਵਾਦ ਨੂੰ ਸੁਲਝਾਇਆ ਜਾ ਸਕਦਾ ਹੈ।

**ਈਰਾਨ ਵੱਲੋਂ ਇਨਕਾਰ**

ਦੂਜੇ ਪਾਸੇ, ਈਰਾਨ ਨੇ ਟਰੰਪ ਦੇ ਇਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਘਈ ਨੇ ਸਪੱਸ਼ਟ ਕੀਤਾ ਹੈ ਕਿ ਪਰਮਾਣੂ ਪ੍ਰੋਗਰਾਮ 'ਤੇ ਕੋਈ ਰਸਮੀ ਗੱਲਬਾਤ ਨਹੀਂ ਚੱਲ ਰਹੀ। ਈਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਕਿਰ ਗਾਲੀਬਾਫ ਨੇ ਕਿਹਾ ਹੈ ਕਿ ਉਹ ਅਮਰੀਕੀ ਬਿਆਨਾਂ ਦੀ ਬਜਾਏ ਸਿਰਫ ਠੋਸ ਕਾਰਵਾਈ 'ਤੇ ਹੀ ਭਰੋਸਾ ਕਰਨਗੇ।

**ਸੁਰੱਖਿਆ ਬੈਠਕ ਤੇ ਜੰਗਬੰਦੀ ਦੀ ਉਮੀਦ**

ਰਾਸ਼ਟਰਪਤੀ ਟਰੰਪ ਨੇ ਪੁਸ਼ਟੀ ਕੀਤੀ ਹੈ ਕਿ ਉਹ ਵ੍ਹਾਈਟ ਹਾਊਸ ਦੇ ਸਿਚੂਏਸ਼ਨ ਰੂਮ 'ਚ ਆਪਣੇ ਉੱਚ ਸੁਰੱਖਿਆ ਸਲਾਹਕਾਰਾਂ ਨਾਲ ਇਸ ਮੁੱਦੇ 'ਤੇ 'ਅੰਤਿਮ ਫੈਸਲਾ' ਲੈਣ ਲਈ ਮੀਟਿੰਗ ਕਰ ਰਹੇ ਹਨ। ਮੰਨਿਆ ਜਾ ਰਿਹਾ ਹੈ ਕਿ ਇਹ ਸਮਝੌਤਾ ਮੌਜੂਦਾ ਜੰਗਬੰਦੀ ਨੂੰ 60 ਦਿਨਾਂ ਲਈ ਵਧਾ ਸਕਦਾ ਹੈ ਤਾਂ ਜੋ ਸਥਾਈ ਸ਼ਾਂਤੀ ਲਈ ਰਾਹ ਪੱਧਰਾ ਹੋ ਸਕੇ। ਹਾਲਾਂਕਿ, ਅਮਰੀਕੀ ਰੱਖਿਆ ਮੰਤਰੀ ਪੀਟ ਹੇਗਸੇਥ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਗੱਲਬਾਤ ਅਸਫਲ ਰਹੀ ਤਾਂ ਅਮਰੀਕਾ ਦੁਬਾਰਾ ਫੌਜੀ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

**ਲੇਬਨਾਨ 'ਚ ਮਨੁੱਖੀ ਸੰਕਟ**

ਜਿੱਥੇ ਇੱਕ ਪਾਸੇ ਸਮਝੌਤੇ ਦੀ ਗੱਲ ਚੱਲ ਰਹੀ ਹੈ, ਉੱਥੇ ਹੀ ਦੂਜੇ ਪਾਸੇ ਇਜ਼ਰਾਈਲ ਅਤੇ ਹਿਜ਼ਬੁੱਲਾ ਵਿਚਕਾਰ ਤਣਾਅ ਘੱਟ ਨਹੀਂ ਹੋਇਆ। ਵਿਸ਼ਵ ਸਿਹਤ ਸੰਗਠਨ (WHO) ਨੇ ਲੇਬਨਾਨ ਵਿੱਚ ਸਿਹਤ ਪ੍ਰਣਾਲੀ ਦੇ ਢਹਿ-ਢੇਰੀ ਹੋਣ ਦੀ ਚਿਤਾਵਨੀ ਦਿੱਤੀ ਹੈ। ਯੂਨੀਸੇਫ ਦੀ ਰਿਪੋਰਟ ਅਨੁਸਾਰ, ਪਿਛਲੇ ਇੱਕ ਹਫ਼ਤੇ ਵਿੱਚ ਰੋਜ਼ਾਨਾ ਔਸਤਨ 11 ਬੱਚੇ ਮਾਰੇ ਗਏ ਜਾਂ ਜ਼ਖਮੀ ਹੋਏ ਹਨ। ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਦੱਖਣੀ ਲੇਬਨਾਨ ਵਿੱਚ ਫੌਜੀ ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਸੰਕੇਤ ਦਿੱਤੇ ਹਨ।

## ਸਾਕਾ ਨੀਲਾ ਤਾਰਾ ਦੇ ਰੋਸ ਵਜੋਂ 6 ਜੂਨ ਨੂੰ ਦਲ ਖ਼ਾਲਸਾ

ਅਤੇ ਸਿੱਖ ਰੈਫਰੈਂਸ ਲਾਇਬ੍ਰੇਰੀ ਵਿੱਚੋਂ ਲੁੱਟੇ ਵੱਡਮੁੱਲੇ ਖ਼ਜ਼ਾਨੇ ਵਿਰੁੱਧ ਬੰਦ ਦਾ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਕਾ ਨੀਲਾ ਤਾਰਾ ਦੌਰਾਨ ਨਿਰਦੋਸ਼ਾਂ ਦਾ ਖ਼ੂਨ ਇਸੇ ਧਰਤੀ ਉੱਤੇ ਡੁੱਲ੍ਹਿਆ ਸੀ, ਇਸ ਲਈ ਅੰਮ੍ਰਿਤਸਰ ਬੰਦ ਦਾ ਸੱਦਾ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਇਸ ਦੌਰਾਨ ਮੈਡੀਕਲ ਸਟੋਰ ਖੁੱਲ੍ਹੇ ਰਹਿਣਗੇ ਅਤੇ ਆਵਾਜਾਈ ਨਹੀਂ ਰੋਕੀ ਜਾਵੇਗੀ। ਉਨ੍ਹਾਂ ਸ਼ਹਿਰ ਦੇ ਹਿੰਦੂ, ਮੁਸਲਿਮ ਅਤੇ ਈਸਾਈ ਭਾਈਚਾਰੇ ਨੂੰ ਸਿੱਖ ਪੀੜ ਨਾਲ ਆਪਣੀ ਸਾਂਝ ਪਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਉਸ ਵੇਲੇ ਦੀ ਹਕੂਮਤ ਵੱਲੋਂ ਕੀਤੇ ਇਸ ਹਮਲੇ ਦੀ ਪੀੜ ਸੱਜਰੀ ਹੈ ਅਤੇ ਜ਼ਖ਼ਮ ਹਰੇ ਹਨ। ਉਨ੍ਹਾਂ ਦੱਸਿਆ ਕਿ ਬੰਦ ਪ੍ਰਤੀ ਲੋਕਾਂ ਵਿੱਚ ਚੇਤਨਤਾ ਪੈਦਾ ਕਰਨ ਅਤੇ ਉਨ੍ਹਾਂ ਦਾ ਸਹਿਯੋਗ ਲੈਣ ਦੇ ਮੰਤਵ ਨਾਲ ਦਲ ਖ਼ਾਲਸਾ ਵੱਲੋਂ ਇਸ ਸਬੰਧੀ ਜਨਤਕ ਮੁਹਿੰਮ ਦੀ ਸ਼ੁਰੂਆਤ 1 ਜੂਨ ਤੋਂ ਕੀਤੀ ਜਾਵੇਗੀ, ਜਿਸ ਤਹਿਤ ਸ਼ਹਿਰ ਦੇ ਪ੍ਰਮੁੱਖ ਇਲਾਕਿਆਂ ਵਿੱਚ ਪੋਸਟਰ ਅਤੇ ਪੈਂਫਲੇਟ ਵੰਡੇ ਜਾਣਗੇ, ਤਾਂ ਜੋ ਲੋਕਾਂ ਨੂੰ ਬੰਦ ਦੇ ਕਾਰਨਾਂ ਬਾਰੇ ਜਾਣਕਾਰੀ ਦਿੱਤੀ ਜਾ ਸਕੇ।

## ਪੰਜਾਬ 'ਚ ਡੇਰਿਆਂ ਦੀ ਪੁਸ਼ਤ ਪਨਾਹੀ ਕਰਦੇ

ਸਮਾਨਤਾ, ਸੰਗਤ ਅਤੇ ਪੰਗਤ ਦੀ ਪਰੰਪਰਾ ਰਿਹਾ ਹੈ। ਸਿੱਖ ਧਰਮ ਨੇ ਜਾਤ-ਪਾਤ ਦੇ ਵਿਰੁੱਧ ਇੱਕ ਕ੍ਰਾਂਤੀਕਾਰੀ ਵਿਚਾਰ ਦਿੱਤਾ ਸੀ। ਪਰ ਜਦੋਂ ਸਮਾਜ ਦੇ ਅੰਦਰ ਹੀ ਜਾਤੀ ਆਧਾਰਿਤ ਵੰਡਾਂ ਬਰਕਰਾਰ ਰਹਿੰਦੀਆਂ ਹਨ ਤਾਂ ਲੋਕ ਵਿਕਲਪਕ ਧਾਰਮਿਕ ਕੇਂਦਰਾਂ ਵੱਲ ਆਕਰਸ਼ਿਤ ਹੁੰਦੇ ਹਨ।

ਇਸ ਸੰਦਰਭ ਵਿੱਚ ਪੰਜਾਬੀ ਗਾਇਕਾਂ ਦੀ ਜ਼ਿੰਮੇਵਾਰੀ ਹੋਰ ਵੱਧ ਜਾਂਦੀ ਹੈ। ਕਲਾ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਸਮਾਜਕ ਚੇਤਨਾ ਦਾ ਮਾਧਿਅਮ ਵੀ ਹੁੰਦੀ ਹੈ। ਜੇਕਰ ਕਲਾਕਾਰ ਆਪਣੀ ਲੋਕਪ੍ਰਿਯਤਾ ਨੂੰ ਕਿਸੇ ਖਾਸ ਡੇਰੇ, ਧਾਰਮਿਕ ਗਰੁੱਪ ਜਾਂ ਵਿਅਕਤੀ ਦੀ ਅੰਨ੍ਹੀ ਪ੍ਰਸੰਸਾ ਲਈ ਵਰਤਦੇ ਹਨ ਤਾਂ ਉਹ ਅਣਜਾਣੇ ਵਿੱਚ ਸਮਾਜਕ ਧਰੁਵੀਕਰਨ ਨੂੰ ਵਧਾ ਸਕਦੇ ਹਨ। ਇਸ ਦੇ ਉਲਟ ਜੇ ਉਹ ਗੁਰੂ ਨਾਨਕ ਦੇਵ ਜੀ ਦੇ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਉਭਾਰਨ ਤਾਂ ਸਮਾਜ ਵਿੱਚ ਸਕਾਰਾਤਮਕ ਚੇਤਨਾ ਪੈਦਾ ਹੋ ਸਕਦੀ ਹੈ।

ਅੱਜ ਰਾਜਨੀਤਿਕ ਪਾਰਟੀਆਂ ਵੀ ਇਸ ਸਥਿਤੀ ਤੋਂ ਵੱਖ ਨਹੀਂ ਹਨ। ਚੋਣਾਂ ਦੇ ਸਮੇਂ ਡੇਰਿਆਂ ਦੀਆਂ ਵੋਟਾਂ ਨੂੰ ਪ੍ਰਭਾਵਿਤ ਕਰਨ ਦੀ ਸਮਰੱਥਾ ਕਾਰਨ ਲੱਗਭੱਗ ਸਾਰੀਆਂ ਪਾਰਟੀਆਂ ਉਨ੍ਹਾਂ ਨਾਲ ਸੰਪਰਕ ਬਣਾਉਂਦੀਆਂ ਹਨ। ਇਸ ਨਾਲ ਡੇਰਿਆਂ ਦੀ ਸਮਾਜਿਕ ਅਤੇ ਰਾਜਨੀਤਿਕ ਤਾਕਤ ਹੋਰ ਵਧਦੀ ਹੈ। ਨਤੀਜੇ ਵਜੋਂ ਧਰਮ, ਰਾਜਨੀਤੀ ਅਤੇ ਮਨੋਰੰਜਨ ਦਾ ਇੱਕ ਅਜਿਹਾ ਗੱਠਜੋੜ ਬਣ ਜਾਂਦਾ ਹੈ ਜਿਸ ਦੇ ਪ੍ਰਭਾਵਾਂ ਬਾਰੇ ਗੰਭੀਰ ਚਰਚਾ ਦੀ ਲੋੜ ਹੈ।

ਅੱਜ ਲੋੜ ਇਸ ਗੱਲ ਦੀ ਹੈ ਕਿ ਪੰਜਾਬ ਇਸ ਮਸਲੇ ਨੂੰ ਭਾਵਨਾਵਾਂ ਦੀ ਬਜਾਏ ਤੱਥਾਂ ਅਤੇ ਆਤਮ-ਚਿੰਤਨ ਨਾਲ ਵੇਖੇ। ਜੇਕਰ ਲੋਕ ਗੁਰਦੁਆਰਿਆਂ ਅਤੇ ਮੁੱਖ ਧਾਰਮਿਕ ਸੰਸਥਾਵਾਂ ਤੋਂ ਦੂਰ ਹੋ ਰਹੇ ਹਨ ਤਾਂ ਉਸ ਦੇ ਕਾਰਨਾਂ ਦੀ ਇਮਾਨਦਾਰੀ ਨਾਲ ਸਮੀਖਿਆ ਹੋਣੀ ਚਾਹੀਦੀ ਹੈ। ਸਮਾਜਿਕ ਬਰਾਬਰੀ, ਨੌਜਵਾਨਾਂ ਦੀ ਭਾਗੀਦਾਰੀ ਅਤੇ ਮਨੁੱਖੀ ਸਨਮਾਨ ਦੇ ਸਵਾਲਾਂ ਨੂੰ ਕੇਂਦਰ ਵਿੱਚ ਰੱਖਣਾ ਹੋਵੇਗਾ।

ਪੰਜਾਬ ਦੀ ਅਸਲ ਤਾਕਤ ਕਿਸੇ ਵਿਅਕਤੀ-ਪੂਜਾ ਵਿੱਚ ਨਹੀਂ, ਸਗੋਂ ਉਸ ਵਿਚਾਰ ਵਿੱਚ ਹੈ ਜੋ ਮਨੁੱਖ ਨੂੰ ਮਨੁੱਖ ਨਾਲ ਜੋੜਦਾ ਹੈ। ਗਾਇਕ, ਧਾਰਮਿਕ ਸੰਸਥਾਵਾਂ ਅਤੇ ਰਾਜਨੀਤਿਕ ਨੇਤ੍ਰਿਤਵ—ਸਭ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸਮਾਜ ਨੂੰ ਵੰਡਣ ਵਾਲੀਆਂ ਨਹੀਂ, ਸਗੋਂ ਜੋੜਨ ਵਾਲੀਆਂ ਤਾਕਤਾਂ ਦਾ ਸਾਥ ਦੇਣ। ਤਦ ਹੀ ਪੰਜਾਬ ਆਪਣੀ ਅਸਲ ਰੂਹ, ਆਪਣੇ ਗੁਰੂਆਂ ਦੀ ਵਿਰਾਸਤ ਅਤੇ ਸਮਾਜਿਕ ਏਕਤਾ ਨੂੰ ਮਜ਼ਬੂਤ ਰੱਖ ਸਕੇਗਾ।

## ਫਗਵਾੜਾ 'ਚ ਦਿਨ-ਦਿਹਾੜੇ

ਹੈ ਕਿ ਆਰ.ਟੀ.ਆਈ. ਐਕਟੀਵਿਸਟ ਨੂੰ ਸੁਰੱਖਿਆ ਲਈ ਗੰਨਮੈਨ ਮਿਲਿਆ ਹੋਇਆ ਸੀ, ਜੋ ਮੌਕੇ 'ਤੇ ਨਹੀਂ ਮਿਲਿਆ। ਜਾਣਕਾਰੀ ਮੁਤਾਬਕ ਆਰ.ਟੀ.ਆਈ. ਕਾਰਕੁਨ ਸਿਮਰਨਜੀਤ ਸਿੰਘ ਕਿਸੇ ਕੰਮ ਤੋਂ ਫਗਵਾੜਾ ਗਏ ਸਨ। ਉਹ ਐਲ.ਪੀ.ਯੂ. ਦੇ ਲਾਅ ਗੇਟ ਦੇ ਕੋਲ ਮੌਜੂਦ ਸੀ ਉਦੋਂ ਹੀ ਅਚਾਨਕ ਕੁਝ ਅਣਪਛਾਤੇ ਨੌਜਵਾਨ ਉੱਥੇ ਪਹੁੰਚੇ। ਉਨ੍ਹਾਂ ਨੇ ਸਿਮਰਨਜੀਤ ਸਿੰਘ ਨੂੰ ਦੇਖਦੇ ਹੀ ਫਾਇਰਿੰਗ ਸ਼ੁਰੂ ਕਰ ਦਿੱਤੀ।

ਫਾਇਰਿੰਗ ਦੀ ਇਸ ਅਚਾਨਕ ਹੋਈ ਘਟਨਾ ਨਾਲ ਯੂਨੀਵਰਸਿਟੀ ਦੇਟ ਦੇ ਆਸ-ਪਾਸ ਮੌਜੂਦ ਲੋਕਾਂ ਵਿਚ ਦਹਿਸ਼ਤ ਫੈਲ ਗਈ। ਜਦੋਂ ਤੱਕ ਕੁਝ ਸਮਝ ਲੱਗ ਪਾਉਂਦਾ ਸਿਰਮਨਜੀਤ ਸਿੰਘ ਨੂੰ ਬਚਾਉਣ ਦੀ ਕੋਸ਼ਿਸ਼ ਕਰਦਾ, ਹਮਲਾਵਰ ਉਸ 'ਤੇ ਫਾਇਰਿੰਗ ਕਰਕੇ ਮੌਕੇ ਤੋਂ ਫਰਾਰ ਹੋ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਲੋਕ ਤੇ ਪ੍ਰਸ਼ਾਸਨਿਕ ਅਧਿਕਾਰੀਤ ਤੁਰੰਤ ਹਰਕਤ ਵਿਚ ਆਏ। ਸਿਮਰਨਜੀਤ ਸਿੰਘ ਨੂੰ ਕਿਸੇ ਤਰ੍ਹਾਂ ਐਂਬੂਲੈਂਸ ਜ਼ਰੀਏ ਹਸਪਤਾਲ ਲਿਜਾਇਆ ਗਿਆ, ਪਰ ਉਨ੍ਹਾਂ ਨੂੰ ਬਚਾਇਆ ਨਹੀਂ ਜਾ ਸਕਿਆ। ਉਸ ਦੀ ਮੌਕੇ 'ਤੇ ਮੌਤ ਹੋ ਗਈ ਸੀ।

# ਮਾਨ ਸਰਕਾਰ ਨੇ 19 ਹਜ਼ਾਰ ਤੋਂ ਵੱਧ ਸਰਕਾਰੀ ਸਕੂਲਾਂ 'ਚ ਮੈਗਾ ਪੀ.ਟੀ.ਐਮ. ਕਰਵਾ ਕੇ ਸਿੱਖਿਆ 'ਚ ਪੰਜਾਬ ਦੀ ਅੱਵਲ ਦਰਜਾਬੰਦੀ ਦਾ ਜਸ਼ਨ ਮਨਾਇਆ

## 20 ਲੱਖ ਤੋਂ ਵੱਧ ਮਾਪਿਆਂ ਨੇ 'ਸਿੱਖਿਆ ਦਾ ਮਹਾਂ ਜਸ਼ਨ' ਵਿੱਚ ਕੀਤੀ ਸ਼ਮੂਲੀਅਤ : ਬੈਂਸ

ਚੰਡੀਗੜ੍ਹ, 30 ਮਈ (ਚ.ਨ.ਸ.): ਕੌਮੀ ਸਿੱਖਿਆ ਦਰਜਾਬੰਦੀ 'ਚ ਪੰਜਾਬ ਵੱਲੋਂ ਸਿਖ਼ਰਲਾ ਸਥਾਨ ਮੱਲਣ ਦੇ ਜਸ਼ਨ ਮਨਾਉਣ ਵਾਸਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੱਜ 19,000 ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਮੈਗਾ ਮਾਪੇ-ਅਧਿਆਪਕ ਮਿਲਣੀ (ਪੀਟੀਐਮ) ਕਰਵਾਈ ਗਈ, ਜਿਸ ਵਿੱਚ ਰਾਜ ਭਰ ਵਿੱਚ ਭਾਗੀਦਾਰੀ ਵਾਲੀ ਸਿੱਖਿਆ ਦਾ ਜੀਵੰਤ ਮਾਹੌਲ ਦੇਖਣ ਨੂੰ ਮਿਲਿਆ। "ਸਿੱਖਿਆ ਦਾ ਮਹਾਂ ਜਸ਼ਨ" ਬਾਰੇ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਸ਼ਾਨਦਾਰ ਸਮਾਗਮ ਨੀਤੀ ਆਯੋਗ ਦੀ ਸਕੂਲ ਸਿੱਖਿਆ ਗੁਣਵੱਤਾ ਰਿਪੋਰਟ 2026 ਵਿੱਚ ਪੰਜਾਬ ਦੀ ਨੰਬਰ ਵਨ ਰੈਂਕਿੰਗ ਸਬੰਧੀ ਕਰਵਾਏ ਗਏ, ਜਿਸ ਵਿੱਚ ਪੰਜਾਬ ਨੇ ਬੁਨਿਆਦੀ ਸਿੱਖਿਆ ਦੇ ਮੁੱਖ ਮਾਪਦੰਡਾਂ 'ਤੇ ਕੇਰਲਾ, ਜਿਸਨੂੰ ਸਕੂਲ ਸਿੱਖਿਆ ਵਿੱਚ ਲੰਬੇ ਸਮੇਂ ਤੋਂ ਭਾਰਤ ਦੇ ਸੁਨਹਿਰੀ ਮਿਆਰ ਵਾਲਾ ਸੂਬਿਆ ਮੰਨਿਆ ਜਾਂਦਾ ਰਿਹਾ ਹੈ, ਨੂੰ ਪਛਾੜ ਦਿੱਤਾ ਹੈ।

ਹਰਜੋਤ ਸਿੰਘ ਬੈਂਸ ਨੇ ਦੱਸਿਆ ਸਾਰੀਆਂ ਸਬੰਧਤ ਧਿਰਾਂ ਦੀ ਸਾਂਝੀ ਸਫ਼ਲਤਾ ਦੇ ਸਨਮਾਨ ਵਿੱਚ ਅੱਜ ਅਧਿਆਪਕਾਂ ਤੇ ਗੈਰ-ਅਧਿਆਪਨ ਸਟਾਫ ਨੂੰ ਉਨ੍ਹਾਂ ਦੇ ਅਣਥੱਕ ਯਤਨਾਂ ਲਈ ਸਨਮਾਨਿਤ ਕੀਤਾ ਗਿਆ। ਇਸਦੇ ਨਾਲ ਹੀ ਬੋਰਡ ਪ੍ਰੀਖਿਆਵਾਂ ਦੇ ਟਾਪਰ, ਇੰਗਲਿਸ਼ ਐਜ ਪ੍ਰੋਗਰਾਮ ਦੇ ਅਚੀਵਰਜ਼ ਅਤੇ ਜੇਈਈ ਕੁਆਲੀਫਾਇਰਜ਼




ਸਮੇਤ ਸ਼ਾਨਦਾਰ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਮਾਨਤਾ ਦਿੱਤੀ ਗਈ ਅਤੇ ਸਰਟੀਫਿਕੇਟ ਵੰਡੇ ਗਏ।

ਇਸ ਸਫ਼ਲਤਾ ਨੂੰ ਬਰਕਰਾਰ ਰੱਖਣ ਵਿੱਚ ਮੁੱਖ ਭਾਗੀਦਾਰਾਂ ਵਜੋਂ ਮਾਪਿਆਂ ਦੀ ਭੂਮਿਕਾ ਨੂੰ ਮਜ਼ਬੂਤ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੈਗਾ ਪੀ.ਟੀ.ਐਮ. ਤੇ ਪੇਰੈਂਟਸ ਵਰਕਸ਼ਾਪ ਵਿੱਚ 20 ਲੱਖ ਤੋਂ ਵੱਧ ਮਾਪੇ ਸ਼ਾਮਲ ਹੋਏ। ਇਹ ਵਿਆਪਕ ਸਮਾਗਮ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਵਿੱਚ ਸਿੱਖਣ ਦੀ ਨਿਰੰਤਰਤਾ ਬਰਕਰਾਰ ਰੱਖਣ, ਛੁੱਟੀਆਂ ਦੇ ਹੋਮਵਰਕ ਪ੍ਰਬੰਧਨ ਤੇ ਸਕਾਰਾਤਮਕ ਰੁਟੀਨ ਬਣਾਉਣ 'ਤੇ ਕੇਂਦ੍ਰਿਤ ਸੀ। ਇਸ ਵਿਆਪਕ ਸਮਾਗਮ ਦੇ ਉੱਚ-ਗੁਣਵੱਤਾ ਦੇ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ, ਸਾਰੇ ਅਧਿਆਪਕਾਂ ਅਤੇ ਸਕੂਲ ਮੁਖੀਆਂ ਨੂੰ ਲਾਈਵ ਯੂਟਿਊਬ ਸੈਸ਼ਨ ਰਾਹੀਂ ਸਿਖਲਾਈ ਦਿੱਤੀ ਗਈ। ਸਿੱਖਿਆ ਮੰਤਰੀ ਨੇ ਕਿਹਾ ਕਿ ਸਿਖਲਾਈ ਪ੍ਰਾਪਤ ਸਹਿਯੋਗੀ ਸਟਾਫ਼ ਅਤੇ ਸਰਗਰਮ ਸਕੂਲ ਪ੍ਰਬੰਧਨ ਕਮੇਟੀਆਂ ਨੇ ਮਾਪਿਆਂ ਦੀ ਲਾਮਬੰਦੀ, ਤਾਲਮੇਲ ਤੇ ਗਤੀਵਿਧੀਆਂ ਦਾ ਜ਼ਮੀਨੀ ਪੱਧਰ 'ਤੇ ਲਾਗੂਕਰਨ ਵਿੱਚ ਭਰਪੂਰ ਸਮਰਥਨ ਦਿੱਤਾ।

ਹਰਜੋਤ ਸਿੰਘ ਬੈਂਸ ਨੇ ਇਸ ਉਪਲਬਧੀ ਨੂੰ "ਪੰਜਾਬ ਸਿੱਖਿਆ ਕ੍ਰਾਂਤੀ" ਦਾ ਮੀਲ ਪੱਥਰ ਕਰਾਰ ਦਿੰਦਿਆਂ ਕਿਹਾ, "ਇਹ ਨੰਬਰ 1 ਰੈਂਕ ਸਿਰਫ਼ ਸਰਕਾਰ ਦਾ ਨਹੀਂ ਹੈ, ਸਗੋਂ ਹਰ ਮਾਂ-ਬਾਪ ਦਾ ਹੈ ਜਿਸ ਨੇ ਸਰਕਾਰੀ ਸਕੂਲਾਂ ਉੱਤੇ ਵਿਸ਼ਵਾਸ ਜਤਾਇਆ, ਹਰ ਵਿਦਿਆਰਥੀ ਜਿਸ ਨੇ ਮਿਹਨਤ ਕੀਤੀ ਤੇ ਹਰ ਅਧਿਆਪਕ ਜਿਸ ਨੇ ਕਿਤਾਬਾਂ ਤੋਂ ਪਰ੍ਹੇ ਜਾ ਕੇ ਸਿੱਖਿਆ ਦਿੱਤੀ। ਅਸੀਂ ਸਰਕਾਰੀ ਸਕੂਲਾਂ ਨੂੰ ਆਖਰੀ ਵਿਕਲਪ ਤੋਂ ਪਹਿਲੀ ਪਸੰਦ ਵਿੱਚ ਤਬਦੀਲ ਕੀਤਾ। ਦਹਾਕਿਆਂ ਤੋਂ ਇਹ ਮੰਨਿਆ ਜਾਂਦਾ ਸੀ ਕਿ ਸਰਕਾਰੀ ਸਕੂਲਾਂ ਵਿੱਚ ਮਿਆਰੀ ਸਿੱਖਿਆ ਸੰਭਵ ਨਹੀਂ ਹੈ ਪਰ ਪੰਜਾਬ ਨੇ ਇਸ ਨੂੰ ਗਲਤ ਸਾਬਤ ਕਰਕੇ ਦਿਖਾਇਆ। ਇਹ ਰੈਂਕ ਸਾਡੇ ਕਲਾਸਰੂਮਾਂ ਤੋਂ ਉਤਪੰਨ ਹੋਈ ਸਿੱਖਿਆ ਕ੍ਰਾਂਤੀ ਨੂੰ ਦਰਸਾਉਂਦਾ ਹੈ।"

# 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਆਰਥੋਪੀਡਿਕ ਇਲਾਜਾਂ 'ਤੇ 84 ਕਰੋੜ ਰੁਪਏ ਤੋਂ ਵੱਧ ਖਰਚ

## 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 45 ਲੱਖ ਤੋਂ ਵੱਧ ਪੰਜਾਬੀਆਂ ਦਾ ਰਜਿਸਟ੍ਰੇਸ਼ਨ; ਆਰਥੋਪੀਡਿਕ ਇਲਾਜ ਮੁੱਖ ਸਿਹਤ ਸੇਵਾਵਾਂ 'ਚ ਸ਼ਾਮਲ : ਡਾ. ਬਲਬੀਰ ਸਿੰਘ

ਚੰਡੀਗੜ੍ਹ, 30 ਮਈ (ਚ.ਨ.ਸ.): ਪੰਜਾਬ ਵਿੱਚ ਹੱਡੀਆਂ, ਜੋੜਾਂ ਤੇ ਟ੍ਰੌਮਾ ਨਾਲ ਸਬੰਧਿਤ ਜੁੜੀਆਂ ਸਿਹਤ ਸਮੱਸਿਆਵਾਂ ਵਿੱਚ ਲਗਾਤਾਰ ਵਾਧਾ ਦੇਖਿਆ ਜਾ ਰਿਹਾ ਹੈ। "ਮੁੱਖ ਮੰਤਰੀ ਸਿਹਤ ਯੋਜਨਾ" ਦੇ ਅੰਕੜਿਆਂ ਅਨੁਸਾਰ ਆਰਥੋਪੀਡਿਕ ਇਲਾਜ ਸੂਬੇ ਦੀਆਂ ਜਨ ਸਿਹਤ ਸੇਵਾਵਾਂ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਕੇ ਉੱਭਰੇ ਹਨ। ਇਸ ਸਥਿਤੀ ਨੂੰ ਸਪੱਸਟ ਕਰਦਿਆਂ ਸੂਬਾ ਸਿਹਤ ਏਜੰਸੀ ਦੇ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਯੋਜਨਾ ਤਹਿਤ ਹੁਣ ਤੱਕ ਹੱਡੀਆਂ, ਜੋੜਾਂ ਤੇ ਟ੍ਰੌਮਾ ਨਾਲ ਸਬੰਧਿਤ ਇਲਾਜਾਂ 'ਤੇ 84 ਕਰੋੜ ਰੁਪਏ ਤੋਂ ਵੱਧ ਖਰਚ ਕੀਤਾ ਜਾ ਚੁੱਕਾ ਹੈ। ਇਹ ਵਧਦੀਆਂ ਸਰਜਰੀ ਜ਼ਰੂਰਤਾਂ ਤੇ ਸਰਕਾਰੀ ਹਸਪਤਾਲਾਂ ਵਿੱਚ ਵਿਸ਼ੇਸ਼ ਆਰਥੋਪੀਡਿਕ ਸੇਵਾਵਾਂ ਤੱਕ ਵਧੀ ਪਹੁੰਚ ਨੂੰ ਦਰਸਾਉਂਦਾ ਹੈ। ਡੇਟਾ ਦਰਸਾਉਂਦਾ ਹੈ ਕਿ ਇਸ ਯੋਜਨਾ ਅਧੀਨ ਸਭ ਤੋਂ ਵੱਧ ਗੋਡੇ ਬਦਲਣ ਦਾ ਇਲਾਜ ਦਾ ਸਭ ਤੋਂ ਵੱਧ ਕੀਤਾ ਗਿਆ ਹੈ। ਇਸ ਤੋਂ ਬਾਅਦ ਚੂਲੇ ਦੀਆਂ ਸਰਜਰੀਆਂ ਤੇ ਪਲੇਟਾਂ, ਨਹੁੰਆਂ ਤੇ ਹੋਰ ਇਮਪਲਾਂਟ ਰਾਹੀਂ ਫ੍ਰੈਕਚਰ ਫਿਕਸੇਸ਼ਨ ਵਰਗੀਆਂ ਬੀਮਾਰੀਆਂ ਦਾ ਇਲਾਜ ਕੀਤਾ ਗਿਆ ਹੈ। ਇਹ ਇਲਾਜ ਹੁਣ ਜ਼ਿਲ੍ਹਾ ਤੇ ਵੱਡੇ ਸਰਕਾਰੀ ਹਸਪਤਾਲਾਂ ਵਿੱਚ ਕੈਸ਼ਲੈੱਸ ਸਹੂਲਤ ਤਹਿਤ ਨਿਯਮਿਤ ਤੌਰ 'ਤੇ ਕੀਤੇ ਜਾ ਰਹੇ ਹਨ। ਪੰਜਾਬ ਵਿੱਚ ਹੁਣ ਤੱਕ 45 ਲੱਖ ਤੋਂ ਵੱਧ ਰਜਿਸਟ੍ਰੇਸ਼ਨਾਂ ਹੋ ਚੁੱਕੀਆਂ ਹਨ, ਜੋ ਕੈਸ਼ਲੈੱਸ ਸਿਹਤ ਸੇਵਾਵਾਂ ਦੇ ਵਿਆਪਕ ਉਪਯੋਗ ਨੂੰ ਦਰਸਾਉਂਦਾ ਹੈ। ਯੋਜਨਾ ਤਹਿਤ ਲੁਧਿਆਣਾ ਵਿੱਚ 4.8



ਲੱਖ ਤੋਂ ਵੱਧ ਤੇ ਪਟਿਆਲਾ ਵਿੱਚ ਕਰੀਬ 4.1 ਲੱਖ ਲਾਭਪਾਤਰੀ ਦਰਜ ਕੀਤੇ ਗਏ ਹਨ।

ਆਰਥੋਪੀਡਿਕ ਮਾਮਲਿਆਂ ਵਿੱਚ ਵਾਧਾ ਜਨ ਸਿਹਤ ਵਿੱਚ ਆ ਰਹੇ ਵੱਡੇ ਬਦਲਾਅ ਨੂੰ ਵੀ ਦਰਸਾਉਂਦਾ ਹੈ। ਖਾਸ ਤੌਰ 'ਤੇ ਵਧਦੀ ਉਮਰ ਦੀ ਆਬਾਦੀ ਵਿੱਚ ਜੋੜਾਂ ਦੀ ਸਮੱਸਿਆ, ਲਗਾਤਾਰ ਦਰਦ ਅਤੇ ਚੱਲਣ-ਫਿਰਨ ਵਿੱਚ ਮੁਸਕਲਾਂ ਵਧ ਰਹੀਆਂ ਹਨ। ਗੋਡੇ ਅਤੇ ਚੂਲੇ ਦੀ ਸਮੱਸਿਆ, ਲੰਬੇ ਸਮੇਂ ਦੇ ਜੋੜਾਂ ਦੇ ਦਰਦ ਤੇ ਚੱਲਣ-ਫਿਰਨ ਵਿੱਚ ਮੁਸਕਲ ਵਾਲੇ ਮਰੀਜ ਸਰਕਾਰੀ ਹਸਪਤਾਲਾਂ ਵਿੱਚ ਵਧਦੇ ਜਾ ਰਹੇ ਹਨ। ਆਰਥੋਪੀਡਿਕ ਇਲਾਜਾਂ ਵਿੱਚ ਅਕਸਰ ਮਹਿੰਗੇ ਇੰਪਲਾਂਟ, ਲੰਬਾ ਇਲਾਜ ਅਤੇ ਪੁਨਰਵਾਸ ਦੀ ਲੋੜ ਹੁੰਦੀ ਹੈ, ਜੋ ਪਰਿਵਾਰਾਂ 'ਤੇ ਭਾਰੀ ਆਰਥਿਕ ਬੋਝ ਪਾਉਂਦੇ ਹਨ। ਰਾਜਪੁਰਾ ਨੇੜੇ ਖੇੜਾ ਗੱਜੂ ਦੇ ਰਹਿਣ ਵਾਲੇ 43 ਸਾਲਾ ਗੁਲਸ਼ਨ ਤਨੇਜਾ ਲਈ ਇਹ ਸਥਿਤੀ ਵਿਅਕਤੀਗਤ ਤੌਰ 'ਤੇ ਕਾਫੀ ਚੁਣੌਤੀਪੂਰਨ ਰਹੀ। ਫੈਕਟਰੀ ਵਿੱਚ ਕੰਮ ਕਰਦੇ ਸਮੇਂ 'ਤਨੇਜਾ' ਨਾਲ ਇੱਕ ਹਾਦਸਾ ਹੋ ਗਿਆ ਸੀ। ਇਸ ਤੋਂ ਬਾਅਦ ਉਨ੍ਹਾਂ ਲਈ ਚੱਲਣਾ ਮੁਸਕਲ ਹੋ ਗਿਆ। ਚੱਲਦੇ ਹੋਏ ਅਚਾਨਕ ਹੋਣ ਵਾਲਾ ਦਰਦ ਉਨ੍ਹਾਂ ਨੂੰ ਰੁੱਕ ਕੇ ਦੀਵਾਰ ਦਾ ਸਹਾਰਾ ਲੈਣ ਲਈ ਮਜਬੂਰ ਕਰ ਦਿੰਦਾ ਸੀ। ਗੋਡੇ ਦੇ ਆਲੇ-ਦੁਆਲੇ ਸੋਜ ਲਗਾਤਾਰ ਬਣੀ ਰਹਿੰਦੀ ਅਤੇ ਜਕੜਨ ਨਾਲ ਆਮ ਗਤੀਵਿਧੀਆਂ ਕਰਨਾ ਵੀ ਔਖਾ ਹੋ ਜਾਂਦਾ। ਕਈ ਵਾਰ ਉਹ ਖੜ੍ਹੇ ਹੋਣ ਤੋਂ ਪਹਿਲਾਂ ਹੀ ਇਹ ਸੋਚ ਕੇ ਰੁੱਕ ਜਾਂਦੇ ਕਿ ਪੈਰ ਉਸਦਾ ਭਾਰ ਝੱਲ ਸਕੇਗਾ ਜਾਂ ਨਹੀਂ।

ਉਨ੍ਹਾਂ ਨੂੰ 6 ਮਈ ਨੂੰ ਰਾਜਿੰਦਰਾ ਹਸਪਤਾਲ, ਪਟਿਆਲਾ ਵਿੱਚ ਭਰਤੀ ਕਰਵਾਇਆ ਗਿਆ ਤੇ ਅਗਲੇ ਦਿਨ ਲਿਗਾਮੈਂਟ ਟੀਅਰ ਦਾ ਇਲਾਜ ਕੀਤਾ ਗਿਆ। ਡਾਕਟਰਾਂ ਨੇ ਗੰਭੀਰ ਜੋੜਾਂ ਦੇ ਦਰਦ, ਸੋਜ, ਅਸਥਿਰਤਾ ਤੇ ਭਾਰ ਸਹਿਣ ਵਿੱਚ ਮੁਸਕਲ ਵਰਗੇ ਲੱਛਣ ਦਰਜ ਕੀਤੇ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਉਨ੍ਹਾਂ ਨੂੰ 86,750 ਰੁਪਏ ਦਾ ਇਲਾਜ ਪੂਰੀ ਤਰ੍ਹਾਂ ਕੈਸ਼ਲੈੱਸ ਮਿਲਿਆ। 12 ਮਈ ਨੂੰ ਉਨ੍ਹਾਂ ਨੂੰ ਛੁੱਟੀ ਮਿਲੀ ਅਤੇ ਉਹ ਬਿਨਾਂ ਭਾਰੀ ਮੈਡੀਕਲ ਬਿੱਲ ਦੀ ਚਿੰਤਾ ਦੇ ਘਰ ਵਾਪਸ ਆਏ। ਗੁਲਸ਼ਨ ਤਨੇਜਾ ਨੇ ਕਿਹਾ, "ਮੈਂ ਹੁਣ ਹੌਲੀ-ਹੌਲੀ ਠੀਕ ਹੋ ਰਿਹਾ ਹਾਂ। ਸਿਹਤ ਕਾਰਡ ਕਰਕੇ ਮੈਨੂੰ ਆਪਣੇ ਇਲਾਜ ਲਈ ਕੋਈ ਪੈਸਾ ਨਹੀਂ ਦੇਣਾ ਪਿਆ। ਇਹ ਯੋਜਨਾ ਸਾਡੇ ਵਰਗੇ ਪਰਿਵਾਰਾਂ ਦਾ ਖਰਚ ਘਟਾ ਰਹੀ ਹੈ ਤੇ ਮਹਿੰਗਾ ਇਲਾਜ ਆਸਾਨ ਬਣਾ ਰਹੀ ਹੈ।" ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਆਰਥੋਪੀਡਿਕ ਬੀਮਾਰੀਆਂ ਦਾ ਬੋਝ ਤੇਜੀ ਨਾਲ ਵਧ ਰਿਹਾ ਹੈ, ਜਿਸ ਨਾਲ ਕਿਫਾਇਤੀ ਅਤੇ ਆਸਾਨ ਸਰਜਰੀ ਸੇਵਾਵਾਂ ਨੂੰ ਮਜ਼ਬੂਤ ਕਰਨ ਦੀ ਲੋੜ ਹੋਰ ਵੱਧ ਸਪੱਸਟ ਹੋਈ ਹੈ।" ਉਨ੍ਹਾਂ ਨੇ ਅੱਗੇ ਕਿਹਾ ਕਿ ਯੋਜਨਾ ਤਹਿਤ ਹਜਾਰਾਂ ਮਰੀਜਾਂ ਨੂੰ ਕੈਸ਼ਲੈੱਸ ਗੋਡੇ ਬਦਲਣ, ਚੂਲੇ ਅਤੇ ਟ੍ਰੌਮਾ ਸਬੰਧੀ ਇਲਾਜ ਦਿੱਤਾ ਜਾ ਰਿਹਾ ਹੈ, ਜਿਸ ਨਾਲ ਆਰਥਿਕ ਬੋਝ ਘਟ ਰਿਹਾ ਹੈ ਅਤੇ ਜੀਵਨ ਗੁਣਵੱਤਾ ਵਿੱਚ ਸੁਧਾਰ ਹੋ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਿਰਫ ਚਾਰ ਮਹੀਨਿਆਂ ਵਿੱਚ 84 ਕਰੋੜ ਰੁਪਏ ਤੋਂ ਵੱਧ ਖਰਚ ਸਿਰਫ ਸਿਹਤ ਸੇਵਾਵਾਂ ਸਬੰਧੀ ਇਲਾਜ ਨੂੰ ਹੀ ਨਹੀਂ ਦਰਸਾਉਂਦਾ, ਸਗੋਂ ਇਹ ਸੂਬੇ ਵਿੱਚ ਮਰੀਜ਼ਾਂ ਦੀ ਚੱਲਣ-ਫਿਰਨ ਦੀ ਸਮਰੱਥਾ ਬਹਾਲ ਕਰਨ, ਅਪੰਗਤਾ ਘਟਾਉਣ ਅਤੇ ਜੀਵਨ ਪੱਧਰ ਸੁਧਾਰਨ ਵੱਲ ਇੱਕ ਵੱਡੇ ਬਦਲਾਅ ਦਾ ਸੰਕੇਤ ਵੀ ਹੈ।

# ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਪ੍ਰਧਾਨ ਲਗਾਉਣ 'ਤੇ ਕੈਪਟਨ ਨੇ ਚੁੱਕੇ ਸਵਾਲ

ਚੰਡੀਗੜ੍ਹ, 30 ਮਈ (ਚ.ਨ.ਸ.): ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਕੇਵਲ ਸਿੰਘ ਢਿੱਲੋਂ ਨੂੰ ਪਾਰਟੀ ਦੀ ਸੂਬਾ ਇਕਾਈ ਦਾ ਮੁਖੀ ਲਾਉਣ ਦੇ ਫ਼ੈਸਲੇ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਇਹ ਵੀ ਮੰਨਿਆ ਕਿ ਭਾਜਪਾ ਸੂਬੇ 'ਚ ਆਪਣੇ ਪੱਧਰ 'ਤੇ ਚੋਣਾਂ ਜਿੱਤਣ ਦੀ ਹਾਲਤ 'ਚ ਨਹੀਂ। ਇੱਕ ਇੰਟਰਵਿਊ ਦੌਰਾਨ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੇ ਨਵੇਂ ਪ੍ਰਧਾਨ ਦੀ ਨਿਯੁਕਤੀ ਤੋਂ ਪਹਿਲਾਂ ਸੂਬੇ ਦੇ ਸੀਨੀਅਰ ਆਗੂਆਂ ਨਾਲ ਕੋਈ ਵਿਚਾਰ ਵਟਾਂਦਰਾ ਨਹੀਂ ਕੀਤਾ। ਪ੍ਰਧਾਨ ਦੀ ਚੋਣ ਦਾ ਆਧਾਰ ਜਾਤੀਗਤ ਗਿਣਤੀ-ਮਿਣਤੀਆਂ ਦੀ ਬਜਾਏ ਜਥੇਬੰਦਕ ਸਮਰੱਥਾ ਹੋਣੀ ਚਾਹੀਦੀ ਸੀ। ਸਾਬਕਾ ਮੁੱਖ ਮੰਤਰੀ ਨੇ ਕਿਹਾ, "ਕੇਵਲ ਸਿੰਘ ਢਿੱਲੋਂ ਭਾਵੇਂ ਮੇਰਾ ਦੋਸਤ ਹੈ ਪਰ ਮੈਂ ਨਹੀਂ ਸਮਝਦਾ ਕਿ ਉਹ ਭਾਜਪਾ ਦੀਆਂ ਖ਼ਾਹਿਸ਼ਾਂ ਪੂਰੀਆਂ ਕਰਨ ਦੀ ਸਥਿਤੀ 'ਚ ਹੈ। ਉਸ ਦੀ ਬੀਤੇ 'ਚ ਸਿਆਸੀ ਕਾਰਗੁਜ਼ਾਰੀ ਵੀ ਕੋਈ ਖ਼ਾਸ ਨਹੀਂ ਰਹੀ ਹੈ। ਪੰਜਾਬ ਦੀ ਸਿਆਸਤ 'ਚ ਛੇ ਦਹਾਕਿਆਂ ਤੋਂ ਵੱਧ ਸਮੇਂ ਤੱਕ ਸਰਗਰਮ ਰਹਿਣ ਦੇ ਬਾਵਜੂਦ ਮੇਰੇ ਨਾਲ ਪ੍ਰਧਾਨ ਦੀ ਨਿਯੁਕਤੀ ਬਾਰੇ ਕੋਈ ਸਲਾਹ-ਮਸ਼ਵਰਾ ਨਹੀਂ ਕੀਤਾ ਗਿਆ।" ਕਾਂਗਰਸ ਵਿੱਚ ਬਿਤਾਏ ਸਮੇਂ ਨੂੰ ਚੇਤੇ ਕਰਦਿਆਂ ਅਮਰਿੰਦਰ ਸਿੰਘ ਨੇ ਕਿਹਾ ਕਿ ਪਾਰਟੀ 'ਚ ਸੂਬਾਈ ਆਗੂਆਂ ਨੂੰ ਵਧੇਰੇ ਖ਼ੁਦਮੁਖ਼ਤਾਰੀ ਮਿਲਦੀ ਸੀ ਪਰ ਭਾਜਪਾ ਦਾ ਕਲਚਰ ਬਿਲਕੁਲ ਵੱਖਰਾ ਹੈ ਇੱਥੇ, ਫੈਸਲੇ ਉੱਪਰੋਂ ਆਉਂਦੇ ਹਨ, ਕਿਸੇ ਨਾਲ ਸਲਾਹ ਨਹੀਂ ਕੀਤੀ ਜਾਂਦੀ।

# ਭਾਜਪਾ ਇੱਕਲਿਆਂ ਚੋਣ ਜਿੱਤਣ ਦੀ ਸਥਿਤੀ 'ਚ ਨਹੀਂ : ਕੈਪਟਨ

## ਸਾਬਕਾ ਮੁੱਖ ਮੰਤਰੀ ਵੱਲੋਂ ਮੁੜ ਭਾਜਪਾ-ਅਕਾਲੀ ਦਲ ਗੱਠਜੋੜ ਦੀ ਵਕਾਲਤ

ਚੰਡੀਗੜ੍ਹ, 30 ਮਈ (ਚ.ਨ.ਸ.): ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ



ਸਿੰਘ ਨੇ ਇੱਕ ਵਾਰ ਫਿਰ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਗਠਜੋੜ ਦੀ ਵਕਾਲਤ ਕੀਤੀ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਦੀ ਸਥਿਰਤਾ ਤੇ ਸੁਰੱਖਿਆ ਲਈ ਭਾਜਪਾ ਤੇ ਸ਼੍ਰੋਮਣੀ ਅਕਾਲੀ ਦਲ ਵਿਚਕਾਰ ਗੱਠਜੋੜ ਦੇ ਹੱਕ ਵਿੱਚ ਹਨ। ਹਾਲ ਹੀ ਵਿੱਚ ਹੋਈਆਂ ਨਗਰ ਨਿਗਮ ਚੋਣਾਂ ਵਿੱਚ ਭਾਜਪਾ ਦੇ ਮਾੜੇ ਪ੍ਰਦਰਸ਼ਨ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਪਾਰਟੀ ਕੋਲ ਮਜ਼ਬੂਤ ਜ਼ਮੀਨੀ ਅਧਾਰ ਨਹੀਂ ਹੈ ਤੇ ਉਹ ਇਕੱਲਿਆਂ ਚੋਣਾਂ ਨਹੀਂ ਜਿੱਤ ਸਕਦੀ। ਦੂਜੇ ਪਾਸੇ ਨਵੇਂ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅਕਾਲੀ ਦਲ ਨਾਲ ਕਿਸੇ ਵੀ ਗੱਠਜੋੜ ਤੋਂ ਸਪੱਸ਼ਟ ਤੌਰ 'ਤੇ ਇਨਕਾਰ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਸਾਰੀਆਂ 117 ਸੀਟਾਂ 'ਤੇ ਇਕੱਲੇ ਚੋਣ ਲੜੇਗੀ।

ਕੈਪਟਨ ਨੇ ਕਿਹਾ ਕਿ ਹੁਣ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਸਵਾਲ ਹੀ ਨਹੀਂ ਉੱਠਦਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਧੀ ਜੈ ਇੰਦਰ ਕੌਰ ਬਹੁਤ ਮਿਹਨਤ ਕਰ ਰਹੀ ਹੈ। ਉਹ ਭਾਜਪਾ ਵਿੱਚ ਹੀ ਰਹੇਗੀ ਅਤੇ ਕੰਮ ਕਰੇਗੀ। ਉਹ ਖੁਦ ਵੀ ਕਾਂਗਰਸ ਵਿੱਚ ਸ਼ਾਮਲ ਨਹੀਂ ਹੋਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਆਪਣੇ ਅੰਦਰ ਹੀ ਵੰਡੀ ਹੋਈ ਹੈ ਅਤੇ ਕਾਂਗਰਸ ਕੋਲ ਵੀ ਸਰਕਾਰ ਬਣਾਉਣ ਦੀ ਕੋਈ ਸੰਭਾਵਨਾ ਨਹੀਂ ਹੈ। ਕੇਵਲ ਸਿੰਘ ਢਿੱਲੋਂ ਨੂੰ ਭਾਜਪਾ ਪ੍ਰਧਾਨ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਭਾਵੇਂ ਇਹ ਫੈਸਲਾ ਸਿਰਫ਼ ਦੋ ਦਿਨ ਪਹਿਲਾਂ ਲਿਆ ਗਿਆ ਹੈ ਪਰ ਇਸ ਦੇ ਨਤੀਜੇ ਆਉਣ ਵਾਲੇ ਦਿਨਾਂ ਵਿੱਚ ਦਿਖਾਈ ਦੇਣਗੇ, ਜਿਹੜੇ ਲੋਕ ਲੰਬੇ ਸਮੇਂ ਤੋਂ ਰਾਜਨੀਤੀ ਵਿੱਚ ਸ਼ਾਮਲ ਹਨ, ਉਹ ਇਸ ਤੋਂ ਪ੍ਰਭਾਵਿਤ ਅਤੇ ਦੁਖੀ ਹਨ। ਉਨ੍ਹਾਂ ਕਿਹਾ ਕਿ ਸੁਨੀਲ ਜਾਖੜ ਅਤੇ ਅਸ਼ਵਨੀ ਸ਼ਰਮਾ ਵਰਗੇ ਸੱਤਾ ਦੇ ਲੰਬੇ ਸਮੇਂ ਤੋਂ ਮਜ਼ਬੂਤ ਥੰਮ੍ਹ ਰਹੇ ਹਨ।

# ਆਟੋਮੇਟਿਡ ਈ-ਚਲਾਨ ਸਿਸਟਮ ਲਾਗੂ ਕਰਨ ਵਾਲਾ ਪੰਜਾਬ ਦਾ ਚੌਥਾ ਸ਼ਹਿਰ ਬਣਿਆ ਅੰਮ੍ਰਿਤਸਰ

## ਡੀ.ਜੀ.ਪੀ. ਨੇ ਪੁਲਿਸ ਥਾਣਾ ਮੋਹਕਮਪੁਰਾ ਦੀ ਨਵੀਂ ਇਮਾਰਤ ਦਾ ਉਦਘਾਟਨ

ਚੰਡੀਗੜ੍ਹ/ਅੰਮ੍ਰਿਤਸਰ, 30 ਮਈ (ਚ.ਨ.ਸ.): ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ ਗੌਰਵ ਯਾਦਵ ਨੇ ਕਿਹਾ ਕਿ ਤਕਨਾਲੋਜੀ-ਅਧਾਰਤ ਪੁਲਿਸਿੰਗ ਪ੍ਰਤੀ ਪੰਜਾਬ ਪੁਲਿਸ ਦੀ ਵਚਨਬੱਧਤਾ ਤਹਿਤ ਅੰਮ੍ਰਿਤਸਰ, ਆਟੋਮੇਟਿਡ ਈ-ਚਲਾਨ ਸਿਸਟਮ ਲਾਗੂ ਕਰਨ ਵਾਲਾ ਸੂਬੇ ਦਾ ਚੌਥਾ ਸਹਿਰ ਬਣ ਗਿਆ ਹੈ। ਇਹ ਪ੍ਰਗਟਾਵਾ ਉਨ੍ਹਾਂ ਨੇ ਪਵਿੱਤਰ ਨਗਰੀ ਦੀ ਆਪਣੀ ਫੇਰੀ ਦੌਰਾਨ ਕੀਤਾ ਤੇ ਕਿਹਾ ਕਿ ਇਸ ਪਹਿਲਕਦਮੀ ਨਾਲ ਅੰਮ੍ਰਿਤਸਰ ਆਟੋਮੇਟਿਡ ਟ੍ਰੈਫਿਕ ਇਨਫੋਰਸਮੈਂਟ ਨੂੰ ਅਪਣਾਉਣ 'ਚ ਐਸਏਐਸ ਨਗਰ, ਜਲੰਧਰ ਤੇ ਲੁਧਿਆਣਾ ਨਾਲ ਕਤਾਰ 'ਚ ਜੁੜ ਗਿਆ ਹੈ। ਉਨ੍ਹਾਂ ਕਿਹਾ "ਈ-ਚਲਾਨ ਸਿਸਟਮ ਦਾ ਉਦੇਸ ਸਹਿਰ ਭਰ ਵਿੱਚ ਵਧੇਰੇ ਪਾਰਦਰਸਤਾ, ਕੁਸਲ ਟ੍ਰੈਫਿਕ ਇਨਫੋਰਸਮੈਂਟ ਤੇ ਬਿਹਤਰ ਸੜਕ ਸੁਰੱਖਿਆ ਨੂੰ ਉਤਸਾਹਿਤ ਕਰਨਾ ਹੈ।"

ਆਪਣੀ ਫੇਰੀ ਦੌਰਾਨ ਡੀਜੀਪੀ ਗੌਰਵ ਯਾਦਵ ਨੇ ਪੁਲਿਸ ਥਾਣਾ ਮੋਹਕਮਪੁਰਾ ਦੀ ਨਵੀਂ ਸਥਾਪਿਤ ਇਮਾਰਤ ਦਾ ਉਦਘਾਟਨ ਵੀ ਕੀਤਾ, ਜਿਸਨੂੰ ਸਮਾਰਟ ਸਿਟੀ ਪ੍ਰੋਜੈਕਟ ਤਹਿਤ ਵਿਕਸਤ ਕੀਤਾ ਗਿਆ ਹੈ। ਦੱਸਣਯੋਗ ਹੈ ਕਿ ਪੁਲਿਸ ਕਰਮਚਾਰੀਆਂ ਲਈ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਤੇ ਨਾਗਰਿਕਾਂ ਲਈ ਬਿਹਤਰ ਪਹੁੰਚ ਤੇ



ਸੇਵਾ ਯਕੀਨੀ ਬਣਾਉਣ ਲਈ ਇਹ ਨਵੀਂ ਇਮਾਰਤ ਵਿਕਸਤ ਕੀਤੀ ਗਈ ਹੈ। ਉਨ੍ਹਾਂ ਨੇ ਇਸਨੂੰ ਸੂਬੇ ਦੇ ਪੁਲਿਸਿੰਗ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਅੰਮ੍ਰਿਤਸਰ ਦੇ ਵਸਨੀਕਾਂ ਲਈ ਜਨਤਕ ਸੇਵਾ ਪ੍ਰਦਾਨ ਪ੍ਰਣਾਲੀ ਵਿੱਚ ਸੁਧਾਰ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਦੱਸਿਆ। ਡੀਜੀਪੀ, ਜਿਨ੍ਹਾਂ ਨਾਲ ਪੁਲਿਸ ਕਮਿਸਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਤੇ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ ਬਾਰਡਰ ਰੇਂਜ ਸੰਦੀਪ ਗੋਇਲ ਵੀ ਮੌਜੂਦ ਸਨ, ਨੇ ਅਪਰਾਧ ਦੇ ਦਿਨੋ ਦਿਨ ਉੱਭਰ ਰਹੇ ਰੁਝਾਨਾਂ ਦਾ ਮੁਲਾਂਕਣ ਕਰਨ ਦੇ ਨਾਲ-ਨਾਲ ਰੋਕਥਾਮ ਪੁਲਿਸਿੰਗ ਰਣਨੀਤੀਆਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕਾਨੂੰਨ ਤੇ ਵਿਵਸਥਾ 'ਤੇ ਵਿਆਪਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਵੀ ਕੀਤੀ।

ਉਨ੍ਹਾਂ ਕਿਹਾ "ਅਸੀਂ ਸਾਡੇ ਪੁਲਿਸਿੰਗ ਬੁਨਿਆਦੀ ਢਾਂਚੇ ਨੂੰ ਸਰਗਰਮੀ ਨਾਲ ਅਪਗ੍ਰੇਡ ਕਰਕੇ ਤੇ ਤਕਨੀਕੀ ਤਰੱਕੀ ਨੂੰ ਅਪਣਾ ਕੇ ਜਨਤਕ ਸੁਰੱਖਿਆ ਅਤੇ ਸਕਿਉਰਟੀ ਨੂੰ ਹੋਰ ਵਧਾਉਣ 'ਤੇ ਲਗਾਤਾਰ ਧਿਆਨ ਕੇਂਦਰਤ ਕਰ ਰਹੇ ਹਾਂ। ਆਪਸੀ ਭਾਈਚਾਰੇ ਤੇ ਟੀਮ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਲਈ ਡੀਜੀਪੀ ਗੌਰਵ ਯਾਦਵ ਨੇ 'ਬੜਾ ਖਾਣਾ' 'ਤੇ ਸਾਰੇ ਰੈਂਕ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਮਿਲ ਕੇ ਖਾਣਾ ਖਾਧਾ ਤੇ ਪੁਲਿਸ ਬਲ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ। ਇਸ ਸਮਾਗਮ ਦੌਰਾਨ ਭਾਰਤੀ ਫੌਜ, ਭਾਰਤੀ ਹਵਾਈ ਫੌਜ, ਬੀਐਸਐਫ, ਨਿਆਂਪਾਲਿਕਾ ਤੇ ਸਿਵਲ ਪ੍ਰਸਾਸਨ ਦੇ ਉੱਘੇ ਪ੍ਰਤੀਨਿਧੀਆਂ ਨੇ ਵੀ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਜ਼ਿਲ੍ਹਾ ਤੇ ਸੈਸਨ ਜੱਜ, ਡਿਪਟੀ ਕਮਿਸਨਰ, ਡਿਪਟੀ ਜਨਰਲ ਆਫਿਸਰ ਕਮਾਂਡਿੰਗ ਤੇ ਹਵਾਈ ਫੌਜ ਤੇ ਬੀਐਸਐਫ ਦੇ ਸੀਨੀਅਰ ਅਧਿਕਾਰੀ ਸਾਮਲ ਸਨ। 'ਬੜਾ ਖਾਣਾ' ਸਮਾਗਮ ਦੌਰਾਨ ਡੀਜੀਪੀ ਨੇ ਪੁਲਿਸ ਮੁਲਾਜ਼ਮਾਂ ਨਾਲ ਵਿਆਪਕ ਤੌਰ 'ਤੇ ਗੱਲਬਾਤ ਕੀਤੀ, ਉਨ੍ਹਾਂ ਦੇ ਅਨੁਭਵ ਅਤੇ ਫੀਡਬੈਕ ਨੂੰ ਸੁਣਿਆ ਤੇ ਉਨ੍ਹਾਂ ਦੇ ਸਮਰਪਣ, ਕੁਰਬਾਨੀਆਂ ਤੇ ਡਿਊਟੀ ਪ੍ਰਤੀ ਵਚਨਬੱਧਤਾ ਦੀ ਸ਼ਲਾਘਾ ਕੀਤੀ। ਪੁਲਿਸ ਬਲ ਨੂੰ ਪੇਸੇਵਰਤਾ, ਇਮਾਨਦਾਰੀ ਅਤੇ ਸਾਹਸ ਨਾਲ ਸੇਵਾ ਜਾਰੀ ਰੱਖਣ ਲਈ ਉਤਸਾਹਿਤ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਸਾਰੇ ਮੁਲਾਜ਼ਮਾਂ ਨੂੰ ਉਨ੍ਹਾਂ ਦੀ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੰਜਾਬ ਪੁਲਿਸ ਲੀਡਰਸ਼ਿਪ ਵੱਲੋਂ ਅਟੁੱਟ ਸਮਰਥਨ ਦਾ ਭਰੋਸਾ ਵੀ ਦਿੱਤਾ। ਡੀਜੀਪੀ ਨੇ ਪੁਲਿਸ ਕਰਮਚਾਰੀਆਂ ਨੂੰ ਉਨ੍ਹਾਂ ਦੀ ਡਿਊਟੀ ਦੌਰਾਨ ਮਿਸਾਲੀ ਸੇਵਾ, ਸਮਰਪਣ ਅਤੇ ਪੇਸੇਵਰਤਾ ਦੇ ਸਨਮਾਨ ਵਿੱਚ ਡੀਜੀਪੀ ਕਮੈਂਡੇਸਨ ਡਿਸਕਸ, ਸਰਟੀਫਿਕੇਟ ਅਤੇ ਨਕਦ ਇਨਾਮਾਂ ਨਾਲ ਸਨਮਾਨਿਤ ਵੀ ਕੀਤਾ।

# ਜੰਗਲਾਤ ਵਿਭਾਗ ਨੇ 45 ਪਵਿੱਤਰ ਵਣਾਂ ਤੇ 650 ਨਾਨਕ ਬਗੀਚੀਆਂ ਸਥਾਪਤ ਕਰਨ ਲਈ ਯੋਜਨਾ ਉਲੀਕੀ

ਚੰਡੀਗੜ੍ਹ, 30 ਮਈ (ਚ.ਨ.ਸ.): ਸੂਬੇ ਨੂੰ ਹਰਿਆ-ਭਰਿਆ ਬਣਾਉਣ ਅਤੇ ਸਾਫ ਤੇ ਸਵੱਛ ਪੰਜਾਬ ਯਕੀਨੀ ਬਣਾਉਣ ਦੇ ਉਦੇਸ ਨਾਲ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਵਿਸਥਾਰਤ ਯੋਜਨਾ ਉਲੀਕੀ ਹੈ।

ਆਗਾਮੀ ਮਾਨਸੂਨ ਸੀਜਨ ਦੌਰਾਨ ਵੱਖ-ਵੱਖ ਯੋਜਨਾਵਾਂ ਅਧੀਨ ਪੌਦੇ ਲਗਾਉਣ ਸਬੰਧੀ ਟੀਚਿਆਂ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ, ਜਿਸ ਵਿੱਚ ਕੈਂਪਾ ਸਕੀਮ ਅਧੀਨ 4117.49 ਹੈਕਟੇਅਰ ਰਕਬੇ ਵਿੱਚ ਪੌਦੇ ਲਗਾਉਣਾ, 584 ਹੈਕਟੇਅਰ ਰਕਬੇ ਵਿੱਚ ਪੌਦੇ ਲਗਾਉਣ ਦਾ ਟੀਚਾ, 45 ਪਵਿੱਤਰ ਵਣਾਂ ਦੀ ਸਥਾਪਨਾ ਅਤੇ ਗ੍ਰੀਨ ਪੰਜਾਬ ਮਿਸਨ ਸਕੀਮ ਅਧੀਨ 650 ਨਾਨਕ ਬਗੀਚੀਆਂ ਸਥਾਪਤ ਕਰਨਾ ਸਾਮਲ ਹੈ।

ਇਸੇ ਤਰ੍ਹਾਂ ਵਿਭਾਗ ਦੀਆਂ ਯੋਜਨਾਵਾਂ ਵਿੱਚ ਵਿਭਾਗੀ ਨਰਸਰੀਆਂ ਵਿੱਚ ਬੂਟੇ ਲਗਾਉਣਾ, ਨਰਸਰੀ ਸਟਾਕ ਦੀ ਦੇਖਭਾਲ, ਪਾਣੀ ਦੇਣਾ, ਨਦੀਨ ਕੱਢਣ ਅਤੇ ਗਰੇਡਿੰਗ ਦੇ ਨਾਲ-ਨਾਲ ਪੌਲੀਬੈਗ ਅਤੇ ਰੂਟ ਟ੍ਰੇਨਰ ਤਿਆਰ ਕਰਨਾ ਸ਼ਾਮਲ ਹੈ।

# ਲਾਸ਼ ਲੈ ਕੇ ਜਾ ਰਹੇ ਪ੍ਰਵਾਰ ਦੀ ਖੱਡ 'ਚ ਡਿੱਗੀ ਕਾਰ, 3 ਦੀ ਮੌਤ

ਦੇਹਰਾਦੂਨ, 30 ਮਈ (ਚ.ਨ.ਸ.): ਉਤਰਾਖੰਡ ਦੇ ਚਮੋਲੀ ਜ਼ਿਲ੍ਹੇ ਵਿੱਚ ਦੇਹਰਾਦੂਨ ਤੋਂ ਪ੍ਰਵਾਰਕ ਮੈਂਬਰ ਦੀ ਲਾਸ਼ ਲੈ ਕੇ ਜਾ



ਰਹੀ ਇੱਕ ਈਕੋ ਵੈਨ ਲਵਾਨੀ ਖੇਤਰ ਦੇ ਨੇੜੇ 400 ਤੋਂ 500 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਈ। ਹਾਦਸੇ ਵਿਚ ਇੱਕ ਹੀ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਤਿੰਨ ਹੋਰ ਗੰਭੀਰ ਜ਼ਖ਼ਮੀ ਹੋ ਗਏ। ਇਹ ਘਟਨਾ ਅੱਜ ਸਵੇਰੇ ਵਾਪਰੀ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ, ਐਨ.ਡੀ.ਆਰ.ਐਫ. ਅਤੇ ਸਥਾਨਕ ਪ੍ਰਸ਼ਾਸਨ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ। ਦੁਰਘਟਨਾ ਵਾਲੀ ਖੱਡ ਵਿੱਚ ਉਤਰ ਕੇ ਬਚਾਅ ਅਤੇ ਰਾਹਤ ਕਾਰਜ ਸ਼ੁਰੂ ਕੀਤਾ ਗਿਆ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਬੈਂਕ (ਲੋਹਾਜੰਗ) ਪਿੰਡ ਦਾ ਰਹਿਣ ਵਾਲਾ ਬਲਬੀਰ ਸਿੰਘ ਆਪਣੇ ਪਰਿਵਾਰਕ ਮੈਂਬਰ, ਭਜਨ ਸਿੰਘ ਦੀ ਲਾਸ਼ ਨੂੰ ਦੇਹਰਾਦੂਨ ਤੋਂ ਪਿੰਡ ਲਿਆ ਰਿਹਾ ਸੀ। ਗੱਡੀ ਵਿੱਚ ਪਰਿਵਾਰ ਦੇ ਹੋਰ ਮੈਂਬਰ ਵੀ ਸਵਾਰ ਸਨ। ਲਵਾਨੀ ਦੇ ਜੰਗਲੀ ਖੇਤਰ ਵਿੱਚ ਪਹੁੰਚਣ 'ਤੇ, ਗੱਡੀ ਅਚਾਨਕ ਕੰਟਰੋਲ ਤੋਂ ਬਾਹਰ ਹੋ ਗਈ ਤੇ ਇੱਕ ਡੂੰਘੀ ਖੱਡ ਵਿੱਚ ਡਿੱਗ ਗਈ। ਪੁਲਿਸ ਨੂੰ ਸ਼ੱਕ ਹੈ ਕਿ ਡਰਾਈਵਰ ਨੂੰ ਨੀਂਦ ਆਉਣ ਕਾਰਨ ਇਹ ਹਾਦਸਾ ਵਾਪਰਿਆ। ਮ੍ਰਿਤਕਾਂ ਦੀ ਪਛਾਣ ਬਲਬੀਰ ਸਿੰਘ (52), ਉਨ੍ਹਾਂ ਦੀ ਪਤਨੀ ਸ਼ਾਂਤੀ ਦੇਵੀ (48) ਅਤੇ ਪੁੱਤਰ ਅੰਸ਼ੂ ਬਿਸ਼ਟ (18) ਵਜੋਂ ਹੋਈ ਹੈ। ਕਵਿਤਾ ਦੇਵੀ (32), ਮਯੰਕ ਸਿੰਘ (8) ਅਤੇ ਰੋਸ਼ਨੀ (18) ਗੰਭੀਰ ਜ਼ਖ਼ਮੀ ਹੋ ਗਏ। ਮੁੱਢਲੀ ਸਹਾਇਤਾ ਤੋਂ ਬਾਅਦ, ਜ਼ਖ਼ਮੀਆਂ ਨੂੰ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਜਾਰੀ ਹੈ।

# ਸੋਨਾਰਪੁਰ 'ਚ ਟੀ.ਐਮ.ਸੀ. ਸਾਂਸਦ ਅਭਿਸ਼ੇਕ ਬੈਨਰਜੀ ਨਾਲ ਕੁੱਟਮਾਰ



ਸੋਨਾਰਪੁਰ, 30 ਮਈ (ਚ.ਨ.ਸ.): ਪੱਛਮੀ ਬੰਗਾਲ ਦੇ ਸੋਨਾਰਪੁਰ ਦੱਖਣ ਵਿੱਚ ਸ਼ਨੀਵਾਰ ਸ਼ਾਮ ਨੂੰ ਟੀ.ਐਮ.ਸੀ. ਸੰਸਦ ਮੈਂਬਰ ਅਭਿਸ਼ੇਕ ਬੈਨਰਜੀ ਨਾਲ ਕੁੱਟਮਾਰ ਹੋਈ ਹੈ। ਉਹ ਇੱਥੇ ਚੋਣ ਹਿੰਸਾ ਦੇ ਪੀੜਤ ਟੀ.ਐਮ.ਸੀ. ਵਰਕਰਾਂ ਨੂੰ ਮਿਲਣ ਪਹੁੰਚੇ ਸਨ। ਇਲਜ਼ਾਮ ਹੈ ਕਿ ਉੱਥੇ ਪਹੁੰਚਦਿਆਂ ਹੀ ਭਾਜਪਾ ਵਰਕਰਾਂ ਨੇ ਉਨ੍ਹਾਂ ਨੂੰ ਘੇਰ ਲਿਆ ਤੇ ਨਾਅਰੇਬਾਜ਼ੀ ਕਰਦੇ ਹੋਏ ਉਨ੍ਹਾਂ ਨਾਲ ਕੁੱਟਮਾਰ ਕਰ ਦਿੱਤੀ। ਲੋਕਾਂ ਨੇ ਉਨ੍ਹਾਂ 'ਤੇ ਪੱਥਰ, ਜੁੱਤੀਆਂ ਅਤੇ ਆਂਡੇ ਸੁੱਟੇ, ਉਨ੍ਹਾਂ ਦੀ ਕਮੀਜ਼ ਪਾੜ ਦਿੱਤੀ। ਅਭਿਸ਼ੇਕ ਨੂੰ ਹੈਲਮੇਟ ਪਵਾ ਕੇ ਉੱਥੋਂ ਕੱਢਿਆ ਗਿਆ। ਘਟਨਾ ਤੋਂ ਬਾਅਦ ਅਭਿਸ਼ੇਕ ਬੈਨਰਜੀ ਨੇ ਕਿਹਾ ਕਿ ਦੇਖੋ ਉਨ੍ਹਾਂ ਨੇ ਮੇਰੇ ਨਾਲ ਕੀ ਕੀਤਾ ਹੈ। ਇਹ ਪਹਿਲਾਂ ਤੋਂ ਤੈਅ ਸੀ ਤੇ ਇਲਾਕੇ ਵਿੱਚ ਕੋਈ ਪੁਲਿਸ ਨਹੀਂ ਹੈ। ਉਹ ਮੈਨੂੰ ਜਾਨੋਂ ਮਾਰਨਾ ਚਾਹੁੰਦੇ ਹਨ। ਹੈਲਮੇਟ ਕਾਰਨ ਸਿਰ ਬਚ ਗਿਆ ਪਰ ਅਜਿਹੇ ਹਮਲਿਆਂ ਤੋਂ ਅਸੀਂ ਡਰਾਂਗੇ ਨਹੀਂ। ਉਨ੍ਹਾਂ ਨੇ ਕਿਹਾ ਕਿ ਪੂਰੀ ਘਟਨਾ ਕੈਮਰੇ ਵਿੱਚ ਕੈਦ ਹੋ ਗਈ ਹੈ। ਇਸ ਘਟਨਾ ਨੂੰ ਲੈ ਕੇ ਮੈਂ ਹਾਈਕੋਰਟ ਜਾਵਾਂਗਾ, ਰਾਜਪਾਲ ਨੂੰ ਵੀ ਇਸ ਦੀ ਜਾਣਕਾਰੀ ਦੇਵਾਂਗਾ। ਮੈਂ ਇਹ ਜਗ੍ਹਾ ਉਦੋਂ ਤੱਕ ਨਹੀਂ ਛੱਡਾਂਗਾ ਜਦੋਂ ਤੱਕ ਸਥਾਨਕ ਪੁਲਿਸ ਆਪਣੀ ਫੋਰਸ ਭੇਜ ਕੇ ਪੀੜਤਾਂ ਦੇ ਪਰਿਵਾਰਾਂ ਨੂੰ ਸੁਰੱਖਿਆ ਨਹੀਂ ਦਿੰਦੀ।

### ਪੰਜਾਬ ਤੇ ਹਰਿਆਣਾ ਹਾਈਕੋਰਟ ਦਾ ਵੱਡਾ ਫ਼ੈਸਲਾ

# ਹੁਸ਼ਿਆਰਪੁਰ ਤੇ ਕਪੂਰਥਲਾ ਮੈਡੀਕਲ ਕਾਲਜਾਂ ਲਈ ਰੁੱਖ ਵੱਢਣ 'ਤੇ ਰੋਕ ਲਗਾਉਂਦਿਆਂ ਸਾਈਟ ਬਦਲਣ ਦੇ ਨਿਰਦੇਸ਼

ਚੰਡੀਗੜ੍ਹ, 30 ਮਈ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸੂਬੇ ਵਿੱਚ ਵਾਤਾਵਰਣ ਦੀ ਸੁਰੱਖਿਆ ਨੂੰ ਲੈ ਕੇ ਇੱਕ ਬਹੁਤ ਹੀ ਅਹਿਮ ਫੈਸਲਾ ਸੁਣਾਇਆ ਹੈ। ਚੀਫ਼ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੇਰੀ ਦੇ ਬੈਂਚ ਨੇ ਹੁਸ਼ਿਆਰਪੁਰ ਅਤੇ ਕਪੂਰਥਲਾ ਵਿਖੇ ਬਣਨ ਵਾਲੇ ਸਰਕਾਰੀ ਮੈਡੀਕਲ ਕਾਲਜਾਂ ਦੇ ਨਿਰਮਾਣ ਲਈ ਰੁੱਖਾਂ ਦੀ ਕਟਾਈ 'ਤੇ ਪੂਰੀ ਤਰ੍ਹਾਂ ਰੋਕ ਲਗਾ ਦਿੱਤੀ ਹੈ। ਅਦਾਲਤ ਨੇ ਸਪੱਸ਼ਟ ਕੀਤਾ ਹੈ ਕਿ ਸ਼ਹਿਰ ਦੇ ਫੇਫੜਿਆਂ ਵਜੋਂ ਕੰਮ ਕਰਨ ਵਾਲੇ ਇਨ੍ਹਾਂ ਹਰੇ-ਭਰੇ ਖੇਤਰਾਂ ਨੂੰ ਉਜਾੜਨ ਦੀ ਬਜਾਏ ਹਸਪਤਾਲਾਂ ਦੀ ਥਾਂ (ਸਾਈਟ) ਨੂੰ ਬਦਲਣ 'ਤੇ ਵਿਚਾਰ ਕੀਤਾ ਜਾਵੇ।

**ਮੈਡੀਕਲ ਪ੍ਰੋਜੈਕਟਾਂ ਲਈ ਰੁੱਖ ਕੱਟਣ ਦੀ ਅਰਜ਼ੀ ਰੱਦ :** ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਵੱਲੋਂ ਹੁਸ਼ਿਆਰਪੁਰ (ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼) ਤੇ ਕਪੂਰਥਲਾ (ਸ੍ਰੀ ਗੁਰੂ ਨਾਨਕ ਦੇਵ ਜੀ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼) ਸਮੇਤ ਹੋਰ ਸਿਹਤ ਪ੍ਰੋਜੈਕਟਾਂ ਲਈ ਕ੍ਰਮਵਾਰ 157 ਅਤੇ 93 ਰੁੱਖ ਕੱਟਣ ਦੀ ਇਜਾਜ਼ਤ ਮੰਗੀ ਗਈ ਸੀ। ਅਦਾਲਤ ਨੇ ਵਾਤਾਵਰਣ ਦੀ ਅਹਿਮੀਅਤ ਨੂੰ ਦੇਖਦੇ ਹੋਏ ਇਸ ਅਰਜ਼ੀ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਅਦਾਲਤ ਨੇ ਕਿਹਾ ਕਿ ਇਹ ਹਰਾ ਖੇਤਰ ਇਨ੍ਹਾਂ ਸ਼ਹਿਰਾਂ ਦੇ ਲੋਕਾਂ ਲਈ 'ਫੇਫੜਿਆਂ' ਵਜੋਂ ਕੰਮ ਕਰਦਾ ਹੈ, ਇਸ ਲਈ ਇਸ ਨੂੰ ਬਚਾਉਣਾ ਲਾਜ਼ਮੀ ਹੈ।

**ਫੌਜੀ ਹਰਕਤਾਂ ਲਈ ਜ਼ੀਰਕਪੁਰ ਬਾਈਪਾਸ 'ਤੇ ਰੁੱਖ ਕੱਟਣ ਦੀ ਸ਼ਰਤਾਂ ਸਹਿਤ ਮਨਜ਼ੂਰੀ:** ਦੂਜੇ ਪਾਸੇ, ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ (N819) ਨਾਲ ਸਬੰਧਤ ਮਾਮਲੇ ਵਿੱਚ ਅਦਾਲਤ ਨੇ ਰੁੱਖ




ਕੱਟਣ ਦੀ ਇਜਾਜ਼ਤ ਦੇ ਦਿੱਤੀ ਹੈ। ਅਦਾਲਤ ਨੂੰ ਦਿੱਤੇ ਹਲਫ਼ਨਾਮੇ ਵਿੱਚ ਦੱਸਿਆ ਗਿਆ ਕਿ ਇਸ ਬਾਈਪਾਸ ਦੀ ਵਰਤੋਂ ਪਟਿਆਲਾ, ਨਾਭਾ, ਸੰਗਰੂਰ ਅਤੇ ਜ਼ੀਰਕਪੁਰ ਤੋਂ ਫੌਜੀ ਟੁਕੜੀਆਂ ਅਤੇ ਫੌਜੀ ਸਾਜ਼ੋ-ਸਾਮਾਨ ਦੀ ਆਵਾਜਾਈ ਲਈ ਕੀਤੀ ਜਾਣੀ ਹੈ। ਇਹ ਇਜਾਜ਼ਤ ਸਿਰਫ਼ ਜ਼ੀਰਕਪੁਰ ਲਾਈਟ ਪੁਆਇੰਟ ਤੱਕ ਹੀ ਸੀਮਤ ਰਹੇਗੀ ਅਤੇ N819 ਨੂੰ ਉਸ ਖੇਤਰ ਦੀਆਂ ਤਸਵੀਰਾਂ ਪੇਸ਼ ਕਰਨੀਆਂ ਹੋਣਗੀਆਂ ਜਿੱਥੇ ਉਨ੍ਹਾਂ ਵੱਲੋਂ ਪਹਿਲਾਂ ਬੂਟੇ ਲਗਾਏ ਗਏ ਸਨ।

**ਹਾਈਵੇਅ-44 ਅਤੇ ਪੈਟਰੋਲ ਪੰਪ ਦੇ ਰੁੱਖਾਂ ਬਾਰੇ ਹੁਕਮ :** ਭੰਗਾਲਾ ਸਥਿਤ ਜਿਓ ਪੈਟਰੋਲ ਪੰਪ ਦੇ ਮਾਮਲੇ ਵਿੱਚ ਅਦਾਲਤ ਨੇ ਸਿਰਫ਼ ਉਨ੍ਹਾਂ ਰੁੱਖਾਂ ਨੂੰ ਕੱਟਣ ਦੀ ਇਜਾਜ਼ਤ ਦਿੱਤੀ ਹੈ ਜੋ ਨਕਸ਼ੇ ਵਿੱਚ ਲਾਲ ਰੰਗ ਵਿੱਚ ਦਰਸਾਏ ਗਏ ਹਨ, ਜਦਕਿ ਨੀਲੇ ਅਤੇ ਹਰੇ ਰੰਗ ਵਾਲੇ ਰੁੱਖਾਂ ਨੂੰ ਬਚਾਉਣ ਲਈ ਕਿਹਾ ਹੈ। ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ 5-6 ਕਿਲੋਮੀਟਰ ਦੇ ਘੇਰੇ ਵਿੱਚ ਬਦਲਵੇਂ ਜੰਗਲਾਤ ਲਈ ਢੁਕਵੀਂ ਜ਼ਮੀਨ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਇੱਕ ਹੋਰ ਮਾਮਲੇ ਵਿੱਚ N8-01 (N8-03) 'ਤੇ ਪੈਟਰੋਲ ਪੰਪ ਦੇ ਰਸਤੇ ਲਈ 28 ਰੁੱਖਾਂ ਨੂੰ ਕੱਟਣ ਦੇ ਫੈਸਲੇ 'ਤੇ ਨਾਰਾਜ਼ਗੀ ਜ਼ਾਹਰ ਕਰਦਿਆਂ ਅਦਾਲਤ ਨੇ ਸਬੰਧਤ ਡੀ.ਐਫ.ਓ. ਨੂੰ ਨਵੀਂ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ ਤਾਂ ਜੋ ਘੱਟ ਤੋਂ ਘੱਟ ਨੁਕਸਾਨ ਹੋਵੇ।

**ਸ਼ਹਿਰੀ ਖੇਤਰਾਂ ਵਿੱਚ ਹਰ ਪਲਾਟ 'ਤੇ ਰੁੱਖ ਲਗਾਉਣਾ ਲਾਜ਼ਮੀ:** ਅਦਾਲਤ ਨੇ ਡਾਇਰੈਕਟਰ, ਲੋਕਲ ਬਾਡੀਜ਼, ਪੰਜਾਬ ਨੂੰ ਪੰਜਾਬ ਯੂਨੀਫਾਈਡ ਬਿਲਡਿੰਗ ਰੂਲਜ਼, 2025 ਦੇ ਤਹਿਤ ਸ਼ਹਿਰੀ ਖੇਤਰਾਂ ਵਿੱਚ 60 ਵਰਗ ਮੀਟਰ ਦੇ ਹਰੇਕ ਪਲਾਟ ਵਿੱਚ ਘੱਟੋ-ਘੱਟ ਇੱਕ ਰੁੱਖ ਲਗਾਉਣ ਦੇ ਪੁਰਾਣੇ ਹੁਕਮਾਂ 'ਤੇ ਜਵਾਬ ਦਾਖਲ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ ਹਨ।

# ਡੀ.ਕੇ. ਸ਼ਿਵ ਕੁਮਾਰ ਕਰਨਾਟਕਾ ਕਾਂਗਰਸ ਵਿਧਾਇਕ ਦਲ ਦੇ ਨੇਤਾ ਨਿਯੁਕਤ

## 3 ਜੂਨ ਨੂੰ ਕਰਨਾਟਕਾ ਦੇ ਨਵੇਂ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ

ਬੈਂਗਲੁਰੂ, 30 ਮਈ (ਚ.ਨ.ਸ.): ਕਰਨਾਟਕਾ ਸੂਬਾ ਕਾਂਗਰਸ ਪ੍ਰਧਾਨ ਡੀ.ਕੇ. ਸ਼ਿਵਕੁਮਾਰ ਨੂੰ ਸਰਬਸੰਮਤੀ ਨਾਲ ਕਾਂਗਰਸ ਵਿਧਾਇਕ ਦਲ (ਸੀ.ਐਲ.ਪੀ.) ਦਾ ਨੇਤਾ ਚੁਣ ਲਿਆ ਗਿਆ ਹੈ, ਜਿਸ ਨਾਲ ਉਨ੍ਹਾਂ ਦੇ ਮੁੱਖ ਮੰਤਰੀ ਬਣਨ ਦਾ ਰਸਤਾ ਸਾਫ਼ ਹੋ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਸ਼ਿਵਕੁਮਾਰ 3 ਜੂਨ ਨੂੰ ਲੋਕ ਭਵਨ ਦੇ ਗਲਾਸ ਹਾਊਸ ਵਿੱਚ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਡੀ.ਕੇ. ਸ਼ਿਵਕੁਮਾਰ ਨੇ ਸੂਬੇ ਦੇ ਰਾਜਪਾਲ ਥਾਰਵ ਚੰਦ ਗਹਿਲੋਤ ਨਾਲ ਮੁਲਾਕਾਤ ਕਰਕੇ ਨਵੀਂ ਸਰਕਾਰ ਬਣਾਉਣ ਲਈ ਦਾਅਵਾ ਵੀ ਪੇਸ਼ ਕਰ ਦਿੱਤਾ ਹੈ।

ਵਿਧਾਨ ਸੌਧਾ ਵਿਖੇ ਹੋਈ ਇਸ ਅਹਿਮ ਮੀਟਿੰਗ ਵਿੱਚ ਸਾਬਕਾ ਮੁੱਖ ਮੰਤਰੀ ਸਿੱਧਾਰਮਈਆ ਨੇ ਖ਼ੁਦ ਸ਼ਿਵਕੁਮਾਰ ਦੇ ਨਾਂ ਦੀ ਪੇਸ਼ਕਸ਼ ਕੀਤੀ। ਮੀਟਿੰਗ ਦੌਰਾਨ ਕੁਝ ਸਮੇਂ ਲਈ ਸਿਆਸੀ ਹਲਚਲ ਤੇਜ਼ ਹੋ ਗਈ ਜਦੋਂ ਲੀਡਰਾਂ ਵਿਚਾਲੇ ਬੰਦ ਕਮਰਾ ਚਰਚਾ ਹੋਈ। ਸੂਤਰਾਂ ਮੁਤਾਬਕ, "ਨੇਤਾ ਦੀ ਚੋਣ ਕਰਨ ਲਈ ਬੁਲਾਈ ਗਈ ਸੀ.ਐਲ.ਪੀ. ਮੀਟਿੰਗ ਵਿੱਚ ਦਸ ਮਿੰਟ ਦਾ ਆਰਾਮ ਲਿਆ ਗਿਆ ਤੇ ਸਿੱਧਾਰਮਈਆ, ਵੇਣੂਗੋਪਾਲ ਅਤੇ ਸੁਰਜੇਵਾਲਾ ਸਮੇਤ ਚੋਟੀ ਦੇ ਆਗੂ ਇੱਕ ਵੱਖਰੇ ਕਮਰੇ ਵਿੱਚ ਇਕੱਠੇ ਹੋਏ।"

ਇਸ ਆਰਾਮ ਤੋਂ ਬਾਅਦ ਸਾਰੇ ਵਿਧਾਇਕਾਂ ਨੇ ਇੱਕਜੁੱਟਤਾ ਦਿਖਾਉਂਦੇ ਹੋਏ ਸ਼ਿਵਕੁਮਾਰ ਦੇ ਨਾਂ 'ਤੇ ਮੋਹਰ ਲਗਾਈ। ਪਾਰਟੀ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਕਿ "ਸਿੱਧਾਰਮਈਆ



ਨੇ ਚੋਟੀ ਦੇ ਅਹੁਦੇ ਲਈ ਸ਼ਿਵਕੁਮਾਰ ਦੇ ਨਾਂ ਦੀ ਪੇਸ਼ਕਸ਼ ਕੀਤੀ, ਜੀ.ਪਰਮੇਸ਼ਵਰ ਨੇ ਇਸ ਦਾ ਸਮਰਥਨ ਕੀਤਾ ਅਤੇ ਮੀਟਿੰਗ ਨੇ ਸਰਬਸੰਮਤੀ ਨਾਲ ਇਸ ਨੂੰ ਪ੍ਰਵਾਨਗੀ ਦਿੱਤੀ।"

ਆਪਣੀ ਚੋਣ ਤੋਂ ਬਾਅਦ, ਨਵੇਂ ਚੁਣੇ ਗਏ ਨੇਤਾ ਡੀ.ਕੇ. ਸ਼ਿਵਕੁਮਾਰ ਨੇ ਇੱਕ ਮਤਾ ਪੇਸ਼ ਕਰਦਿਆਂ "ਬਤੌਰ ਮੁੱਖ ਮੰਤਰੀ ਆਪਣੇ ਕਾਰਜਕਾਲ ਦੌਰਾਨ ਆਊਟਗੋਇੰਗ ਲੀਡਰ ਸਿੱਧਾਰਮਈਆ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ।"

# ਗੈਂਗਸਟਰਾਂ 'ਤੇ ਵਾਰ ਦੇ 130ਵੇਂ ਦਿਨ 513 ਥਾਵਾਂ ਉੱਤੇ ਛਾਪੇਮਾਰੀ ਦੌਰਾਨ 235 ਕਾਬੂ

ਚੰਡੀਗੜ੍ਹ, 30 ਮਈ (ਚ.ਨ.ਸ.): ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ "ਗੈਂਗਸਟਰਾਂ ਤੇ ਵਾਰ" ਦੇ 130ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 513 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

130ਵੇਂ ਦਿਨ ਪੁਲਿਸ ਟੀਮਾਂ ਨੇ 235 ਵਿਅਕਤੀਆਂ ਨੂੰ 1 ਹਥਿਆਰ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 32,788 ਹੋ ਗਈਆਂ। ਇਸ ਤੋਂ ਇਲਾਵਾ 64 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 16 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 2 ਭਗੌੜੇ ਅਪਰਾਧੀ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰ. 93946-93946 ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 455ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 38 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਤੇ ਉਨ੍ਹਾਂ ਦੇ ਕਬਜੇ ਵਿੱਚੋਂ 112 ਗ੍ਰਾਮ ਹੈਰੋਇਨ, 61 ਕਿਲੋ ਭੁੱਕੀ, 60 ਨਸੀਲੀਆਂ ਗੋਲੀਆਂ ਤੇ 3060 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 455 ਦਿਨਾਂ ਵਿੱਚ ਗ੍ਰਿਫਤਾਰ ਕੀਤੇ ਗਏ ਕੁੱਲ ਨਸਾ ਤਸਕਰਾਂ ਦੀ ਗਿਣਤੀ 65,824 ਹੋ ਗਈ ਹੈ। ਨਸਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 15 ਵਿਅਕਤੀਆਂ ਨੂੰ ਨਸਾ ਛੁਡਾਊ ਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜੀ ਕੀਤਾ ਹੈ।

# ਡੀ.ਜੀ.ਪੀ. ਵੱਲੋਂ ਬਟਾਲਾ ਵਿੱਚ ਸ਼ਹੀਦ ਏ.ਐਸ.ਆਈ. ਜੋਗਾ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ, ਦੁੱਖ ਦਾ ਪ੍ਰਗਟਾਵਾ

ਚੰਡੀਗੜ੍ਹ/ਬਟਾਲਾ, 30 ਮਈ (ਚ.ਨ.ਸ.): ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਸਹੀਦ ਸਹਾਇਕ ਸਬ-ਇੰਸਪੈਕਟਰ (ਏਐਸਆਈ) ਜੋਗਾ ਸਿੰਘ ਦੇ ਘਰ ਪਿੰਡ ਘਣੀਏ ਕੇ ਬਾਂਗਰ, ਬਟਾਲਾ ਵਿਖੇ ਜਾ ਕੇ ਬਹਾਦਰ ਮੁਲਾਜ਼ਮ ਨੂੰ ਸਰਧਾਂਜਲੀ ਭੇਟ ਕੀਤੀ ਤੇ ਉਨ੍ਹਾਂ ਦੇ ਪਰਿਵਾਰ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ। ਡੀਜੀਪੀ ਨੇ ਕਿਹਾ, "ਏ.ਐਸ.ਆਈ. ਜੋਗਾ ਸਿੰਘ ਨੇ ਆਪਣੀ ਹਿੰਮਤ, ਸਮਰਪਣ ਤੇ ਨਿਰਸਵਾਰਥ ਸੇਵਾ ਰਾਹੀਂ ਪੰਜਾਬ ਪੁਲਿਸ ਦੀਆਂ ਸਰਬਉੱਚ ਪਰੰਪਰਾਵਾਂ ਨੂੰ ਕਾਇਮ ਰੱਖਦਿਆਂ ਡਿਊਟੀ ਦੌਰਾਨ ਮਹਾਨ ਕੁਰਬਾਨੀ ਦਿੱਤੀ। ਉਨ੍ਹਾਂ ਦੀ ਕੁਰਬਾਨੀ ਨੂੰ ਹਮੇਸ਼ਾ ਮਾਣ ਅਤੇ ਸਨਮਾਨ ਨਾਲ ਯਾਦ ਕੀਤਾ ਜਾਵੇਗਾ।"



ਏ.ਐਸ.ਆਈ. ਜੋਗਾ ਸਿੰਘ (54) ਜੋ ਕਿ 1989 ਵਿੱਚ ਪੰਜਾਬ ਪੁਲਿਸ ਵਿੱਚ ਕਾਂਸਟੇਬਲ ਵਜੋਂ ਭਰਤੀ ਹੋਏ ਸਨ ਤੇ ਮੌਜੂਦਾ ਸਮੇਂ ਵਿੱਚ ਅੰਮ੍ਰਿਤਸਰ ਕਮਿਸਨਰੇਟ ਪੁਲਿਸ ਦੇ ਟ੍ਰੈਫਿਕ ਸਟਾਫ ਵਿੱਚ ਤਾਇਨਾਤ ਸਨ, ਨੇ 24 ਮਈ, 2026 ਨੂੰ ਡਿਊਟੀ ਦੌਰਾਨ ਆਪਣੀ ਜਾਨ ਗੁਆ ਦਿੱਤੀ ਸੀ। ਉਹ ਆਪਣੇ ਪਿੱਛੇ ਮਾਂ, ਪਤਨੀ, ਪੁੱਤਰ ਅਤੇ ਧੀ ਛੱਡ ਗਏ ਹਨ। ਡੀਜੀਪੀ ਗੌਰਵ ਯਾਦਵ ਨੇ ਏ.ਐਸ.ਆਈ. ਜੋਗਾ ਸਿੰਘ ਦੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਪੁਲਿਸ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਵੇਗੀ। ਉਨ੍ਹਾਂ ਕਿਹਾ ਕਿ ਇਸ ਘਿਨਾਉਣੇ ਅਪਰਾਧ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ। ਡੀਜੀਪੀ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਏ.ਐਸ.ਆਈ. ਜੋਗਾ ਸਿੰਘ ਦੇ ਪਰਿਵਾਰ ਦੀ ਸਹਾਇਤਾ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਅਤੇ ਭਲਾਈ ਲਾਭ ਪ੍ਰਦਾਨ ਕਰੇਗੀ।

# ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਪੰਜ ਕੈਡਿਟ ਐਨ.ਡੀ.ਏ. ਤੋਂ ਹੋਏ ਪਾਸ-ਆਊਟ

ਚੰਡੀਗੜ੍ਹ/ਐਸਏਐਸ ਨਗਰ, 30 ਮਈ (ਚ.ਨ.ਸ.): ਪੰਜਾਬ ਲਈ ਇੱਕ ਇਤਿਹਾਸਕ ਪਲ ਉਸ ਮੌਕੇ ਆਇਆ ਜਦੋਂ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ ਪ੍ਰੈਪਰੇਟਰੀ ਇੰਸਟੀਚਿਊਟ (ਐਮਆਰਐਸਏਐਫਪੀਆਈ, ਐਸਏਐਸ ਨਗਰ ਦੇ ਪੰਜ ਸਾਬਕਾ ਕੈਡਿਟ ਅੱਜ ਪੁਣੇ ਦੇ ਖੜਕਵਾਸਲਾ ਸਥਿਤ ਵੱਕਾਰੀ ਕੌਮੀ ਰੱਖਿਆ ਅਕੈਡਮੀ (ਐਨਡੀਏ) ਤੋਂ ਗ੍ਰੈਜੂਏਟ ਹੋਏ। ਦੱਸਣਯੋਗ ਹੈ ਕਿ ਚੀਫ ਆਫ ਆਰਮੀ ਸਟਾਫ ਜਨਰਲ ਉਪੇਂਦਰ ਦਿਵੇਦੀ, ਪੀਵੀਐਸਐਮ, ਏਵੀਐਸਐਮ ਦੁਆਰਾ 150ਵੇਂ ਐਨਡੀਏ ਕੋਰਸ ਦੀ ਪਾਸਿੰਗ ਆਊਟ ਪਰੇਡ ਦਾ ਨਿਰੀਖਣ ਕੀਤਾ ਗਿਆ।

ਪੰਜ ਕੈਡਿਟਾਂ ਜਿਨ੍ਹਾਂ ਵਿੱਚ ਸੰਗਰੂਰ ਦੇ ਜਸਕੀਰਤਨ ਸਿੰਘ, ਜਲੰਧਰ ਦੇ ਮਨਜੋਤ ਸਿੰਘ ਵਾਲੀਆ ਅਤੇ ਧਰੁਵ ਭੰਡਾਰੀ, ਪਟਿਆਲਾ ਦੇ ਹਰਸਦੀਪ ਸਿੰਘ ਅਤੇ ਮੋਹਾਲੀ ਦੇ ਪਾਰਥ ਕਵੀ ਸਾਮਲ ਹਨ, ਨੇ ਐਮਆਰਐਸਏਐਫਪੀਆਈ ਵਿੱਚ ਦੋ ਸਾਲਾਂ ਦੀ ਬੁਨਿਆਦੀ ਸਿਖਲਾਈ ਸਦਕਾ ਐਨਡੀਏ ਤੋਂ ਤਿੰਨ ਸਾਲਾਂ ਦੀ ਸਖਤ ਟ੍ਰੇਨਿੰਗ ਪੂਰੀ ਕੀਤੀ ਹੈ। ਜ਼ਿਕਰਯੋਗ ਹੈ ਕਿ ਸੰਸਥਾ ਵਿੱਚ ਇਨ੍ਹਾਂ ਨੇ ਆਪਣੀ ਜ਼ਿਆਦਾਤਰ ਸਿਖਲਾਈ ਕੋਵਿਡ-19 ਮਹਾਂਮਾਰੀ ਦੇ ਮੁਸਕਿਲ ਸਮੇਂ ਦੌਰਾਨ ਪੂਰੀ ਕੀਤੀ ਸੀ, ਜੋ



ਉਨ੍ਹਾਂ ਦੇ ਮਿਹਨਤੀ ਜਜਬੇ ਦਾ ਪ੍ਰਤੱਖ ਪ੍ਰਮਾਣ ਹੈ। ਇਹ ਕੈਡਿਟ ਹੁਣ ਆਪਣੀਆਂ ਸਬੰਧਤ ਸਰਵਿਸ ਟ੍ਰੇਨਿੰਗ ਅਕੈਡਮੀਆਂ ਵਿਖੇ ਜੁਆਇਨ ਕਰਨਗੇ, ਜਿੱਥੋਂ ਅਗਲੇ ਸਾਲ ਦੌਰਾਨ ਉਹ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਮਿਸਨਡ ਅਫਸਰ ਬਣ ਜਾਣਗੇ।

ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਨੌਜਵਾਨਾਂ ਨੇ ਪੰਜਾਬ ਦਾ ਨਾਮ ਰੌਸਨ ਕੀਤਾ ਹੈ। ਇਨ੍ਹਾਂ ਨੌਜਵਾਨਾਂ ਦੀ ਸਫਲਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਦੇਸ ਦੀਆਂ ਰੱਖਿਆ ਸੇਵਾਵਾਂ ਵਾਸਤੇ ਸਾਡੇ ਨੌਜਵਾਨਾਂ ਨੂੰ ਤਿਆਰ ਕਰਨ ਦੀ ਪਹਿਲਕਦਮੀ ਦਾ ਪ੍ਰਤੱਖ ਪ੍ਰਮਾਣ ਹੈ। ਉਨ੍ਹਾਂ ਨੇ ਕੈਡਿਟਾਂ ਨੂੰ ਫੌਜ ਵਿੱਚ ਪੱਕੀ ਵਚਨਬੱਧਤਾ ਨਾਲ ਸੇਵਾ ਕਰਦਿਆਂ ਦੇਸ ਤੇ ਸੂਬੇ ਦਾ ਮਾਣ ਵਧਾਉਣ ਲਈ ਪ੍ਰੇਰਿਤ ਕੀਤਾ। ਐਮਆਰਐਸਏਐਫਪੀਆਈ ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ. ਚੌਹਾਨ (ਵੀਐਸਐਮ) ਨੇ ਕਿਹਾ ਕਿ ਇਹ ਸਫਲ ਗਤੀ ਭਵਿੱਖ ਵਿੱਚ ਵੀ ਜਾਰੀ ਰਹੇਗੀ ਕਿਉਂਕਿ 25 ਹੋਰ ਕੈਡਿਟ ਐਸਐਸਬੀ ਇੰਟਰਵਿਊ ਲਈ ਤਿਆਰ ਹਨ। ਇਨ੍ਹਾਂ ਨੌਜਵਾਨਾਂ ਦੀਆਂ ਇਹ ਪ੍ਰਾਪਤੀਆਂ ਸਾਡੀ ਸੰਸਥਾ ਅਤੇ ਪੂਰੇ ਪੰਜਾਬ ਲਈ ਮਾਣ ਵਾਲੀ ਗੱਲ ਹਨ।

## ਸੰਪਾਦਕੀ

# ‘ਆਪ’ ਦੀ ਵੱਡੀ ਜਿੱਤ

ਪੰਜਾਬ ਵਿੱਚ ਹੋਈਆਂ ਸਥਾਨਕ ਸਰਕਾਰ ਦੀਆਂ ਚੋਣਾਂ ਦੇ ਨਤੀਜਿਆਂ ਨੇ ਸੂਬੇ ਦੀ ਸਿਆਸੀ ਤਸਵੀਰ ਇੱਕ ਵਾਰ ਫਿਰ ਸਾਫ਼ ਕਰ ਦਿੱਤੀ ਹੈ। ਆਮ ਆਦਮੀ ਪਾਰਟੀ ਨੇ ਪਹਿਲੇ ਸਥਾਨ ਉੱਤੇ ਰਹਿ ਕੇ ਆਪਣੀ ਸਰਕਾਰ ਦੀ ਪਕੜ ਜ਼ਮੀਨੀ ਪੱਧਰ ਤੱਕ ਮਜ਼ਬੂਤ ਕਰ ਲਈ ਹੈ। ਕਾਂਗਰਸ ਦੂਜੇ, ਆਜ਼ਾਦ ਉਮੀਦਵਾਰ ਤੀਜੇ, ਸ਼੍ਰੋਮਣੀ ਅਕਾਲੀ ਦਲ ਚੌਥੇ ਅਤੇ ਭਾਰਤੀ ਜਨਤਾ ਪਾਰਟੀ ਪੰਜਵੇਂ ਸਥਾਨ ਉੱਤੇ ਰਹੀ। ਇਹ ਨਤੀਜੇ ਕਈ ਅਹਿਮ ਸਵਾਲ ਖੜ੍ਹੇ ਕਰਦੇ ਹਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਾਰੀਆਂ ਪਾਰਟੀਆਂ ਲਈ ਸੁਨੇਹਾ ਦਿੰਦੇ ਹਨ। ਆਮ ਆਦਮੀ ਪਾਰਟੀ ਦੀ ਇਸ ਜਿੱਤ ਦੇ ਕਈ ਕਾਰਨ ਹਨ। ਸਭ ਤੋਂ ਪਹਿਲਾਂ, ਇਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਨੀਤੀਆਂ ਨੂੰ ਆਮ ਲੋਕਾਂ ਦੀ ਮਨਜ਼ੂਰੀ ਵਜੋਂ ਦੇਖਿਆ ਜਾ ਸਕਦਾ ਹੈ। ਮੁਫ਼ਤ ਬਿਜਲੀ, ਸਿਹਤ ਸਹੂਲਤਾਂ ਅਤੇ ਸਿੱਖਿਆ ਵਿੱਚ ਸੁਧਾਰ ਦੇ ਵਾਅਦਿਆਂ ਨੇ ਸ਼ਹਿਰੀ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਵੋਟਰਾਂ ਨੂੰ ਆਕਰਸ਼ਿਤ ਕੀਤਾ। ਸਥਾਨਕ ਸਰਕਾਰ ਦੀਆਂ ਚੋਣਾਂ ਅਕਸਰ ਸੂਬਾਈ ਸਰਕਾਰ ਦੇ ਪ੍ਰਦਰਸ਼ਨ ਦਾ ਦਰਪਣ ਹੁੰਦੀਆਂ ਹਨ ਅਤੇ ਇਸ ਵਾਰ ਆਪ ਨੇ ਉਹ ਆਈਨਾ ਆਪਣੇ ਹੱਕ ਵਿੱਚ ਕਰ ਲਿਆ। ਇਸ ਤੋਂ ਇਲਾਵਾ ਆਪ ਦੀ ਜ਼ਮੀਨੀ ਪੱਧਰ ਉੱਤੇ ਮਜ਼ਬੂਤ ਸੰਗਠਨਾਤਮਕ ਮਸ਼ੀਨਰੀ ਨੇ ਚੋਣ ਮੁਹਿੰਮ ਵਿੱਚ ਅਹਿਮ ਭੂਮਿਕਾ ਨਿਭਾਈ। ਕਾਂਗਰਸ ਦਾ ਦੂਜੇ ਸਥਾਨ ਉੱਤੇ ਰਹਿਣਾ ਦੱਸਦਾ ਹੈ ਕਿ ਪਾਰਟੀ ਦਾ ਆਧਾਰ ਅਜੇ ਪੂਰੀ ਤਰ੍ਹਾਂ ਖਿਸਕਿਆ ਨਹੀਂ। ਪਰ 2017 ਤੋਂ ਲੈ ਕੇ ਕਾਂਗਰਸ ਦਾ ਲਗਾਤਾਰ ਕਮਜ਼ੋਰ ਹੋਣਾ ਚਿੰਤਾ ਦਾ ਵਿਸ਼ਾ ਹੈ। ਪਾਰਟੀ ਅੰਦਰੂਨੀ ਫੁੱਟ, ਮਜ਼ਬੂਤ ਸੂਬਾਈ ਚਿਹਰੇ ਦੀ ਕਮੀ ਅਤੇ ਆਪ ਦੇ ਮੁਕਾਬਲੇ ਕਮਜ਼ੋਰ ਪ੍ਰਚਾਰ ਤੰਤਰ ਨਾਲ ਜੂਝ ਰਹੀ ਹੈ। ਦੂਜਾ ਸਥਾਨ ਰਾਹਤ ਦੇ ਸਕਦਾ ਹੈ, ਪਰ ਕਾਂਗਰਸ ਨੂੰ ਸਮਝਣਾ ਹੋਵੇਗਾ ਕਿ ਜ਼ਮੀਨੀ ਪੱਧਰ ਉੱਤੇ ਪੁਨਰ-ਸੁਰਜੀਤੀ ਤੋਂ ਬਿਨਾਂ ਆਉਣ ਵਾਲੀਆਂ ਵੱਡੀਆਂ ਚੋਣਾਂ ਵਿੱਚ ਆਪ ਦੇ ਬਰਾਬਰ ਖੜ੍ਹੇ ਹੋਣਾ ਔਖਾ ਰਹੇਗਾ। ਕਾਂਗਰਸ ਦੀ ਅਸਲ ਸਮੱਸਿਆ ਇਹ ਹੈ ਕਿ ਉਹ ਨਾ ਤਾਂ ਪੂਰੀ ਤਰ੍ਹਾਂ ਆਪ ਨੂੰ ਚੁਣੌਤੀ ਦੇ ਰਹੀ ਹੈ ਅਤੇ ਨਾ ਹੀ ਨਵੀਂ ਪਛਾਣ ਬਣਾ ਰਹੀ ਹੈ। ਜੇ ਕਾਂਗਰਸ ਨੇ 2027 ਤੋਂ ਪਹਿਲਾਂ ਇੱਕ ਸਾਫ਼ ਸੂਬਾਈ ਚਿਹਰਾ ਅਤੇ ਨਵਾਂ ਏਜੰਡਾ ਨਹੀਂ ਦਿੱਤਾ, ਤਾਂ ਦੂਜਾ ਸਥਾਨ ਵੀ ਖ਼ਤਰੇ ਵਿੱਚ ਪੈ ਸਕਦਾ ਹੈ। ਆਜ਼ਾਦ ਉਮੀਦਵਾਰਾਂ ਦਾ ਤੀਜੇ ਸਥਾਨ ਉੱਤੇ ਰਹਿਣਾ ਸ਼ਾਇਦ ਸਭ ਤੋਂ ਦਿਲਚਸਪ ਗੱਲ ਹੈ। ਇਹ ਦਰਸਾਉਂਦਾ ਹੈ ਕਿ ਵੱਡੀ ਗਿਣਤੀ ਵੋਟਰ ਕਿਸੇ ਵੀ ਮੁੱਖ ਪਾਰਟੀ ਤੋਂ ਸੰਤੁਸ਼ਟ ਨਹੀਂ ਅਤੇ ਸਥਾਨਕ ਮੁੱਦਿਆਂ ਉੱਤੇ ਆਪਣੇ ਭਰੋਸੇਮੰਦ ਸਥਾਨਕ ਨੇਤਾ ਨੂੰ ਤਰਜੀਹ ਦੇਣਾ ਚਾਹੁੰਦੇ ਹਨ। ਇਹ ਸਾਰੀਆਂ ਪਾਰਟੀਆਂ ਲਈ ਇੱਕ ਚੇਤਾਵਨੀ ਵੀ ਹੈ ਕਿ ਸਥਾਨਕ ਸਮੱਸਿਆਵਾਂ ਤੋਂ ਅੱਖਾਂ ਮੀਟਣ ਦਾ ਨੁਕਸਾਨ ਉਠਾਉਣਾ ਪੈਂਦਾ ਹੈ। ਸ਼੍ਰੋਮਣੀ ਅਕਾਲੀ ਦਲ ਦਾ ਚੌਥੇ ਸਥਾਨ ਉੱਤੇ ਖਿਸਕਣਾ ਪਾਰਟੀ ਲਈ ਡੂੰਘੀ ਚਿੰਤਾ ਦਾ ਵਿਸ਼ਾ ਹੈ। ਕਦੇ ਪੰਜਾਬ ਦੀ ਸਿਆਸਤ ਉੱਤੇ ਦਬਦਬਾ ਕਾਇਮ ਕਰਨ ਵਾਲੀ ਇਹ ਪਾਰਟੀ ਹੁਣ ਨਾ ਆਪਣੇ ਪੁਰਾਣੇ ਹਿੰਦੂ-ਸਿੱਖ ਗਠਜੋੜ ਵਾਲੇ ਸਮਰਥਕਾਂ ਨੂੰ ਰੋਕ ਪਾ ਰਹੀ ਹੈ, ਨਾ ਨੌਜਵਾਨਾਂ ਨੂੰ ਆਕਰਸ਼ਿਤ ਕਰ ਪਾ ਰਹੀ ਹੈ। ਬਾਦਲ ਪਰਿਵਾਰ ਦੀ ਅਗਵਾਈ ਉੱਤੇ ਸਵਾਲ, ਪਾਰਟੀ ਦੀ ਵੰਡ ਅਤੇ ਭਾਜਪਾ ਨਾਲ ਟੁੱਟੇ ਰਿਸ਼ਤੇ ਦਾ ਨੁਕਸਾਨ ਹੁਣ ਸਾਫ਼ ਦਿਖਾਈ ਦੇ ਰਿਹਾ ਹੈ। ਭਾਰਤੀ ਜਨਤਾ ਪਾਰਟੀ ਦਾ ਪੰਜਵੇਂ ਸਥਾਨ ਉੱਤੇ ਰਹਿਣਾ ਦੱਸਦਾ ਹੈ ਕਿ ਰਾਸ਼ਟਰੀ ਪੱਧਰ ਉੱਤੇ ਮਜ਼ਬੂਤ ਪਾਰਟੀ ਹੋਣ ਦੇ ਬਾਵਜੂਦ ਪੰਜਾਬ ਵਿੱਚ ਉਸ ਦੀਆਂ ਜੜ੍ਹਾਂ ਅਜੇ ਡੂੰਘੀਆਂ ਨਹੀਂ ਹੋਈਆਂ। ਅਕਾਲੀ ਦਲ ਨਾਲੋਂ ਵੱਖ ਹੋਣ ਤੋਂ ਬਾਅਦ ਭਾਜਪਾ ਪੰਜਾਬ ਵਿੱਚ ਇਕੱਲੀ ਲੜ ਰਹੀ ਹੈ, ਪਰ ਉਸ ਕੋਲ ਅਜੇ ਕੋਈ ਮਜ਼ਬੂਤ ਸੂਬਾਈ ਚਿਹਰਾ ਜਾਂ ਗੱਠਜੋੜ ਨਹੀਂ ਹੈ। ਇਨ੍ਹਾਂ ਚੋਣਾਂ ਦੇ ਨਤੀਜੇ ਸਾਫ਼ ਕਹਿੰਦੇ ਹਨ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਅਜੇ ਮਜ਼ਬੂਤ ਸਿਆਸੀ ਤਾਕਤ ਬਣੀ ਹੋਈ ਹੈ। ਕਾਂਗਰਸ ਵਿਰੋਧੀ ਧਿਰ ਵਜੋਂ ਖੜ੍ਹੀ ਹੈ, ਪਰ ਅਸਲ ਮੁਕਾਬਲੇ ਲਈ ਉਸ ਨੂੰ ਆਪਣੀ ਰਣਨੀਤੀ ਬਦਲਣੀ ਹੋਵੇਗੀ। ਅਕਾਲੀ ਦਲ ਅਤੇ ਭਾਜਪਾ ਲਈ ਇਹ ਨਤੀਜੇ ਆਤਮ-ਮੰਥਨ ਦਾ ਵੇਲਾ ਹਨ। ਇਹ ਨਤੀਜੇ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਪ੍ਰੀਖਿਆ ਨਹੀਂ, ਸਗੋਂ ਰਿਹਰਸਲ ਹਨ। ਆਪ ਲਈ ਅਗਲੀ ਵੱਡੀ ਚੁਣੌਤੀ ਇਹ ਹੈ ਕਿ ਜਿੱਤ ਦੀ ਲਹਿਰ ਨੂੰ ਠੋਸ ਸ਼ਾਸਨ ਵਿੱਚ ਬਦਲੇ। ਵਿਰੋਧੀ ਧਿਰਾਂ ਲਈ ਇੱਕ ਮਜ਼ਬੂਤ, ਸਾਂਝਾ ਮੋਰਚਾ ਬਣਾਉਣਾ ਅਤੇ ਜ਼ਮੀਨੀ ਪੱਧਰ ਉੱਤੇ ਕੰਮ ਕਰਨਾ ਇਹੀ ਇੱਕੋ ਰਸਤਾ ਬਚਦਾ ਹੈ।

-ਜਗਜੀਤ ਸਿੰਘ ਦਰਦੀ

## ਕਿਸਨੂੰ ਚਿੰਤਾ ਹੈ ਅੱਜ ਪੰਜਾਬ ਦੀ

# ਅੱਜ ਪੰਜਾਬੀਆਂ ਦਾ ਸਭ ਰਾਜਨੀਤਿਕ ਪਾਰਟੀਆਂ ਤੋਂ ਮੋਹ ਭੰਗ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਕੀ ਅੱਜ ਪੰਜਾਬ ਦੀ ਰਾਜਨੀਤੀ ਸੱਚਮੁੱਚ ਡੇਰਿਆਂ ਦੀ ਛਾਇਆ, ਲੋਕਾਂ ਦੀ ਭਟਕਣ ਅਤੇ ਭਵਿੱਖ ਦੀ ਤਸਵੀਰ ’ਚ ਉਲਝ ਗਈ ਹੈ । ਅੱਜ ਪੰਜਾਬ ਦੇ ਖੇਤਾਂ ਦਾ ਸੋਨਾ, ਨਦੀਆਂ ਦੀ ਧਰਤੀ, ਬਹਾਦਰਾਂ ਅਤੇ ਕਿਸਾਨਾਂ ਦਾ ਘਰ, ਗੁਰੂਆਂ ਦੀ ਪਵਿੱਤਰ ਭੂਮੀ ਦਸ਼ਾ ਕਿੱਧਰ ਨੂੰ ਜਾ ਰਹੀ ਹੈ, ਇਹ ਹੁਣ ਚਿੰਤਾ ਦਾ ਵਿਸ਼ਾ ਹੈ। ਅੱਜ ਤੱਕ ਇਸ ਧਰਤੀ ਨੇ ਇਤਿਹਾਸ ਦੀਆਂ ਅਣਗਿਣਤ ਲਹਿਰਾਂ ਵੇਖੀਆਂ ਹਨ ਆਜ਼ਾਦੀ ਦੀ ਲੜਾਈ, ਹਰੀ ਕ੍ਰਾਂਤੀ ਦਾ ਜਸ਼ਨ, ਫਿਰ ਉਥਲ-ਪੁਥਲ ਵਾਲੇ ਸਾਲ, ਨਸ਼ਿਆਂ ਦੀ ਆਫ਼ਤ ਅਤੇ ਯੁਵਕਾਂ ਦਾ ਵਿਦੇਸ਼ ਭੱਜਣਾ। ਅੱਜ ਜਦੋਂ ਫਰਵਰੀ 2027 ਦੀਆਂ ਵਿਧਾਨ ਸਭਾ ਚੋਣਾਂ ਸਿਰ ’ਤੇ ਆ ਰਹੀਆਂ ਹਨ, ਇੱਕ ਡੂੰਘੀ ਉਥਲ-ਪੁਥਲ ਚੱਲ ਰਹੀ ਹੈ। ਲੋਕ ਪੁੱਛ ਰਹੇ ਹਨ ਕਿ ਅਸੀਂ ਫਿਰ ਉਸੇ ਪੁਰਾਣੇ ਚੱਕਰ ਵਿੱਚ ਫਸ ਗਏ ਹਾਂ ? ਅੱਜ ਡੇਰਿਆਂ, ਧਰਮ ਅਤੇ ਜਾਤ-ਪਾਤ ਦੀਆਂ ਜੰਜ਼ੀਰਾਂ ਵਿੱਚ ਫਸ ਕੇ, ਰਾਜਨੀਤਿਕ ਪਾਰਟੀਆਂ ਦੇ ਝੂਠ ਅਤੇ ਖੋਖਲੀਆਂ ਭਾਵਨਾਵਾਂ ਵਿੱਚ ਖੋਹੀਆਂ ਆਸਾਂ ਨਾਲ ਇਸ ਧਰਤੀ ਦੀ ਰੂਹ ਨਾਲ ਗੱਲਬਾਤ, ਉਸ ਦਰਦ ਨਾਲ ਜੋ ਖੇਤਾਂ ਵਿੱਚ ਖੜ੍ਹੇ ਕਿਸਾਨ ਦੀਆਂ ਅੱਖਾਂ ਵਿੱਚ ਵੱਸਦਾ ਹੈ ਅਤੇ ਉਸ ਉਮੀਦ ਨਾਲ ਜੋ ਯੁਵਕ ਦੇ ਸੀਨੇ ਵਿੱਚ ਅਜੇ ਵੀ ਜਿਊਂਦੀ ਹੈ। ਇਹ ਸੱਚ ਹੈ ਕਿ ਪੰਜਾਬ ਦੀ ਰਾਜਨੀਤੀ ਦੀ ਹਮੇਸ਼ਾ ਤੋਂ ਇੱਕ ਵਿਲੱਖਣ ਪਛਾਣ ਰਹੀ ਹੈ। ਇੱਥੇ ਧਰਮ ਅਤੇ ਰਾਜਨੀਤੀ ਇੱਕ ਦੂਜੇ ਵਿੱਚ ਇਸ ਤਰ੍ਹਾਂ ਗੁੰਥੇ ਹੋਏ ਹਨ ਜਿਵੇਂ ਰੁੱਖ ਅਤੇ ਉਸ ਦੀਆਂ ਜੜ੍ਹਾਂ। ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ ਇਸ ਧਰਤੀ ਨੇ ਬਰਾਬਰੀ ਅਤੇ ਇਨਸਾਫ਼ ਦਾ ਸੰਦੇਸ਼ ਦਿੱਤਾ ਪਰ ਆਧੁਨਿਕ ਸਮੇਂ ਵਿੱਚ ਡੇਰਿਆਂ ਨੇ ਇੱਕ ਨਵੀਂ ਜਗ੍ਹਾ ਬਣਾਈ ਹੈ।

ਅੱਜ ਇੱਕ 2006-2007 ਵਿਸ਼ਲੇਸ਼ਣ ਅਨੁਸਾਰ ਪੰਜਾਬ ਦੇ ਲਗਭਗ 12,000 ਪਿੰਡਾਂ ਵਿੱਚ 9,000 ਤੋਂ ਵੱਧ ਡੇਰੇ ਹਨ — ਸਿੱਖ ਅਤੇ ਗੈਰ-ਸਿੱਖ ਦੋਵੇਂ। ਇਹ ਅੰਕੜਾ ਅੱਜ ਹੋਰ ਵਧ ਚੁੱਕਾ ਹੈ। ਇਨ੍ਹਾਂ ਵਿੱਚੋਂ ਤਿੰਨ ਸੌ ਤੋਂ ਵੱਧ ਵੱਡੇ ਡੇਰੇ ਹਨ ਜੋ ਰਾਜਨੀਤਿਕ ਅਤੇ ਸਮਾਜਿਕ ਤਾਕਤ ਰੱਖਦੇ ਹਨ। ਇਹ ਡੇਰੇ ਖਾਸ ਕਰਕੇ ਦਲਿਤ ਅਤੇ ਪੱਛੜੀਆਂ ਜਾਤੀਆਂ ਲਈ ਆਸ ਬਣ ਕੇ ਉਭਰੇ, ਜਿਨ੍ਹਾਂ ਨੂੰ ਮੁੱਖਧਾਰਾ ਧਰਮ ਅਤੇ ਰਾਜਨੀਤੀ ਨੇ ਨਜ਼ਰਅੰਦਾਜ਼ ਕੀਤਾ ਸੀ। ਅੱਜ ਪੰਜਾਬ ਵਿੱਚ ਦਲਿਤ/ਅਨੁਸੂਚਿਤ ਜਾਤੀ ਆਬਾਦੀ ਲਗਭਗ 32 ਤੋਂ 49% ਤੱਕ ਹੈ, ਜੋ ਭਾਰਤ ਵਿੱਚ ਸਭ ਤੋਂ ਵੱਧ ਹੈ। ਇਹ ਭਾਈਚਾਰਾ ਫੈਸਲਾਕੁੰਨ ਵੋਟ ਬੈਂਕ ਹੈ, ਖਾਸ ਕਰਕੇ ਦੋਆਬੇ ਵਿੱਚ ਜਿੱਥੇ ਇਸਦੀ ਤਾਕਤ 40 ਫੀਸਦੀ ਤੱਕ ਪਹੁੰਚਦੀ ਹੈ। ਡੇਰਾ ਸਚਖੰਡ ਬੱਲਾਂ (ਜਲੰਧਰ ਨੇੜੇ) ਰਵਿਦਾਸੀਆ ਭਾਈਚਾਰੇ ਲਈ ‘ਦਲਿਤਾਂ ਦਾ ਮੱਕਾ’ ਵਜੋਂ ਜਾਣਿਆ ਜਾਂਦਾ ਹੈ। ਇਸ ਵਰਗਿਆਂ ਰਵਿਦਾਸੀਆ ਡੇਰਿਆਂ ਨੇ ਗੁਰੂ ਰਵਿਦਾਸ ਜੀ ਦੀ ਬਾਣੀ ’ਤੇ ਆਧਾਰਿਤ ਆਪਣੀ ਪਛਾਣ ਉਸਾਰੀ ਹੈ, ਜਿਸ ਨੇ ਦਲਿਤ ਭਾਈਚਾਰੇ ਵਿੱਚ ਆਤਮ-ਸਨਮਾਨ ਅਤੇ ਬਰਾਬਰੀ ਦੀ ਭਾਵਨਾ ਜਗਾਈ। ਪਰ ਇਹ ਆਪਣਾਪਣ ਵੀ ਰਾਜਨੀਤੀ ਵੱਲੋਂ ਵੋਟ ਬੈਂਕ ਵਿੱਚ ਬਦਲਿਆ ਜਾ ਰਿਹਾ ਹੈ।

ਅੱਜ ਰਾਧਾ ਸੁਆਮੀ ਸਤਸੰਗ ਬਿਆਸ (ਡੇਰਾ ਬਿਆਸ) ਪੰਜਾਬ ਦਾ ਸਭ ਤੋਂ ਵੱਡਾ ਅਤੇ ਸੰਸਥਾਗਤ ਤੌਰ ’ਤੇ ਮਜ਼ਬੂਤ ਡੇਰਾ ਹੈ। ਇਸਦਾ ਪ੍ਰਭਾਵ ਮੁੱਖ ਤੌਰ ’ਤੇ ਦੋਆਬਾ ਅਤੇ ਮਾਝਾ ਖਿੱਤਿਆਂ ਵਿੱਚ ਹੈ, ਜਿੱਥੇ ਇਸ ਨੇ 19 ਵਿਧਾਨ ਸਭਾ ਹਲਕਿਆਂ ਵਿੱਚ ਪ੍ਰਭਾਵ ਰੱਖਿਆ ਹੈ। ਇਸਦੇ ਲੱਖਾਂ ਭਗਤ ਹਨ ਜੋ ਸੰਤ ਮਤ ਪਰੰਪਰਾ ’ਤੇ ਚੱਲਦੇ ਹਨ ਅਤੇ ਇਹ ਸਿੱਖ-ਹਿੰਦੂ ਤੱਤਾਂ ਦਾ ਸਮਨਵਿਆਤਮਕ ਰੂਪ ਹੈ। ਡੇਰਾ ਸੱਚਾ ਸੌਦਾ (ਸਿਰਸਾ, ਹਰਿਆਣਾ) ਮਾਲਵਾ ਖਿੱਤੇ ਵਿੱਚ ਬਹੁਤ ਮਜ਼ਬੂਤ ਹੈ ਅਤੇ ਇਸ ਨੇ 27 ਤੋਂ ਵੱਧ ਹਲਕਿਆਂ ਵਿੱਚ ਪ੍ਰਭਾਵ ਦਿਖਾਇਆ ਹੈ। ਇਸਦੇ ਲੱਖਾਂ ਭਗਤ ਪੰਜਾਬ-ਹਰਿਆਣਾ ਵਿੱਚ ਫੈਲੇ ਹਨ। ਇਸ ਤੋਂ ਇਲਾਵਾ ਡੇਰਾ ਨੂਰਮਹਿਲ (ਦਿਵਿਆ ਜੋਤੀ ਜਾਗਰਣੀ ਸੰਸਥਾਨ), ਸੰਤ ਨਿਰੰਕਾਰੀ ਮਿਸ਼ਨ, ਨਾਮਧਾਰੀ ਅਤੇ ਹੋਰ ਡੇਰੇ ਵੀ ਖਾਸ ਖਿੱਤਿਆਂ ਵਿੱਚ ਅਸਰ ਰੱਖਦੇ ਹਨ।

ਅੱਜ ਇਹ ਡੇਰੇ ਇੱਕਠੇ ਲਗਭਗ 56 ਤੋਂ 70 ਵਿਧਾਨ ਸਭਾ ਹਲਕਿਆਂ ਵਿੱਚ ਫੈਸਲਾਕੁੰਨ ਭੂਮਿਕਾ ਨਿਭਾ ਸਕਦੇ ਹਨ। ਦਿਹਾਤੀ ਖੇਤਰਾਂ ਵਿੱਚ ਈਸਾਈ ਮਿਸ਼ਨਰੀਆਂ ਦਾ ਪ੍ਰਭਾਵ ਵੀ ਤੇਜ਼ੀ ਨਾਲ ਵੱਧ ਰਿਹਾ ਹੈ, ਖਾਸ ਕਰਕੇ ਦਲਿਤ ਭਾਈਚਾਰਿਆਂ ਵਿੱਚ । 2011 ਦੀ ਜਨਗਣਨਾ ਅਨੁਸਾਰ ਈਸਾਈ ਆਬਾਦੀ ਲਗਭਗ 1.26 ਫੀਸਦੀ ਸੀ, ਪਰ ਹਾਲੀਆ ਅਨੁਮਾਨਾਂ ਅਨੁਸਾਰ ਇਹ ਵੱਧ ਕੇ ਕਈ ਗੁਣਾ ਹੋ ਗਈ ਹੈ। ਤਰਨ ਤਾਰਨ ਵਿੱਚ ਈਸਾਈ ਆਬਾਦੀ ਵਿੱਚ 102 ਫੀਸਦੀ ਵਾਧਾ ਦਰਜ ਕੀਤਾ ਗਿਆ ਹੈ, ਜਲੰਧਰ ਵਿੱਚ 260 ਫੀਸਦੀ ਤੱਕ । ਆਖਰੀ ਦੋ-ਤਿੰਨ ਸਾਲਾਂ ਵਿੱਚ 3.5 ਲੱਖ ਤੋਂ ਵੱਧ ਲੋਕਾਂ ਦੇ ਈਸਾਈ ਧਰਮ ਵੱਲ ਤਬਦੀਲ ਹੋਣ ਦੀਆਂ ਖਬਰਾਂ ਹਨ। ਇਹ ਤਬਦੀਲੀਆਂ ਮੁੱਖ ਤੌਰ ’ਤੇ ਗਰੀਬੀ, ਬੀਮਾਰੀਆਂ ਲਈ ‘ਚੰਗਾਈ’ ਵਾਅਦਿਆਂ ਅਤੇ ਵਿਦੇਸ਼ੀ ਫੰਡਿੰਗ ਵਾਲੀਆਂ ਮਿਸ਼ਨਰੀਆਂ ਰਾਹੀਂ ਹੋ ਰਹੀਆਂ ਹਨ।

ਅੱਜ ਦੋਆਬਾ ਅਤੇ ਮਾਝਾ ਖਿੱਤਿਆਂ ਵਿੱਚ ਇਸਦਾ ਅਸਰ ਵੱਧ ਹੈ, ਜਿੱਥੇ ਡੇਰਿਆਂ ਅਤੇ ਚਰਚਾਂ ਦੋਵਾਂ ਵਿਚਾਲੇ ਲੋਕ ਭਟਕ ਰਹੇ ਹਨ । ਇਹ ਡੇਰੇ ਅਤੇ ਧਰਮੀ ਲਹਿਰਾਂ ਲੋਕਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ ’ਤੇ ਸਹਾਇਤਾ ਦਿੰਦੀਆਂ ਹਨ — ਹਸਪਤਾਲ, ਸਕੂਲ ਅਤੇ ਭਾਈਚਾਰਕ ਭੋਜਨ ਵਰਗੀਆਂ ਸੇਵਾਵਾਂ ਰਾਹੀਂ। ਪਰ ਇਸ ਨਾਲ ਇੱਕ ਵੱਡੀ ਤਰੁੱਟੀ ਵੀ ਆ ਰਹੀ ਹੈ।

ਅੱਜ ਇਹਨਾਂ ਲੋਕਾਂ ਨੂੰ ਗੁਰੂ ਗ੍ਰੰਥ ਸਾਹਿਬ ਅਤੇ ਸਿੱਖੀ ਦੀ ਸਾਂਝੀਵਾਲਤਾ ਤੋਂ ਦੂਰ ਲੈ ਕੇ ਜਾ ਰਹੇ ਹਨ। ਗੁਰੂ ਨਾਨਕ ਜੀ ਦਾ ਸੰਦੇਸ਼ ਏਕ ਨੂਰ ਤੇ ਸਭ ਜਗੁ ਉਪਜਿਆ ਅਤੇ ਬਰਾਬਰੀ ’ਤੇ ਆਧਾਰਿਤ ਸੀ, ਪਰ ਡੇਰਿਆਂ ਨੇ ਜਾਤੀ ਅਤੇ ਵਿਸ਼ੇਸ਼ ਭਗਤੀ ਵਾਲੀ ਰਾਜਨੀਤੀ ਨੂੰ ਉਤਸ਼ਾਹਿਤ ਕੀਤਾ। ਰਵਿਦਾਸੀਆ ਲਹਿਰ ਨੇ ਇੱਕ ਵੱਖਰੀ ਪਛਾਣ ਉਸਾਰੀ ਹੈ, ਰਾਧਾ ਸੁਆਮੀ ਅਤੇ ਹੋਰ ਡੇਰੇ ਆਪਣੇ ਗੁਰੂਆਂ ’ਤੇ ਕੇਂਦਰਿਤ ਹਨ ਅਤੇ ਈਸਾਈ ਮਿਸ਼ਨਰੀਆਂ ਧਰਮ-ਤਬਦੀਲੀ ਰਾਹੀਂ ਨਵੀਂ ਵੰਡ ਪਾ ਰਹੀਆਂ ਹਨ। ਅੱਜ ਇਸ ਨਾਲ ਪੰਜਾਬੀਅਤ ਅਤੇ ਸਿੱਖੀ ਦੀ ਸਾਂਝੀਵਾਲਤਾ ਖਤਰੇ ਵਿੱਚ ਪੈ ਰਹੀ ਹੈ। ਇੱਕ ਧਰਤੀ ਜੋ ਇੱਕ ਵਾਰੀ ਵਸੈ ਸਾਜਨਾ ਸਭੁ ਜਗਤੁ ਦਾ ਗੀਤ ਗਾਉਂਦੀ ਸੀ, ਅੱਜ ਜਾਤ, ਡੇਰਾ ਅਤੇ ਧਰਮੀ ਵੰਡ ਵਿੱਚ ਬਟਵਾਰਾ ਝੱਲ ਰਹੀ ਹੈ। ਅੱਜ ਵੀ ਇਹੀ ਚੱਲ ਰਿਹਾ ਹੈ। 2022 ਵਿੱਚ ਆਮ ਆਦਮੀ ਪਾਰਟੀ ਨੇ ਆਸ ਜਗਾਈ ਸੀ, ਪਰ ਚਾਰ ਸਾਲ ਬਾਅਦ ਵੀ ਨਸ਼ਿਆਂ, ਬੇਰੁਜ਼ਗਾਰੀ ਅਤੇ ਖੇਤੀ ਸੰਕਟ ਜਿਉਂ ਦੇ ਤਿਉਂ ਹਨ । ਇਸ ਵਿਚਕਾਰ ਡੇਰੇ ਵੋਟ ਬੈਂਕ ਵਜੋਂ ਵਰਤੇ ਜਾ ਰਹੇ ਹਨ। ਭਾਜਪਾ ਵਰਗੀਆਂ ਪਾਰਟੀਆਂ ਡੇਰਾ ਬੱਲਾਂ ਵਰਗੀਆਂ ਥਾਵਾਂ ’ਤੇ ਪਹੁੰਚ ਰਹੀਆਂ ਹਨ ਤਾਂ ਜੋ ਦਲਿਤ ਵੋਟ ਲਈ ਜਾ ਸਕੇ। ਹੁਣ ਛੇ ਮਹੀਨਿਆਂ ਬਾਅਦ ਫਰਵਰੀ 2027 ਵਿੱਚ ਤਸਵੀਰ ਕਿਹੜੀ ਉਭਰ ਸਕਦੀ ਹੈ ? ਆਪ ਨੂੰ ਆਪਣੀਆਂ ਕਮੀਆਂ ਸੁਧਾਰਨੀਆਂ ਪੈਣਗੀਆਂ। ਕਾਂਗਰਸ ਅਤੇ ਅਕਾਲੀਆਂ ਨੂੰ ਅੰਦਰੂਨੀ ਏਕਤਾ ਬਣਾਉਣੀ ਪਵੇਗੀ। ਭਾਜਪਾ ਡੇਰਿਆਂ ਰਾਹੀਂ ਵੱਧ ਰਹੀ ਹੈ। ਪਰ ਅਸਲ ਤਬਦੀਲੀ ਲੋਕਾਂ ਤੋਂ ਆਉਣੀ ਹੈ। ਪੰਜਾਬ ਰੋ ਰਿਹਾ ਹੈ , ਆਪਣੀਆਂ ਆਸਾਂ ਲਈ, ਆਪਣੇ ਯੁਵਕਾਂ ਲਈ । ਇੱਕ ਕਿਸਾਨ ਆਪਣੇ ਖੇਤ ਵਿੱਚ ਖੜ੍ਹਾ ਆਪਣੇ ਬੱਚਿਆਂ ਲਈ ਰੋ ਰਿਹਾ ਹੈ ਜੋ ਨਸ਼ਿਆਂ ਵਿੱਚ ਫਸ ਗਏ ਹਨ। ਇੱਕ ਮਾਂ ਆਪਣੀ ਬੇਟੀ ਲਈ ਚਿੰਤਤ ਹੈ। ਇਸ ਵਿਚਕਾਰ ਡੇਰਿਆਂ ਅਤੇ ਰਾਜਨੀਤੀ ਵਾਲੇ ਭਾਵਨਾਵਾਂ ਨਾਲ ਖੇਡ ਰਹੇ ਹਨ। ਫਿਰ ਵੀ ਆਸ ਹੈ। ਇਸ ਧਰਤੀ ਨੇ ਬਹੁਤ ਤੂਫ਼ਾਨ ਝੱਲੇ ਹਨ। ਜੇਕਰ ਲੋਕ ਡੇਰਿਆਂ ਅਤੇ ਜਾਤੀ ਰਾਜਨੀਤੀ ਤੋਂ ਉਪਰ ਉਠ ਕੇ ਅਸਲ ਮੁੱਦਿਆਂ—ਰੁਜ਼ਗਾਰ, ਸਿਹਤ, ਸਿੱਖਿਆ, ਖੇਤੀ ਅਤੇ ਨਸ਼ਾ ਮੁਕਤੀ ’ਤੇ ਵੋਟ ਪਾਉਣ ਤਾਂ ਇੱਕ ਨਵਾਂ ਪੰਜਾਬ ਉਭਰ ਸਕਦਾ ਹੈ।

ਅੱਜ ਜ਼ਰੂਰਤ ਹੈ ਕਿ ਅਸੀਂ ਸਮੂਹ ਲੋਕ ਗੁਰੂ ਗ੍ਰੰਥ ਸਾਹਿਬ ਵੱਲ ਮੁੜੀਏ, ਸਾਂਝੀਵਾਲਤਾ ਨੂੰ ਅਪਣਾਈਏ ਅਤੇ ਡੇਰਿਆਂ ਨੂੰ ਧਰਮੀ ਥਾਂ ਵਜੋਂ ਰੱਖੀਏ, ਰਾਜਨੀਤੀ ਵਾਲਾ ਟੂਲ ਨਾ ਬਣਨ ਦੇਈਏ। ਪੰਜਾਬੀਆਂ ਲਈ ਅੱਜ ਇਹ ਇੱਕ ਵੰਗਾਰ ਹੈ। ਤੁਸੀਂ ਇਸ ਧਰਤੀ ਦੇ ਵਾਰਸ ਹੋ। ਡੇਰਿਆਂ, ਧਰਮ ਅਤੇ ਜਾਤ ਤੋਂ ਉਪਰ ਉਠ ਕੇ ਉਸ ਲੀਡਰ ਅਤੇ ਪਾਰਟੀ ਨੂੰ ਚੁਣੋ ਜੋ ਅਸਲ ਵਿੱਚ ਤੁਹਾਡੀਆਂ ਸਮੱਸਿਆਵਾਂ ਹੱਲ ਕਰ ਸਕੇ। ਝੂਠ ਤੋਂ ਬਾਹਰ ਆਓ। ਇੱਕ ਨਵੀਂ ਰਾਜਨੀਤੀ ਉਸਾਰੋ ਜੋ ਲੋਕ-ਕੇਂਦਰੀ ਹੋਵੇ।

ਅੱਜ ਇਹ ਭਵਿੱਖ ਸਾਡੇ ਹੱਥ ਵਿੱਚ ਹੈ। ਚੋਣਾਂ ਵਿੱਚ ਭਾਵਨਾਵਾਂ ਨਾ ਵੇਚੋ, ਭਵਿੱਖ ਖਰੀਦੋ। ਪੰਜਾਬ ਜੀਵੇ, ਪੰਜਾਬੀਅਤ ਜੀਵੇ, ਗੁਰੂ ਗ੍ਰੰਥ ਸਾਹਿਬ ਦੀ ਰੌਸ਼ਨੀ ਵਿੱਚ ਇੱਕ ਏਕਤਾ ਵਾਲਾ ਪੰਜਾਬ ਉਭਰੇ। ਇਹ ਸੁਪਨਾ ਅਸੀਂ ਮਿਲ ਕੇ ਹੀ ਪੂਰਾ ਕਰ ਸਕਦੇ ਹਾਂ।

# ‘ਆਪ’ ਨੇ ਬੰਨ ਲਿਆ ਫ਼ਾਈਨਲ ਲਈ ਪਿੜ !

ਕਮਲਜੀਤ ਸਿੰਘ ਬਨਵੈਤ
98147 34035



ਪੰਜਾਬ ਵਿੱਚ ਹੋਈਆਂ ਸਥਾਨਕ ਸਰਕਾਰ ਦੀਆਂ ਚੋਣਾਂ ਵਿੱਚ ਵੋਟਰ ਅਕਾਲੀਆਂ ਅਤੇ ਭਾਜਪਾਈਆਂ ਤੋਂ ਪਾਸਾ ਵੱਟ ਕੇ ਲੰਘ ਗਏ ਹਨ। ਅਗਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਥਾਨਕ ਚੋਣਾਂ ਨੂੰ ਫਤਿਹ ਕਰਕੇ ਆਮ ਆਦਮੀ ਪਾਰਟੀ ਨੇ ਸ਼ਹਿਰੀ ਵੋਟਰ ਦੇ ਸਰਕਾਰ ਉੱਤੇ ਭਰੋਸੇ ਦਾ ਸੁਨੇਹਾ ਦਿੱਤਾ ਹੈ। ਸੌਖੇ ਸ਼ਬਦਾਂ ਵਿੱਚ ਆਮ ਆਦਮੀ ਪਾਰਟੀ ਦੀ ਨਿਗਮ ਅਤੇ ਕੌਂਸਲ ਚੋਣਾਂ ਵਿੱਚ ਵੱਡੀ ਜਿੱਤ ਹੋਈ ਹੈ। ਕਿਸ ਤਰ੍ਹਾਂ ਆਮ ਆਦਮੀ ਪਾਰਟੀ ਨੇ ਸੈਮੀ ਫਾਈਨਲ ਜਿੱਤ ਕੇ ਫਾਈਨਲ ਲਈ ਪਿੜ ਬੰਨ ਲਿਆ ਹੈ। ਵੋਟਰਾਂ ਨੇ ਵਿਰੋਧੀ ਧਿਰਾਂ ਦੇ ਹੱਕ ਵਿੱਚ ਫੈਸਲਾ ਨਹੀਂ ਦਿੱਤਾ ਹੈ। ਆਮ ਆਦਮੀ ਪਾਰਟੀ ਨੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਆਪਣੀ ਪਕੜ ਬਣਾਈ ਰੱਖੀ ਹੈ। ਵੈਸੇ ਵਿਰੋਧੀ ਧਿਰਾਂ ਦੀ ਕਾਰਗੁਜ਼ਾਰੀ ਨੂੰ ਵੀ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ। ਫਾਈਨਲ ਪੁੱਜਣ ਤੱਕ ਲੰਮਾ ਸਫਰ ਤੈਅ ਕਰਨਾ ਪਵੇਗਾ। ਜਿੱਥੇ ਆਮ ਆਦਮੀ ਪਾਰਟੀ ਨੂੰ ਧਰਤੀ ’ਤੇ ਪੈਰ ਟਿਕਾ ਕੇ ਤੁਰਨ ਦੀ ਲੋੜ ਹੈ, ਉੱਥੇ ਵਿਰੋਧੀ ਧਿਰਾਂ ਨੂੰ ਸਵੈ-ਪੜਚੋਲ ਕਰਨੀ ਪਵੇਗੀ।

ਆਮ ਆਦਮੀ ਪਾਰਟੀ 958 ਸੀਟਾਂ ਉੱਤੇ ਜੇਤੂ ਰਹੀ ਹੈ ਅਤੇ 48 ਫ਼ੀਸਦੀ ਤੋਂ ਵੱਧ ਵੋਟਾਂ ਲਈਆਂ ਹਨ। ਕਾਂਗਰਸ 397 ਸੀਟਾਂ ਜਿੱਤ ਕੇ ਦੂਜੇ ਨੰਬਰ ’ਤੇ ਰਹੀ ਹੈ ਜਦੋਂ ਕਿ ਵੋਟ ਪ੍ਰਤੀਸ਼ਤਤਾ 20.8 ਫੀਸਦੀ ਤੋਂ ਉੱਪਰ ਨਹੀਂ ਜਾ ਸਕੀ ਹੈ। ਭਾਰਤੀ ਜਨਤਾ ਪਾਰਟੀ ਨੂੰ 9 ਫੀਸਦੀ ਤੋਂ ਘੱਟ ਵੋਟਾਂ ਮਿਲੀਆਂ ਹਨ। ਭਾਜਪਾ 172 ਸੀਟਾਂ ਉੱਤੇ ਜੇਤੂ ਰਹੀ ਹੈ।। ਸ਼੍ਰੋਮਣੀ ਅਕਾਲੀ ਦਲ 192 ਸੀਟਾਂ ਉੱਤੇ ਜੇਤੂ ਰਿਹਾ ਜਦਕਿ ਵੋਟਾਂ 10 ਫੀਸਦੀ ਵੀ ਨਹੀਂ ਮਿਲ ਸਕੀਆਂ। ਬਸਪਾ ਨੂੰ ਸੱਤ ਸੀਟਾਂ ਨਾਲ ਸਬਰ ਕਰਨਾ ਪਿਆ ਜਦਕਿ ਵੋਟ ਪ੍ਰਤੀਸ਼ਤ 0.35 ਫ਼ੀਸਦੀ ਰਹੀ। ਆਜ਼ਾਦ ਉਮੀਦਵਾਰ ਭਾਜਪਾ, ਅਕਾਲੀ ਦਲ ਤੇ ਬਸਪਾ ਨਾਲੋਂ ਉੱਪਰ ਰਹੇ । ਆਜ਼ਾਦ ਉਮੀਦਵਾਰਾਂ ਨੇ 251 ਸੀਟਾਂ ਜਿੱਤੀਆਂ ਅਤੇ 62.69 ਫ਼ੀਸਦੀ ਵੋਟ ਪ੍ਰਾਪਤ ਕੀਤੀ। ਅੱਠ ਨਗਰ ਨਿਗਮਾਂ ਦੀ ਚੋਣ ਵਿੱਚੋਂ ਪੰਜ ਨਤੀਜੇ ਆਮ ਆਦਮੀ ਪਾਰਟੀ ਦੇ ਹੱਕ ’ਚ ਰਹੇ। ਦੋ ਨੂੰ ਭਾਜਪਾ ਅਤੇ ਇੱਕ ਨੂੰ ਕਾਂਗਰਸ ਹੱਥ ਮਾਰ ਗਈ ਜਦੋਂ ਕਿ ਅਕਾਲੀ ਦਲ ਹੱਥ ਮਲਦਾ ਰਹਿ ਗਿਆ।

ਦਿਲਚਸਪ ਗੱਲ ਇਹ ਕਿ ਫਾਜ਼ਿਲਕਾ ਨਗਰ ਪੰਚਾਇਤ ਆਰਮੀਵਾਲਾ ਦੀ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਵੀਰਪਾਲ ਕੌਰ ਇੱਕ ਵੋਟ ਨਾਲ ਜਿੱਤੀ ਹੈ। ਫਤਿਹਗੜ੍ਹ ਸਾਹਿਬ ਨਗਰ ਪ੍ਰੀਸ਼ਦ ਬੱਸੀ ਪਠਾਣਾ ਵਿੱਚ ਆਮ ਆਦਮੀ ਪਾਰਟੀ ਦੇ ਰਾਜਕੁਮਾਰ ਦੋ ਵੋਟਾਂ ਨਾਲ ਜਿੱਤੇ ਹਨ। ਰੋਪੜ ਨਗਰ ਕੌਂਸਲ ਨੰਗਲ ਵਿੱਚ ਆਮ ਆਦਮੀ ਪਾਰਟੀ ਦਾ ਉਮੀਦਵਾਰ ਮਨਜੋਤ ਸਿੰਘ ਵੀ ਕੇਵਲ ਦੋ ਵੋਟਾਂ ਨਾਲ ਜਿੱਤਿਆ ਹੈ। ਬਠਿੰਡਾ ਨਗਰ ਪਰਿਸ਼ਦ ਨਥਾਣਾ ਦੀ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਕੁਲਦੀਪ ਰਾਏ ਨੇ ਦੋ ਵੋਟਾਂ ਨਾਲ ਜਿੱਤ ਦਰਜ ਕਰਾਈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਧਾਨ ਸਭਾ ਹਲਕੇ ਧੂਰੀ ਵਿੱਚ ਨਗਰ ਕੌਂਸਲ ਦੀਆਂ 21 ਵਿੱਚੋਂ 19 ਸੀਟਾਂ ਉੱਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਜੇਤੂ ਰਹੇ । ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦੇ ਗਿੱਦੜਬਾਹਾ ਨਗਰ ਕੌਂਸਲ ਵਿੱਚ ਆਪ ਨੇ 19 ਵਿੱਚੋਂ 17 ਸੀਟਾਂ ਜਿੱਤ ਕੇ ਕਾਂਗਰਸ ਨੂੰ ਵੱਡਾ ਝਟਕਾ ਦਿੱਤਾ ਹੈ। ਅਕਾਲੀ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਗੜ੍ਹ ਮਜੀਠਾ ਵਿੱਚ ਨਗਰ ਕੌਂਸਲ ਦੀਆਂ 13 ਸੀਟਾਂ ਵਿੱਚੋਂ ਸੱਤ ਉੱਤੇ ਆਮ ਆਦਮੀ ਪਾਰਟੀ ਤੇ ਛੇ ਉੱਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਜੇਤੂ ਰਹੇ ਹਨ। ਇੱਥੇ ਭਾਜਪਾ ਤੇ ਕਾਂਗਰਸ ਦਾ ਖ਼ਾਤਾ ਵੀ ਨਹੀਂ ਖੁੱਲ੍ਹ ਸਕਿਆ ।

ਆਮ ਕਰਕੇ ਇਹ ਕਿਹਾ ਜਾਂਦਾ ਹੈ ਕਿ ਸਥਾਨਕ ਸਰਕਾਰ ਦੀਆਂ ਚੋਣਾਂ ਦੇ ਨਤੀਜੇ ਸੱਤਾਧਾਰੀ ਪਾਰਟੀ ਦੇ ਹੱਕ ’ਚ ਭੁਗਤਦੇ ਹਨ। ਪਿਛਲੀਆਂ ਸਥਾਨਕ ਸਰਕਾਰ ਦੀਆਂ ਚੋਣਾਂ ਸਾਲ 2021 ਵਿੱਚ ਹੋਈਆਂ ਸਨ, ਉਸ ਸਮੇਂ ਸੂਬੇ ਵਿੱਚ ਕਾਂਗਰਸ ਦੀ ਹਕੂਮਤ ਸੀ ਅਤੇ ਨਤੀਜੇ ਸੱਤਾਧਾਰੀ ਦੇ ਹੱਕ ਵਿੱਚ ਰਹੇ ਸਨ। ਇਸ ਵਾਰ ਹੋਈਆਂ ਚੋਣਾਂ ਦੌਰਾਨ ਵੋਟਰਾਂ ਵਿੱਚ ਵੱਖਰੀ ਤਰ੍ਹਾਂ ਦਾ ਉਤਸ਼ਾਹ ਸੀ। ਸ਼ਾਇਦ ਇਸ ਕਰਕੇ ਕਿ ਅਗਲੇ ਸਾਲ ਦੇ ਸ਼ੁਰੂ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਬਿਨਾਂ ਸ਼ੱਕ ਇਹ ਨਤੀਜੇ ਲੋਕਾਂ ਦੀ ਨਬਜ਼ ਟਟੋਲਣ ਵਿੱਚ ਸਹਾਈ ਹੋਏ ਹਨ। ਚਾਹੇ ਇਹਨਾਂ ਚੋਣਾਂ ਦੌਰਾਨ ਵਿਰੋਧੀ ਪਾਰਟੀਆਂ ਵੱਲੋਂ ਸਰਕਾਰੀ ਤੰਤਰ ਦੀ ਦੁਰਵਰਤੋਂ ਕਰਨ ਦੇ ਇਲਜ਼ਾਮ ਜ਼ਰੂਰ ਲਗਾਏ ਜਾਂਦੇ ਰਹੇ ਹਨ। ਪਰ ਰਾਜ ਚੋਣ ਕਮਿਸ਼ਨ ਨੇ ਵਾਰ-ਵਾਰ ਇਸ ਗੱਲ ਨੂੰ ਦੁਹਰਾਇਆ ਸੀ ਕਿ ਇਸ ਚੋਣਾਂ ਸੁਤੰਤਰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਸਿਰੇ ਚੜ੍ਹਾਈਆਂ ਜਾਣਗੀਆਂ। ਚੋਣਾਂ ਦੀ ਪ੍ਰਤੀਸ਼ਤਤਾ 64 ਫ਼ੀਸਦੀ ਦੇ ਲਗਭਗ ਰਹੀ । ਕੁੱਲ 1977 ਵਾਰਡਾਂ ਵਿੱਚੋਂ 80 ਵਿੱਚ ਸਰਬ ਸੰਮਤੀ ਹੋ ਗਈ ਸੀ। ਚੋਣਾਂ ਦੇ ਨਤੀਜੇ ਦਰਸਾਉਂਦੇ ਹਨ ਕਿ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦਿੱਤਾ ਹੈ ਪਰ ਕਾਂਗਰਸ, ਭਾਜਪਾ ਤੇ ਅਕਾਲੀ ਦਲ ਸਮੇਤ ਦੂਜੀਆਂ ਪਾਰਟੀਆਂ ਵਿਧਾਨ ਸਭਾ ਚੋਣਾਂ ਲਈ ਪੂਰੀ ਤਰ੍ਹਾਂ ਤਿਆਰੀ ਖਿੱਚ ਰਹੀਆਂ ਹਨ। ਭਾਰਤੀ ਜਨਤਾ ਪਾਰਟੀ ਨੇ ਸਿੱਖ ਚਿਹਰੇ ਕੇਵਲ ਸਿੰਘ ਢਿੱਲੋਂ ਨੂੰ ਉਭਾਰਿਆ ਹੈ। ਕਾਂਗਰਸ ਦੀ ਕੱਲ ਹੋਈ ਮੀਟਿੰਗ ਵਿੱਚ ਵੀ 2027 ਦੀਆਂ ਵਿਧਾਨ ਸਭਾ ਚੋਣਾਂ ਉੱਤੇ ਚਰਚਾ ਹੋਈ। ਸੂਤਰ ਦੱਸਦੇ ਹਨ ਕਿ ਹਾਈ ਕਮਾਂਡ ਨੇ ਪੰਜਾਬ ਪ੍ਰਧਾਨ ਨੂੰ ਬਦਲਣ ਤੋਂ ਦੋ ਟੁੱਕ ਨਾਂਹ ਕਰ ਦਿੱਤੀ ਹੈ। ਸ਼੍ਰੋਮਣੀ ਅਕਾਲੀ ਦਲ ਇੱਕ ਤਰ੍ਹਾਂ ਨਾਲ ਪਰਦੇ ਪਿੱਛੇ ਹੋ ਕੇ ਚੱਲ ਰਿਹਾ ਹੈ। ਵਾਰਿਸ ਪੰਜਾਬ ਦੇ ਮੁੜ ਹੱਥ ਉੱਤੇ ਸਰੋਂ ਜਮਾਉਣ ਦੀ ਤਾਕ ਵਿੱਚ ਹਨ। ਅਕਾਲੀ ਦਲ ਪੁਨਰ ਸੁਰਜੀਤ ਹਾਲੇ ਅੱਕੀਂ ਪਲਾਹੀ ਹੱਥ ਮਾਰ ਰਿਹਾ ਹੈ। ਅਗਲੇ ਦਿਨ ਹੀ ਹੋਰ ਕੋਈ ਸਿਆਸੀ ਪਾਰਟੀਆਂ ਦੀਆਂ ਵੀ ਖੁੰਬਾਂ ਦੀ ਤਰ੍ਹਾਂ ਉੱਗਣ ਦੀਆਂ ਖ਼ਬਰਾਂ ਮਿਲਣ ਲੱਗੀਆਂ ਹਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਆਪ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ ਕਿ ਚੋਣਾਂ ਦੇ ਨਤੀਜੇ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹੋਣ ’ਤੇ ਮੋਹਰ ਲਾਉਂਦੇ ਹਨ। ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਰਾਜਾ ਅਮਰਿੰਦਰ ਸਿੰਘ ਵੜਿੰਗ ਦਾ ਦਾਅਵਾ ਹੈ ਕਿ ਨਤੀਜੇ ਜ਼ਮੀਨੀ ਹਕੀਕਤ ਤੋਂ ਕੋਹਾਂ ਦੂਰ ਹਨ। ਉਨ੍ਹਾਂ ਨੇ ਆਮ ਆਦਮੀ ਪਾਰਟੀ ਉੱਤੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦੇ ਦੋਸ਼ ਲਾਏ ਹਨ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਨਿਗਮ ਚੋਣਾਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਲਈ ਪਾਰਟੀ ਉਮੀਦਵਾਰਾਂ ਅਤੇ ਵੱਡੀ ਗਿਣਤੀ ਜੇਤੂ ਰਹੇ ਆਜ਼ਾਦ ਉਮੀਦਵਾਰਾਂ ਨੂੰ ਵਧਾਈ ਦਿੱਤੀ ਹੈ। ਜਿਨ੍ਹਾਂ ਨੂੰ ਪਾਰਟੀ ਨੇ ਸਮਰਥਨ ਦਿੱਤਾ ਸੀ। ਉਹ ਮੁੜ ਦੋਸ਼ ਲਾਉਂਦੇ ਹਨ ਕਿ ਆਪ ਵੱਲੋਂ ਵੱਡੇ ਪੱਧਰ ਉੱਤੇ ਉਮੀਦਵਾਰਾਂ ਦੇ ਨਾਮਜ਼ਦਗੀ ਕਾਗਜ਼ ਰੱਦ ਕਰਨ ਅਤੇ ਸ਼ਰੇਆਮ ਗੁੰਡਾਗਰਦੀ ਕਰਨ ਕਰਕੇ ਨਤੀਜੇ ਸੱਤਾਧਾਰੀਆਂ ਦੇ ਹੱਕ ਵਿੱਚ ਰਹੇ ਹਨ। ਕੁਦਰਤੀ ਹੈ ਕਿ ਆਮ ਆਦਮੀ ਪਾਰਟੀ ਨੂੰ ਇਹਨਾਂ ਨਤੀਜਿਆਂ ਨੇ ਵੱਡਾ ਹੁਲਾਰਾ ਦਿੱਤਾ ਹੈ। ਪਰ ਆਮ ਆਦਮੀ ਪਾਰਟੀ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਸਰਕਾਰ ਦੀ ਲੋਕਾਂ ਪ੍ਰਤੀ ਜ਼ਿੰਮੇਵਾਰੀ ਅਤੇ ਜਵਾਬਦੇਹੀ ਵਧੀ ਹੈ। ਸਰਕਾਰ ਸਮੇਤ ਦੂਜੀਆਂ ਸਿਆਸੀ ਪਾਰਟੀਆਂ ਨੂੰ ਆਪਣੀ ਕਾਰਗੁਜ਼ਾਰੀ ਬਿਹਤਰ ਬਣਾਉਣ ਦਾ ਮੌਕਾ ਮਿਲ ਗਿਆ ਹੈ। ਜੇ ਸਰਕਾਰ ਦੀ ਕਈ ਪੱਖਾਂ ਨੂੰ ਲੈ ਕੇ ਆਲੋਚਨਾ ਕੀਤੀ ਜਾ ਸਕਦੀ ਹੈ ਤਾਂ ਇਸ ਗੱਲ ਤੋਂ ਵੀ ਮੁਨਕਰ ਨਹੀਂ ਹੋਇਆ ਜਾ ਸਕਦਾ ਕਿ ਵਿਰੋਧੀ ਧਿਰਾਂ ਨੇ ਵੀ ਹਾਲੇ ਤੱਕ ਮਜ਼ਬੂਤ ਭੂਮਿਕਾ ਨਹੀਂ ਨਿਭਾਈ ਹੈ। ਲੋਕਾਂ ਦਾ ਵਿਸ਼ਵਾਸ ਹੀ ਫਾਈਨਲ ਵਿੱਚ ਨਤੀਜਾ ਬਦਲ ਸਕੇਗਾ। ਪੰਜਾਬ ਵਿਕਾਸ ਦੇ ਚੌਰਾਹੇ ’ਤੇ ਖੜ੍ਹਾ ਹੈ। ਪੰਜਾਬੀ ਲੀਡਰਾਂ ਦੇ ਬੁੱਲਾਂ ’ਚੋਂ ਕਿਰਨ ਵਾਲੇ ਸ਼ਬਦਾਂ ਰਾਹੀਂ ਪੰਜਾਬ ਦੀ ਗੱਲ ਕਰਨ ਦੀ ਉਮੀਦ ਲਾਈ ਬੈਠੇ ਹਨ। ਪੰਜਾਬ ਇੱਕ ਨਹੀਂ ਅਨੇਕ ਤਰ੍ਹਾਂ ਦੀਆਂ ਦਿੱਕਤਾਂ ਵਿੱਚੋਂ ਦੀ ਲੰਘ ਰਿਹਾ ਹੈ। ਸਰਕਾਰ ਨੂੰ ਲੰਮੇ ਚੌੜੇ ਵਾਅਦੇ ਤੇ ਦਾਅਵੇ ਕਰਨ ਤੋਂ ਕੋਈ ਰੋਕ ਨਹੀਂ ਸਕਦਾ ਪਰ ਸੱਚ ਤਾਂ ਇਹ ਹੈ ਕਿ ਸਰਕਾਰ ਨੂੰ ਮੁੜ ਤੋਂ ਗੰਭੀਰ ਮੰਥਨ ਕਰਕੇ ਹੀ ਫਾਈਨਲ ਵਿੱਚ ਉਤਰਨਾ ਪਵੇਗਾ। ਸੂਬੇ ਦੀ ਸਿਆਸਤ ਪਲ ਪਲ ਬਦਲ ਰਹੀ ਹੈ। ਰਾਤ ਨੂੰ ਨੀਲੀ ਪੱਗ ਬੰਨ ਕੇ ਸੌਣ ਵਾਲੇ ਸਵੇਰੇ ਉੱਠਣ ਵੇਲੇ ਖੱਟੀ ਪੱਗ ਸਜਾਈ ਬੈਠੇ ਹੁੰਦੇ ਹਨ। ਰਾਤ ਨੂੰ ਕਾਂਗਰਸ ਦੇ ਸੋਹਲੇ ਗਾਉਣ ਵਾਲੇ ਸਵੇਰੇ ਭਾਜਪਾ ਜਾਂ ਆਪ ਦਾ ਗੁਣਗਾਨ ਕਰਦੇ ਦਿਸਦੇ ਹਨ। ਸੱਚ ਤਾਂ ਇਹ ਹੈ ਕਿ ਸਿਆਸੀ ਲੀਡਰਾਂ ਨੇ ਸਿਧਾਂਤ ਅਤੇ ਨੈਤਿਕਤਾ ਨੂੰ ਤਿਲਾਂਜਲੀ ਦੇ ਰੱਖੀ ਹੈ, ਜਿਸ ਨੂੰ ਕਿਸੇ ਵੀ ਮੁਲਕ ਦਾ ਸੂਬੇ ਲਈ ਚੰਗਾ ਸੰਕੇਤ ਨਹੀਂ ਮੰਨਿਆ ਜਾਣਾ ਬਣਦਾ ਹੈ।

## ਡੋਨਾਲਡ ਟਰੰਪ, ਵਾਲ ਸਟਰੀਟ ਜਰਨਲ ਅਤੇ ਈ. ਜੀਨ ਕੈਰਲ ਵਿਵਾਦ

# ਅਮਰੀਕੀ ਰਾਜਨੀਤੀ, ਮੀਡੀਆ ਅਤੇ ਨਿਆਂ ਪ੍ਰਣਾਲੀ ਦਾ ਇਤਿਹਾਸਕ ਟਕਰਾਅ



ਵਿੰਕਲਜੀਤ ਸਿੰਘ ਸਰਾ
9501477889

**ਅਮਰੀਕੀ ਸਿਆਸਤ ਵਿੱਚ ਵਿਵਾਦਾਂ ਦਾ ਨਵਾਂ ਅਧਿਆਇ** : ਅਮਰੀਕੀ ਰਾਜਨੀਤੀ ਦੇ ਆਧੁਨਿਕ ਇਤਿਹਾਸ ਵਿੱਚ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਨਾਮ ਇੱਕ ਅਜਿਹੀ ਸ਼ਖਸੀਅਤ ਵਜੋਂ ਦਰਜ ਹੈ ਜੋ ਹਮੇਸ਼ਾ ਹੀ ਵੱਖ-ਵੱਖ ਵਿਵਾਦਾਂ, ਦੂਰਗਾਮੀ ਕਾਨੂੰਨੀ ਲੜਾਈਆਂ ਅਤੇ ਮੁੱਖ ਧਾਰਾ ਮੀਡੀਆ ਨਾਲ ਤਿੱਖੇ ਟਕਰਾਅ ਦਾ ਕੇਂਦਰ ਰਹੀ ਹੈ। ਸਾਲ 2025 ਅਤੇ 2026 ਦੇ ਦੌਰਾਨ ਅਮਰੀਕੀ ਸਿਆਸੀ ਅਤੇ ਕਾਨੂੰਨੀ ਗਲਿਆਰਿਆਂ ਵਿੱਚ ਉਸ ਵੇਲੇ ਇੱਕ ਵੱਡਾ ਭੂਚਾਲ ਆਇਆ, ਜਦੋਂ ਮੌਜੂਦਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵਿਸ਼ਵ ਪ੍ਰਸਿੱਧ ਆਰਥਿਕ ਅਖ਼ਬਾਰ ‘ਵਾਲ ਸਟਰੀਟ ਜਰਨਲ’ (WSJ) ਅਤੇ ਇਸ ਦੀ ਮਾਤਾ ਕੰਪਨੀ ‘ਨਿਊਜ਼ ਕਾਰਪ’ ਵਿਰੁੱਧ 10 ਅਰਬ ਡਾਲਰ ਦਾ ਵਿਸ਼ਾਲ ਮਾਨਹਾਨੀ ਮੁਕੱਦਮਾ ਦਾਇਰ ਕਰ ਦਿੱਤਾ। ਇਸ ਵੱਡੇ ਕਾਨੂੰਨੀ ਕਦਮ ਦੇ ਨਾਲ-ਨਾਲ, ਮਸ਼ਹੂਰ ਲੇਖਿਕਾ ਈ. ਜੀਨ ਕੈਰਲ ਨਾਲ ਜੁੜੇ ਯੌਨ ਸ਼ੋਸ਼ਣ ਅਤੇ ਮਾਨਹਾਨੀ ਦੇ ਮਾਮਲਿਆਂ ਵਿੱਚ ਹੋਏ ਨਵੇਂ ਖੁਲਾਸਿਆਂ ਅਤੇ ਅਦਾਲਤੀ ਕਾਰਵਾਈਆਂ ਨੇ ਇਸ ਪੂਰੀ ਕਹਾਣੀ ਨੂੰ ਹੋਰ ਵੀ ਉਲਝਾ ਦਿੱਤਾ ਹੈ। ਇਹ ਮਾਮਲੇ ਮਹਿਜ਼ ਕਿਸੇ ਇੱਕ ਰਾਜਨੇਤਾ ਦੀ ਨਿੱਜੀ ਸਾਖ ਜਾਂ ਕਿਸੇ ਇੱਕ ਮੀਡੀਆ ਹਾਊਸ ਦੀ ਰਿਪੋਰਟਿੰਗ ਤੱਕ ਮਹਿਦੂਦ ਨਹੀਂ ਹਨ, ਸਗੋਂ ਇਹ ਅਮਰੀਕੀ ਸੰਵਿਧਾਨ ਦੇ ਤਹਿਤ ਮਿਲੀ ਅਭਿਵਿਅਕਤੀ ਦੀ ਆਜ਼ਾਦੀ, ਪੱਤਰਕਾਰਤਾ ਦੀ ਜਨਤਕ ਜ਼ਿੰਮੇਵਾਰੀ, ਵਹਾਈਟ ਹਾਊਸ ਦੀ ਸਿਆਸੀ ਸਾਖ ਅਤੇ ਸ਼ਕਤੀਸ਼ਾਲੀ ਸ਼ਖਸੀਅਤਾਂ ਦੇ ਕਾਨੂੰਨੀ ਅਧਿਕਾਰਾਂ ਵਿਚਕਾਰ ਚੱਲ ਰਹੀ ਇੱਕ ਬਹੁਤ ਵੱਡੀ ਸੰਸਥਾਗਤ ਜੰਗ ਨੂੰ ਦਰਸਾਉਂਦੇ ਹਨ।

**ਵਾਲ ਸਟਰੀਟ ਜਰਨਲ ਦੀ ਰਿਪੋਰਟ ਅਤੇ ਵਿਵਾਦ ਦੀ ਮੁੱਖ ਜੜ੍ਹ** : ਵਾਲ ਸਟਰੀਟ ਜਰਨਲ ਨਾਲ ਰਾਸ਼ਟਰਪਤੀ ਟਰੰਪ ਦੇ ਇਸ ਤਾਜ਼ਾ ਅਤੇ ਸਭ ਤੋਂ ਵੱਡੇ ਵਿਵਾਦ ਦੀ ਜੜ੍ਹ ਜੁਲਾਈ 2025 ਵਿੱਚ ਪ੍ਰਕਾਸ਼ਿਤ ਹੋਈ ਇੱਕ ਖੋਜੀ ਰਿਪੋਰਟ ਵਿੱਚ ਦੇਖੀ ਜਾ ਸਕਦੀ ਹੈ। ਅਖ਼ਬਾਰ ਨੇ ਆਪਣੀ ਇੱਕ ਵਿਸ਼ੇਸ਼ ਰਿਪੋਰਟ ਵਿੱਚ ਇਹ ਸਨਸਨੀਖੇਜ਼ ਦਾਅਵਾ ਕੀਤਾ ਕਿ ਡੋਨਾਲਡ ਟਰੰਪ ਨੇ ਸਾਲ 2003 ਵਿੱਚ ਅਮਰੀਕਾ ਦੇ ਬਦਨਾਮ ਅਤੇ ਸਜ਼ਾਯਾਫ਼ਤਾ ਵਿੱਤਕਾਰ ਜੈਫਰੀ ਐਪਸਟਿਨ ਨੂੰ ਉਸਦੇ ਜਨਮਦਿਨ ’ਤੇ ਇੱਕ ਵਿਸ਼ੇਸ਼ ਸੁਨੇਹਾ ਭੇਜਿਆ ਸੀ। ਰਿਪੋਰਟ ਦੀ ਸਭ ਤੋਂ ਵਿਵਾਦਿਤ ਗੱਲ ਇਹ ਸੀ ਕਿ ਇਹ ਸੁਨੇਹਾ ਇੱਕ ਬਹੁਤ ਹੀ ਅਸ਼ਲੀਲ ਤਸਵੀਰ ਦੇ ਅੰਦਰ ਟਾਈਪ ਕੀਤਾ ਗਿਆ ਸੀ, ਜਿਸ ਦੇ ਹੇਠਾਂ ਡੋਨਾਲਡ ਟਰੰਪ ਦੇ ਅਧਿਕਾਰਿਤ ਦਸਤਖ਼ਤ ਮੌਜੂਦ ਹੋਣ ਦਾ ਦਾਅਵਾ ਵੀ ਕੀਤਾ ਗਿਆ ਸੀ। ਟਰੰਪ ਨੇ ਇਸ ਰਿਪੋਰਟ ਦੇ ਸਾਹਮਣੇ ਆਉਂਦਿਆਂ ਹੀ ਇਸ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਅਤੇ ਇਸ ਨੂੰ ਪੂਰੀ ਤਰ੍ਹਾਂ ‘ਜਾਅਲੀ, ਮਨਘੜਤ ਅਤੇ ਰਾਜਨੀਤੀ ਤੋਂ ਪ੍ਰੇਰਿਤ’ ਦੱਸਿਆ। ਟਰੰਪ ਦੀ ਕਾਨੂੰਨੀ ਟੀਮ ਦਾ ਦੋਸ਼ ਹੈ ਕਿ ਅਖ਼ਬਾਰ ਨੇ ਇੰਨੀ ਸੰਵੇਦਨਸ਼ੀਲ ਕਹਾਣੀ ਪ੍ਰਕਾਸ਼ਿਤ ਕਰਨ ਤੋਂ ਪਹਿਲਾਂ ਤੱਥਾਂ ਦੀ ਡੂੰਘਾਈ ਨਾਲ ਜਾਂਚ ਨਹੀਂ ਕੀਤੀ ਅਤੇ ਸੱਚਾਈ ਦੀ ਪੁਸ਼ਟੀ ਕਰਨ ਦੀ ਬਜਾਏ ਸਿਰਫ਼ ਆਪਣੀ ਸਰਵਉੱਚਤਾ ਅਤੇ ਸਨਸਨੀਖੇਜ਼ੀ ਨੂੰ ਤਰਜੀਹ ਦਿੱਤੀ ਤਾਂ ਜੋ ਰਾਸ਼ਟਰਪਤੀ ਦੀ ਜਨਤਕ ਛਵੀ ਨੂੰ ਨਾ-ਪੂਰਨਯੋਗ ਨੁਕਸਾਨ ਪਹੁੰਚਾਇਆ ਜਾ ਸਕੇ।

**ਪਹਿਲੇ ਮੁਕੱਦਮੇ ਦੀ ਖ਼ਾਰਜੀ ਅਤੇ ਕਾਨੂੰਨੀ ਮਾਪਦੰਡ** : ਇਸ ਮਾਮਲੇ ਵਿੱਚ ਅਮਰੀਕੀ ਨਿਆਂ ਪ੍ਰਣਾਲੀ ਦੇ ਕਾਨੂੰਨੀ ਪੇਚ ਉਦੋਂ ਹੋਰ ਸਖ਼ਤ ਹੋ ਗਏ ਜਦੋਂ ਫੈਡਰਲ ਅਦਾਲਤ ਦੇ ਜੱਜ ਡੈਰਨ ਗੇਲਜ਼ ਨੇ ਟਰੰਪ ਵੱਲੋਂ ਦਾਇਰ ਕੀਤੇ ਪਹਿਲੇ ਮੁਕੱਦਮੇ ਨੂੰ ਇਹ ਕਹਿ ਕੇ ਖ਼ਾਰਜ ਕਰ ਦਿੱਤਾ ਕਿ ਇਹ ਮਾਨਹਾਨੀ ਦੇ ਸਖ਼ਤ ਕਾਨੂੰਨੀ ਮਾਪਦੰਡਾਂ ’ਤੇ ਖਰਾ ਨਹੀਂ ਉਤਰਦਾ। ਅਮਰੀਕਾ ਵਿੱਚ ਪ੍ਰੈੱਸ ਦੀ ਆਜ਼ਾਦੀ ਨੂੰ ਬਹੁਤ ਉੱਚਾ ਦਰਜਾ ਪ੍ਰਾਪਤ ਹੈ, ਜਿਸ ਕਾਰਨ ਸੱਤਾ ’ਤੇ ਬੈਠੀ ਕਿਸੇ ਵੀ ਜਨਤਕ ਸ਼ਖਸੀਅਤ ਜਾਂ ਸਿਆਸਤਦਾਨ ਲਈ ਮਾਨਹਾਨੀ ਦਾ ਮੁਕੱਦਮਾ ਜਿੱਤਣਾ ਦੁਨੀਆ ਦੇ ਬਾਕੀ ਦੇਸ਼ਾਂ ਦੇ ਮੁਕਾਬਲੇ ਬੇਹੱਦ ਮੁਸ਼ਕਲ ਮੰਨਿਆ ਜਾਂਦਾ ਹੈ। ਇਸ ਦਾ ਮੁੱਖ ਕਾਰਨ ਸਾਲ 1964 ਦਾ ਅਮਰੀਕੀ ਸੁਪਰੀਮ ਕੋਰਟ ਦਾ ਇਤਿਹਾਸਕ ਫ਼ੈਸਲਾ ‘ਨਿਊਯਾਰਕ ਟਾਈਮਜ਼ ਬਨਾਮ ਸੁਲੀਵਾਨ’ ਹੈ, ਜਿਸ ਨੇ ਅਮਰੀਕੀ ਕਾਨੂੰਨ ਵਿੱਚ ਐਕਚੁਅਲ ਮੈਲਿਸ (Actual Malice) ਯਾਨੀ ‘ਸੱਚੀ ਬਦਨੀਅਤ’ ਦਾ ਸਿਧਾਂਤ ਸਥਾਪਤ ਕੀਤਾ ਸੀ। ਇਸ ਸਿਧਾਂਤ ਮੁਤਾਬਕ ਰਾਸ਼ਟਰਪਤੀ ਟਰੰਪ ਨੂੰ ਅਦਾਲਤ ਵਿੱਚ ਸਿਰਫ਼ ਇਹ ਸਾਬਤ ਕਰਨਾ ਕਾਫ਼ੀ ਨਹੀਂ ਹੈ ਕਿ ਅਖ਼ਬਾਰ ਵਿੱਚ ਛਪੀ ਖ਼ਬਰ ਗਲਤ ਸੀ, ਸਗੋਂ ਉਨ੍ਹਾਂ ਨੂੰ ਠੋਸ ਸਬੂਤਾਂ ਨਾਲ ਇਹ ਵੀ ਸਾਬਤ ਕਰਨਾ ਪਵੇਗਾ ਕਿ ਵਾਲ ਸਟਰੀਟ ਜਰਨਲ ਦੇ ਸੰਪਾਦਕਾਂ ਅਤੇ ਪੱਤਰਕਾਰਾਂ ਨੂੰ ਪਹਿਲਾਂ ਹੀ ਪਤਾ ਸੀ ਕਿ ਇਹ ਜਾਣਕਾਰੀ ਝੂਠੀ ਹੈ, ਜਾਂ ਉਨ੍ਹਾਂ ਨੇ ਜਾਣਬੁੱਝ ਕੇ ਸੱਚਾਈ ਪ੍ਰਤੀ ਅੰਨ੍ਹੀ ਬੇਪਰਵਾਹੀ ਦਿਖਾਉਂਦੇ ਹੋਏ ਇਸ ਨੂੰ ਛਾਪਿਆ।

**‘Actual Malice’ ਦੇ ਸਿਧਾਂਤ ਨੂੰ ਰਾਸ਼ਟਰਪਤੀ ਦੀ ਨਵੀਂ ਚੁਣੌਤੀ** : ਪਹਿਲਾ ਕੇਸ ਰੱਦ ਹੋਣ ਤੋਂ ਬਾਅਦ, ਟਰੰਪ ਦੀ ਕਾਨੂੰਨੀ ਟੀਮ ਨੇ ਹਾਰ ਨਹੀਂ ਮੰਨੀ ਅਤੇ ਅਦਾਲਤ ਦੇ ਸਾਹਮਣੇ ਇੱਕ ਨਵੀਂ ਸੋਧੀ ਹੋਈ ਵਿਸਥਾਰਪੂਰਵਕ ਅਰਜ਼ੀ ਦਾਇਰ ਕੀਤੀ। ਇਸ ਨਵੀਂ ਪਟੀਸ਼ਨ ਵਿੱਚ ਬਹੁਤ ਹੀ ਬਾਰੀਕੀ ਨਾਲ ਇਹ ਦਲੀਲ ਦਿੱਤੀ ਗਈ ਕਿ ਪੱਤਰਕਾਰਾਂ ਕੋਲ ਸੱਚਾਈ ਜਾਣਨ ਦੇ ਸਾਰੇ ਸਰੋਤ ਅਤੇ ਸਾਧਨ ਮੌਜੂਦ ਸਨ, ਪਰ ਉਨ੍ਹਾਂ ਨੇ ਜਾਣਬੁੱਝ ਕੇ ਅਜਿਹੇ ਤੱਥਾਂ ਨੂੰ ਰਿਪੋਰਟ ਵਿੱਚੋਂ ਗਾਇਬ ਕਰ ਦਿੱਤਾ ਜੋ ਟਰੰਪ ਨੂੰ ਬੇਗੁਨਾਹ ਸਾਬਤ ਕਰਦੇ ਸਨ। ਰਾਸ਼ਟਰਪਤੀ ਦੇ ਵਕੀਲਾਂ ਦਾ ਕਹਿਣਾ ਹੈ ਕਿ ਇਹ ਅਖ਼ਬਾਰ ਵੱਲੋਂ ਕੀਤੀ ਗਈ ਕੋਈ ਆਮ ਪੱਤਰਕਾਰੀ ਦੀ ਗਲਤੀ ਨਹੀਂ ਸੀ, ਸਗੋਂ ਵਹਾਈਟ ਹਾਊਸ ਦੀ ਪ੍ਰਸ਼ਾਸਨਿਕ ਅਤੇ ਸਿਆਸੀ ਤਾਕਤ ਨੂੰ ਕਮਜ਼ੋਰ ਕਰਨ ਲਈ ਇੱਕ ਸੋਚੀ-ਸਮਝੀ ਅਤੇ ਯੋਜਨਾਬੱਧ ਕਾਰਵਾਈ ਸੀ। ਦੂਜੇ ਪਾਸੇ, ਵਾਲ ਸਟਰੀਟ ਜਰਨਲ ਅਤੇ ਉਸ ਦੀ ਮਾਤਾ ਕੰਪਨੀ ਆਪਣੇ ਸਟੈਂਡ ’ਤੇ ਕਾਇਮ ਹਨ ਕਿ ਉਨ੍ਹਾਂ ਦੀ ਰਿਪੋਰਟਿੰਗ ਪੂਰੀ ਤਰ੍ਹਾਂ ਨਿਰਪੱਖ ਸੀ ਅਤੇ ਉਹ ਅਦਾਲਤ ਵਿੱਚ ਆਪਣੀ ਪ੍ਰੈੱਸ ਦੀ ਆਜ਼ਾਦੀ ਦੇ ਹੱਕ ਦੀ ਪੂਰੀ ਮਜ਼ਬੂਤੀ ਨਾਲ ਰੱਖਿਆ ਕਰਨਗੇ।

**ਜੈਫਰੀ ਐਪਸਟਿਨ ਦੇ ਕਾਲੇ ਅਤੀਤ ਦਾ ਪਰਛਾਵਾਂ** : ਇਸ ਪੂਰੇ ਵਿਵਾਦ ਵਿੱਚ ਜੈਫਰੀ ਐਪਸਟਿਨ ਦਾ ਨਾਮ ਸ਼ਾਮਲ ਹੋਣਾ ਇਸ ਨੂੰ ਸਭ ਤੋਂ ਵੱਧ ਵਿਸਫੋਟਕ, ਸੰਵੇਦਨਸ਼ੀਲ ਅਤੇ ਸਿਆਸੀ ਤੌਰ ’ਤੇ ਨੁਕਸਾਨਦੇਹ ਬਣਾਉਂਦਾ ਹੈ। ਜੈਫਰੀ ਐਪਸਟਿਨ ਅਮਰੀਕਾ ਦਾ ਇੱਕ ਅਜਿਹਾ ਅਰਬਪਤੀ ਵਿੱਤਕਾਰ ਸੀ, ਜਿਸ ’ਤੇ ਨਾਬਾਲਗ ਲੜਕੀਆਂ ਦੇ ਯੌਨ ਸ਼ੋਸ਼ਣ, ਬਲਾਤਕਾਰ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਮਨੁੱਖੀ ਤਸਕਰੀ (Human Trafficking) ਦਾ ਬਹੁਤ ਵੱਡਾ ਰੈਕੇਟ ਚਲਾਉਣ ਦੇ ਭਿਅੰਕਰ ਦੋਸ਼ ਸਨ। ਸਾਲ 2019 ਵਿੱਚ ਉਸਦੀ ਗ੍ਰਿਫ਼ਤਾਰੀ ਤੋਂ ਬਾਅਦ ਜੇਲ੍ਹ ਦੇ ਅੰਦਰ ਹੀ ਉਸਦੀ ਸ਼ੱਕੀ ਹਾਲਾਤ ਵਿੱਚ ਮੌਤ ਹੋ ਗਈ ਸੀ, ਜਿਸ ਨੂੰ ਅਧਿਕਾਰਿਕ ਤੌਰ ’ਤੇ ਖੁਦਕੁਸ਼ੀ ਐਲਾਨਿਆ ਗਿਆ ਸੀ। ਐਪਸਟਿਨ ਦੇ ਸਬੰਧ ਦੁਨੀਆ ਭਰ ਦੇ ਸ਼ਕਤੀਸ਼ਾਲੀ ਰਾਜਨੇਤਾਵਾਂ, ਬ੍ਰਿਟਿਸ਼ ਸ਼ਾਹੀ ਪਰਿਵਾਰ ਅਤੇ ਵੱਡੇ ਉਦਯੋਗਪਤੀਆਂ ਨਾਲ ਸਨ, ਜਿਸ ਕਾਰਨ ਉਸ ਨਾਲ ਜੁੜਿਆ ਕੋਈ ਵੀ ਨਵਾਂ ਖੁਲਾਸਾ ਅਮਰੀਕੀ ਰਾਜਨੀਤੀ ਵਿੱਚ ਤੂਫ਼ਾਨ ਲੈ ਆਉਂਦਾ ਹੈ। ਹਾਲਾਂਕਿ ਡੋਨਾਲਡ ਟਰੰਪ ਅਤੇ ਐਪਸਟਿਨ ਦੀਆਂ ਨੱਬੇ ਦੇ ਦਹਾਕੇ ਦੀਆਂ ਕਈ ਸਮਾਜਿਕ ਤਸਵੀਰਾਂ ਮੌਜੂਦ ਹਨ, ਪਰ ਟਰੰਪ ਹਮੇਸ਼ਾ ਇਹ ਸਾਫ਼ ਕਰਦੇ ਆਏ ਹਨ ਕਿ ਉਨ੍ਹਾਂ ਨੇ ਐਪਸਟਿਨ ਦੇ ਗ਼ੈਰ-ਕਾਨੂੰਨੀ ਕਾਰਨਾਮਿਆਂ ਦਾ ਪਤਾ ਲੱਗਣ ਤੋਂ ਬਹੁਤ ਪਹਿਲਾਂ ਹੀ ਉਸ ਨਾਲ ਆਪਣੇ ਸਾਰੇ ਸਬੰਧ ਪੂਰੀ ਤਰ੍ਹਾਂ ਖ਼ਤਮ ਕਰ ਲਏ ਸਨ। ਇਸ ਲਈ ਵਾਲ ਸਟਰੀਟ ਜਰਨਲ ਵੱਲੋਂ 2003 ਦੇ ਕਥਿਤ ਜਨਮਦਿਨ ਸੁਨੇਹੇ ਦੀ ਗੱਲ ਉਛਾਲਣਾ ਦੇਸ਼ ਦੇ ਮੌਜੂਦਾ ਰਾਸ਼ਟਰਪਤੀ ਨੂੰ ਐਪਸਟਿਨ ਦੇ ਉਸੇ ਕਾਲੇ ਅਤੀਤ ਨਾਲ ਦੁਬਾਰਾ ਜੋੜਨ ਦੀ ਇੱਕ ਕੋਸ਼ਿਸ਼ ਵਜੋਂ ਦੇਖਿਆ ਜਾ ਰਿਹਾ ਹੈ।

**ਈ. ਜੀਨ ਕੈਰਲ ਮਾਮਲਾ ਅਤੇ ਯੌਨ ਸ਼ੋਸ਼ਣ ਦੇ ਸੰਗੀਨ ਦੋਸ਼** : ਇਸੇ ਦੌਰਾਨ, ਰਾਸ਼ਟਰਪਤੀ ਟਰੰਪ ਦੀ ਦੂਜੀ ਸਭ ਤੋਂ ਵੱਡੀ ਕਾਨੂੰਨੀ ਲੜਾਈ ਮਸ਼ਹੂਰ ਲੇਖਿਕਾ ਈ. ਜੀਨ ਕੈਰਲ (E. Jean Carroll) ਨਾਲ ਚੱਲ ਰਹੀ ਹੈ, ਜਿਸ ਨੇ ਅਮਰੀਕੀ ਨਿਆਂ ਪ੍ਰਣਾਲੀ ਦੀ ਕਾਰਜਪ੍ਰਣਾਲੀ ’ਤੇ ਕਈ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਕੈਰਲ ਨੇ ਦੋਸ਼ ਲਗਾਇਆ ਸੀ ਕਿ ਸਾਲ 1990 ਦੇ ਦਹਾਕੇ ਦੇ ਅੱਧ ਵਿੱਚ ਨਿਊਯਾਰਕ ਦੇ ਇੱਕ ਆਲੀਸ਼ਾਨ ਬਰਗਡੋਰਫ ਗੁਡਮੈਨ ਡਿਪਾਰਟਮੈਂਟ ਸਟੋਰ ਦੇ ਚੇਂਜਿੰਗ ਰੂਮ ਵਿੱਚ ਟਰੰਪ ਨੇ ਉਨ੍ਹਾਂ ’ਤੇ ਯੌਨ ਹਮਲਾ ਕੀਤਾ ਸੀ। ਟਰੰਪ ਨੇ ਸ਼ੁਰੂ ਤੋਂ ਹੀ ਇਨ੍ਹਾਂ ਦੋਸ਼ਾਂ ਨੂੰ ਪੂਰੀ ਤਰ੍ਹਾਂ ਜਨਤਕ ਮੰਚਾਂ ਤੋਂ ਨਕਾਰਦਿਆਂ ਕਿਹਾ ਕਿ ਉਹ ਇਸ ਮਹਿਲਾ ਨੂੰ ਜਾਣਦੇ ਤੱਕ ਨਹੀਂ ਹਨ ਅਤੇ ਇਹ ਸਾਰੀ ਕਹਾਣੀ ਸਿਰਫ਼ ਉਨ੍ਹਾਂ ਦੀ ਸਿਆਸੀ ਸਾਖ ਨੂੰ ਖ਼ਤਮ ਕਰਨ ਅਤੇ ਕੈਰਲ ਦੀ ਆਪਣੀ ਨਵੀਂ ਕਿਤਾਬ ਦੀ ਵਿਕਰੀ ਵਧਾਉਣ ਲਈ ਘੜੀ ਗਈ ਇੱਕ ਵੱਡੀ ਸਾਜ਼ਿਸ਼ ਸੀ।

**ਅਦਾਲਤੀ ਜੁਰਮਾਨੇ ਅਤੇ ਵਹਾਈਟ ਹਾਊਸ ਦੀ ਕਾਨੂੰਨੀ ਪ੍ਰਤੀਕਿਰਿਆ** : ਟਰੰਪ ਦੇ ਸਖ਼ਤ ਵਿਰੋਧ ਦੇ ਬਾਵਜੂਦ, ਨਿਊਯਾਰਕ ਦੀ ਇੱਕ ਸਿਵਲ ਜੂਰੀ ਨੇ ਟਰੰਪ ਨੂੰ ਯੌਨ ਦੁਰਵਿਵਹਾਰ ਅਤੇ ਮਾਨਹਾਨੀ ਦਾ ਜ਼ਿੰਮੇਵਾਰ ਠਹਿਰਾਉਂਦੇ ਹੋਏ 5 ਮਿਲੀਅਨ ਡਾਲਰ ਦਾ ਹਰਜਾਨਾ ਭਰਨ ਦਾ ਹੁਕਮ ਸੁਣਾ ਦਿੱਤਾ ਸੀ। ਇਸ ਤੋਂ ਬਾਅਦ ਟਰੰਪ ਵੱਲੋਂ ਜਨਤਕ ਤੌਰ ’ਤੇ ਕੈਰਲ ਦੇ ਦਾਅਵਿਆਂ ਨੂੰ ਦੁਬਾਰਾ ਝੂਠਾ ਅਤੇ ਬਕਵਾਸ ਕਹਿਣ ’ਤੇ ਇੱਕ ਹੋਰ ਮਾਨਹਾਨੀ ਮੁਕੱਦਮਾ ਚੱਲਿਆ, ਜਿਸ ਵਿੱਚ ਜੂਰੀ ਨੇ ਟਰੰਪ ਨੂੰ 83.3 ਮਿਲੀਅਨ ਡਾਲਰ ਦਾ ਭਾਰੀ ਜੁਰਮਾਨਾ ਲਗਾ ਦਿੱਤਾ। ਰਾਸ਼ਟਰਪਤੀ ਟਰੰਪ ਨੇ ਇਨ੍ਹਾਂ ਦੋਵਾਂ ਫ਼ੈਸਲਿਆਂ ਨੂੰ ਅਮਰੀਕਾ ਦੀਆਂ ਉੱਚ ਅਦਾਲਤਾਂ ਵਿੱਚ ਚੁਣੌਤੀ ਦਿੱਤੀ ਹੋਈ ਹੈ ਅਤੇ ਉਨ੍ਹਾਂ ਦੀ ਕਾਨੂੰਨੀ ਟੀਮ ਇਸ ਪੂਰੀ ਪ੍ਰਕਿਰਿਆ ਨੂੰ ਸਿਆਸੀ ਬਦਲਾਖੋਰੀ, ਵਿਰੋਧੀਆਂ ਦੀ ਚਾਲ ਅਤੇ ਨਿਆਂ ਦਾ ਘਾਣ ਦੱਸ ਰਹੀ ਹੈ।

**ਝੂਠੀ ਗਵਾਹੀ (Perjury) ਦੀ ਜਾਂਚ ਵਿੱਚ ਨਵਾਂ ਮੋੜ** : ਪਰ ਇਸ ਮਾਮਲੇ ਨੇ ਸਾਲ 2026 ਵਿੱਚ ਉਦੋਂ ਇੱਕ ਬੇਹੱਦ ਨਾਟਕੀ ਅਤੇ ਅਣਕਿਆਸਿਆ ਮੋੜ ਲੈ ਲਿਆ ਜਦੋਂ ਇਹ ਅਧਿਕਾਰਿਤ ਰਿਪੋਰਟਾਂ ਸਾਹਮਣੇ ਆਈਆਂ ਕਿ ਅਮਰੀਕੀ ਨਿਆਂ ਵਿਭਾਗ (DOJ) ਨੇ ਈ. ਜੀਨ ਕੈਰਲ ਵੱਲੋਂ ਅਦਾਲਤੀ ਸੁਣਵਾਈ ਦੌਰਾਨ ਦਿੱਤੇ ਗਏ ਬਿਆਨਾਂ ਦੀ ‘ਝੂਠੀ ਗਵਾਹੀ’ (Perjury) ਦੇ ਤਹਿਤ ਜਾਂਚ ਸ਼ੁਰੂ ਕਰ ਦਿੱਤੀ ਹੈ। ਸੰਘੀ ਜਾਂਚਕਰਤਾ ਹੁਣ ਇਸ ਗੱਲ ਦੀ ਬਾਰੀਕੀ ਨਾਲ ਪੜਤਾਲ ਕਰ ਰਹੇ ਹਨ ਕਿ ਕੀ ਕੈਰਲ ਨੇ ਅਦਾਲਤ ਵਿੱਚ ਆਪਣੀ ਗਵਾਹੀ ਦੌਰਾਨ ਉਸ ਵਿੱਤੀ ਸਹਾਇਤਾ (Funding) ਦੇ ਅਸਲ ਸਰੋਤਾਂ ਬਾਰੇ ਪੂਰੀ ਸੱਚਾਈ ਛੁਪਾਈ ਸੀ, ਜੋ ਉਨ੍ਹਾਂ ਨੂੰ ਟਰੰਪ ਵਿਰੁੱਧ ਇਹ ਬੇਹੱਦ ਮਹਿੰਗਾ ਮੁਕੱਦਮਾ ਲੜਨ ਲਈ ਕਿਸੇ ਵੱਡੇ ਬਾਹਰੀ ਸਿਆਸੀ ਨਿਵੇਸ਼ਕ ਜਾਂ ਵਿਰੋਧੀ ਸੰਸਥਾ ਵੱਲੋਂ ਮੁਹੱਈਆ ਕਰਵਾਈ ਗਈ ਸੀ। ਕਾਨੂੰਨੀ ਮਾਹਰਾਂ ਦਾ ਮੰਨਣਾ ਹੈ ਕਿ ਭਾਵੇਂ ਕਿਸੇ ਵੀ ਜਾਂਚ ਦੇ ਸ਼ੁਰੂ ਹੋਣ ਦਾ ਮਤਲਬ ਇਹ ਨਹੀਂ ਹੁੰਦਾ ਕਿ ਸਬੰਧਤ ਵਿਅਕਤੀ ਅਪਰਾਧੀ ਸਾਬਤ ਹੋ ਗਿਆ ਹੈ, ਪਰ ਜੇਕਰ ਕੈਰਲ ਵਿਰੁੱਧ ਅਦਾਲਤ ਵਿੱਚ ਝੂਠ ਬੋਲਣ ਦੇ ਠੋਸ ਸਬੂਤ ਮਿਲ ਜਾਂਦੇ ਹਨ, ਤਾਂ ਇਹ ਰਾਸ਼ਟਰਪਤੀ ਟਰੰਪ ਵਿਰੁੱਧ ਆਏ ਪਿਛਲੇ ਫ਼ੈਸਲਿਆਂ ਨੂੰ ਪੂਰੀ ਤਰ੍ਹਾਂ ਉਲਟਾ ਸਕਦਾ ਹੈ ਅਤੇ ਵਹਾਈਟ ਹਾਊਸ ਨੂੰ ਇੱਕ ਵੱਡੀ ਰਾਹਤ ਦੇ ਸਕਦਾ ਹੈ।

**ਮੀਡੀਆ ਅਤੇ ਸਿਆਸੀ ਸੱਤਾ ਦਾ ਸਨਾਤਨੀ ਟਕਰਾਅ** : ਇਹ ਸਾਰੀਆਂ ਘਟਨਾਵਾਂ ਅਮਰੀਕੀ ਸਮਾਜ ਵਿੱਚ ਮੀਡੀਆ, ਨਿਆਂਪਾਲਿਕਾ ਅਤੇ ਰਾਜਨੀਤਿਕ ਪ੍ਰਸ਼ਾਸਨ ਦੇ ਆਪਸੀ ਟਕਰਾਅ ਦੀ ਇੱਕ ਬਹੁਤ ਹੀ ਡੂੰਘੀ ਅਤੇ ਚਿੰਤਾਜਨਕ ਤਸਵੀਰ ਪੇਸ਼ ਕਰਦੀਆਂ ਹਨ। ਸਾਲ 2016 ਵਿੱਚ ਜਦੋਂ ਤੋਂ ਡੋਨਾਲਡ ਟਰੰਪ ਨੇ ਅਮਰੀਕੀ ਸਿਆਸਤ ਦੇ ਮੁੱਖ ਮੰਚ ’ਤੇ ਕਦਮ ਰੱਖਿਆ ਹੈ ਅਤੇ ਹੁਣ ਰਾਸ਼ਟਰਪਤੀ ਵਜੋਂ ਵੀ ਉਨ੍ਹਾਂ ਦਾ ਮੁੱਖਧਾਰਾ ਦੇ ਉਦਾਰਵਾਦੀ ਮੀਡੀਆ ਨਾਲ ਇੱਕ ਨਿਰੰਤਰ ਯੁੱਧ ਚੱਲ ਰਿਹਾ ਹੈ। ਟਰੰਪ ਅਕਸਰ ‘ਨਿਊਯਾਰਕ ਟਾਈਮਜ਼’, ‘ਸੀ.ਐਨ.ਐਨ.’ ਅਤੇ ਹੁਣ ‘ਵਾਲ ਸਟਰੀਟ ਜਰਨਲ’ ਵਰਗੇ ਸਥਾਪਿਤ ਅਦਾਰਿਆਂ ’ਤੇ ਇਹ ਦੋਸ਼ ਲਗਾਉਂਦੇ ਰਹੇ ਹਨ ਕਿ ਉਹ ਨਿਰਪੱਖ ਪੱਤਰਕਾਰਤਾ ਕਰਨ ਦੀ ਬਜਾਏ ਇੱਕ ਖ਼ਾਸ ਸਿਆਸੀ ਏਜੰਡੇ ਤਹਿਤ ਕੰਮ ਕਰ ਰਹੇ ਹਨ ਅਤੇ ਜਨਤਾ ਨੂੰ ਗੁੰਮਰਾਹ ਕਰ ਰਹੇ ਹਨ। ਦੂਜੇ ਪਾਸੇ, ਅਮਰੀਕੀ ਮੀਡੀਆ ਸੰਸਥਾਵਾਂ ਦਾ ਇਹ ਪੱਕਾ ਤਰਕ ਹੈ ਕਿ ਲੋਕਤੰਤਰ ਦੇ ਚੌਥੇ ਸਤੰਭ ਵਜੋਂ, ਦੇਸ਼ ਦੇ ਸਭ ਤੋਂ ਸ਼ਕਤੀਸ਼ਾਲੀ ਨੇਤਾਵਾਂ ਦੇ ਅਤੀਤ ਅਤੇ ਵਰਤਮਾਨ ਦੀ ਜਾਂਚ ਕਰਨਾ ਅਤੇ ਖੋਜੀ ਰਿਪੋਰਟਿੰਗ (Investigative Journalism) ਰਾਹੀਂ ਜਨਹਿੱਤ ਦੇ ਮੁੱਦਿਆਂ ਨੂੰ ਸਾਹਮਣੇ ਲਿਆਉਣਾ ਉਨ੍ਹਾਂ ਦਾ ਸੰਵਿਧਾਨਕ ਹੱਕ ਹੈ।

**ਲੋਕਤੰਤਰ ਦੇ ਭਵਿੱਖ ’ਤੇ ਪੈਣ ਵਾਲੇ ਦੂਰਗਾਮੀ ਪ੍ਰਭਾਵ** : ਅੰਤ ਵਿੱਚ ਇਹ ਕਿਹਾ ਜਾ ਸਕਦਾ ਹੈ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਵਾਲ ਸਟਰੀਟ ਜਰਨਲ ਵਿਰੁੱਧ ਦਾਇਰ ਕੀਤਾ ਗਿਆ 10 ਅਰਬ ਡਾਲਰ ਦਾ ਇਹ ਇਤਿਹਾਸਕ ਮਾਨਹਾਨੀ ਕੇਸ ਅਤੇ ਈ. ਜੀਨ ਕੈਰਲ ਨਾਲ ਚੱਲ ਰਹੀ ਕਾਨੂੰਨੀ ਜੰਗ ਇਹ ਦਰਸਾਉਂਦੀ ਹੈ ਕਿ ਆਧੁਨਿਕ ਲੋਕਤੰਤਰ ਵਿੱਚ ਸਿਆਸਤ, ਮੀਡੀਆ ਅਤੇ ਕਾਨੂੰਨ ਕਿਸ ਤਰ੍ਹਾਂ ਇੱਕ-ਦੂਜੇ ਨਾਲ ਗੁੰਝਲਦਾਰ ਤਰੀਕੇ ਨਾਲ ਜੁੜੇ ਹੋਏ ਹਨ। ਇੱਕ ਪਾਸੇ ਜਿੱਥੇ ਟਰੰਪ ਦਾ ਇਹ ਸੰਘਰਸ਼ ਮੀਡੀਆ ਦੀ ਜਵਾਬਦੇਹੀ ਅਤੇ ਅਖੌਤੀ ਪੱਖਪਾਤ ਵਿਰੁੱਧ ਇੱਕ ਵੱਡੀ ਚੁਣੌਤੀ ਹੈ, ਉੱਥੇ ਹੀ ਦੂਜੇ ਪਾਸੇ ਇਹ ਪ੍ਰੈੱਸ ਦੀ ਆਜ਼ਾਦੀ ਦੇ ਉਸ ਮੌਲਿਕ ਅਧਿਕਾਰ ਦੀ ਵੀ ਪਰੀਖਿਆ ਹੈ ਜੋ ਅਮਰੀਕੀ ਲੋਕਤੰਤਰ ਦੀ ਨੀਂਹ ਰਿਹਾ ਹੈ। ਇਨ੍ਹਾਂ ਮਾਮਲਿਆਂ ਦੇ ਅੰਤਿਮ ਫ਼ੈਸਲੇ ਭਾਵੇਂ ਆਉਣ ਵਾਲੇ ਸਮੇਂ ਵਿੱਚ ਅਦਾਲਤਾਂ ਦੇ ਕਾਨੂੰਨੀ ਤਰਕਾਂ ਰਾਹੀਂ ਹੀ ਤੈਅ ਹੋਣਗੇ, ਪਰ ਇਨ੍ਹਾਂ ਨੇ ਪੂਰੇ ਵਿਸ਼ਵ ਦੇ ਸਾਹਮਣੇ ਇਹ ਸਵਾਲ ਜ਼ਰੂਰ ਖੜ੍ਹਾ ਕਰ ਦਿੱਤਾ ਹੈ ਕਿ ਬੋਲਣ ਦੀ ਆਜ਼ਾਦੀ ਅਤੇ ਦੇਸ਼ ਦੇ ਸਰਵਉੱਚ ਅਹੁਦੇ ’ਤੇ ਬੈਠੇ ਵਿਅਕਤੀ ਦੀ ਸਮਾਜਿਕ ਸਾਖ ਦੀ ਸੁਰੱਖਿਆ ਵਿਚਕਾਰ ਇੱਕ ਨਿਰਪੱਖ ਲਕੀਰ ਕਿੱਥੇ ਖਿੱਚੀ ਜਾਣੀ ਚਾਹੀਦੀ ਹੈ ਅਤੇ ਕਿਵੇਂ ਇਨ੍ਹਾਂ ਸ਼ਕਤੀਸ਼ਾਲੀ ਸੰਸਥਾਵਾਂ ਦੇ ਆਪਸੀ ਟਕਰਾਅ ਦਾ ਪ੍ਰਭਾਵ ਪੂਰੇ ਲੋਕਤੰਤਰ ’ਤੇ ਪੈਂਦਾ ਹੈ।



# ਸਿੱਖ ਨੌਜਵਾਨ ਨੂੰ ਕਤਲ ਕੇਸ 'ਚ ਦੋਸ਼ੀ ਕਰਾਰ ਦਿੱਤੇ ਜਾਣ ਤੋਂ ਬਾਅਦ ਜਨਤਕ ਥਾਵਾਂ 'ਤੇ ਕਿਰਪਾਨ ਪਹਿਨਣ ਨੂੰ ਲੈ ਕੇ ਸਿਆਸੀ ਤੂਫ਼ਾਨ ਖੜ੍ਹਾ

ਲੰਡਨ, 30 ਮਈ (ਚ.ਨ.ਸ): ਬ੍ਰਿਟੇਨ ਦੇ ਸਾਊਥੈਂਪਟਨ ਸ਼ਹਿਰ ਤੋਂ ਇੱਕ ਬਹੁਤ ਹੀ ਸੰਵੇਦਨਸ਼ੀਲ ਤੇ ਚਿੰਤਾਜਨਕ ਮਾਮਲਾ ਸਾਹਮਣੇ ਆਇਆ ਸੀ, ਜਿਸ ਨੇ ਪੂਰੇ ਦੇਸ਼ ਦੇ ਸਿਆਸੀ ਤੇ ਸਮਾਜਿਕ ਗਲਿਆਰਿਆਂ ਵਿੱਚ ਇੱਕ ਨਵੀਂ ਬਹਿਸ ਛੇੜ ਦਿੱਤੀ ਹੈ। ਸਾਊਥੈਂਪਟਨ ਕਰਾਊਨ ਕੋਰਟ ਦੀ ਜਿਊਰੀ ਵੱਲੋਂ ਬ੍ਰਿਟਿਸ਼ ਮੂਲ ਦੇ 23 ਸਾਲਾ ਸਿੱਖ ਨੌਜਵਾਨ ਵਿਕਰਮ ਸਿੰਘ ਦਿਗਵਾ ਨੂੰ 18 ਸਾਲਾ ਯੂਨੀਵਰਸਿਟੀ ਵਿਦਿਆਰਥੀ ਹੈਨਰੀ ਨੋਵਾਕ ਦੇ ਕਤਲ ਦੇ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤਾ ਗਿਆ ਹੈ। ਅਦਾਲਤ ਦੇ ਇਸ ਫੈਸਲੇ ਤੋਂ ਬਾਅਦ ਜਨਤਕ ਥਾਵਾਂ 'ਤੇ ਧਾਰਮਿਕ ਚਿੰਨ੍ਹ ਵਜੋਂ ਕਿਰਪਾਨ ਧਾਰਨ ਕਰਨ ਦੀ ਕਾਨੂੰਨੀ ਛੋਟ ਨੂੰ ਖ਼ਤਮ ਕਰਨ ਤੇ ਇਸ 'ਤੇ ਪਾਬੰਦੀ ਲਗਾਉਣ ਦੀਆਂ ਸਿਆਸੀ ਮੰਗਾਂ ਤੇਜ਼ ਹੋ ਗਈਆਂ ਹਨ। ਇਸ ਦੇ ਨਾਲ ਹੀ ਘਟਨਾ ਦੇ ਸਮੇਂ ਮੌਕੇ 'ਤੇ ਪਹੁੰਚੀ ਪੁਲਿਸ ਵੱਲੋਂ ਮਰ ਰਹੇ ਪੀੜਤ ਨਾਲ ਕੀਤੇ ਗਏ ਵਤੀਰੇ ਕਾਰਨ 'ਟੂ-ਟੀਅਰ ਪੁਲਿਸਿੰਗ' ਦੇ ਗੰਭੀਰ ਦੋਸ਼ ਵੀ ਲੱਗ ਰਹੇ ਹਨ, ਜਿਸ ਕਾਰਨ ਬ੍ਰਿਟਿਸ਼ ਸੰਸਦ ਵਿੱਚ ਇਸ ਮੁੱਦੇ 'ਤੇ ਵਿਸ਼ੇਸ਼ ਬ f ਹ ਸ ਕਰਵਾਉਣ ਦੀ ਮੰਗ ਉੱਠੀ ਹੈ। ਇਸ ਫੈਸਲੇ ਤੋਂ ਬਾਅਦ ਬ੍ਰਿਟੇਨ ਦੀ ਰਿਫਾਰਮ ਯੂਕੇ ਪਾਰਟੀ ਸਮੇਤ ਕਈ ਦੱਖਣਪੰਥੀ ਸਿਆਸਤਦਾਨਾਂ ਨੇ ਜਨਤਕ ਥਾਵਾਂ 'ਤੇ ਕਿਰਪਾਨ ਲੈ ਕੇ ਜਾਣ ਦੀ ਕਾਨੂੰਨੀ ਛੋਟ ਨੂੰ ਖ਼ਤਮ ਕਰਨ ਦੀ ਮੰਗ ਚੁੱਕੀ ਹੈ। ਸੰਸਦ ਮੈਂਬਰ ਰੂਪਰਟ ਲੋਵੇ ਨੇ ਕਿਹਾ ਕਿ ਜਨਤਕ ਥਾਵਾਂ 'ਤੇ ਕਿਰਪਾਨ 'ਤੇ ਪਾਬੰਦੀ ਲੱਗਣੀ ਚਾਹੀਦੀ ਹੈ, ਜਦੋਂ ਕਿ ਸੰਸਦ ਮੈਂਬਰ ਡੈਰੇਨ ਪੈਫੀ ਨੇ ਕਿਹਾ ਕਿ ਜਨਤਕ ਥਾਵਾਂ 'ਤੇ ਅਜਿਹਾ ਬਲੇਡ ਲੈ ਕੇ ਚੱਲਣਾ ਖ਼ਤਰਨਾਕ ਹੈ ਤੇ ਜਦੋਂ ਇਸ ਦੀ ਵਰਤੋਂ ਕਿਸੇ ਦੀ ਜਾਨ ਲੈਣ ਲਈ ਕੀਤੀ ਜਾਵੇ ਤਾਂ ਇਸ ਨੂੰ ਮਹਿਜ਼ ਧਾਰਮਿਕ ਚਿੰਨ੍ਹ ਕਹਿ ਕੇ ਬਚਾਅ ਨਹੀਂ ਕੀਤਾ ਜਾ ਸਕਦਾ।ਦੂਜੇ ਪਾਸੇ ਸਿੱਖ ਸੰਗਠਨਾਂ ਤੇ ਲੇਬਰ ਪਾਰਟੀ ਦੀ ਸੰਸਦ ਮੈਂਬਰ ਸਾਰਾਹ ਕੂਮਜ਼ ਨੇ ਇਸ ਦਾ ਵਿਰੋਧ ਕਰਦਿਆਂ ਕਿਹਾ ਹੈ ਕਿ ਕਿਸੇ ਇੱਕ ਵਿਅਕਤੀ ਦੇ ਮਾੜੇ ਕਾਰੇ ਕਰਕੇ ਪੂਰੇ ਸਿੱਖ ਭਾਈਚਾਰੇ ਤੇ ਉਨ੍ਹਾਂ ਦੇ ਪਵਿੱਤਰ ਧਾਰਮਿਕ ਚਿੰਨ੍ਹ 'ਤੇ ਨਿਸ਼ਾਨਾ ਨਹੀਂ ਸਾਧਿਆ ਜਾਣਾ ਚਾਹੀਦਾ। ਸਿੱਖ ਫੈਡਰੇਸ਼ਨ ਯੂਕੇ ਨੇ ਸਪੱਸ਼ਟ ਕੀਤਾ ਹੈ ਕਿ ਕਾਨੂੰਨ ਸਿਰਫ਼ ਅੰਮ੍ਰਿਤਧਾਰੀ ਸਿੱਖਾਂ ਨੂੰ ਧਾਰਮਿਕ ਆਸਥਾ ਵਜੋਂ ਕਿਰਪਾਨ ਰੱਖਣ ਦੀ ਇਜਾਜ਼ਤ ਦਿੰਦਾ ਹੈ, ਪਰ ਜੇਕਰ ਇਸ ਦੀ ਵਰਤੋਂ ਹਿੰਸਾ ਜਾਂ ਹਮਲੇ ਲਈ ਕੀਤੀ ਜਾਂਦੀ ਹੈ ਤਾਂ ਕਾਨੂੰਨੀ ਬਚਾਅ ਦਾ ਕੋਈ ਅਧਿਕਾਰ ਨਹੀਂ ਰਹਿ ਜਾਂਦਾ।ਚਹੁੰਤਰਫਾ ਘਿਰਨ ਤੋਂ ਬਾਅਦ ਹੈਂਪਸ਼ਾਇਰ ਪੁਲਿਸ ਨੇ ਜਨਤਕ ਤੌਰ 'ਤੇ ਮੁਆਫੀ ਮੰਗੀ ਹੈ ਤੇ ਮਾਮਲਾ ਸੁਤੰਤਰ ਪੁਲਿਸ ਆਚਰਣ ਦਫ਼ਤਰ ਨੂੰ ਸੌਂਪ ਦਿੱਤਾ ਹੈ, ਜੋ ਪੁਲਿਸ ਦੀ ਲਾਪ੍ਰਵਾਹੀ ਦੀ ਜਾਂਚ ਕਰ ਰਿਹਾ ਹੈ।



ਚੰਦਰਤਾਲ ਝੀਲ ਸੈਲਾਨੀਆਂ ਲਈ ਮੁੜ ਖੁੱਲ੍ਹੀ....

# ਸਰਦੀਆਂ ਦੀ ਲੰਮੀ ਤਾਲਾਬੰਦੀ ਤੋਂ ਬਾਅਦ ਪ੍ਰਸ਼ਾਸਨ ਨੇ ਬਹਾਲ ਕੀਤਾ ਰਸਤਾ

ਮੰਡੀ, 30 ਮਈ (ਚ.ਨ.ਸ): ਹਿਮਾਚਲ ਪ੍ਰਦੇਸ਼ ਦੇ ਲਾਹੌਲ ਤੇ ਸਪੀਤੀ ਜ਼ਿਲ੍ਹੇ ਦੇ ਵਿਸ਼ਵ ਪ੍ਰਸਿੱਧ ਤੇ ਖ਼ੂਬਸੂਰਤ ਸੈਲਾਨੀ ਸਥਾਨ 'ਚੰਦਰਤਾਲ ਝੀਲ' ਨੂੰ ਸਰਦੀਆਂ ਦੀ ਲੰਮੀ ਤਾਲਾਬੰਦੀ ਤੋਂ ਬਾਅਦ ਇੱਕ ਵਾਰ ਫਿਰ ਸੈਲਾਨੀਆਂ ਲਈ ਖੋਲ੍ਹ ਦਿੱਤਾ ਗਿਆ ਹੈ। ਭਾਰੀ ਬਰਫ਼ਬਾਰੀ ਕਾਰਨ ਇਹ ਖੇਤਰ ਪਿਛਲੇ ਕਈ ਮਹੀਨਿਆਂ ਤੋਂ ਪੂਰੀ ਤਰ੍ਹਾਂ ਕੱਟਿਆ ਹੋਇਆ ਸੀ, ਜਿਸ ਨੂੰ ਹੁਣ ਜ਼ਿਲ੍ਹਾ ਪ੍ਰਸ਼ਾਸਨ ਤੇ ਸਰਹੱਦੀ ਸੜਕ ਸੰਗਠਨ ਦੇ ਸਾਂਝੇ ਯਤਨਾਂ ਸਦਕਾ ਸੈਲਾਨੀਆਂ ਦੀ ਆਵਾਜਾਈ ਲਈ ਬਹਾਲ ਕਰ ਦਿੱਤਾ ਗਿਆ ਹੈ। ਸੜਕ ਖੁੱਲ੍ਹਣ ਦੀ ਖ਼ਬਰ ਮਿਲਦਿਆਂ ਹੀ ਸਥਾਨਕ ਕਾਰੋਬਾਰੀਆਂ ਤੇ ਸੈਰ-ਸਪਾਟਾ ਖੇਤਰ ਨਾਲ ਜੁੜੇ ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਇੱਥੇ ਵੱਡੀ ਗਿਣਤੀ ਵਿੱਚ ਸੈਲਾਨੀਆਂ ਦੇ ਪਹੁੰਚਣ ਦੀ ਉਮੀਦ ਜਤਾਈ ਜਾ ਰਹੀ ਹੈ। ਲਾਹੌਲ-ਸਪੀਤੀ ਦੀ ਡਿਪਟੀ ਕਮਿਸ਼ਨਰ ਕਿਰਨ ਭਦਾਨਾ ਨੇ ਇਸ ਸਬੰਧੀ ਰਸਮੀ ਨੋਟੀਫਿਕੇਸ਼ਨ ਜਾਰੀ ਕਰਦਿਆਂ ਦੱਸਿਆ ਕਿ ਬੀ.ਆਰ.ਓ. ਵੱਲੋਂ ਦਿਨ-ਰਾਤ ਮਿਹਨਤ ਕਰਕੇ ਇਸ ਉਚਾਈ ਵਾਲੇ ਖੇਤਰ ਦੀ ਸੜਕ ਤੋਂ ਬਰਫ਼ ਹਟਾਉਣ ਦਾ ਕੰਮ ਮੁਕੰਮਲ ਕਰ ਲਿਆ ਗਿਆ ਹੈ। ਹੁਣ ਇਸ ਮਾਰਗ 'ਤੇ ਹਰ ਕਿਸਮ ਦੇ ਵਾਹਨਾਂ ਦੀ ਆਵਾਜਾਈ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ, ਜਿਸ ਨਾਲ ਖੇਤਰ ਵਿੱਚ ਸੈਰ-ਸਪਾਟਾ ਗਤੀਵਿਧੀਆਂ ਨੂੰ ਵੱਡਾ ਹੁਲਾਰਾ ਮਿਲੇਗਾ।ਸਮੁੰਦਰ ਤਲ ਤੋਂ ਲਗਭਗ 4,300 ਮੀਟਰ ਦੀ ਉਚਾਈ 'ਤੇ ਸਥਿਤ ਚੰਦਰਤਾਲ ਝੀਲ ਨੂੰ ਇਸਦੇ ਅੱਧੇ ਚੰਦਰਮਾ ਵਰਗੇ ਆਕਾਰ ਕਰਕੇ ਮੂਨ ਲੇਕ (ਚੰਦ ਦੀ ਝੀਲ) ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਬਰਫ਼ ਨਾਲ ਢੱਕੀਆਂ ਪਹਾੜੀਆਂ ਤੇ ਸ਼ਾਂਤ ਵਾਤਾਵਰਨ ਦੇ ਵਿੱਚਕਾਰ ਸਥਿਤ ਇਹ ਝੀਲ ਹਿਮਾਚਲ ਦੇ ਸਭ ਤੋਂ ਖ਼ੂਬਸੂਰਤ ਸਥਾਨਾਂ ਵਿੱਚੋਂ ਇੱਕ ਹੈ। ਲਗਭਗ 2.5 ਕਿਲੋਮੀਟਰ ਦੇ ਘੇਰੇ ਵਿੱਚ ਫੈਲੀ ਇਸ ਝੀਲ ਦਾ ਪਾਣੀ ਇੰਨਾ ਸਾਫ਼ ਹੈ ਕਿ ਇਹ ਆਲੇ-ਦੁਆਲੇ ਦੇ ਪਹਾੜਾਂ ਤੇ ਅਸਮਾਨ ਦਾ ਸ਼ੀਸ਼ੇ ਵਾਂਗ ਪ੍ਰਤੀਬਿੰਬ ਦਿਖਾਉਂਦਾ ਹੈ। ਦਿਨ ਦੇ ਸਮੇਂ ਧੁੱਪ ਤੇ ਮੌਸਮ ਦੇ ਹਿਸਾਬ ਨਾਲ ਇਸ ਝੀਲ ਦੇ ਪਾਣੀ ਦਾ ਰੰਗ ਨੀਲਾ, ਹਰਾ ਤੇ ਫਿਰੋਜ਼ੀ ਬਦਲਦਾ ਪ੍ਰਤੀਤ ਹੁੰਦਾ ਹੈ, ਜੋ ਸੈਲਾਨੀਆਂ ਨੂੰ ਮੰਤਰ-ਮੁਗਧ ਕਰ ਦਿੰਦਾ ਹੈ। ਕੁਦਰਤੀ ਸੁੰਦਰਤਾ ਤੋਂ ਇਲਾਵਾ ਇਹ ਝੀਲ ਆਪਣੇ-ਆਪ ਵਿੱਚ ਡੂੰਘੀ ਧਾਰਮਿਕ ਤੇ ਸੱਭਿਆਚਾਰਕ ਮਹੱਤਤਾ ਵੀ ਰੱਖਦੀ ਹੈ।



# ਫ਼ਿਰੋਜ਼ਪੁਰ ਰੇਲਵੇ ਮੰਡਲ ਨੇ ਇੱਕੋ ਦਿਨ 13 ਮਾਲ ਗੱਡੀਆਂ ਲੋਡ ਕਰਕੇ ਰਚਿਆ ਇਤਿਹਾਸ

ਫ਼ਿਰੋਜ਼ਪੁਰ, 30 ਮਈ (ਚ.ਨ.ਸ): ਫ਼ਿਰੋਜ਼ਪੁਰ ਰੇਲਵੇ ਮੰਡਲ ਨੇ ਪੰਜਾਬ ਤੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੱਕ ਅਨਾਜ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਂਦੇ ਹੋਏ ਵੱਡੀ ਉਪਲਬਧੀ ਹਾਸਲ ਕੀਤੀ ਹੈ। ਮੰਡਲ ਨੇ 28 ਮਈ 2026 ਨੂੰ ਇੱਕੋ ਦਿਨ ਵਿੱਚ ਰਿਕਾਰਡ 13 ਮਾਲ ਗੱਡੀਆਂ ਦੀ ਲੋਡਿੰਗ ਕਰਕੇ ਨਵਾਂ ਇਤਿਹਾਸ ਰਚ ਦਿੱਤਾ। ਰੇਲਵੇ ਮੰਡਲ ਵੱਲੋਂ ਭਾਰਤੀ ਖੁਰਾਕ ਨਿਗਮ (ਐਫਸੀਆਈ) ਤੇ ਹੋਰ ਖੁਰਾਕ ਏਜੰਸੀਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਮਾਲ ਗੱਡੀਆਂ ਦੀ ਉਪਲਬਧਤਾ ਨੂੰ ਪਹਿਲ ਦਿੱਤੀ ਜਾ ਰਹੀ ਹੈ। ਮੰਡਲ ਪ੍ਰਸ਼ਾਸਨ ਵੱਲੋਂ ਅਨਾਜ ਦੀ ਸੁਰੱਖਿਅਤ ਲੋਡਿੰਗ, ਤੇਜ਼ ਢੋਆ-ਢੁਆਈ ਤੇ ਰੇਲਾਂ ਦੇ ਸੁਚਾਰੂ ਸੰਚਾਲਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਇਤਿਹਾਸਕ ਲੋਡਿੰਗ ਦੌਰਾਨ ਫ਼ਿਰੋਜ਼ਪੁਰ ਸ਼ਹਿਰ, ਬਟਾਲਾ, ਸੂਰਾ ਨੁੱਸੀ, ਮਲਸੀਆਂ, ਗੁਰੂਹਰਸਹਾਏ, ਕਪੂਰਥਲਾ, ਜਗਰਾਉਂ, ਬਿਆਸ, ਫ਼ਰੀਦਕੋਟ, ਤਲਵੰਡੀ ਭਾਈ, ਅਜੀਤਵਾਲ, ਗੰਗਸਰ ਜੈਤੋ ਤੇ ਜੰਡਿਆਲਾ ਸਟੇਸ਼ਨਾਂ ਤੋਂ ਕਣਕ ਤੇ ਫੋਰਟੀਫਾਈਡ ਕਰਨਲ ਚੌਲ ਲੋਡ ਕਰਕੇ ਦੇਸ਼ ਦੇ ਵੱਖ-ਵੱਖ ਰਾਜਾਂ ਲਈ ਭੇਜੇ ਗਏ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਨੇ ਦੱਸਿਆ ਕਿ ਫ਼ਿਰੋਜ਼ਪੁਰ ਮੰਡਲ ਦੇਸ਼ ਦੀ ਅਨਾਜ ਸਪਲਾਈ ਲੜੀ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਇਸ ਸਫਲਤਾ ਲਈ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸਖ਼ਤ ਮਿਹਨਤ ਤੇ ਸਮਰਪਣ ਭਾਵਨਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਨਾਜ ਦੀ ਢੋਆ-ਢੁਆਈ ਦਾ ਕੰਮ ਇਸੇ ਤੇਜ਼ੀ ਨਾਲ ਜਾਰੀ ਰੱਖਿਆ ਜਾਵੇਗਾ।



# ਯੂਕ੍ਰੇਨ 'ਤੇ ਦਾਗਿਆ ਰੂਸੀ ਡਰੋਨ ਰੋਮਾਨੀਆ 'ਚ ਰਿਹਾਇਸ਼ੀ ਇਮਾਰਤ ਨਾਲ ਟਕਰਾਇਆ

ਕੀਵ, 30 ਮਈ (ਚ.ਨ.ਸ): ਯੂਕ੍ਰੇਨ 'ਤੇ ਬੀਤੀ ਪੂਰੀ ਰਾਤ ਕੀਤੇ ਗਏ ਲਗਾਤਾਰ ਹਮਲਿਆਂ ਦੌਰਾਨ ਇੱਕ ਰੂਸੀ ਡਰੋਨ ਪੂਰਬੀ ਰੋਮਾਨੀਆ ਦੀ ਇੱਕ ਰਿਹਾਇਸ਼ੀ ਇਮਾਰਤ ਨਾਲ ਟਕਰਾ ਗਿਆ, ਜਿਸ ਕਾਰਨ 2 ਲੋਕ ਜ਼ਖ਼ਮੀ ਹੋ ਗਏ। ਰੋਮਾਨੀਆ ਦੇ ਰੱਖਿਆ ਮੰਤਰਾਲਾ ਨੇ ਇੱਕ ਬਿਆਨ ਵਿੱਚ ਕਿਹਾ ਕਿ ਦੇਸ਼ ਦੀ ਹਵਾਈ ਸਰਹੱਦ ਵਿੱਚ ਰਾਡਾਰ 'ਤੇ ਦਿਖਾਈ ਦਿੱਤਾ ਇਹ ਡਰੋਨ ਗਲਾਤੀ ਸ਼ਹਿਰ ਦੀ ਇੱਕ ਇਮਾਰਤ ਦੀ ਛੱਤ ਨਾਲ ਟਕਰਾ ਗਿਆ, ਜਿਸ ਤੋਂ ਬਾਅਦ ਉੱਥੇ ਅੱਗ ਲੱਗ ਗਈ। ਇਸ ਘਟਨਾ ਵਿੱਚ 2 ਲੋਕਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਤੇ ਕਈ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਤੇ ਹੋਰ ਏਜੰਸੀਆਂ ਮੌਕੇ 'ਤੇ ਪਹੁੰਚ ਗਈਆਂ। ਇਸ ਘਟਨਾ ਤੋਂ ਬਾਅਦ ਰੋਮਾਨੀਆ ਦੀ ਫੌਜ ਨੇ ਦੋ ਐਫ-16 ਲੜਾਕੂ ਜਹਾਜ਼ ਤੇ ਇੱਕ ਹੈਲੀਕਾਪਟਰ ਤਾਇਨਾਤ ਕੀਤਾ। ਪ੍ਰਭਾਵਿਤ ਇਲਾਕਿਆਂ ਦੇ ਵਸਨੀਕਾਂ ਨੂੰ ਚਿਤਾਵਨੀ ਸੰਦੇਸ਼ ਵੀ ਭੇਜੇ ਗਏ। ਇਸ ਘਟਨਾਚੱਕਰ 'ਤੇ ਉੱਤਰੀ ਅਟਲਾਂਟਿਕ ਸੰਧੀ ਸੰਗਠਨ (ਨਾਟੋ) ਦੇ ਮੈਂਬਰ ਦੇਸ਼ ਰੋਮਾਨੀਆ ਨੇ ਸੰਗਠਨ ਤੋਂ ਉਨ੍ਹਾਂ ਦੀ ਫੌਜ ਨੂੰ ਜਲਦੀ ਤੋਂ ਜਲਦੀ ਐਂਟੀ-ਡਰੋਨ ਸਮਰੱਥਾਵਾਂ ਉਪਲਬਧ ਕਰਵਾਉਣ ਦੀ ਮੰਗ ਕੀਤੀ ਹੈ।



# ਪੀਰ ਬਾਬਾ ਕੌਨੀ ਸ਼ਾਹ ਦੀ ਮਜਾਰ 'ਤੇ ਸਾਲਾਨਾ ਜੋੜ ਮੇਲਾ ਭਲਕੇ

ਬਟਾਲਾ, 30 ਮਈ (ਬਲਵਿੰਦਰ ਸਿੰਘ ਪੰਜਗਰਾਈਂ): ਨਜ਼ਦੀਕੀ ਪਿੰਡ ਪੱਤੀ ਰਾਮਪੁਰ (ਨੇੜੇ ਪਿੰਡ ਰਧਾਨ) ਦੇ ਪੀਰ ਬਾਬਾ ਕੌਨੀ ਸ਼ਾਹ ਦੀ ਮਜਾਰ ਉਪਰ, (ਕੱਲ 01 ਜੂਨ ਦਿਨ ਸੋਮਵਾਰ ਨੂੰ) ਹਰ ਸਾਲ ਦੀ ਤਰ੍ਹਾਂ ਜੋੜ ਮੇਲੇ ਦੇ ਪ੍ਰਬੰਧਕਾਂ ਵੱਲੋਂ ਨਗਰ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਨਗਰ ਦੇ ਸਰਪੰਚ ਜਗੀਰ ਸਿੰਘ ਤੇ ਪ੍ਰਧਾਨ ਸੁਲੱਖਣ ਸਿੰਘ ਨੇ ਦੱਸਿਆ ਕਿ ਬੇਸ਼ੱਕ ਅਜਿਹੇ ਜੋੜ ਮੇਲੇ ਇਨਸਾਨ ਦੀ ਜ਼ਿੰਦਗੀ ਨੂੰ ਕੋਈ ਸੇਧ ਦਿੰਦੇ ਹੋਣ ਜਾਂ ਨਾ ਪਰ ਜ਼ਿੰਦਗੀ ਜਿਉਣ ਲਈ ਅਜਿਹੇ ਸੱਭਿਆਚਾਰਕ ਤੇ ਵਿਰਸੇ ਨਾਲ ਜੁੜੇ ਹੋਏ ਜੋੜ ਮੇਲੇ ਇਨਸਾਨ ਵਿੱਚ ਨਵਾਂ ਜੋਸ਼, ਨਵੀਂ ਉਮੰਗ ਤੇ ਨਵਾਂ ਉਤਸ਼ਹ ਭਰਦੇ ਹਨ, ਇਨਸਾਨ ਅੰਦਰ ਨਵੀਂ ਸੋਚ, ਨਵੀਂ ਊਰਜਾ ਪੈਦਾ ਕਰਦੇ ਹਨ ਤੇ ਇਨਸਾਨ ਨੂੰ ਸਮਾਜ ਲਈ ਕੁਝ ਚੰਗਾ ਕਰ ਗੁਜ਼ਰਨ ਦੀ ਚਾਹਤ ਪੈਦਾ ਕਰਦੇ ਹਨ। ਸਰਪੰਚ ਜਗੀਰ ਸਿੰਘ ਨੇ ਕਿਹਾ ਕਿ ਸੰਗਤਾਂ ਦੀ ਟਹਿਲ ਸੇਵਾ ਲਈ ਠੰਡੇ-ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਣਗੀਆਂ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਜਾਵੇਗਾ। ਉਨ੍ਹਾਂ ਹੋਰ ਦੱਸਿਆ ਕਿ ਇਸ ਮੇਲੇ ਵਿੱਚ ਪੰਜਾਬ ਦੇ ਪ੍ਰਸਿੱਧ ਕੱਵਾਲ ਮਣੀ ਸੂਫੀ ਗਰੁੱਪ ਤੇ ਕੱਵਾਲ ਮੁਖਤਾਰ ਕਾਦਰੀ ਗਰੁੱਪ ਸੰਗਤਾਂ ਦੇ ਸਨਮੁਖ ਹੋ ਕੇ ਆਪਣੀ ਕਲਾ ਦੇ ਜੌਹਰ ਦਿਖਾਉਣਗੇ ਤੇ ਪੀਰ ਬਾਬਾ ਕੌਨੀ ਸ਼ਾਹ ਦੀ ਮਜਾਰ ਉਪਰ ਸੂਫੀਆਨਾ ਕਲਾਮ ਰਾਹੀਂ ਆਪਣੀ ਅਕੀਦਤ ਭੇਟ ਕਰਨਗੇ। ਸਰਪੰਚ ਜਗੀਰ ਸਿੰਘ ਨੇ ਦੱਸਿਆ ਕਿ ਪੀਰ ਜੀ ਦੀ ਜਗ੍ਹਾ ਉਪਰ ਜੋੜ ਮੇਲੇ ਨੂੰ ਪੂਰੀ ਉਤਸ਼ਾਹ ਨਾਲ ਮਨਾਉਣ ਲਈ ਤਰਨਵੀਰ ਸਿੰਘ, ਲਕਸ਼ਦੀਪ ਸਿੰਘ, ਹਰਮਨ ਸਿੰਘ, ਗੁਰਤਾਜ ਸਿੰਘ, ਬਿਕਰਮਜੀਤ ਸਿੰਘ, ਜੁਗਰਾਜ ਸਿੰਘ, ਨਿਰਮਲ ਸਿੰਘ, ਨਵਜੋਤ ਸਿੰਘ, ਰਮਨਦੀਪ ਸਿੰਘ, ਆਦਿ ਐਨਆਰਆਈ ਵੀਰਾਂ ਦਾ ਵਿਸ਼ੇਸ਼ ਸਹਿਯੋਗ ਰਿਹਾ ਹੈ, ਜਿਨ੍ਹਾਂ ਨੇ ਹੱਡ ਭੰਨਵੀਂ ਮਿਹਨਤ ਕਰਦਿਆਂ ਹੋਇਆਂ ਆਪਣੀ ਦਸਾਂ ਨੌਹਾਂ ਦੀ ਕਿਰਤ ਕਮਾਈ ਵਿੱਚੋਂ ਤਾਂ ਸਬੰਧ ਕੱਢਦਿਆਂ ਹੋਇਆਂ ਵੱਡਾ ਯੋਗਦਾਨ ਪਾਇਆ ਹੈ। ਸੰਗਤਾਂ ਦੀਆਂ ਮੰਨਤਾਂ ਪੂਰੀਆਂ ਹੁੰਦੀਆਂ ਹਨ ਤੇ ਉਹ ਪੀਰ ਜੀ ਦੀ ਮਜ਼ਾਰ ਉਪਰ ਆ ਕੇ ਸੇਵਾ ਕਰਦੇ ਹਨ ਤੇ ਪੀਰ ਜੀ ਨੂੰ ਸਿਜਦੇ ਕਰਦੇ ਹਨ। ਉਨ੍ਹਾਂ ਇਲਾਕੇ ਭਰ ਦੀਆਂ ਸੰਗਤਾਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਆਪਣੀ ਜ਼ਿੰਦਗੀ ਦੇ ਰੁਝੇਵਿਆਂ ਨੂੰ ਛੱਡ ਕੇ ਅੱਜ ਦੇ ਦਿਨ ਇਸ ਜੋੜ ਮੇਲੇ ਵਿੱਚ ਹਾਜ਼ਰੀਆਂ ਭਰ ਕੇ ਮੇਲੇ ਦੀਆਂ ਰੌਣਕਾਂ ਵਧਾਓ ਤੇ ਖੁਦਾ ਵੱਲੋਂ ਬਖਸ਼ਿਸ਼ ਹੋਈਆਂ ਰਹਿਮਤਾਂ ਨਾਲ ਆਪਣੀਆਂ ਝੋਲੀਆਂ ਭਰੋ। ਇਸ ਮੌਕੇ ਸਰਪੰਚ ਜਗੀਰ ਸਿੰਘ ਤੇ ਪ੍ਰਧਾਨ ਸੁਲੱਖਣ ਸਿੰਘ ਤੋਂ ਇਲਾਵਾ ਨਗਰ ਦੀ ਸਮੁੱਚੀ ਪੰਚਾਇਤ ਤੇ ਮੋਹਤਬਰ ਸੱਜਣ ਵੀ ਹਾਜ਼ਰ ਸਨ।



# ਮਹਿੰਗਾਈ ਖ਼ਿਲਾਫ਼ ਕਾਂਗਰਸ ਦਾ ਫੁੱਟਿਆ ਗੁੱਸਾ

☛ ਵਿਧਾਇਕ ਹਰਪ੍ਰਤਾਪ ਸਿੰਘ ਦੀ ਅਗਵਾਈ 'ਚ ਫੂਕਿਆ ਕੇਂਦਰ ਸਰਕਾਰ ਦਾ ਪੁਤਲਾ

ਅਜਨਾਲਾ, 30 ਮਈ (ਸੁਖਦੇਵ ਸਿੰਘ ਖ਼ਾਲਸਾ): ਦੇਸ਼ ਅੰਦਰ ਲਗਾਤਾਰ ਵੱਧ ਰਹੀ ਮਹਿੰਗਾਈ ਨੂੰ ਲੈ ਕੇ ਗੁੱਸੇ ਦੀ ਲਹਿਰ ਚੱਲ ਰਹੀ ਹੈ। ਇਸੇ ਸੰਦਰਭ ਵਿੱਚ ਕਾਂਗਰਸ ਪਾਰਟੀ ਦੇ ਆਗੂਆਂ ਤੇ ਵਰਕਰਾਂ ਦਾ ਗੁੱਸਾ ਵੀ ਸੜਕਾਂ 'ਤੇ ਨਜ਼ਰ ਆਇਆ, ਜਦੋਂ ਸਾਬਕਾ ਵਿਧਾਇਕ ਸਿੰਘ ਅਜਨਾਲਾ ਦੀ ਅਗਵਾਈ ਹੇਠ ਕੇਂਦਰ ਸਰਕਾਰ ਖ਼ਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਵਰਦੇ ਮੀਂਹ ਦੌਰਾਨ ਕਾਂਗਰਸ ਆਗੂਆਂ ਨੇ ਪ੍ਰਧਾਨ ਮੰਤਰੀ ਮੋਦੀ ਦਾ ਪੂਰਾ ਸਾੜ ਕੇ ਦੇਸ਼ ਅੰਦਰ ਡੀਜ਼ਲ ਪੈਟਰੋਲ ਤੇ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਦਾ ਤਿੱਖਾ ਵਿਰੋਧ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਆਮ ਲੋਕਾਂ ਦਾ ਜੀਵਨ ਬਹੁਤ ਮੁਸ਼ਕਿਲ ਹੋ ਗਿਆ ਹੈ। ਮਹਿੰਗਾਈ ਨੇ ਆਮ ਲੋਕਾਂ ਦਾ ਲੱਕ ਤੋੜ ਦਿੱਤਾ ਹੈ। ਮਹਿੰਗਾਈ ਕਰਕੇ ਦੇਸ਼ ਵਿੱਚ ਗਰੀਬੀ ਤੇ ਬੇਰੁਜ਼ਗਾਰੀ ਬੇਹੱਦ ਵੱਧ ਗਈ ਹੈ। ਰੁਪਈਏ ਦੀ ਕੀਮਤ ਡਾਲਰ ਦੇ ਮੁਕਾਬਲੇ ਬੇਹੱਦ ਨਿਚਲੇ ਅਸਥਾਨ 'ਤੇ ਆ ਗਈ ਹੈ। ਇਸ ਸਾਰੇ ਚੱਕਰ ਲਈ ਕੇਂਦਰ ਸਰਕਾਰ ਜ਼ਿੰਮੇਵਾਰ ਹੈ। ਰੋਜ਼ਾਨਾ ਪੈਟਰੋਲ, ਡੀਜ਼ਲ ਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਨੇ ਆਮ ਲੋਕਾਂ ਦਾ ਘਰੇਲੂ ਬਜਟ ਵਿਗਾੜ ਕੇ ਰੱਖ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿਵੇਂ ਕਾਂਗਰਸ ਸਰਕਾਰ ਦੇ ਸਮੇਂ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਲੋਕਾਂ ਨੂੰ ਰਾਹ ਦੇਣ ਲਈ ਡੀਜ਼ਲ ਤੇ ਪੈਟਰੋਲ ਦਾ ਵੈਟ ਘਟਾਇਆ ਸੀ ਉਸੇ ਹੀ ਤਰ੍ਹਾਂ ਮਾਨ ਸਰਕਾਰ ਨੂੰ ਵੀ ਤੁਰੰਤ ਵੈਟ ਵਿੱਚ ਕਟੌਤੀ ਕਰਕੇ ਲੋਕਾਂ ਨੂੰ ਰਾਹਤ ਦੇਣੀ ਚਾਹੀਦੀ ਹੈ। ਇਸ ਮੌਕੇ ਕਾਂਗਰਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਮੀਤ ਪ੍ਰਧਾਨ ਕੰਵਰਪ੍ਰਤਾਪ ਸਿੰਘ ਅਜਨਾਲਾ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਅਹੁਦੇਦਾਰ ਹਾਜ਼ਰ ਸਨ।



# ਲੋਕ ਵਿਕਾਸ ਤੇ ਇਮਾਨਦਾਰ ਸਰਕਾਰ ਦੇ ਨਾਲ ਖੜ੍ਹੇ, 2027 'ਚ ਮੁੜ ਬਣੇਗੀ 'ਆਪ' ਸਰਕਾਰ: ਡਾ. ਕੇ.ਜੇ. ਸਿੰਘ

ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ, 30 ਮਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਨ ਸਭਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਸੀਨੀਅਰ ਆਗੂ ਤੇ ਸਾਬਕਾ ਆਬਜ਼ਰਵਰ ਡਾ. ਕਮਲਜੀਤ ਸਿੰਘ ਕੇਜੇ ਨੇ ਕਿਹਾ ਕਿ ਪੂਰੇ ਪੰਜਾਬ ਵਿੱਚ ਹੋਈਆਂ ਨਗਰ ਨਿਗਮ, ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਤੇ ਇਤਿਹਾਸਕ ਜਿੱਤ ਦਰਜ ਕਰਕੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਅੱਜ ਵੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਵਿਕਾਸਮੁਖੀ ਸੋਚ ਨਾਲ ਮਜ਼ਬੂਤੀ ਨਾਲ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਇਹ ਨਤੀਜੇ ਸਾਫ ਸੰਕੇਤ ਦੇ ਰਹੇ ਹਨ ਕਿ ਸਾਲ 2027 ਵਿੱਚ ਪੰਜਾਬ ਵਿੱਚ ਇੱਕ ਵਾਰ ਫਿਰ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ। ਡਾ. ਕੇ.ਜੇ. ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਕਾਰਨ ਲੋਕਾਂ ਦਾ ਵਿਸ਼ਵਾਸ ਲਗਾਤਾਰ ਆਮ ਆਦਮੀ ਪਾਰਟੀ ਉਤੇ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਰਵਾਇਤੀ ਪਾਰਟੀਆਂ ਦੀ ਰਾਜਨੀਤੀ ਤੋਂ ਅੱਕ ਚੁੱਕੇ ਹਨ ਤੇ ਉਹ ਇਮਾਨਦਾਰ ਤੇ ਲੋਕ-ਕੇਂਦਰਿਤ ਸਰਕਾਰ ਨੂੰ ਤਰਜੀਹ ਦੇ ਰਹੇ ਹਨ। ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਸੜਕਾਂ ਤੇ ਹੋਰ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਤੋਂ ਆਮ ਲੋਕ ਕਾਫੀ ਪ੍ਰਭਾਵਿਤ ਹਨ। ਇਸੇ ਕਰਕੇ ਪੰਜਾਬ ਦੇ ਹਰ ਵਰਗ ਵੱਲੋਂ ਆਮ ਆਦਮੀ ਪਾਰਟੀ ਨੂੰ ਭਾਰੀ ਸਮਰਥਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੇ ਹਿੱਤਾਂ ਲਈ ਲਾਹੇਵੰਦ ਸਾਬਤ ਹੋ ਰਹੀ ਹੈ ਤੇ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰ ਰਹੀ ਹੈ। ਉਨ੍ਹਾਂ ਕਿਹਾ ਕਿ ਆਦਮੀ ਪਾਰਟੀ ਨੇ ਪੂਰੇ ਪੰਜਾਬ ਵਿੱਚ ਆਪਣਾ ਜਾਦੂ ਬਖੇਰਦਿਆਂ ਇਹ ਸਾਬਤ ਕਰ ਦਿੱਤਾ ਹੈ ਕਿ ਲੋਕ ਹੁਣ ਵਿਕਾਸ, ਇਮਾਨਦਾਰੀ ਤੇ ਬਦਲਾਅ ਦੀ ਰਾਜਨੀਤੀ ਦੇ ਨਾਲ ਖੜ੍ਹੇ ਹਨ।



# ਧਾਰੀਵਾਲ ਨਗਰ ਕੌਂਸਲ 'ਤੇ 'ਆਪ' ਦਾ ਕਬਜ਼ਾ, ਬੰਬੀਤਾ ਖੋਸਲਾ ਦੀ ਮਿਹਨਤ ਰੰਗ ਲੈ ਕੇ ਆਈ

☛ਕਾਂਗਰਸ ਦੇ ਗੜ੍ਹ 'ਚ ਚੱਲਿਆ ਝਾੜੂ, ਲੋਕਾਂ ਨੇ ਵਿਕਾਸ ਦੇ ਨਾਮ 'ਤੇ 'ਆਪ' ਨੂੰ ਭਰਪੂਰ ਸਮਰਥਨ ਦਿੱਤਾ

ਧਾਰੀਵਾਲ, 30 ਮਈ (ਜਗੀਰ ਸਿੰਘ ਮੰਡ/ਅਸ਼ੋਕ ਕੁਮਾਰ ਬੰਗਰਾਲ): ਧਾਰੀਵਾਲ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਜਿੱਤ ਦਰਜ ਕਰਦਿਆਂ ਨਗਰ ਕੌਂਸਲ 'ਤੇ ਆਪਣਾ ਕਬਜ਼ਾ ਕਰ ਲਿਆ ਹੈ। ਇਸ ਜਿੱਤ ਨੂੰ ਪਾਰਟੀ ਦੀ ਸੀਨੀਅਰ ਮਹਿਲਾ ਆਗੂ ਬੰਬੀਤਾ ਖੋਸਲਾ ਦੀ ਲਗਾਤਾਰ ਮਿਹਨਤ ਤੇ ਲੋਕਾਂ ਨਾਲ ਮਜ਼ਬੂਤ ਸੰਪਰਕ ਦਾ ਨਤੀਜਾ ਮੰਨਿਆ ਜਾ ਰਿਹਾ ਹੈ। ਕਦੇ ਕਾਂਗਰਸ ਦਾ ਮਜ਼ਬੂਤ ਗੜ੍ਹ ਮੰਨੇ ਜਾਂਦੇ ਧਾਰੀਵਾਲ ਵਿੱਚ ਇਸ ਵਾਰ ਵੋਟਰਾਂ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ, ਕੰਮਾਂ ਤੇ ਵਿਕਾਸ ਦੇ ਵਾਅਦਿਆਂ 'ਤੇ ਭਰੋਸਾ ਜਤਾਉਂਦਿਆਂ ਝਾੜੂ ਦੇ ਨਿਸ਼ਾਨ 'ਤੇ ਮੋਹਰ ਲਗਾਈ। ਚੋਣ ਨਤੀਜਿਆਂ ਨੇ ਸਪੱਸ਼ਟ ਕਰ ਦਿੱਤਾ ਕਿ ਧਾਰੀਵਾਲ ਦੇ ਲੋਕ ਹੁਣ ਰਵਾਇਤੀ ਰਾਜਨੀਤੀ ਤੋਂ ਅੱਗੇ ਵੱਧ ਕੇ ਵਿਕਾਸ ਦੀ ਰਾਜਨੀਤੀ ਨੂੰ ਤਰਜੀਹ ਦੇ ਰਹੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੰਬੀਤਾ ਖੋਸਲਾ ਨੇ ਕਿਹਾ ਕਿ ਇਹ ਜਿੱਤ ਧਾਰੀਵਾਲ ਦੀ ਸਮੂਹ ਜਨਤਾ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਰਮਨ ਪਿਆਰੇ ਆਗੂ ਜਗਰੂਪ ਸਿੰਘ ਸੇਖਵਾਂ ਵੱਲੋਂ ਇਲਾਕੇ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਤੇ ਲੋਕ ਸੇਵਾ ਦੇ ਕਾਰਨ ਲੋਕਾਂ ਨੇ ਪਾਰਟੀ 'ਤੇ ਭਰੋਸਾ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਵਾਅਦੇ ਲੋਕਾਂ ਨਾਲ ਕੀਤੇ ਸਨ, ਉਨ੍ਹਾਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਇਸੇ ਕਰਕੇ ਲੋਕਾਂ ਨੇ ਨਗਰ ਕੌਂਸਲ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਨੂੰ ਭਰਪੂਰ ਸਮਰਥਨ ਦਿੱਤਾ ਹੈ। ਬੰਬੀਤਾ ਖੋਸਲਾ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ ਕਾਦੀਆਂ ਨਗਰ ਕੌਂਸਲ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਵੱਡੀ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਨਗਰ ਕੌਂਸਲਾਂ ਤੇ ਨਗਰ ਨਿਗਮਾਂ ਨੂੰ ਹੋਰ ਫੰਡ ਜਾਰੀ ਕਰਕੇ ਸ਼ਹਿਰਾਂ ਦਾ ਵਿਆਪਕ ਵਿਕਾਸ ਕਰਵਾਇਆ ਜਾਵੇਗਾ।



ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲ ਚੋਣਾਂ-2026

# ਅੱਜ ਪਹਿਲੇ ਦਿਨ 13 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ

ਗੁਰਦਾਸਪੁਰ, 30 ਮਈ (ਜਗੀਰ ਸਿੰਘ ਮੰਡ/ਨਾਹਰ): ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਚੋਣ ਪ੍ਰੋਗਰਾਮ ਅਨੁਸਾਰ ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲ ਦੀਆਂ ਚੋਣਾਂ 13 ਜੂਨ ਨੂੰ ਹੋਣਗੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਚੋਣਕਾਰ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਐਲਾਨੇ ਗਏ ਚੋਣ ਪ੍ਰੋਗਰਾਮ ਅਨੁਸਾਰ ਨਾਮਜ਼ਦਗੀਆਂ ਭਰਨ ਦੇ ਅੱਜ ਪਹਿਲੇ ਦਿਨ ਗੁਰਦਾਸਪੁਰ ਨਗਰ ਕੌਂਸਲ ਤੋਂ 13 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਭਰੇ ਗਏ। ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲ ਲਈ ਅੱਜ ਕੋਈ ਨਾਮਜ਼ਦਗੀ ਨਹੀਂ ਹੋਈ ਹੈ।ਉਨ੍ਹਾਂ ਅੱਗੇ ਦੱਸਿਆ ਕਿ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 3 ਜੂਨ ਹੈ। ਨਾਮਜ਼ਦਗੀਆਂ ਪੱਤਰਾਂ ਦੀ ਪੜਤਾਲ 4 ਜੂਨ ਨੂੰ ਹੋਵੇਗੀ। ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 5 ਜੂਨ ਦੁਪਹਿਰ 3 ਵਜੇ ਤੱਕ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੋਲਿੰਗ 13 ਜੂਨ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗੀ 'ਤੇ ਵੋਟਾਂ ਦੀ ਗਿਣਤੀ ਵੋਟਾਂ ਪੈਣ ਉਪਰੰਤ ਉਸੇ ਦਿਨ ਕੀਤੀ ਜਾਵੇਗੀ। ਦੱਸਣਯੋਗ ਹੈ ਕਿ ਨਗਰ ਕੌਂਸਲ ਗੁਰਦਾਸਪੁਰ ਦੇ ਕੁੱਲ 29 ਵਾਰਡ ਤੇ 70 ਪੋਲਿੰਗ ਬੂਥ ਹਨ। ਕੁੱਲ ਵੋਟਰ 69801 ਹਨ, ਜਿਨ੍ਹਾਂ ਵਿੱਚ 36131 ਪੁਰਸ਼, 33668 ਮਹਿਲਾਵਾਂ ਤੇ 2 ਅਦਰਜ਼ ਹਨ। ਇਸੇ ਤਰ੍ਹਾਂ ਦੀਨਾਨਗਰ ਨਗਰ ਕੌਂਸਲ ਦੇ 15 ਵਾਰਡ ਤੇ 21 ਪੋਲਿੰਗ ਬੂਥ ਹਨ। ਕੁੱਲ ਵੋਟਰ 19242 ਹਨ, ਜਿਨ੍ਹਾਂ ਵਿੱਚ 10083 ਪੁਰਸ਼, 9156 ਮਹਿਲਾਵਾਂ ਤੇ 3 ਅਦਰਜ਼ ਹਨ। ਇਸੇ ਤਰ੍ਹਾਂ ਨਗਰ ਕੌਂਸਲ ਕਾਦੀਆਂ ਦੇ 15 ਵਾਰਡ ਤੇ 18 ਪੋਲਿੰਗ ਬੂਥ ਹਨ। ਕੁੱਲ ਵੋਟਰ 15948 ਹਨ, ਜਿਨ੍ਹਾਂ ਵਿੱਚ 8447 ਪੁਰਸ਼, 7498 ਮਹਿਲਾਵਾਂ ਤੇ 3 ਅਦਰਜ਼ ਹਨ।



# ਨਗਰ ਕੌਂਸਲ ਚੋਣਾਂ 'ਚ 'ਆਪ' ਦੀ ਵੱਡੀ ਜਿੱਤ, 13 'ਚੋਂ 7 ਵਾਰਡਾਂ 'ਤੇ ਕਬਜ਼ਾ



ਧਾਰੀਵਾਲ, 30 ਮਈ (ਅਸ਼ੋਕ ਕੁਮਾਰ): ਧਾਰੀਵਾਲ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਬਹੁਮਤ ਹਾਸਲ ਕਰ ਲਿਆ ਹੈ। 13 ਵਾਰਡਾਂ ਵਾਲੀ ਨਗਰ ਕੌਂਸਲ ਵਿੱਚ ਆਮ ਆਦਮੀ ਪਾਰਟੀ ਨੇ 7 ਵਾਰਡਾਂ 'ਤੇ ਜਿੱਤ ਦਰਜ ਕਰਕੇ ਆਪਣਾ ਦਬਦਬਾ ਸਾਬਤ ਕੀਤਾ। ਚੋਣ ਨਤੀਜਿਆਂ ਤੋਂ ਬਾਅਦ ਪਾਰਟੀ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਦਿਖਾਈ ਦਿੱਤੀ ਤੇ ਵੱਖ-ਵੱਖ ਥਾਵਾਂ 'ਤੇ ਜਸ਼ਨ ਮਨਾਏ ਗਏ। ਚੋਣ ਨਤੀਜਿਆਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਨੂੰ 2-2 ਸੀਟਾਂ ਮਿਲੀਆਂ ਹਨ, ਜਦਕਿ ਭਾਜਪਾ ਤੇ ਇੱਕ ਆਜ਼ਾਦ ਉਮੀਦਵਾਰ ਨੇ 1-1 ਵਾਰਡ ਵਿੱਚ ਜਿੱਤ ਹਾਸਲ ਕੀਤੀ। ਇਸ ਜਿੱਤ ਨਾਲ ਆਮ ਆਦਮੀ ਪਾਰਟੀ ਨੂੰ ਨਗਰ ਕੌਂਸਲ ਵਿੱਚ ਮਜ਼ਬੂਤ ਸਥਿਤੀ ਮਿਲੀ ਹੈ। ਹਲਕਾ ਇੰਚਾਰਜ ਤੇ ਪਾਰਟੀ ਆਗੂ ਜਗਰੂਪ ਸਿੰਘ ਸੇਖਵਾਂ ਨੇ ਇਸ ਜਿੱਤ ਲਈ ਧਾਰੀਵਾਲ ਦੇ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਜਿੱਤ ਲੋਕਾਂ ਦੇ ਭਰੋਸੇ ਤੇ ਪਾਰਟੀ ਦੀਆਂ ਲੋਕਹਿੱਤ ਨੀਤੀਆਂ ਦੀ ਜਿੱਤ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਧਾਰੀਵਾਲ ਦੇ ਵਿਕਾਸ ਲਈ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ। ਚੋਣ ਨਤੀਜਿਆਂ ਤੋਂ ਬਾਅਦ ਸ਼ਹਿਰ ਵਿੱਚ ਸਿਆਸੀ ਚਰਚਾਵਾਂ ਵੀ ਤੇਜ਼ ਹੋ ਗਈਆਂ ਹਨ ਤੇ ਲੋਕਾਂ ਨੂੰ ਨਵੀਂ ਕੌਂਸਲ ਤੋਂ ਵਿਕਾਸ ਦੀਆਂ ਵੱਡੀਆਂ ਉਮੀਦਾਂ ਹਨ।

# ਨਗਰ ਨਿਗਮ ਬਟਾਲਾ ਚੋਣ ਪ੍ਰਕਿਰਿਆ ਅਮਨ-ਸ਼ਾਂਤੀ ਪੂਰਵਕ ਨੇਪਰੇ ਚੜ੍ਹਨ ਨਾਲ ਸਮੁੱਚੇ ਚੋਣ ਅਮਲੇ ਤੇ ਵੋਟਰਾਂ ਦਾ ਧੰਨਵਾਦ ਕੀਤਾ

ਗੁਰਦਾਸਪੁਰ, 30 ਮਈ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉਪਲ ਦੀ ਅਗਵਾਈ ਹੇਠ ਨਗਰ ਨਿਗਮ ਬਟਾਲਾ, ਨਗਰ ਕੌਂਸਲ ਧਾਰੀਵਾਲ, ਫਤਹਿਗੜ੍ਹ ਚੂੜੀਆਂ ਤੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੀ ਸਮੁੱਚੀ ਚੋਣ ਪ੍ਰਕਿਰਿਆ ਅਮਨ-ਸ਼ਾਂਤੀ ਪੂਰਵਕ ਨੇਪਰੇ ਚੜ੍ਹੀ ਹੈ। ਇਨ੍ਹਾਂ ਚੋਣਾਂ ਲਈ ਮਾਣਯੋਗ ਚੋਣ ਕਮਿਸ਼ਨ ਵੱਲੋਂ ਗੁਰਦਾਸਪੁਰ ਜ਼ਿਲ੍ਹੇ ਲਈ ਤਾਇਨਾਤ ਕੀਤੇ ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਸਮੇਤ ਸਮੁੱਚੇ ਚੋਣ ਅਮਲੇ ਤੇ ਵੋਟਰਾਂ ਦਾ ਧੰਨਵਾਦ ਕੀਤਾ ਗਿਆ ਹੈ। ਇਨ੍ਹਾਂ ਚੋਣਾਂ ਲਈ ਪਈਆਂ ਵੋਟਾਂ ਦੀ ਗਿਣਤੀ ਕੇਂਦਰ ਬੇਰਿੰਗ ਕਾਲਜ ਬਟਾਲਾ, ਸੁਖਜਿੰਦਰ ਕਾਲਜ ਗੁਰਦਾਸਪੁਰ ਵਿਖੇ ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਵੱਲੋਂ ਕੀਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਤੇ ਵੋਟਾਂ ਦੀ ਗਿਣਤੀ ਦਾ ਕੰਮ ਅਮਨ ਅਮਾਨ ਨਾਲ ਸੰਪੰਨ ਹੋਇਆ। ਉਨ੍ਹਾਂ ਕਿਹਾ ਕਿ ਸਮੁੱਚੇ ਸਿਵਲ, ਪੁਲਿਸ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਸਮੇਤ ਸਮੂਹ ਪੋਲਿੰਗ ਸਟਾਫ ਦੇ ਸਹਿਯੋਗ ਨਾਲ ਚੋਣ ਪ੍ਰਕਿਰਿਆ ਸਫਲਤਾਪੂਰਵਕ ਢੰਗ ਨਾਲ ਨੇਪਰੇ ਚੜ੍ਹੀ ਹੈ, ਜਿਸ ਲਈ ਸਾਰੇ ਵਧਾਈ ਦੇ ਪਾਤਰ ਹਨ। ਇਸ ਮੌਕੇ ਉਨਾਂ ਰਾਜਸੀ ਪਾਰਟੀਆਂ ਸਮੇਤ ਸਮੂਹ ਉਮੀਦਵਾਰਾਂ ਵੱਲੋਂ ਵੋਟਾਂ ਦੀ ਗਿਣਤੀ ਦੀ ਪ੍ਰਕਿਰਿਆ ਬਹੁਤ ਹੀ ਸੁਖਾਵੇਂ ਤੇ ਅਮਨ ਸ਼ਾਂਤੀ ਢੰਗ ਨਾਲ ਮੁਕੰਮਲ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੇ ਸਹਿਯੋਗ ਲਈ ਵੀ ਧੰਨਵਾਦ ਕੀਤਾ। ਇਸ ਮੌਕੇ ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਦਾਸਪੁਰ, ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ, ਸਾਰੰਗਪ੍ਰੀਤ ਸਿੰਘ ਐਸਡੀਐਮ ਬਟਾਲਾ, ਡਾ ਨਵਜੋਤ ਸ਼ਰਮਾ ਐਸਡੀਐਮ ਫਤਹਿਗੜ੍ਹ ਚੂੜੀਆਂ, ਕਰਮਬੀਰ ਮਾਹਲਾ ਸਹਾਇਕ ਕਮਿਸ਼ਨਰ ਐਕਸਾਈਜ਼ ਤੇ ਡਾ. ਰਣਧੀਰ ਠਾਕੁਰ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਵੀ ਮੌਜੂਦ ਸਨ।



# ਕਾਂਗਰਸ ਦੀ ਹਾਰ ਹਲਕਾ ਇੰਚਾਰਜ ਵੱਲੋਂ ਟਿਕਟਾਂ ਦੀ ਵੰਡ ਸਮੇਂ ਮਨਮਰਜ਼ੀ ਕਰਨਾ ਵੱਡਾ ਕਾਰਨ ਰਹੀ: ਹਰਵੇਲ ਸੈਣੀ

ਗੜ੍ਹਸ਼ੰਕਰ, 30 ਮਈ (ਅਜਮੇਰ ਸਿੰਘ ਭਨੋਟ): ਨਗਰ ਕੌਂਸਲ ਚੋਣਾਂ ਦੇ ਐਲਾਨੇ ਨਤੀਜਿਆਂ 'ਚ ਆਮ ਆਦਮੀ ਪਾਰਟੀ ਨੇ ਕਾਂਗਰਸ ਦੀ ਆਪਸੀ ਫੁੱਟ ਕਾਰਨ 13 ਵਾਰਡਾਂ 'ਚੋਂ 8 ਸੀਟਾਂ 'ਤੇ ਜਿੱਤ ਹਾਸਲ ਕਰਕੇ ਬਹੁਮਤ ਹਾਸਲ ਕਰ ਲਿਆ ਹੈ। ਪਰ ਇਨ੍ਹਾਂ ਚੋਣਾਂ 'ਚ ਕਾਂਗਰਸ ਪਾਰਟੀ ਨੂੰ ਵੱਡਾ ਝਟਕਾ ਲੱਗਾ ਕਿਉਂਕਿ ਕਾਂਗਰਸ ਸਿਰਫ 1 ਸੀਟ ਹੀ ਜਿੱਤ ਸਕੀ, ਜਦਕਿ 4 ਸੀਟਾਂ 'ਤੇ ਆਜ਼ਾਦ ਉਮੀਦਵਾਰ ਜਿੱਤ ਹਾਸਲ ਕਰਨ ਵਿੱਚ ਕਾਮਯਾਬ ਰਹੇ। ਇਸ ਸਬੰਧੀ ਗੱਲਬਾਤ ਕਰਦਿਆਂ ਕਾਂਗਰਸ ਆਗੂ ਹਰਵੇਲ ਸਿੰਘ ਸੈਣੀ ਨੇ ਕਿਹਾ ਕਿ ਕਾਂਗਰਸ ਦੀ ਆਪਸੀ ਧੜੇਬਾਜ਼ੀ ਤੇ ਆਗੂਆਂ ਦੀ ਆਪਸੀ ਖਿੱਚੋਤਾਣ ਕਾਰਨ 'ਆਪ' ਨੂੰ ਸਿੱਧਾ ਫਾਇਦਾ ਮਿਲਿਆ ਹੈ। ਕਾਂਗਰਸ ਦੇ ਕਈ ਉਮੀਦਵਾਰ ਆਪਣੇ ਹੀ ਪਾਰਟੀ ਆਗੂਆਂ ਦੀ ਨਾਰਾਜ਼ਗੀ ਕਾਰਨ ਹਾਰ ਗਏ। ਉਨ੍ਹਾਂ ਕਿਹਾ ਕਿ ਹਲਕੇ ਦੇ ਵੱਡੀ ਗਿਣਤੀ 'ਚ ਕਾਂਗਰਸੀ ਵਰਕਰ ਵੀ ਵੱਡੇ ਆਗੂਆਂ ਦੀ ਆਪਸੀ ਧੜੇਬਾਜ਼ੀ ਕਾਰਨ ਵੀ ਨਿਰਾਸ਼ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਹਲਕਾ ਇੰਚਾਰਜ ਵੱਲੋਂ ਟਕਸਾਲੀ ਕਾਂਗਰਸੀ ਤੇ ਸ਼ਹਿਰ ਵਿੱਚ ਰਹਿ ਚੁੱਕੇ ਐਕਸ ਮਿਊਂਸੀਪਲ ਕੌਂਸਲਰ, ਪ੍ਰਧਾਨਾਂ ਤੇ ਕਾਂਗਰਸੀ ਟਕਸਾਲੀ ਪਰਿਵਾਰਾਂ ਦਾ ਨਾ ਸਹਿਯੋਗ ਲੈਣਾ ਹਾਰ ਦਾ ਵੱਡਾ ਕਾਰਨ ਰਿਹਾ ਹੈ। ਸੈਣੀ ਨੇ ਕਿਹਾ ਕਿ ਇਸ ਹਲਕੇ ਵਿੱਚ ਪਿਛਲੇ ਸਮੇਂ 'ਚ ਇਸ ਹਲਕੇ ਵਿੱਚੋਂ ਕਾਂਗਰਸ ਵੱਡੇ ਮਾਰਜ਼ਨ ਨਾਲ ਜਿੱਤ ਪ੍ਰਾਪਤ ਕਰਦੀ ਸੀ ਪਰ ਬੀਤੇ ਦਿਨਾਂ ਵਿੱਚ ਬਲਾਕ ਸੰਪਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਹੋਈਆਂ ਚੋਣਾਂ ਵਿੱਚੋਂ ਕਾਂਗਰਸ ਨੂੰ ਨਾਂਮਾਤਰ ਸੀਟਾਂ ਮਿਲੀਆਂ ਹਨ ਤੇ ਹੁਣੇ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਗੜ੍ਹਸ਼ੰਕਰ ਦੇ 13 ਵਾਰਡਾਂ ਵਿੱਚੋਂ ਕਾਂਗਰਸ ਨੂੰ ਸਿਰਫ 1 ਸੀਟ ਹੀ ਮਿਲੀ ਹੈ, ਜਿਸ ਨਾਲ ਕਾਂਗਰਸ ਪਾਰਟੀ ਦਾ ਗ੍ਰਾਫ ਹਲਕੇ ਵਿੱਚੋਂ ਕਾਫੀ ਹੇਠ ਵੱਲ ਆ ਗਿਆ ਹੈ। ਉਨ੍ਹਾਂ ਕਿਹਾ ਹੁਣ ਵੀ ਸਮਾਂ ਹੈ ਜੇਕਰ ਹਲਕੇ ਦੇ ਸਾਰੇ ਕਾਂਗਰਸ ਆਗੂ ਇੱਕ ਮੰਚ 'ਤੇ ਇਕੱਠੇ ਹੋ ਜਾਣ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣ ਜਿੱਤੀ ਜਾ ਸਕਦੀ ਹੈ। ਅਖੀਰ ਹਰਵੇਲ ਸਿੰਘ ਸੈਣੀ ਨੇ ਕਿਹਾ ਕਿ ਹਲਕੇ ਦੇ ਲੋਕ ਚਾਹ ਰਹੇ ਹਨ ਕਿ ਉਨ੍ਹਾਂ ਦਾ ਵਿਧਾਇਕ ਹਲਕੇ ਵਿੱਚੋਂ ਹੀ ਹੋਵੇ ਤਾਂ ਹੋਰ ਜਿੱਤਣਾ ਸੁਖਾਲਾ ਹੋ ਸਕਦਾ ਹੈ।



# ਡਾ. ਈਸ਼ਾਂਕ ਕੁਮਾਰ ਨੇ ਬੱਸੀ ਕਲਾਂ ਦੇ 404 ਲਾਭਪਾਤਰੀ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

ਚੱਬੇਵਾਲ, 30 ਮਈ (ਵਿਜੈ ਬਜਰਾਵਰ): ਲੋੜਵੰਦ ਪਰਿਵਾਰਾਂ ਦੀ ਸਹਾਇਤਾ ਕਰਨਾ ਤੇ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਾਉਣਾ ਮੇਰੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ, ਇਹ ਵਿਚਾਰ ਸਾਂਝੇ ਕਰਦਿਆਂ ਚੱਬੇਵਾਲ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਅੱਗੇ ਕਿਹਾ ਕਿ ਰਾਸ਼ਨ ਵੰਡ ਵਰਗੇ ਉਪਰਾਲੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਰਾਹਤ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਦੁਆਰਾ ਪਿੰਡ ਬੱਸੀ ਕਲਾਂ ਵਿੱਚ ਮੇਰੀ ਰਸੋਈ ਯੋਜਨਾ ਤਹਿਤ ਰਾਸ਼ਨ ਕਿੱਟਾਂ ਵੰਡਣ ਮੌਕੇ ਇਹ ਵਿਚਾਰ ਪ੍ਰਗਟ ਕੀਤੇ। ਇਸ ਮੌਕੇ 'ਤੇ 404 ਰਾਸ਼ਨ ਕਾਰਡ ਧਾਰਕ ਪਰਿਵਾਰਾਂ ਦੇ ਕੁੱਲ 1528 ਮੈਂਬਰਾਂ ਨੂੰ ਰਾਸ਼ਨ ਸਮੱਗਰੀ ਦਾ ਲਾਭ ਪ੍ਰਦਾਨ ਕੀਤਾ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਰਹੇ। ਲੋਕਾਂ ਨੇ ਇਸ ਯੋਜਨਾ ਦਾ ਲਾਭ ਮਿਲਣ 'ਤੇ ਆਪਣੇ ਵਿਧਾਇਕ ਦਾ ਦਿਲੋਂ ਧੰਨਵਾਦ ਕੀਤਾ ਤੇ ਚੱਬੇਵਾਲ ਹਲਕੇ ਦੇ ਲੋਕਾਂ ਤੱਕ ਇਹ ਲਾਭ ਹੋਰ ਕਈ ਹਲਕਿਆਂ ਤੋਂ ਪਹਿਲਾਂ ਪਹੁੰਚਾਉਣ ਲਈ ਉਨ੍ਹਾਂ ਦੀ ਸਰਾਹਨਾ ਕੀਤੀ। ਇਸ ਦੌਰਾਨ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਲੋੜਵੰਦ ਪਰਿਵਾਰ ਤੱਕ ਸਹਾਇਤਾ ਪਹੁੰਚਾਉਣ ਲਈ ਵਚਨਬੱਧ ਹੈ ਤੇ ਉਹ ਲਗਾਤਾਰ ਇਹ ਯਕੀਨੀ ਬਣਾਉਣ ਲਈ ਯਤਨਸ਼ੀਲ ਹਨ ਕਿ ਕੋਈ ਵੀ ਯੋਗ ਵਿਅਕਤੀ ਸਰਕਾਰੀ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਸਰਕਾਰ ਗਰੀਬ ਤੇ ਲੋੜਵੰਦ ਵਰਗ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਚਲਾ ਰਹੀ ਹੈ।



# ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਵੱਖ-ਵੱਖ ਸਕੂਲਾਂ 'ਚ ਪੇਰੈਂਟਸ-ਟੀਚਰ ਮੀਟਿੰਗਾਂ ਦਾ ਜਾਇਜ਼ਾ

ਕਾਦੀਆਂ, 30 ਮਈ (ਸਿਕੰਦਰ ਸੰਧੂ): ਸਿੱਖਿਆ ਵਿਭਾਗ ਪੰਜਾਬ ਵੱਲੋਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਬਿਹਤਰ ਸਿੱਖਿਆ, ਨੈਤਿਕ ਕਦਰਾਂ-ਕੀਮਤਾਂ ਤੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਕਰਵਾਈਆਂ ਜਾ ਰਹੀਆਂ ਪੇਰੈਂਟਸ-ਟੀਚਰ ਮੀਟਿੰਗਾਂ (ਪੀ.ਟੀ.ਐਮ.) ਦੇ ਤਹਿਤ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ) ਪਰਮਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਬਲਾਕ ਕਾਦੀਆਂ-1 ਤੇ ਬਲਾਕ ਕਾਦੀਆਂ-2 ਅਧੀਨ ਪੈਂਦੇ ਵੱਖ-ਵੱਖ ਸਕੂਲਾਂ ਦਾ ਦੌਰਾ ਕਰਕੇ ਪੀ.ਟੀ.ਐਮ. ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਬਲਾਕ ਕਾਦੀਆਂ-1 ਦੇ ਨੋਡਲ ਅਫ਼ਸਰ ਵਿਜੇ ਕੁਮਾਰ ਵੀ ਉਨ੍ਹਾਂ ਦੇ ਨਾਲ ਮੌਜੂਦ ਰਹੇ। ਦੌਰੇ ਦੌਰਾਨ ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਜਾਲਾ, ਸਰਕਾਰੀ ਹਾਈ ਸਕੂਲ ਉਧਨਵਾਲ, ਸਰਕਾਰੀ ਹਾਈ ਸਕੂਲ ਬਸਰਾਵਾਂ ਤੇ ਸਰਕਾਰੀ ਹਾਈ ਸਕੂਲ ਤੁਗਲਵਾਲ ਵਿਖੇ ਪਹੁੰਚ ਕੇ ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਰੂਬਰੂ ਗੱਲਬਾਤ ਕੀਤੀ। ਉਨ੍ਹਾਂ ਨੇ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ, ਅਕਾਦਮਿਕ ਪ੍ਰਗਤੀ, ਸਹਿ-ਪਾਠਕ੍ਰਮ ਗਤੀਵਿਧੀਆਂ, ਕਰੀਅਰ ਮਾਰਗਦਰਸ਼ਨ ਤੇ ਸਕੂਲਾਂ ਵਿੱਚ ਉਪਲਬਧ ਸਹੂਲਤਾਂ ਸਬੰਧੀ ਜਾਣਕਾਰੀ ਹਾਸਲ ਕੀਤੀ ਤੇ ਮਾਪਿਆਂ ਦੇ ਸੁਝਾਅ ਵੀ ਸੁਣੇ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਜਾਲਾ ਵਿਖੇ ਸਕੂਲ ਦੀ ਪ੍ਰਿੰਸੀਪਲ ਸ਼ਸ਼ੀ ਕਿਰਨ, ਅਧਿਆਪਕ ਵਿਪਨ ਪਰਾਸ਼ਰ, ਯੂਨੀਸ਼ ਮਹਾਜਨ, ਪੂਨਮ ਤੇ ਹੋਰ ਸਟਾਫ ਮੈਂਬਰਾਂ ਨੇ ਮਾਪਿਆਂ ਨਾਲ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਇਸੇ ਤਰ੍ਹਾਂ ਸਰਕਾਰੀ ਹਾਈ ਸਕੂਲ ਉਧਨਵਾਲ ਵਿਖੇ ਹੈਡਮਿਸਟ੍ਰੈਸ ਵਰਿੰਦਰ ਪਾਲ ਕੌਰ, ਰਜਿੰਦਰ ਸਿੰਘ ਰੰਧਾਵਾ ਤੇ ਸਮੂਹ ਸਟਾਫ ਦੀ ਮੌਜੂਦਗੀ ਵਿੱਚ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਸਮਾਜ ਸੇਵੀ ਸਤਨਾਮ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਤੇ ਉਨ੍ਹਾਂ ਨੇ ਮਾਪਿਆਂ ਨੂੰ ਬੱਚਿਆਂ ਦੀ ਸਿੱਖਿਆ ਪ੍ਰਤੀ ਹੋਰ ਜਾਗਰੂਕ ਹੋਣ ਲਈ ਪ੍ਰੇਰਿਤ ਕੀਤਾ।ਮੁਕੇਸ਼ ਵਰਮਾ ਨੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੇਰੈਂਟਸ-ਟੀਚਰ ਮੀਟਿੰਗਾਂ ਸਿਰਫ਼ ਇੱਕ ਰਸਮੀ ਪ੍ਰੋਗਰਾਮ ਨਹੀਂ ਸਗੋਂ ਬੱਚਿਆਂ ਦੇ ਭਵਿੱਖ ਨੂੰ ਸੁਨਹਿਰਾ ਬਣਾਉਣ ਲਈ ਸਕੂਲ ਤੇ ਪਰਿਵਾਰ ਵਿੱਚਕਾਰ ਮਜ਼ਬੂਤ ਸਾਂਝ ਸਥਾਪਤ ਕਰਨ ਦਾ ਪ੍ਰਭਾਵਸ਼ਾਲੀ ਮੰਚ ਹਨ।



# ਗੁਰਿੰਦਰ ਸਿੰਘ ਚੀਮਾ ਦਾ ਸਰਪੰਚ ਗੁਰਮੀਤ ਸਿੰਘ ਪੇਜੋਚੱਕ ਵੱਲੋਂ ਸਨਮਾਨ ਕੀਤਾ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 30 ਮਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਬੀਤੇ ਦਿਨੀਂ ਮੰਡੀਕਰਨ ਬੋਰਡ ਦੇ ਚੀਫ ਇੰਜੀਨੀਅਰ (ਐਸ) ਗੁਰਿੰਦਰ ਸਿੰਘ ਚੀਮਾ ਸਰਪੰਚ ਬਲਜੀਤ ਸਿੰਘ ਸਿੰਘ ਪੇਜੋਚੱਕ ਦੇ ਗ੍ਰਹਿ ਵਿਖੇ ਪਹੁੰਚੇ, ਜਿਥੇ ਉਨ੍ਹਾਂ ਦਾ ਸਰਪੰਚ ਬਲਜੀਤ ਸਿੰਘ ਪੇਜੋਚੱਕ ਵੱਲੋਂ ਸਾਥੀਆਂ ਸਮੇਤ ਨਿੱਘਾ ਸਵਾਗਤ ਕੀਤਾ ਗਿਆ ਤੇ ਚੀਫ ਇੰਜੀਨੀਅਰ (ਐਸ) ਗੁਰਿੰਦਰ ਸਿੰਘ ਚੀਮਾ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਪੰਚ ਬਲਜੀਤ ਸਿੰਘ ਪੇਜੋਚੱਕ ਨੇ ਆਖਿਆ ਕਿ ਸਾਨੂੰ ਚੀਫ ਇੰਜੀਨੀਅਰ ਗੁਰਿੰਦਰ ਸਿੰਘ ਚੀਮਾ 'ਤੇ ਮਾਣ ਵੀ ਹੈ ਤੇ ਫ਼ਖ਼ਰ ਵੀ ਹੈ। ਕਿਉਂਕਿ ਗੁਰਿੰਦਰ ਸਿੰਘ ਚੀਮਾ ਚੀਫ਼ ਇੰਜੀਨੀਅਰ ਮੰਡੀਕਰਨ ਬੋਰਡ ਸਾਡੇ ਪਿੰਡ ਦੇ ਵਸਨੀਕ ਹਨ। ਅਸੀਂ ਜਦੋਂ ਵੀ ਇਨ੍ਹਾਂ ਨੂੰ ਸੜਕਾਂ ਬਣਾਉਣ ਸਬੰਧੀ ਜਿਹੜੀਆਂ ਸੜਕਾਂ ਮੰਡੀਕਰਨ ਮਹਿਕਮੇ ਅਧੀਨ ਆਉਂਦੀਆਂ ਹਨ ਬਣਾਉਣ ਬਾਰੇ ਬੇਨਤੀ ਕੀਤੀ ਹੈ ਤਾਂ ਗੁਰਿੰਦਰ ਸਿੰਘ ਚੀਮਾ ਨੇ ਸਾਨੂੰ ਵਿਸ਼ਵਾਸ ਦਿਵਾਇਆ ਹੈ ਕਿ ਇਹ ਸੜਕਾਂ ਸਰਕਾਰ ਤੋਂ ਮਨਜ਼ੂਰੀ ਲੈ ਕੇ ਜਲਦੀ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਦੇ ਸਹਿਯੋਗ ਨਾਲ ਜਲਦੀ ਬਣਾ ਦਿੱਤੀਆਂ ਜਾਣਗੀਆਂ। ਇਸ ਮੌਕੇ ਦਰਸ਼ਨ ਸਿੰਘ ਚੀਮਾ, ਅਮਰਜੀਤ ਸਿੰਘ ਚੀਮਾ, ਗੁਰਮੀਤ ਸਿੰਘ ਚੀਮਾ, ਵਿਕਰਮਜੀਤ ਸਿੰਘ ਚੀਮਾ, ਜਸਪ੍ਰੀਤ ਸਿੰਘ ਕੌੜੇ, ਹਰਪ੍ਰੀਤ ਸਿੰਘ ਕੌੜੇ, ਸੁਖਵਿੰਦਰ ਸਿੰਘ ਕੌੜੇ, ਅਜਮੇਰ ਸਿੰਘ ਕੌੜੇ ਹਾਜ਼ਰ ਸਨ।

### ਨਗਰ ਕੌਂਸਲ ਚੋਣਾਂ ਦੇ ਨਤੀਜੇ ਘੋਸ਼ਿਤ....

# ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਚੋਣ ਅਮਲੇ ਦੀ ਸ਼ਲਾਘਾ, ਵੋਟਰਾਂ ਦਾ ਧੰਨਵਾਦ ਕੀਤਾ

ਫ਼ਿਰੋਜ਼ਪੁਰ, 30 ਮਈ (ਤਿਵਾੜੀ): ਜ਼ਿਲ੍ਹਾ ਫ਼ਿਰੋਜ਼ਪੁਰ ਅੰਦਰ ਹੋਈਆਂ ਨਗਰ ਕੌਂਸਲ ਚੋਣਾਂ ਦੇ ਨਤੀਜੇ ਘੋਸ਼ਿਤ ਹੋ ਗਏ ਹਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਚੋਣ ਪ੍ਰਕਿਰਿਆ ਪੂਰੀ ਤਰ੍ਹਾਂ ਸ਼ਾਂਤਮਈ, ਪਾਰਦਰਸ਼ੀ ਤੇ ਸੁਚੱਜੇ ਢੰਗ ਨਾਲ ਸੰਪੰਨ ਹੋਈ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਫ਼ਿਰੋਜ਼ਪੁਰ ਦੇ ਕੁੱਲ 33 ਵਾਰਡਾਂ ਵਿੱਚੋਂ ਕਾਂਗਰਸ ਨੇ 18, ਆਮ ਆਦਮੀ ਪਾਰਟੀ ਨੇ 5, ਭਾਜਪਾ ਨੇ 7, ਬਸਪਾ ਨੇ 1 ਤੇ 2 ਆਜ਼ਾਦ ਉਮੀਦਵਾਰਾਂ ਨੇ ਜਿੱਤ ਦਰਜ ਕੀਤੀ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜ਼ੀਰਾ ਨਗਰ ਕੌਂਸਲ ਦੇ ਕੁੱਲ 17 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਨੇ 9, ਕਾਂਗਰਸ ਨੇ 7 ਤੇ ਇੱਕ ਆਜ਼ਾਦ ਉਮੀਦਵਾਰ ਨੇ ਜਿੱਤ ਦਰਜ ਕੀਤੀ ਹੈ। ਇਸੇ ਤਰ੍ਹਾਂ ਤਲਵੰਡੀ ਭਾਈ ਨਗਰ ਕੌਂਸਲ ਦੇ ਕੁੱਲ 13 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਨੇ 5, ਕਾਂਗਰਸ ਨੇ 3, ਸ਼੍ਰੋਮਣੀ ਅਕਾਲੀ ਦਲ ਨੇ 2, ਭਾਜਪਾ ਨੇ 1 ਤੇ 2 ਆਜ਼ਾਦ ਉਮੀਦਵਾਰਾਂ ਨੇ ਜਿੱਤ ਹਾਸਲ ਕੀਤੀ। ਜ਼ਿਲ੍ਹਾ ਚੋਣ ਅਫ਼ਸਰ ਨੇ ਨਗਰ ਕੌਂਸਲ ਫ਼ਿਰੋਜ਼ਪੁਰ ਦੇ ਵਾਰਡਾਂ ਦੇ ਚੋਣ ਨਤੀਜੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਾਰਡ ਨੰਬਰ 1 ਤੋਂ ਸੀਤਾ (ਭਾਜਪਾ) 224 ਵੋਟਾਂ ਦੇ ਫਰਕ ਨਾਲ ਜੇਤੂ ਰਹੇ, ਵਾਰਡ ਨੰਬਰ 2 ਤੋਂ ਦਵਿੰਦਰ ਸਿੰਘ (ਭਾਜਪਾ) 66 ਵੋਟਾਂ ਦੇ ਫਰਕ ਨਾਲ ਜੇਤੂ ਰਹੇ ਤੇ ਵਾਰਡ ਨੰਬਰ 3 ਤੋਂ ਮਨਦੀਪ ਕੌਰ (ਭਾਜਪਾ) 121 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਵਾਰਡ ਨੰਬਰ 4 ਤੋਂ ਲਖਵਿੰਦਰ ਸਿੰਘ (ਆਪ) 295 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 5 ਤੋਂ ਸੀਮਾ ਕੌਰ (ਕਾਂਗਰਸ) 63 ਵੋਟਾਂ, ਵਾਰਡ ਨੰਬਰ 6 ਤੋਂ ਰਿਸ਼ੀ ਸ਼ਰਮਾ (ਕਾਂਗਰਸ) 38 ਵੋਟਾਂ, ਵਾਰਡ ਨੰਬਰ 7 ਤੋਂ ਆਸ਼ਾ ਕਾਲੀਆ (ਆਜ਼ਾਦ) 735 ਵੋਟਾਂ ਤੇ ਵਾਰਡ ਨੰਬਰ 8 ਤੋਂ ਦਿਨੇਸ਼ ਕੁਮਾਰ ਤਨੇਜਾ (ਆਜ਼ਾਦ) 621 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਵਾਰਡ ਨੰਬਰ 9 ਤੋਂ ਈਸ਼ਾ ਸ਼ਰਮਾ (ਕਾਂਗਰਸ) 115 ਵੋਟਾਂ ਤੇ ਵਾਰਡ ਨੰਬਰ 10 ਤੋਂ ਜੁਗਰਾਜ ਸਿੰਘ ਸੰਧੂ (ਕਾਂਗਰਸ) 116 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 11 ਤੋਂ ਪਰਮਜੀਤ ਕੌਰ ਹਾਂਡਾ (ਕਾਂਗਰਸ) 1472 ਵੋਟਾਂ ਦੇ ਵਡੇ ਫਰਕ ਨਾਲ, ਵਾਰਡ ਨੰਬਰ 12 ਤੋਂ ਗਗਨਦੀਪ ਸਿੰਘ (ਕਾਂਗਰਸ) 183 ਵੋਟਾਂ ਦੇ ਫਰਕ ਨਾਲ, ਵਾਰਡ ਨੰਬਰ 13 ਤੋਂ ਗੀਤਾ (ਕਾਂਗਰਸ) 908 ਵੋਟਾਂ ਦੇ ਵੱਡੇ ਫਰਕ ਨਾਲ ਤੇ ਵਾਰਡ ਨੰਬਰ 14 ਤੋਂ ਮੰਨੂ (ਕਾਂਗਰਸ) 117 ਵੋਟਾਂ ਦੇ ਫਰਕ ਨਾਲ ਜੇਤੂ ਰਹੇ। ਵਾਰਡ ਨੰਬਰ 15 ਤੋਂ ਸੁੱਖਵਿੰਦਰ ਕੌਰ ਕਾਂਗਰਸ ਦੇ 1 ਵੋਟ ਤੋਂ ਜੇਤੂ ਰਹੇ।

### ਨਵੀਂ ਖੋਜ ’ਚ ਹੋਇਆ ਅਹਿਮ ਖੁਲਾਸਾ...

# ਲਗਾਤਾਰ ਰਹਿਣ ਵਾਲੀ ਥਕਾਨ ਦਾ ਕਾਰਨ ਹੋ ਸਕਦੀ ਹੈ ਵਿਟਾਮਿਨ ਬੀ12 ਦੀ ਕਮੀ

ਨਵੀਂ ਦਿੱਲੀ, 30 ਮਈ (ਚ.ਨ.ਸ): ਇੱਕ ਅਧਿਐਨ ’ਚ ਪਤਾ ਲੱਗਿਆ ਹੈ ਕਿ ਵਿਟਾਮਿਨ ਬੀ12 ਤੇ ਫੋਲੇਟ (ਵਿਟਾਮਿਨ ਬੀ9) ਦੀ ਕਮੀ ਦਾ ਸਬੰਧ ਖ਼ੂਨ ’ਚ ਹੋਮੋਸਿਸਟੀਨ ਦੇ ਉਚ ਪੱਧਰ ਤੋਂ ਹੈ, ਜੋ ਮਰਦਾਂ ’ਚ ਵਧੇਰੇ ਸਰੀਰਕ ਥਕਾਨ ਤੇ ਔਰਤਾਂ ’ਚ ਪ੍ਰੇਰਨਾ ਦੀ ਕਮੀ ਨਾਲ ਜੁੜਿਆ ਹੋ ਸਕਦਾ ਹੈ। ਜਾਪਾਨ ਦੇ ਓਸਾਕਾ ਮੈਟਰੋਪੋਲਿਟਿਨ ਯੂਨੀਵਰਸਿਟੀ ਦੇ ਪ੍ਰਮੁੱਖ ਖੋਜੀ ਹਿਰੋਆਕੀ ਕਾਨੋਉਚੀ ਨੇ ਕਿਹਾ ਕਿ ਸਿਹਤਮੰਦ ਵਿਅਕਤੀਆਂ ’ਚ ਵਿਟਾਮਿਨ ਬੀ12, ਫੋਲੇਟ ਤੇ ਥਕਾਨ ਵਿੱਚਕਾਰ ਇੱਕ ਸਬੰਧ ਆਪਣੀ ਤਰ੍ਹਾਂ ਦੀ ਪਹਿਲੀ ਰਿਪੋਰਟ ਹੋ ਸਕਦੀ ਹੈ। ਖ਼ੂਨ ’ਚ ਹੋਮੋਸਿਸਟੀਨ ਦਾ ਉਚ ਪੱਧਰ ਰਵਾਇਤੀ ਤੌਰ ’ਤੇ ਦਿਲ ਦੇ ਰੋਗ, ਡਿਮੈਂਸ਼ੀਆ ਤੇ ਫ੍ਰੈਕਟਰ ਦੇ ਸਬੰਧ ’ਚ ਚਿੰਤਾ ਦਾ ਵਿਸ਼ਾ ਰਿਹਾ ਹੈ। ਹਾਲਾਂਕਿ ਨਤੀਜੇ ਦੱਸਦੇ ਹਨ ਕਿ ਭਵਿੱਖ ’ਚ ਥਕਾਨ ਤੇ ਪ੍ਰੇਰਨਾ ’ਤੇ ਵੀ ਧਿਆਨ ਦੇਣਾ ਚਾਹੀਦਾ ਹੈ। ਅਜਿਹੀ ਥਕਾਨ ਜੋ ਆਰਾਮ ਕਰਨ ਨਾਲ ਵੀ ਦੂਰ ਨਹੀਂ ਹੁੰਦੀ ਘੱਟ ਪ੍ਰੇਰਨਾ, ਰੋਜ਼ਾਨਾ ਕੰਮਕਾਜ ਤੇ ਜੀਵਨ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰ ਸਕਦੀ ਹੈ। ਲੰਬੇ ਸਮੇਂ ਤੋਂ ਥਕਾਨ, ਜਿਸ ਦਾ ਕਾਰਨ ਪਤਾ ਨਹੀਂ ਲੱਗਦਾ ਤੇ ਜੋ ਮਹੀਨਿਆਂ ਤੱਕ ਬਣੀ ਰਹਿ ਸਕਦੀ ਹੈ, ਕੰਮ ਵਾਲੀ ਥਾਂ ’ਤੇ ਘੱਟ ਉਤਪਾਦਕਤਾ ਤੇ ਸਿਹਤ ਸੇਵਾਵਾਂ ਦੇ ਵਧੇਰੇ ਇਸਤੇਮਾਲ ਨਾਲ ਜੁੜੀ ਹੈ। ਨਿਊਟ੍ਰੀਏਂਟਸ ਪੱਤ੍ਰਿਕਾ ’ਚ ਪ੍ਰਕਾਸ਼ਿਤ ਅਧਿਐਨ ’ਚ ਪੋਸ਼ਣ ਦੀ ਸਥਿਤੀ ਤੇ ਅਸੰਤੁਲਿਤ ਖ਼ੁਰਾਕ ’ਚ ਪਾਏ ਜਾਣ ਵਾਲੇ ਪਣੀ ’ਚ ਘੁਲਣਸ਼ੀਲ ਵਿਟਾਮਿਨ ਦੀ ਕਮੀ ’ਤੇ ਧਿਆਨ ਕੇਂਦਰਤ ਕੀਤਾ ਗਿਆ। ਖੋਜੀਆਂ ਨੇ



ਪਤਾ ਲਗਾਇਆ ਕਿ ਫੋਲੇਟ ਤੇ ਵਿਟਾਮਿਨ ਬੀ12 ਦੀ ਕਮੀ ਥਕਾਨ ਨਾਲ ਸਬੰਧਤ ਹੋ ਸਕਦੀ ਹੈ, ਤੇ ਉਨ੍ਹਾਂ ਨੇ ਆਪਣਾ ਅਧਿਐਨ ਹੋਮੋਸਿਸਟੀਨ (ਐਚਸੀਵਾਈ) ’ਤੇ ਕੇਂਦਰਿਤ ਕੀਤਾ, ਜੋ ਇਨ੍ਹਾਂ ਕਮੀਆਂ ਕਾਰਨ ਵਧਣ ਵਾਲਾ ਇੱਕ ਬਾਇਓਮਾਰਕਰ ਹੈ। 600 ਤੋਂ ਵੱਧ ਸਿਹਤਮੰਦ ਭਾਈਵਾਲਾਂ ’ਚ ਐਚਸੀਵਾਈ, ਫੋਲੇਟ ਤੇ ਵਿਟਾਮਿਨ ਬੀ12 ਦੀ ਖ਼ੂਨ ਦੀ ਕਨਸਨਟ੍ਰੇਸ਼ਨ ਨੂੰ ਮਾਪਿਆ ਗਿਆ ਤੇ ਪ੍ਰਸ਼ਨਾਵਲੀ ਦਾ ਇਸਤੇਮਾਲ ਕਰਕੇ ਥਕਾਨ ਤੇ ਪ੍ਰੇਰਨਾ ਦਾ ਅਨੁਮਾਨ ਲਗਾਇਆ ਗਿਆ। ਮੁੱਢਲੇ ਨਤੀਜਿਆਂ ’ਚ ਪਤਾ ਲੱਗਿਆ ਕਿ ਜਿਨ੍ਹਾਂ ਵਿਅਕਤੀਆਂ ਦੇ ਖ਼ੂਨ ’ਚ ਹੋਮੋਸਿਸਟੀਨ ਦਾ ਪੱਧਰ ਵੱਧ ਸੀ, ਉਨ੍ਹਾਂ ’ਚ ਵਿਟਾਮਿਨ ਬੀ12 ਤੇ ਫੋਲੇਟ ਦਾ ਪੱਧਰ ਘੱਟ ਸੀ, ਭਾਵੇਂ ਉਹ ਮਰਦ ਸਨ ਜਾਂ ਔਰਤਾਂ। ਦੋਵਾਂ ’ਚ ਹੋਮੋਸਿਸਟੀਨ ਦੇ ਉਚ ਟਰਟਾਈਲ ਸੀਰਮ ਫੋਲੇਟ ਤੇ ਵਿਟਾਮਿਨ ਬੀ 12 ਦੀ ਘੱਟ ਕਨਸਨਟ੍ਰੇਸ਼ਨ ਨਾਲ ਜੁੜੇ ਸਨ।

# ਵਿਨੇਸ਼ ਨੂੰ ਏਸ਼ੀਆਈ ਟਰਾਇਲਾਂ ’ਚ 53 ਕਿਲੋ ਵਰਗ ’ਚ ਮੁਕਾਬਲਾ ਕਰਨ ਦੀ ਇਜਾਜ਼ਤ ਦਿੱਤੀ

ਨਵੀਂ ਦਿੱਲੀ, 30 ਮਈ (ਚ.ਨ.ਸ): ਸਾਬਕਾ ਵਿਸ਼ਵ ਚੈਂਪੀਅਨਸ਼ਿਪ ਤਮਗਾ ਜੇਤੂ ਵਿਨੇਸ਼ ਫੋਗਾਟ ਨੂੰ ਏਸ਼ੀਆਈ ਖੇਡਾਂ ਦੇ ਚੋਣ ਟਰਾਇਲਾਂ ਵਿੱਚ ਮਹਿਲਾਵਾਂ ਦੇ 53 ਕਿਲੋ ਵਰਗ ਵਿੱਚ ਮੁਕਾਬਲਾ ਕਰਨ ਦੀ ਇਜਾਜ਼ਤ ਦੇ ਦਿੱਤੀ ਗਈ, ਜਦੋਂ ਰੈਸਲਿੰਗ ਫੈਡਰੇਸ਼ਨ ਆਫ ਇੰਡੀਆ (ਡਬਲਿਊ.ਐਫ.ਆਈ.) ਨੇ ਉਸ ਦੀ ਭਾਗੀਦਾਰੀ ਨੂੰ 50 ਕਿਲੋ ਡਵੀਜ਼ਨ ਤੱਕ ਸੀਮਿਤ ਰੱਖਣ ਦੇ ਆਪਣੇ ਪਹਿਲੇ ਸਟੈਂਡ ਨੂੰ ਬਦਲ ਦਿੱਤਾ। ਇਹ ਨਾਟਕੀ ਮੋੜ ਸ਼ਨੀਵਾਰ ਸਵੇਰੇ ਅਧਿਕਾਰਤ ਵਜ਼ਨ (ਵੇਇੰਗ-ਇਨ) ਦੌਰਾਨ ਆਇਆ ਜਦੋਂ ਵਿਨੇਸ਼ ਨੂੰ ਸੂਚਿਤ ਕੀਤਾ ਗਿਆ ਕਿ ਉਸ ਨੂੰ ਸਿਰਫ 50 ਕਿਲੋ ਵਰਗ ਵਿੱਚ ਮੁਕਾਬਲਾ ਕਰਨ ਦੀ ਇਜਾਜ਼ਤ ਦਿੱਤੀ ਜਾਵੇਗੀ, ਜਿਸਦਾ ਕਾਰਨ ਪੈਰਿਸ ਓਲੰਪਿਕ ਸਮੇਤ ਉਸਦੇ ਪਿਛਲੇ ਚਾਰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਉਸਦੀ ਭਾਗੀਦਾਰੀ ਸੀ। ਪਹਿਲਵਾਨ ਨੇ ਇਸ ਫੈਸਲੇ ਦਾ ਸਖ਼ਤ ਵਿਰੋਧ ਕੀਤਾ ਤੇ ਫੈਡਰੇਸ਼ਨ ’ਤੇ ਉਸ ਨਾਲ ਵਿਤਕਰਾ ਕਰਨ ਤੇ ਉਸ ਨੂੰ ਉਸਦੀ ਪਸੰਦ ਦੇ ਵਰਗ ਵਿੱਚ ਮੁਕਾਬਲਾ ਕਰਨ ਦੇ ਮੌਕੇ ਤੋਂ ਇਨਕਾਰ ਕਰਨ ਦਾ ਦੋਸ਼ ਲਗਾਇਆ। ਮੌਕੇ ’ਤੇ ਮੌਜੂਦ ਸੂਤਰਾਂ ਨੇ ਦੱਸਿਆ ਕਿ ਮਾਮਲਾ ਉਦੋਂ ਗਰਮਾ ਗਿਆ ਜਦੋਂ ਡਬਲਿਊ.ਐਫ.ਆਈ. ਦੇ ਪ੍ਰਧਾਨ ਸੰਜੇ ਸਿੰਘ ਨੇ ਦਖਲ ਦਿੱਤਾ ਤੇ ਵਿਨੇਸ਼ ਨੂੰ 53 ਕਿਲੋ ਦੇ ਟਰਾਇਲਾਂ ਵਿੱਚ ਵੀ ਦਾਖਲ ਹੋਣ ਦੀ ਇਜਾਜ਼ਤ ਦੇਣ ਦਾ ਫੈਸਲਾ ਕੀਤਾ।ਡਬਲਿਊ.ਐਫ.ਆਈ. ਦੇ ਪ੍ਰਧਾਨ ਸੰਜੇ ਸਿੰਘ ਨੇ ਦੱਸਿਆ ਕਿ ਅਸੀਂ ਉਸ ਨੂੰ ਇਜਾਜ਼ਤ ਦਿੱਤੀ, ਜਦੋਂ ਉਸਨੇ ਦੋਸ਼ ਲਗਾਏ ਤੇ ਅਧਿਕਾਰੀਆਂ ਨੂੰ ਉਸਦਾ ਵਜ਼ਨ ਲੈਣ ਲਈ ਕਿਹਾ। ਅਸੀਂ ਕਿਸੇ ਨਾਲ ਵਿਤਕਰਾ ਨਹੀਂ ਕਰਨਾ ਚਾਹੁੰਦੇ। ਉਸਨੇ ਇਹ ਨਹੀਂ ਦੱਸਿਆ ਕਿ ਉਹ ਕਿਸ ਵਰਗ ਵਿੱਚ ਮੁਕਾਬਲਾ ਕਰਨਾ ਚਾਹੁੰਦੀ ਹੈ ਤੇ ਫਿਰ ਵੀ ਅਸੀਂ ਉਸਨੂੰ ਇਜਾਜ਼ਤ ਦੇ ਰਹੇ ਹਾਂ। ਵਿਨੇਸ਼ ਨੇ ਬਾਅਦ ਵਿੱਚ 53.9 ਕਿਲੋਗ੍ਰਾਮ ਵਜ਼ਨ ਕਰਵਾਇਆ ਤੇ ਉਸਨੂੰ 53 ਕਿਲੋਗ੍ਰਾਮ ਡਰਾਅ ਵਿੱਚ ਸ਼ਾਮਲ ਕੀਤਾ ਗਿਆ।

# ਸਿਵਲ ਹਸਪਤਾਲ ’ਚ ਲੜਨਾ ਪ੍ਰਸ਼ਾਸਨ ਦੀ ਨਾਲਾਇਕੀ

ਮੋਗਾ, 30 ਮਈ (ਨਿਸ਼ੀ ਮਨਚੰਦਾ): ਮੋਗਾ ਦੇ ਵਿੱਚ ਸਿਵਲ ਹਸਪਤਾਲ ਵਿੱਚ ਲੜਨਾ ਇੱਕ ਆਮ ਗੱਲ ਹੋ ਗਈ ਹੈ, ਕਿਉਂਕਿ ਜਦੋਂ ਵੀ ਦੋ ਪਾਰਟੀਆਂ ਦੀ ਆਪਸ ’ਚ ਲੜਾਈ ਹੁੰਦੀ ਹੈ ਤਾਂ ਉਹ ਸਿਵਲ ਹਸਪਤਾਲ ਵਿੱਚ ਦਵਾਈ ਲੈਣ ਲਈ ਜਾਂ ਫਿਰ ਮੱਲਮ ਪੱਟੀ ਕਰਵਾਉਣ ਲਈ ਦਾਖਲ ਹੋ ਜਾਂਦੇ ਹਨ, ਪਰ ਬੜੀ ਹੀ ਸ਼ਰਮ ਵਾਲੀ ਗੱਲ ਹੈ ਕਿ ਸਿਵਲ ਹਸਪਤਾਲ ਇਕੱਠੇ ਹੁੰਦੇ ਹੀ ਲੜੀਆਂ ਪਾਰਟੀਆਂ ਆਪਸ ’ਚ ਫਿਰ ਸਿਵਲ ਹਸਪਤਾਲ ਵਿੱਚ ਲੜ ਪੈਂਦੀਆਂ ਹਨ, ਜੋ ਕਿ ਪ੍ਰਸ਼ਾਸਨ ਦੀ ਇੱਕ ਬਹੁਤ ਵੱਡੀ ਨਾਲਾਇਕੀ ਹੈ, ਕਿਉਂਕਿ ਲੜੀਆਂ ਹੋਈਆਂ ਪਾਰਟੀਆਂ ਸਿਵਲ ਹਸਪਤਾਲ ਵਿੱਚ ਆਪਣੇ ਲਈ ਦਵਾਈ ਪੱਟੀ ਲਵਾਉਣ ਲਈ ਆਉਂਦੀਆਂ ਹਨ, ਪਰ ਫਿਰ ਵੀ ਜਦੋਂ ਦੋ ਪਾਰਟੀਆਂ ਆਪਸ ਵਿੱਚ ਮਿਲਦੀਆਂ ਹਨ ਤਾਂ ਸਿਵਲ ਹਸਪਤਾਲ ਵਿੱਚ ਹੀ ਇਨ੍ਹਾਂ ਦਾ ਘਮਸਾਨ ਯੁੱਧ ਹੋ ਜਾਂਦਾ ਹੈ, ਕੁਝ ਦਿਨ ਪਹਿਲਾਂ ਹੀ 2 ਪਾਰਟੀਆਂ ਮੋਗਾ ਦੇ ਸਿਵਲ ਹਸਪਤਾਲ ਦੇ ਵਿੱਚ ਲੜੀਆਂ, ਜਿਸ ਵਿੱਚ ਘੱਟੋ-ਘੱਟ ਸੱਤ-ਅੱਠ ਜਣੇ ਗੰਭੀਰ ਜ਼ਖ਼ਮੀ ਹੋਏ ਤੇ ਸਿਵਲ ਹਸਪਤਾਲ ਵਿੱਚ ਹੀ ਇੱਟਾਂ-ਰੋੜੇ ਚੱਲੇ, ਇਹ ਇੱਟਾਂ-ਰੋੜਾ ਚੱਲਣਾ ਇੱਕ ਪ੍ਰਸ਼ਾਸਨ ਦੇ ਵੱਲ ਸਵਾਲੀਆ ਚਿੰਨ੍ਹ ਖੜ੍ਹਾ ਕਰਦੀ ਹੈ, ਸਿਵਲ ਹਸਪਤਾਲ ਜੋ ਕਿ ਲੋਕਾਂ ਦੇ ਇਲਾਜ ਕਰਦਾ ਹੈ ਜਾਂ ਫਿਰ ਪਾਰਟੀਆਂ ਦੀ ਆਪਸ ’ਚ ਲੜਾਈ ਕਰਦਾ ਹੈ, ਲੋਕਾਂ ਦੀ ਮੰਗ ਹੈ ਕਿ ਸਿਵਲ ਹਸਪਤਾਲ ਦੇ ਵਿੱਚ ਪੁਲਿਸ ਫੋਰਸ ਤਾਇਨਾਤ ਕੀਤੀ ਜਾਵੇ ਤਾਂ ਕਿ ਕੋਈ ਵੀ ਪਾਰਟੀ ਆਪਸ ਵਿੱਚ ਸਿਵਲ ਹਸਪਤਾਲ ਨੂੰ ਲੜਾਈ ਦਾ ਮੈਦਾਨ ਨਾ ਬਣਾਉਣ ਤੇ ਸਿਵਲ ਹਸਪਤਾਲ ਲੋਕਾਂ ਲਈ ਸੁਰੱਖਿਅਤ ਹੋ ਸਕੇ।




# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਆਧੁਨਿਕ ਆਡੀਓ-ਵਿਜ਼ੂਅਲ ਮੀਡੀਆ ਸਟੂਡੀਓ ਦਾ ਉਦਘਾਟਨ

ਮੰਡੀ ਗੋਬਿੰਦਗੜ੍ਹ, 30 ਮਈ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਨੇ ਕੈਂਪਸ ਵਿੱਚ ਨਵੇਂ



ਆਡੀਓ-ਵਿਜ਼ੂਅਲ ਸਟੂਡੀਓ ਦੇ ਉਦਘਾਟਨ ਨਾਲ ਅਧਿਆਪਨ ਤੇ ਮੀਡੀਆ ਸਮਰੱਥਾਵਾਂ ਵਿੱਚ ਮਹੱਤਵਪੂਰਨ ਕਦਮ ਚੁੱਕਿਆ ਹੈ। ਇਸ ਸਟੂਡੀਓ ਦਾ ਰਸਮੀ ਉਦਘਾਟਨ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀ, ਅਧਿਆਪਕ ਵਰਗ ਤੇ ਵਿਸ਼ੇਸ਼ ਮਹਿਮਾਨਾਂ ਦੀ ਹਾਜ਼ਰੀ ਵਿੱਚ ਕੀਤਾ। ਇਹ ਨਵੀਂ ਸਹੂਲਤ ਨਵੀਨਤਾ, ਡਿਜੀਟਲ ਸਿੱਖਿਆ ਤੇ ਵਿਦਿਆਰਥੀਆਂ ਤੇ ਅਕਾਦਮਿਕ ਸਟਾਫ ਲਈ ਉਨਤ ਸੰਚਾਰ ਸਾਧਨਾਂ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਡਾ. ਜ਼ੋਰਾ ਸਿੰਘ ਨੇ ਉਚ ਸਿੱਖਿਆ ਵਿੱਚ ਆਧੁਨਿਕ ਤਕਨੀਕੀ ਢਾਂਚੇ ਦੀ ਅਹਿਮੀਅਤ ਉਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਆਡੀਓ-ਵਿਜ਼ੂਅਲ ਸਟੂਡੀਓ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਅਨੁਭਵ ਪ੍ਰਦਾਨ ਕਰੇਗਾ ਤੇ ਮੀਡੀਆ ਤੇ ਸੰਚਾਰ ਖੇਤਰ ਵਿੱਚ ਸਿੱਖਣ ਦੇ ਨਵੇਂ ਮੌਕੇ ਉਪਲਬਧ ਕਰਵਾਏਗਾ। ਡਾ. ਤਜਿੰਦਰ ਕੌਰ ਨੇ ਕਿਹਾ ਕਿ ਯੂਨੀਵਰਸਿਟੀ ਲਗਾਤਾਰ ਅਜਿਹੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ, ਜੋ ਵਿਦਿਆਰਥੀਆਂ ਦੇ ਹੁਨਰ ਵਿਕਾਸ ਤੇ ਅਕਾਦਮਿਕ ਉਤਕ੍ਰਿਸ਼ਟਤਾ ਨੂੰ ਉਤਸ਼ਾਹਿਤ ਕਰਨ। ਇਸ ਮੌਕੇ ਯੂਨੀਵਰਸਿਟੀ ਦੇ ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਆਦਿ ਹਾਜ਼ਰ ਸਨ। ਉਨ੍ਹਾਂ ਇਸ ਪਹਿਲ ਦਾ ਸਵਾਗਤ ਕਰਦਿਆਂ ਵਿਸ਼ਵਾਸ ਜਤਾਇਆ ਕਿ ਇਹ ਸਟੂਡੀਓ ਰਚਨਾਤਮਕ ਸਿੱਖਿਆ, ਰਿਕਾਰਡਿੰਗ, ਪ੍ਰਸਾਰਣ ਤੇ ਅਕਾਦਮਿਕ ਸਮੱਗਰੀ ਤਿਆਰ ਕਰਨ ਲਈ ਮਹੱਤਵਪੂਰਨ ਮੰਚ ਸਾਬਤ ਹੋਵੇਗਾ। ਇਸ ਮੌਕੇ ਸਹਾਇਕ ਨਿਰਦੇਸ਼ਕ (ਮੀਡੀਆ) ਅਵਤਾਰ ਸਿੰਘ ਤੇ ਲੋਕ ਸੰਪਰਕ ਅਧਿਕਾਰੀ ਪਰਮਵੀਰ ਜਨਾਗਲ ਆਦਿ ਹਾਜ਼ਰ ਸਨ। ਪਰਫਾਰਮਿੰਗ ਆਰਟਸ ਤੇ ਮੀਡੀਆ ਵਿਭਾਗ ਦੀ ਡਾਇਰੈਕਟਰ ਡਾ. ਸੁਰਜੀਤ ਕੌਰ ਪਥੇਜਾ ਨੇ ਮਹਿਮਾਨਾਂ ਤੇ ਇਸ ਸਹੂਲਤ ਦੀ ਸਥਾਪਨਾ ਵਿੱਚ ਯੋਗਦਾਨ ਪਾਉਣ ਵਾਲਿਆਂ ਦਾ ਧੰਨਵਾਦ ਕੀਤਾ।

# ਮਾਂ ਨੇ ਧੀ ਨੂੰ ਅਗਵਾ ਕਰ ਰਹੇ ਨਸ਼ੇੜੀ ਨੂੰ ਜੜਿਆ ਅਜਿਹਾ ਥੱਪੜ, 3 ਮਿੰਟ ਤੱਕ ਨਹੀਂ ਆਇਆ ਹੋਸ਼

ਜਲੰਧਰ, 30 ਮਈ (ਚ.ਨ.ਸ): ਬੀਤੇ ਦਿਨ ਇੱਕ ਮਾਂ ਦੀ ਚੌਕਸੀ ਤੇ ਬਹਾਦਰੀ ਨਾਲ ਤਿੰਨ ਸਾਲ ਦੀ ਮਾਸੂਮ ਬੱਚੀ ਕਿਡਨੈਪ ਹੋਣ ਤੋਂ ਵਾਲ-ਵਾਲ ਬਚ ਗਈ। ਨਾਲਾ ਪੁਲ ਇਲਾਕੇ ’ਚ ਨਸ਼ੇ ’ਚ ਧੁੱਤ ਇੱਕ ਮਜ਼ਦੂਰ ਨੇ ਬੱਚੀ ਦੇ ਮੂੰਹ ’ਤੇ ਕੱਪੜਾ ਪਾ ਕੇ ਉਸਨੂੰ ਚੁੱਕਣ ਦੀ ਕੋਸ਼ਿਸ਼ ਕੀਤੀ, ਪਰ ਮਾਂ ਨੇ ਸਮਾਂ ਰਹਿੰਦੇ ਮੁਲਜ਼ਮ ਨੂੰ ਦੇਖ ਲਿਆ ਤੇ ਬੱਚੀ ਨੂੰ ਉਸਦੇ ਚੁੰਗਲ ’ਚੋਂ ਛੁਡਾ ਲਿਆ। ਜਾਣਕਾਰੀ ਮੁਤਾਬਿਕ ਔਰਤ ਨਿਹਾਲ ਛੁੱਟੀਆਂ ਕਾਰਨ ਆਪਣੇ ਪੇਕੇ ਆਈ ਹੋਈ ਸੀ। ਸ਼ੁੱਕਰਵਾਰ ਸਵੇਰੇ ਉਹ ਆਪਣੀ ਛੋਟੀ ਬੱਚੀ ਨੂੰ ਦਵਾਈ ਦਿਵਾਉਣ ਲਈ ਸਿਵਲ ਹਸਪਤਾਲ ਜਾਣ ਲਈ ਸੜਕ ਕਿਨਾਰੇ ਆਟੋ ਦਾ ਇੰਤਜ਼ਾਰ ਕਰ ਰਹੀ ਸੀ। ਔਰਤ ਦਾ ਦੋਸ਼ ਸੀ ਕਿ ਇਸੇ ਦੌਰਾਨ ਇੱਕ ਆਦਮੀ ਕਾਫ਼ੀ ਦੇਰ ਤੋਂ ਪਿੱਛਾ ਕਰ ਰਿਹਾ ਸੀ। ਜਿਵੇਂ ਹੀ ਉਹ ਆਟੋ ’ਚ ਬੈਠਣ ਲਈ ਮੁੜੀ, ਮੁਲਜ਼ਮ ਨੇ ਪਿੱਛੇ ਤੋਂ ਬੱਚੀ ਦੇ ਮੂੰਹ ’ਤੇ ਕੱਪੜਾ ਪਾ ਦਿੱਤਾ ਤਾਂ ਜੋ ਉਹ ਰੌਲਾ ਨਾ ਪਾ ਸਕੇ। ਇਸ ਤੋਂ ਬਾਅਦ ਉਹ ਬੱਚੀ ਨੂੰ ਚੁੱਕ ਕੇ ਲਿਜਾਣ ਲੱਗਾ। ਅਚਾਨਕ ਬੱਚੀ ਦੀ ਆਵਾਜ਼ ਬੰਦ ਹੋਣ ’ਤੇ ਔਰਤ ਨੇ ਪਿੱਛੇ ਮੁੜ ਕੇ ਦੇਖਿਆ ਤਾਂ ਮੁਲਜ਼ਮ ਬੱਚੀ ਨੂੰ ਲੈ ਕੇ ਜਾ ਰਿਹਾ ਸੀ। ਉਸਨੇ ਦੱਸਿਆ ਕਿ ਇਹ ਦੇਖ ਕੇ ਪਹਿਲਾਂ ਤਾਂ ਉਹ ਘਬਰਾ ਗਈ, ਪਰ ਉਸਨੇ ਹਿੰਮਤ ਨਹੀਂ ਛੱਡੀ। ਉਹ ਤੁਰੰਤ ਮੁਲਜ਼ਮ ਵੱਲ ਦੌੜੀ ਤੇ ਉਸਦੇ ਮੂੰਹ ’ਤੇ ਜ਼ੋਰਦਾਰ ਥੱਪੜ ਮਾਰ ਦਿੱਤਾ। ਥੱਪੜ ਲੱਗਦੇ ਹੀ ਮੁਲਜ਼ਮ ਜ਼ਮੀਨ ’ਤੇ ਡਿੱਗ ਗਿਆ ਤੇ ਔਰਤ ਨੇ ਤੁਰੰਤ ਬੱਚੀ ਨੂੰ ਆਪਣੀ ਗੋਦ ’ਚ ਚੁੱਕ ਲਿਆ। ਫੜੇ ਜਾਣ ’ਤੇ ਮੁਲਜ਼ਮ ਨੇ ਕਿਹਾ ਕਿ ਉਹ ਬੱਚੀ ਨੂੰ ਟਾਫੀ ਦੇਣ ਦੀ ਕੋਸ਼ਿਸ਼ ਕਰ ਰਿਹਾ ਸੀ ਪਰ ਬੱਚੀ ਦੇ ਮੂੰਹ ’ਤੇ ਕੱਪੜਾ ਪਾਉਣ ਦੇ ਸਵਾਲ ਦਾ ਉਹ ਕੋਈ ਜਵਾਬ ਨਹੀਂ ਦੇ ਸਕਿਆ। ਇਸ ਦੇ ਬਾਅਦ ਆਸ-ਪਾਸ ਦੇ ਲੋਕਾਂ ਨੂੰ ਉਸਦੀ ਨੀਅਤ ’ਤੇ ਸ਼ੱਕ ਹੋ ਗਿਆ। ਮੁਲਜ਼ਮ ਕਈ ਵਾਰੀ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕਰਦਾ ਰਿਹਾ, ਪਰ ਲੋਕਾਂ ਨੇ ਉਸਦੇ ਹੱਥ-ਪੈਰ ਬੰਨ੍ਹ ਕੇ ਉਸਨੂੰ ਉਥੇ ਹੀ ਕਾਬੂ ਕਰ ਲਿਆ। ਬਾਅਦ ’ਚ ਉਸਨੂੰ ਲਾਂਬੜਾ ਥਾਣਾ ਪੁਲਿਸ ਦੇ ਹਵਾਲੇ ਕਰ ਦਿੱਤਾ। ਲੋਕਾਂ ਦਾ ਕਹਿਣਾ ਸੀ ਕਿ ਸੂਚਨਾ ਮਿਲਣ ’ਤੇ ਪੁਲਿਸ ਦੇਰ ਨਾਲ ਪਹੁੰਚੀ। ਲੋਕਾਂ ਨੇ ਦੋਸ਼ ਲਗਾਇਆ ਕਿ ਘਟਨਾ ਦੇ ਬਾਅਦ ਪੁਲਿਸ ਨੂੰ 100 ਤੇ 112 ਨੰਬਰ ’ਤੇ ਸੂਚਨਾ ਦਿੱਤੀ ਗਈ, ਪਰ ਪੁਲਿਸ ਕਰੀਬ ਸਵਾ ਘੰਟੇ ਬਾਅਦ ਮੌਕੇ ’ਤੇ ਪਹੁੰਚੀ। ਮੁਲਜ਼ਮ ਖੁੱਲ੍ਹੇਆਮ ਧਮਕੀ ਦੇ ਰਿਹਾ ਸੀ ਕਿ ਉਹ ਇੱਕ ਫੋਨ ਕਰਕੇ ਜੇਲ੍ਹ ਤੋਂ ਬਾਹਰ ਆ ਜਾਵੇਗਾ। ਉਥੇ ਥਾਣਾ ਇੰਚਾਰਜ ਬਲਵੀਰ ਸਿੰਘ ਨੇ ਕਿਹਾ ਕਿ ਮੁਲਜ਼ਮ ਨੂੰ ਮੌਕੇ ’ਤੇ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਮਾਮਲੇ ਦੀ ਜਾਂਚ ਜਾਰੀ ਹੈ।

# ਨਿਊਯਾਰਕ ਦੇ ਮੇਅਰ ਮਮਦਾਨੀ ਨੇ ਈਰਾਨ ਜੰਗ ਦਾ ਕੀਤਾ ਵਿਰੋਧ

ਵਾਸ਼ਿੰਗਟਨ, 30 ਮਈ (ਚ.ਨ.ਸ): ਨਿਊਯਾਰਕ ਸਿਟੀ ਦੇ ਮੇਅਰ ਜ਼ੋਹਰਾਨ ਮਮਦਾਨੀ ਨੇ ਈਰਾਨ ਜੰਗ ਦਾ ਵਿਰੋਧ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਯੁੱਧ ਹੁਣ ਖ਼ਤਮ ਹੋਣਾ ਚਾਹੀਦਾ ਹੈ, ਕਿਉਂਕਿ ਇਸ ਲਾਪ੍ਰਵਾਹ ਫੈਸਲੇ ਦੀ ਸਭ ਤੋਂ ਵੱਡੀ ਕੀਮਤ ਆਮ ਲੋਕ ਚੁਕਾ ਰਹੇ ਹਨ। ਸੋਸ਼ਲ ਮੀਡੀਆ ਪਲੇਟਫਾਰਮ ’ਤੇ ਪੋਸਟ ਕਰਦੇ ਹੋਏ ਮਮਦਾਨੀ ਨੇ ਕਿਹਾ ਕਿ ਅੱਜ ਤੋਂ 3 ਮਹੀਨੇ ਪਹਿਲਾਂ ਇੱਕ ਅਜਿਹਾ ਯੁੱਧ ਸ਼ੁਰੂ ਹੋਇਆ ਸੀ, ਜਿਸ ਦੇ ਲਈ ਕਿਸੇ ਨੇ ਵੋਟ ਨਹੀਂ ਪਾਈ ਸੀ ਪਰ ਇਸ ਦੀ ਕੀਮਤ ਉਨ੍ਹਾਂ ਲੋਕਾਂ ਨੇ ਚੁਕਾਈ ਜਿਨ੍ਹਾਂ ਦੀ ਇਸ ਵਿੱਚ ਕੋਈ ਆਵਾਜ਼ ਨਹੀਂ ਸੀ। ਉਨ੍ਹਾਂ ਨੇ ਕਿਹਾ ਕਿ ਇਸ ਯੁੱਧ ’ਚ ਹਜ਼ਾਰਾਂ ਨਾਗਰਿਕਾਂ ਦੀ ਜਾਨ ਜਾ ਚੁੱਕੀ ਹੈ। ਇਸ ਦੇ ਨਾਲ ਹੀ 13 ਅਮਰੀਕੀ ਫੌਜੀ ਵੀ ਮਾਰੇ ਗਏ, ਜੋ ਹੁਣ ਕਦੇ ਆਪਣੇ ਪਰਿਵਾਰਾਂ ਕੋਲ ਵਾਪਸ ਨਹੀਂ ਪਰਤ ਸਕਣਗੇ। ਮਮਦਾਨੀ ਨੇ ਕਿਹਾ ਕਿ ਇਸ ਯੁੱਧ ਦਾ ਅਸਰ ਸਿਰਫ ਯੁੱਧ ਖੇਤਰ ਤੱਕ ਸੀਮਿਤ ਨਹੀਂ ਹੈ ਸਗੋਂ ਅਮਰੀਕਾ ਦੇ ਆਮ ਲੋਕਾਂ ’ਤੇ ਵੀ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪੈਟਰੋਲ ਤੇ ਖਾਣ-ਪੀਣ ਦੀਆਂ ਚੀਜ਼ਾਂ ਦੇ ਰੇਟ ਵੱਧ ਗਏ ਹਨ, ਜਿਸ ਨਾਲ ਕਿਰਤੀ ਤੇ ਮੱਧ ਵਰਗਾਂ ਦੇ ਪਰਿਵਾਰਾਂ ਦਾ ਬਜਟ ਵਿਗੜ ਰਿਹਾ ਹੈ।



**ਨੇਤਨਯਾਹੂ ਦਾ ਗਾਜ਼ਾ ਦੇ 70 ਫੀਸਦੀ ਹਿੱਸੇ ’ਤੇ ਕਬਜ਼ੇ ਦਾ ਹੁਕਮ:** ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਗਾਜ਼ਾ ਪੱਟੀ ਦੇ 70 ਫੀਸਦੀ ਹਿੱਸੇ ’ਤੇ ਫ਼ੌਜੀ ਕਬਜ਼ਾ ਲੈਣ ਦਾ ਹੁਕਮ ਦਿੱਤਾ ਹੈ। ਵੈਸਟ ਬੈਂਕ ਵਿੱਚ ਉਨ੍ਹਾਂ ਕਿਹਾ ਕਿ ਅਸੀਂ ਇਸ ਸਮੇਂ ਹਮਾਸ ਨੂੰ ਦਬਾਅ ਰਹੇ ਹਾਂ। ਹੁਣ ਅਸੀਂ ਗਾਜ਼ਾ ਪੱਟੀ ਦੇ 60 ਫੀਸਦੀ ਇਲਾਕੇ ਨੂੰ ਕੰਟਰੋਲ ਕਰਦੇ ਹਾਂ। ਪਹਿਲਾਂ ਅਸੀਂ 50 ਫੀਸਦੀ ’ਤੇ ਸੀ, ਫਿਰ 60 ਫੀਸਦੀ ’ਤੇ ਪਹੁੰਚੇ। ਮੈਂ ਹੁਕਮ ਦਿੱਤਾ ਹੈ ਕਿ ਇਸ ਨੂੰ ਵਧਾ ਕੇ ਉਦੋਂ ਹੀ ਭੀੜ ਵਿਚੋਂ ਕਿਸੇ ਨੇ ਚੀਕ ਕੇ ਕਿਹਾ ਕਿ ਇੱਕ-ਇੱਕ ਕਦਮ ਅੱਗੇ ਵੱਧਦੇ ਹਾਂ। ਪਹਿਲਾਂ 70 ਫੀਸਦੀ ਤੱਕ ਪਹੁੰਚਦੇ ਹਾਂ। ਫਿਲਹਾਲ ਉਥੋਂ ਹੀ ਸ਼ੁਰੂਆਤ ਕਰਦੇ ਹਾਂ। ਅਸੀਂ ਹਰ ਪਾਸਿਓਂ ਉਨ੍ਹਾਂ ’ਤੇ ਦਬਾਅ ਬਣਾ ਰਹੇ ਹਾਂ ਤੇ ਬਾਕੀ ਬਚੇ ਲੋਕਾਂ ਨਾਲ ਵੀ ਨਜਿੱਠਾਂਗੇ।

# ਵਿਧਾਇਕ ਗੈਰੀ ਬੜਿੰਗ ਦੀ ਅਗਵਾਈ ’ਚ ‘ਆਪ’ ਨੇ ਕੌਂਸਲ ਚੋਣਾਂ ’ਚ ਗੱਡਿਆ ਝੰਡਾ



ਮੰਡੀ ਗੋਬਿੰਦਗੜ੍ਹ/ਅਮਲੋਹ, 30 ਮਈ (ਰੂਪਲ ਸੂਦ/ਜਸਵੰਤ ਸਿੰਘ): ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਦੀ ਚੋਣ ਵਿੱਚ ਆਮ ਆਦਮੀ ਪਾਰਟੀ ਨੇ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਇਤਿਹਾਸਕ ਜਿੱਤ ਹਾਸਲ ਕਰਦਿਆਂ ਆਪਣਾ ਸ਼ਾਨਦਾਰ ਪਰਚਮ ਲਹਿਰਾ ਦਿੱਤਾ ਤੇ ਸ਼ਹਿਰ ਦੇ 29 ਵਾਰਡਾਂ ਵਿੱਚੋਂ 19 ਵਾਰਡਾਂ ’ਤੇ ਸ਼ਾਨਦਾਰ ਜਿੱਤ ਹਾਸਲ ਕੀਤੀ। ਵਿਧਾਇਕ ਨੇ ਸ਼ਹਿਰ ਦੇ ਸਮੂਹ ਵੋਟਰਾਂ ਤੇ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਵੱਡਾ ਫ਼ਤਵਾ ਸਾਬਤ ਕਰਦਾ ਹੈ ਕਿ ਕਿ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ, ਇਮਾਨਦਾਰੀ ਤੇ ਕੀਤੇ ਸ਼ਾਨਦਾਰ ਵਿਕਾਸ ਤੋਂ ਸੰਤੁਸ਼ਟ ਹਨ ਤੇ ਨਾਲ ਖੜ੍ਹੇ ਹਨ। ਉਨ੍ਹਾਂ ਵਿਰੋਧੀ ਪਾਰਟੀਆਂ ’ਤੇ ਤੰਜ਼ ਕੱਸਦਿਆਂ ਕਿਹਾ ਕਿ ਲੋਕਾਂ ਨੇ ਨਕਾਰਾਤਮਕ ਤੇ ਨਫ਼ਰਤ ਦੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਨਕਾਰ ਕੇ ਸਿਰਫ਼ ਤੇ ਸਿਰਫ਼ ਤਰੱਕੀ ਦੇ ਰਾਹ ਨੂੰ ਚੁਣਿਆ ਹੈ। ਉਨ੍ਹਾਂ ਜੇਤੂ ਉਮੀਦਵਾਰਾਂ ਨੂੰ ਕਿਹਾ ਕਿ ਉਹ ਅੱਜ ਤੋਂ ਹੀ ਬਿਨਾਂ ਕਿਸੇ ਪੱਖਪਾਤ ਦੇ ਆਪਣੇ ਵਾਰਡਾਂ ਦੇ ਵਿਕਾਸ ਕਾਰਜਾਂ ਵਿੱਚ ਜੁੱਟ ਜਾਣ। ਉਨ੍ਹਾਂ ਸ਼ਹਿਰੀਆਂ ਨੂੰ ਵਿਸ਼ਵਾਸ ਦਿੱਤਾ ਕਿ ਸ਼ਹਿਰ ਦੇ ਸਰਬਪੱਖੀ ਵਿਕਾਸ, ਸੜਕਾਂ, ਸਟਰੀਟ ਲਾਈਟਾਂ, ਸਾਫ਼ ਪਾਣੀ ਤੇ ਹਰ ਆਧੁਨਿਕ ਸਹੂਲਤ ਨੂੰ ਯਕੀਨੀ ਬਣਾਉਣ ਲਈ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਸਾਰਿਆਂ ਨੂੰ ਮਿਲ ਕੇ ਇਸ ਉਦਯੋਗਿਕ ਸ਼ਹਿਰ ਨੂੰ ਪੰਜਾਬ ਦਾ ਸਭ ਤੋਂ ਖ਼ੁਸ਼ਹਾਲ ਤੇ ਨਮੂਨੇ ਦਾ ਸ਼ਹਿਰ ਬਣਾਉਣ ਦਾ ਸੱਦਾ ਦਿੱਤਾ। ਇਸ ਮੌਕੇ ਵਿਧਾਇਕ, ਆਗੂਆਂ ਤੇ ਵਰਕਰਾਂ ਨੇ ਢੋਲ ਦੀਆਂ ਥਾਪਾਂ ’ਤੇ ਭੰਗੜੇ ਪਾਏ ਤੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਜਸ਼ਨ ਮਨਾਇਆ।

# ਸਪੈਸ਼ਲ ਇੰਟੈਂਸਿਵ ਰਿਵੀਜ਼ਨ ਫੇਜ਼-3 ਤਹਿਤ ਵੋਟਰ ਸੂਚੀਆਂ ਦੀ ਮੁੜ ਸਮੀਖਿਆ ਸਬੰਧੀ ਕਾਰਵਾਈ ਜਾਰੀ: ਡੀ.ਸੀ.

ਫ਼ਿਰੋਜ਼ਪੁਰ, 30 ਮਈ (ਤਿਵਾੜੀ): ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਫੇਜ਼-3 (ਐਸ.ਆਈ.ਆਰ.) ਕਰਵਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਤੇ ਅਯੋਗ ਵਿਅਕਤੀਆਂ ਦੇ ਨਾਮ ਵੋਟਰ ਸੂਚੀ ਵਿੱਚੋਂ ਹਟਾਉਣਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਦੀਪਸ਼ਿਖਾ ਸ਼ਰਮਾ ਨੇ ਦਿੱਤੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਪ੍ਰੀ-ਐਸਆਈਆਰ ਵੋਟਰ ਮੈਪਿੰਗ ਦੌਰਾਨ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਮਿਤੀ 29 ਮਈ ਤੱਕ ਲਗਭਗ 86.49 ਫੀਸਦੀ ਮੈਪਿੰਗ ਦਾ ਕੰਮ ਪੂਰਾ ਕੀਤਾ ਜਾ ਚੁੱਕਾ ਹੈ। ਜ਼ਿਲ੍ਹੇ ਦੇ ਕੁੱਲ 7,19,051 ਵੋਟਰਾਂ ਵਿੱਚੋਂ 6,21,874 ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਨ ਕੀਤਾ ਜਾ ਚੁੱਕਾ ਹੈ। ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਵਿਧਾਨ ਸਭਾ ਹਲਕਾ 75-ਜ਼ੀਰਾ ਵਿੱਚ ਐਸ.ਡੀ.ਐਮ. ਜ਼ੀਰਾ, 76-ਫ਼ਿਰੋਜ਼ਪੁਰ (ਸ਼ਹਿਰੀ) ਵਿੱਚ ਐਸ.ਡੀ.ਐਮ. ਫ਼ਿਰੋਜ਼ਪੁਰ, 77-ਫ਼ਿਰੋਜ਼ਪੁਰ (ਦਿਹਾਤੀ) ਵਿੱਚ ਏ.ਡੀ.ਸੀ. (ਜ) ਫ਼ਿਰੋਜ਼ਪੁਰ ਤੇ 78-ਗੁਰੂ ਹਰਸਹਾਏ ਵਿੱਚ ਐਸ.ਡੀ.ਐਮ. ਗੁਰੂ ਹਰਸਹਾਏ ਬਤੌਰ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਡਿਊਟੀ ਨਿਭਾ ਰਹੇ ਹਨ। ਜ਼ਿਲ੍ਹੇ ਵਿੱਚ ਕੁੱਲ 903 ਪੋਲਿੰਗ ਬੂਥ, 903 ਬੀ.ਐਲ.ਓਜ਼ ਤੇ 91 ਸੈਕਟਰ ਅਫ਼ਸਰ ਤੈਨਾਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਈ.ਆਰ.ਓਜ਼,



ਏ.ਈ.ਆਰ.ਓਜ਼, ਸੁਪਰਵਾਈਜ਼ਰ, ਤੇ ਬੀ.ਐਲ.ਓਜ਼, ਨੂੰ ਟ੍ਰੇਨਿੰਗ ਤੇ ਇਨੂਮਰੇਸ਼ਨ ਫਾਰਮ ਦੀ ਡਾਊਨਲੋਡਿੰਗ ਤੇ ਪ੍ਰਿੰਟਿੰਗ ਦਾ ਕੰਮ 15 ਜੂਨ 2026 ਤੋਂ 24 ਜੂਨ 2026 ਤੱਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪ੍ਰੀ-ਪ੍ਰਿੰਟਡ ਇਨੂਮਰੇਸ਼ਨ ਫਾਰਮ ਦੀ ਦੋ ਪਰਤਾਂ ਵਿੱਚ ਵੰਡ ਮਿਤੀ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਕੀਤੀ ਜਾਵੇਗੀ।ਬੀ.ਐਲ.ਓਜ਼ ਵੱਲੋਂ ਇੱਕ ਪਰਤ ਵਿੱਚ ਵੋਟਰ ਦੀ ਜਾਣਕਾਰੀ, ਫੋਟੋ ਤੇ 2003 ਦੀ ਵੋਟਰ ਸੂਚੀ ਵਿੱਚ ਦਰਜ ਵੇਰਵੇ ਭਰੇ ਜਾਣਗੇ ਤੇ ਇਸ ਨੂੰ ਸਬੰਧਤ ਈ.ਆਰ.ਓ. ਦਫ਼ਤਰ ਵਿੱਚ ਜਮ੍ਹਾਂ ਕਰਵਾਇਆ ਜਾਵੇਗਾ, ਜਦਕਿ ਦੂਜੀ ਪਰਤ ਵੋਟਰ ਨੂੰ ਰਸੀਦ ਵਜੋਂ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਮੂਹ ਈ.ਆਰ.ਓ. ਵੱਲੋਂ ਪੋਲਿੰਗ ਸਟੇਸ਼ਨਾਂ ਦੀ ਰੇਸ਼ਨਲਾਈਜੇਸ਼ਨ ਮਿਤੀ 24 ਜੁਲਾਈ 2026 ਤੱਕ ਕੀਤੀ ਜਾਵੇਗੀ।

# ਬਾਗੀ ਸ਼ਰਮਾ ਦੀ ਜਿੱਤ ਦੀ ਖ਼ੁਸ਼ੀ ’ਚ ਧਰਤੀ ’ਤੇ ਪੈਰ ਨਹੀਂ ਲੱਗ ਰਹੇ: ਪਿੰਨਾ ਸਿੰਗਲਾ

ਜੈਤੋ, 30 ਮਈ (ਸੰਜੀਵ ਗੋਇਲ ਸੰਜੂ): 29 ਮਈ ਨੂੰ ਨਗਰ ਕੌਂਸਲ ਚੋਣਾਂ ਦੇ ਐਲਾਨੇ ਗਏ ਨਤੀਜਿਆਂ ਵਿੱਚ ਜੈਤੋ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਦਿਲਬਾਗ ਸ਼ਰਮਾ ਬਾਗੀ ਜੇਤੂ ਰਹੇ।





ਨਤੀਜੇ ਸਾਹਮਣੇ ਆਉਣ ਦੇ ਨਾਲ ਹੀ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਪਾਰਟੀ ਵਰਕਰਾਂ, ਦੋਸਤਾਂ, ਰਿਸ਼ਤੇਦਾਰਾਂ ਤੇ ਮੁਹੱਲਾ ਵਾਸੀਆਂ ਵੱਲੋਂ ਵਧਾਈਆਂ ਦੇਣ ਦਾ ਸਿਲਸਿਲਾ ਸ਼ੁਰੂ ਹੋ ਗਿਆ। ਬਾਗੀ ਦੇ ਖਾਸ ਮਿੱਤਰ ਪਿੰਨਾ ਸਿੰਗਲਾ ਨੇ ਕਿਹਾ ਕਿ ਮੇਰੇ ਯਾਰ ਬਾਗੀ ਸ਼ਰਮਾ ਦੀ ਜਿੱਤ ਦੀ ਖ਼ੁਸ਼ੀ ਵਿੱਚ ਮੇਰੇ ਪੈਰ ਧਰਤੀ ’ਤੇ ਨਹੀਂ ਲੱਗ ਰਹੇ ਮੈਂ ਬਹੁਤ ਖੁਸ਼ ਹਾਂ ਤੇ ਭਗਵਾਨ ਠਾਕੁਰ ਜੀ ਦਾ ਧੰਨਵਾਦ ਕਰਦਾ ਹਾਂ। ਇਸ ਮੌਕੇ ਬਾਗੀ ਸ਼ਰਮਾ ਨੇ ਕਿਹਾ ਕਿ ਮੈਂ ਵਾਰਡ ਨੰਬਰ 10 ਦੇ ਸਮੂਹ ਵੋਟਰਾਂ, ਸਮਰਥਕਾਂ ਤੇ ਇਲਾਕਾ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਜਿਨ੍ਹਾਂ ਨੇ ਮੈਨੂੰ ਜਿਤਾ ਕੇ ਇਸ ਮੁਕਾਮ ਤੱਕ ਪਹੁੰਚਾਇਆ। ਮੈਂ ਹਰ ਸਮੇਂ ਵਾਰਡ ਨੰਬਰ 10 ਦੇ ਲੋਕਾਂ ਦੀ ਸੇਵਾ ਵਿੱਚ ਦਿਨ-ਰਾਤ ਹਾਜ਼ਰ ਰਹਾਂਗਾ। ਬਾਗੀ ਸ਼ਰਮਾ ਵੱਲੋਂ ਵਾਰਡ ਨੰਬਰ 10 ਦੇ ਹਰ ਇੱਕ ਘਰ-ਘਰ ਜਾ ਕੇ ਮੁਹੱਲਾ ਨਿਵਾਸੀਆਂ ਦਾ ਧੰਨਵਾਦ ਕੀਤਾ ਤੇ ਮਾਤਾਵਾਂ, ਭੈਣਾਂ ਤੇ ਬਜ਼ੁਰਗਾਂ ਦਾ ਆਸ਼ੀਰਵਾਦ ਲਿਆ। ਵਾਰਡ ਨੰਬਰ 10 ਦੇ ਮੁਹੱਲਾ ਨਿਵਾਸੀਆਂ ਨੇ ਬਾਗੀ ਸ਼ਰਮਾ ਨੂੰ ਜੀ ਆਇਆਂ ਆਖਿਆ ਤੇ ਉਨ੍ਹਾਂ ਦੇ ਹਾਰ ਪਾ ਕੇ ਮੂੰਹ ਮਿੱਠਾ ਕਰਵਾਇਆ ਗਿਆ ਤੇ ਵਧਾਈਆਂ ਦਿੱਤੀਆਂ। ਬਾਗੀ ਸ਼ਰਮਾ ਨੂੰ ਸਾਬਕਾ ਵਿਧਾਇਕ ਪ੍ਰਕਾਸ਼ ਸਿੰਘ ਭੱਟੀ, ਦਰਸ਼ਨ ਸਿੰਘ ਢਿੱਲਵਾਂ ਨੇ ਵੀ ਵਧਾਈ ਦਿੱਤੀ। ਧੰਨਵਾਦੀ ਦੌਰੇ ਦੌਰਾਨ ਉਨ੍ਹਾਂ ਦੇ ਨਾਲ ਪਿੰਨਾ ਸਿੰਗਲਾ, ਵਿੱਕੀ ਡੋਡ, ਲਖਨ ਮਿੱਤਲ, ਪੂਜਨ ਸੱਚਦੇਵਾ, ਫੌਜੀ ਕਟਾਰੀਆ, ਰਿੰਕੂ ਮਿੱਤਲ, ਰਾਜੇਸ਼ ਲੂੰਬਾ ਆਦਿ ਭਾਰੀ ਸਮਰਥਕ ਹਾਜ਼ਰ ਸਨ।

# ਰਾਜੂ ਖੰਨਾ ਨੇ ਵਾਰਡ ਨੰਬਰ 21 ਤੋਂ ਭਾਰੀ ਬਹੁਮਤ ਨਾਲ ਕਾਮਯਾਬ ਹੋਈ ਭੁਪਿੰਦਰ ਕੌਰ ਨੂੰ ਦਿੱਤੀ ਵਧਾਈ

ਅਮਲੋਹ, 30 ਮਈ (ਸੂਦ): ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਮੰਡੀ ਗੋਬਿੰਦਗੜ੍ਹ ਦੇ ਸੰਤ ਨਗਰ ਵਾਸੀ ਜਥੇਦਾਰ ਨਾਜ਼ਰ ਸਿੰਘ ਦੀ ਧਰਮ ਪਤਨੀ ਭੁਪਿੰਦਰ ਕੌਰ ਨੂੰ ਵਾਰਡ ਨੰਬਰ 21 ਤੋਂ ਕੌਂਸਲ ਚੋਣਾਂ ਵਿੱਚ ਮਿਲੀ ਜਿੱਤ ’ਤੇ ਅਮਲੋਹ ਦਫਤਰ ਵਿਖੇ ਪਹੁੰਚਣ ’ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਹਾਜ਼ਰੀ ਪਾਰਟੀ ਆਗੂਆਂ ਤੇ ਵਰਕਰਾਂ ਨੇ ਵੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਧਾਈ ਦਿੱਤੀ। ਰਾਜੂ ਖੰਨਾ ਨੇ ਕਿਹਾ ਕਿ ਇਸ ਇਤਿਹਾਸਕ ਤੇ ਵੱਡੀ ਜਿੱਤ ਦੇ ਅਸਲ ਹੱਕਦਾਰ ਵਾਰਡ ਦੇ ਲੋਕ ਹਨ, ਜਿਨ੍ਹਾਂ ਦੇ ਵਿਸ਼ਵਾਸ, ਇਕਜੁੱਟਤਾ ਤੇ ਦ੍ਰਿੜ ਨਿਸ਼ਚੇ ਨੇ ਇਹ ਜਿੱਤ ਸੰਭਵ ਬਣਾਈ। ਉਨ੍ਹਾਂ ਕਿਹਾ ਕਿ ਇਹ ਜਿੱਤ ਪਾਰਟੀ ਦੀ ਨਹੀਂ ਸਗੋਂ ਉਨ੍ਹਾਂ ਲੋਕਾਂ ਦੀ ਜਿੱਤ ਹੈ, ਜਿਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਸੇਵਾ, ਵਿਕਾਸ ਤੇ ਲੋਕ ਭਲਾਈ ਦੀ ਸੋਚ ’ਤੇ ਆਪਣਾ ਵਿਸ਼ਵਾਸ ਜਤਾਇਆ। ਉਨ੍ਹਾਂ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਵੱਲੋਂ ਵਾਰਡ ਨੰਬਰ 21 ਵਿੱਚ ਚੋਣ ਨਤੀਜਿਆਂ ਨੂੰ ਪ੍ਰਭਾਵਿਤ ਕਰਨ ਦੀ ਕਥਿਤ ਕੋਸ਼ਿਸ਼ ਕੀਤੀ ਗਈ ਪਰ ਵਾਰਡ ਦੇ ਜਾਗਰੂਕ ਤੇ ਦ੍ਰਿੜ ਨਿਸ਼ਚੇ ਵਾਲੇ ਵੋਟਰਾਂ ਨੇ ਹਰ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ। ਉਨ੍ਹਾਂ ਜਥੇ. ਨਾਜ਼ਰ ਸਿੰਘ ਤੇ ਬੀਬੀ ਭੁਪਿੰਦਰ ਕੌਰ ਨੂੰ ਸਿਰੋਪਾਓ ਨਾਲ ਸਨਮਾਨਿਤ ਵੀ ਕੀਤਾ। ਇਸ ਮੌਕੇ ਸੂਬਾ ਮੀਤ ਪ੍ਰਧਾਨ ਜੋਗਿੰਦਰ ਸਿੰਘ ਮੈਣੀ, ਹਲਕਾ ਆਬਜ਼ਰਵਰ ਜਤਿੰਦਰ ਸਿੰਘ ਧਾਲੀਵਾਲ, ਭਿੰਦਰ ਸਿੰਘ ਮੰਡੀ, ਜਰਨੈਲ ਸਿੰਘ ਮਾਜਰੀ, ਕੁਲਦੀਪ ਸਿੰਘ ਮਛਰਾਈ, ਹਰਬੰਸ ਸਿੰਘ ਬਡਾਲੀ, ਰਾਕੇਸ਼ ਕੁਮਾਰ ਸ਼ਾਹੀ, ਡਾ. ਅਰੁਜਨ ਸਿੰਘ, ਬਾਬਾ ਨਿਸ਼ਾਨ ਸਿੰਘ, ਫੋਰਮੈਨ ਬਲਵੀਰ ਸਿੰਘ ਸਿੱਧੂ, ਕੰਵਲਜੀਤ ਸਿੰਘ ਗਿੱਲ, ਭਾਰਤ ਭੂਸ਼ਨ ਟੋਨੀ, ਹਰਮੀਤ ਸਿੰਘ ਖਾਲਸਾ, ਹਰਪਾਲ ਸਿੰਘ ਮੱਗੋ, ਜਗਜੀਵਨ ਸਿੰਘ ਉਭੀ, ਹਰਪਾਲ ਸਿੰਘ ਨਸਰਾਲੀ, ਅੰਗਰੇਜ਼ ਸਿੰਘ ਲਾਡਪੁਰ, ਟਿੱਕੂ ਬਦੀਨਪੁਰ, ਸ਼ਰਧਾ ਸਿੰਘ ਛੰਨਾ, ਬਲਜਿੰਦਰ ਸਿੰਘ ਸੇਖੋਂ, ਸ਼ੇਰ ਸਿੰਘ ਮਹਿਮੂਦਪੁਰ, ਰੁਪਿੰਦਰ ਕੌਰ, ਮਧੂਮੀਤ ਵਡੇਰਾ, ਸੁਖਵਿੰਦਰ ਕੌਰ ਸੁੱਖੀ, ਪਿੰਕੀ ਰਾਣੀ, ਕੁਲਵਿੰਦਰ ਸਿੰਘ ਭੰਗੂ, ਗੁਰਜੀਤ ਸਿੰਘ ਮੰਗਾ ਤੇ ਗੁਰਪ੍ਰੀਤ ਸਿੰਘ ਚਹਿਲਾ ਹਾਜ਼ਰ ਸਨ।

# ਮਾਪਿਆਂ ਦੀ ਭਾਗੀਦਾਰੀ ਨਾਲ ਵਿਦਿਆਰਥੀਆਂ ਦੇ ਨਤੀਜਿਆਂ ’ਚ ਆਉਂਦੈ ਸਕਾਰਾਤਮਕ ਸੁਧਾਰ: ਮੁਨੀਲਾ ਅਰੋੜਾ/ਡਾ.ਸਤਿੰਦਰ ਸਿੰਘ

ਫ਼ਿਰੋਜ਼ਪੁਰ, 30 ਮਈ (ਤਿਵਾੜੀ): ਪੰਜਾਬ ਸਰਕਾਰ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਏ ਗਏ ਮੈਗਾ ਪੀਟੀਐਮ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਫ਼ਿਰੋਜ਼ਪੁਰ ਮੁਨੀਲਾ ਅਰੋੜਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਸੇਠਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੁਕਨਾ ਬੇਗੂ ਤੇ ਸਰਕਾਰੀ ਮਿਡਲ ਸਕੂਲ ਪਟੇਲ ਨਗਰ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਫ਼ਿਰੋਜ਼ਪੁਰ ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਵੱਲੋਂ ਸਰਕਾਰੀ ਆਦਰਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਬੁੱਕਣ ਖਾਂ ਤੇ ਸਰਕਾਰੀ ਹਾਈ ਸਕੂਲ ਝੋਕ ਹਰੀਹਰ ਦਾ ਨਿਰੀਖਣ ਕੀਤਾ। ਇਸ ਦੌਰਾਨ ਸਿੱਖਿਆ ਅਧਿਕਾਰੀਆਂ ਵੱਲੋਂ ਸਕੂਲਾਂ ਵਿੱਚ ਚੱਲ ਰਹੀਆਂ ਵਿੱਦਿਅਕ ਗਤੀਵਿਧੀਆਂ, ਵਿਦਿਆਰਥੀਆਂ ਦੀ ਹਾਜ਼ਰੀ, ਸਕੂਲੀ ਵਾਤਾਵਰਣ ਤੇ ਮੈਗਾ ਪੀਟੀਐਮ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।



ਉਨ੍ਹਾਂ ਵੱਲੋਂ ਮਾਪਿਆਂ ਨਾਲ ਰੂਬਰੂ ਹੋ ਕੇ ਵਿਦਿਆਰਥੀਆਂ ਦੀ ਪੜ੍ਹਾਈ, ਅਨੁਸ਼ਾਸਨ, ਹਾਜ਼ਰੀ ਤੇ ਸਰਵਪੱਖੀ ਵਿਕਾਸ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ ਗਿਆ। ਡੀਈਓ ਮੁਨੀਲਾ ਅਰੋੜਾ ਨੇ ਕਿਹਾ ਕਿ ਮੈਗਾ ਪੀਟੀਐਮ ਦਾ ਮੁੱਖ ਉਦੇਸ਼ ਸਕੂਲ, ਅਧਿਆਪਕ ਤੇ ਮਾਪਿਆਂ ਵਿਚਕਾਰ ਮਜ਼ਬੂਤ ਸਾਂਝ ਸਥਾਪਤ ਕਰਨਾ ਹੈ ਤਾਂ ਜੋ ਬੱਚਿਆਂ ਦੀ ਪੜ੍ਹਾਈ ਤੇ ਵਿਕਾਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਪ੍ਰਿੰਸੀਪਲ ਹਰਫੂਲ ਸਿੰਘ, ਦਿਨੇਸ਼ ਚੌਹਾਨ, ਅਰਸ਼ਦੀਪ ਸਿੰਘ, ਅਸ਼ਬੀਰ ਸਿੰਘ, ਹਰਵਿੰਦਰ ਸਿੰਘ, ਮੈਡਮ ਸੰਗੀਤਾ, ਹਿਰਦੇ ਨੰਦ, ਸੁਮਿਤ ਕੁਮਾਰ, ਪੂਨਮ ਰਾਣੀ, ਕਵਿਤਾ ਕੰਬੋਜ ਹਾਜ਼ਰ ਸਨ।

# ਬੀ.ਐਮ.ਡੀ. ਚੈਕਅੱਪ ਕੈਂਪ ਅੱਜ

ਮੋਗਾ, 30 ਮਈ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਸਮਾਜ ਸੇਵਾ ਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਸਰਗਰਮ ਮੋਗਾ ਪੀੜਤ ਸਹਾਇਤਾ ਤੇ ਸਮਾਜ ਸੇਵਾ ਸੰਮਤੀ, ਮੋਗਾ ਵੱਲੋਂ ਸ਼ਹਿਰ ਵਾਸੀਆਂ ਲਈ ਮੁਫ਼ਤ ਬੋਨ ਮਿਨਰਲ ਡੈਨਸਿਟੀ (BMD) ਚੈਕਅੱਪ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ 31 ਮਈ 2026 (ਐਤਵਾਰ) ਨੂੰ ਸਵੇਰੇ 8 ਵਜੇ ਤੋਂ ਦੁਪਹਿਰ 1 ਵਜੇ ਤੱਕ ਲਗਾਇਆ ਜਾਵੇਗਾ, ਜਿਸ ਦੌਰਾਨ ਹੱਡੀਆਂ ਦੀ ਮਜ਼ਬੂਤੀ ਤੇ ਕੈਲਸ਼ੀਅਮ ਦੀ ਘਾਟ ਸਬੰਧੀ ਜਾਂਚ ਆਧੁਨਿਕ ਮਸ਼ੀਨਾਂ ਰਾਹੀਂ ਕੀਤੀ ਜਾਵੇਗੀ। ਸੰਮਤੀ ਦੇ ਪ੍ਰਧਾਨ ਅਭਿਸ਼ੇਕ ਜਿੰਦਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜਕੱਲ੍ਹ ਬਦਲਦੀ ਜੀਵਨ ਸ਼ੈਲੀ ਤੇ ਗਲਤ ਖਾਣ-ਪੀਣ ਕਾਰਨ ਹੱਡੀਆਂ ਦੀ ਕਮਜ਼ੋਰੀ, ਜੋੜਾਂ ਤੇ ਗੋਡਿਆਂ ਦਾ ਦਰਦ, ਕੈਲਸ਼ੀਅਮ ਦੀ ਘਾਟ ਤੇ ਹੋਰ ਹੱਡੀਆਂ ਨਾਲ ਜੁੜੀਆਂ ਸਮੱਸਿਆਵਾਂ ਵਿੱਚ ਵਾਧਾ ਹੋ ਰਿਹਾ ਹੈ। ਕਈ ਲੋਕ ਸਮੇਂ ਸਿਰ ਜਾਂਚ ਨਾ ਕਰਵਾਉਣ ਕਾਰਨ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ। ਇਸ ਲਈ ਲੋਕਾਂ ਨੂੰ ਜਾਗਰੂਕ ਕਰਨ ਤੇ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਇਹ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਬੋਨ ਮਿਨਰਲ ਡੈਨਸਿਟੀ ਟੈਸਟ ਰਾਹੀਂ ਇਹ ਪਤਾ ਲਗਾਇਆ ਜਾਂਦਾ ਹੈ ਕਿ ਹੱਡੀਆਂ ਕਿੰਨੀਆਂ ਮਜ਼ਬੂਤ ਹਨ ਤੇ ਸਰੀਰ ਵਿੱਚ ਕੈਲਸ਼ੀਅਮ ਦੀ ਮਾਤਰਾ ਠੀਕ ਹੈ ਜਾਂ ਨਹੀਂ। ਇਹ ਟੈਸਟ ਹੱਡੀਆਂ ਦੇ ਕਮਜ਼ੋਰ ਹੋਣ (ਓਸਟੀਓਪੋਰੋਸਿਸ) ਵਰਗੀਆਂ ਬਿਮਾਰੀਆਂ ਦੀ ਸ਼ੁਰੂਆਤੀ ਪਛਾਣ ਕਰਨ ਵਿੱਚ ਵੀ ਮਦਦਗਾਰ ਸਾਬਤ ਹੁੰਦਾ ਹੈ। ਅਭਿਸ਼ੇਕ ਜਿੰਦਲ ਨੇ ਕਿਹਾ ਕਿ ਆਮ ਤੌਰ ’ਤੇ ਇਸ ਟੈਸਟ ਦੀ ਫੀਸ ਲਗਭਗ 1500 ਰੁਪਏ ਹੁੰਦੀ ਹੈ, ਪਰ ਸਮਾਜ ਸੇਵਾ ਦੇ ਮਕਸਦ ਨਾਲ ਇਹ ਜਾਂਚ ਪੂਰੀ ਤਰ੍ਹਾਂ ਮੁਫ਼ਤ ਕੀਤੀ ਜਾਵੇਗੀ। ਜਾਂਚ ਤੋਂ ਬਾਅਦ ਮਾਹਿਰਾਂ ਵੱਲੋਂ ਭਾਗੀਦਾਰਾਂ ਨੂੰ ਸਿਹਤ ਸਬੰਧੀ ਲੋੜੀਂਦੀ ਸਲਾਹ ਵੀ ਦਿੱਤੀ ਜਾਵੇਗੀ। ਉਨ੍ਹਾਂ ਮੋਗਾ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੂੰ ਗੋਡਿਆਂ, ਕਮਰ ਜਾਂ ਜੋੜਾਂ ਵਿੱਚ ਦਰਦ ਰਹਿੰਦਾ ਹੈ, ਵਾਰ-ਵਾਰ ਕਮਜ਼ੋਰੀ ਮਹਿਸੂਸ ਹੁੰਦੀ ਹੈ ਜਾਂ ਜਿਨ੍ਹਾਂ ਦੀ ਉਮਰ 40 ਸਾਲ ਤੋਂ ਵੱਧ ਹੈ, ਉਹ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਲੈਣ। ਔਰਤਾਂ ਤੇ ਸੀਨੀਅਰ ਨਾਗਰਿਕਾਂ ਲਈ ਵੀ ਇਹ ਜਾਂਚ ਬਹੁਤ ਫਾਇਦੇਮੰਦ ਸਾਬਤ ਹੋ ਸਕਦੀ ਹੈ। ਸੰਮਤੀ ਦੇ ਪ੍ਰਧਾਨ ਅਭਿਸ਼ੇਕ ਜਿੰਦਲ ਨੇ ਕਿਹਾ ਕਿ ਸੰਸਥਾ ਭਵਿੱਖ ਵਿੱਚ ਵੀ ਲੋਕਾਂ ਦੀ ਸਿਹਤ ਤੇ ਸਮਾਜਿਕ ਭਲਾਈ ਲਈ ਅਜਿਹੇ ਲੋਕ-ਹਿੱਤ ਪ੍ਰੋਗਰਾਮ ਕਰਵਾਉਂਦੀ ਰਹੇਗੀ।



# ਐਮਬਰੋਜ਼ੀਅਲ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਤਾਇਕਵਾਂਡੋ ਜ਼ੋਨਲ ਟੂਰਨਾਮੈਂਟ ’ਚ ਲਹਿਰਾਇਆ ਜਿੱਤ ਦਾ ਪਰਚਮ: ਬੁੱਟਰ

ਜ਼ੀਰਾ, 30 ਮਈ (ਦੀਪਕ ਭਾਰਗੋ): ਬੀਤੇ ਦਿਨੀਂ ਦਿ ਬਲੂਮਿੰਗਡੇਲ ਸਕੂਲ, ਕੋਟਕਪੂਰਾ ਵਿਖੇ ਸੀਆਈਐਸਸੀਈ ਤਾਇਕਵਾਂਡੋ ਜ਼ੋਨਲ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਲਗਭਗ 10 ਤੋਂ 12 ਸਕੂਲਾਂ ਦੇ ਕਰੀਬ 150 ਖਿਡਾਰੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਐਮਬਰੋਜ਼ੀਅਲ ਪਬਲਿਕ ਸਕੂਲ, ਜ਼ੀਰਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਹੋਣਹਾਰ ਖਿਡਾਰੀਆਂ ਨੇ 2 ਸੋਨੇ ਦੇ ਤਮਗੇ, 2 ਚਾਂਦੀ ਦੇ ਤਮਗੇ ਤੇ 1 ਕਾਂਸੀ ਦਾ ਤਮਗਾ ਜਿੱਤ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਸੋਨੇ ਦੇ ਤਮਗੇ ਜਿੱਤਣ ਵਾਲੇ ਖਿਡਾਰੀਆਂ ਵਿੱਚ ਸੁਖਰਾਜ ਸਿੰਘ ਤੇ ਧਰਮਵੀਰ ਸਿੰਘ ਸ਼ਾਮਲ ਹਨ। ਚਾਂਦੀ ਦਾ ਤਮਗਾ ਪਰਿਨੂਰ ਕੌਰ ਨੇ ਹਾਸਲ ਕੀਤਾ, ਜਦਕਿ ਹੁਸਨਦੀਪ ਸਿੰਘ




ਨੇ ਕਾਂਸੀ ਦਾ ਤਮਗਾ ਆਪਣੇ ਨਾਮ ਕੀਤਾ। ਸਕੂਲ ਪਹੁੰਚਣ ’ਤੇ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। ਪ੍ਰਿੰਸੀਪਲ ਤੇਜ ਸਿੰਘ ਠਾਕੁਰ ਤੇ ਚੇਅਰਮੈਨ ਸਤਨਾਮ ਸਿੰਘ ਬੁੱਟਰ ਵੱਲੋਂ ਖਿਡਾਰੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਚੇਅਰਮੈਨ ਸਤਨਾਮ ਸਿੰਘ ਬੁੱਟਰ ਨੇ ਕਿਹਾ ਕਿ ਐਮਬਰੋਜ਼ੀਅਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਖੇਡ ਮੈਦਾਨ ਵਿੱਚ ਜੋ ਉਪਲਬਧੀਆਂ ਹਾਸਲ ਕੀਤੀਆਂ ਹਨ, ਉਹ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ। ਇਹ ਜਿੱਤ ਬੱਚਿਆਂ ਦੀ ਲਗਾਤਾਰ ਮਿਹਨਤ, ਅਨੁਸ਼ਾਸਨ ਤੇ ਕੋਚਾਂ ਦੀ ਸਿਖਲਾਈ ਦਾ ਨਤੀਜਾ ਹੈ।ਇਸ ਮੌਕੇ ’ਤੇ ਕੋਆਰਡੀਨੇਟਰ ਰੀਨਾ ਠਾਕੁਰ, ਸੁਰਿੰਦਰ ਕਟੋਚ, ਦਵਿੰਦਰ, ਅਨੁਪਮਾ ਠਾਕੁਰ ਤੇ ਡੀਪੀ ਸੰਜੇ ਭਾਰਦਵਾਜ, ਰੇਣੂਕਾ ਠਾਕੁਰ, ਅਸ਼ਵਨੀ ਕੁਮਾਰ, ਅਸ਼ੋਕ ਕੁਮਾਰ ਤੇ ਰਮਨਦੀਪ ਕੌਰ ਵੀ ਹਾਜ਼ਰ ਸਨ।

# ਨਗਰ ਕੌਂਸਲ ਹਰਿਆਣਾ ਦੀਆਂ ਚੋਣਾਂ ’ਚ ਆਪ ਵੱਲੋਂ 7 ਵਾਰਡਾਂ ’ਚ ਸ਼ਾਨਦਾਰ ਜਿੱਤ

ਹਰਿਆਣਾ, 30 ਮਈ (ਚੰਦਰ ਪ੍ਰਕਾਸ਼): ਕਸਬਾ ਹਰਿਆਣਾ ਦੀ ਨਗਰ ਕੌਂਸਲ ਦੀਆਂ ਚੋਣਾਂ ਦੇ ਨਤੀਜਿਆਂ ਦਾ ਰਸਮੀ ਐਲਾਨ ਕਰ ਦਿੱਤਾ ਗਿਆ। ਨਗਰ ਕੌਂਸਲ ਹਰਿਆਣਾ ਦੇ ਵੱਖ-ਵੱਖ ਵਾਰਡਾਂ ਲਈ ਪਈਆਂ ਵੋਟਾਂ ਦੀ ਗਿਣਤੀ ਜੀਜੀਜੀਡੀਐਸਡੀ ਕਾਲਜ ਹਰਿਆਣਾ ਵਿਖੇ ਸ਼ੁਰੂ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਨ੍ਹਾਂ ਚੋਣਾਂ ਦੇ ਆਰਓ ਰੁਪਿੰਦਰ ਸਿੰਘ ਪਾਬਲਾ ਤੇ ਏਆਰਓ ਰਾਜ ਕੁਮਾਰ ਨਾਇਬ ਤਹਿਸੀਲਦਾਰ ਭੂੰਗਾ ਨੇ ਦੱਸਿਆ ਕਿ ਵਾਰਡ ਨੰਬਰ 1 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਆਸ਼ਾ ਕੁਮਾਰੀ ਨੇ 436 ਵੋਟਾਂ ਪ੍ਰਾਪਤ ਕਰਕੇ ਜਿੱਤ ਪ੍ਰਾਪਤ ਕੀਤੀ, ਵਾਰਡ ਨੰਬਰ 2 ਤੋਂ ਆਮ ਆਦਮੀ ਪਾਰਟੀ ਦੇ ਸੰਜੇ ਕਪਿਲਾ ਨੇ 231 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 3 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਭਾਵਰਾ ਨੇ 189 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 4 ਤੋਂ ਭਾਜਪਾ ਦੇ ਉਮੀਦਵਾਰ ਰਾਜੀਵ ਕਪਿਲਾ ਨੇ 168 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 5 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਮਿਨਾਕਸ਼ੀ ਕਪਿਲਾ ਨੇ 239 ਵੋਟਾਂ ਹਾਸਲ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 6 ਤੋਂ ਕਾਂਗਰਸ ਦੇ ਉਮੀਦਵਾਰ ਰਮਨ ਕੁਮਾਰ ਨੇ 92 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 7 ਤੋਂ ਆਪ ਉਮੀਦਵਾਰ ਪੂਜਾ ਕਪਿਲਾ ਨੇ 128 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 8 ਤੋਂ ਕਾਂਗਰਸ ਦੇ ਇਕਬਾਲ ਸਿੰਘ ਨੇ 263 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 9 ਤੋਂ ਕਾਂਗਰਸ ਦੀ ਉਮੀਦਵਾਰ ਗੁਰਦੇਵ ਕੌਰ ਨੇ 255 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ, ਵਾਰਡ ਨੰਬਰ 10 ਤੋਂ ਆਪ ਦੇ ਪਵਨ ਕੁਮਾਰ ਨੇ 263 ਵੋਟਾਂ ਪ੍ਰਾਪਤ ਕਰਕੇ ਜਿੱਤ ਹਾਸਲ ਕੀਤੀ ਤੇ ਵਾਰਡ ਨੰਬਰ 11 ਤੋਂ ਆਪ ਦੇ ਰਾਮਜੀਤ ਨੇ 234 ਵੋਟਾਂ ਪ੍ਰਾਪਤ ਕਰਕੇ ਜਿੱਤ ਪ੍ਰਾਪਤ ਕੀਤੀ।ਵੱਖ-ਵੱਖ ਵਾਰਡਾਂ ਦੇ ਜੇਤੂ ਉਮੀਦਵਾਰਾਂ ਵੱਲੋਂ ਆਪਣੇ-ਆਪਣੇ ਵਾਰਡਾਂ ਵਿੱਚ ਆਪਣੇ ਸਮਰਥਕਾਂ ਸਣੇ ਜਿੱਤ ਦਾ ਜਸ਼ਨ ਮਨਾਉਂਦੇ ਹੋਏ ਵੋਟਰਾ ਦਾ ਧੰਨਵਾਦ ਕੀਤਾ।

# ਸਿੱਖ ਕੌਮ ਨੂੰ ਬੇਅਦਬੀ ਵਿਰੋਧੀ ਕਾਨੂੰਨ ਪ੍ਰਵਾਨ ਨਹੀਂ : ਜਥੇ. ਗੜਗੱਜ

ਲੁਧਿਆਣਾ, 30 ਮਈ (ਰਵਿੰਦਰ ਸਿੰਘ ਨਿੱਝਰ): ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਹੈ ਕਿ ਪੰਥਕ ਮਸਲਿਆ ਵਿੱਚ ਸਰਕਾਰਾਂ ਦਾ ਦਖ਼ਲ ਤੁਰੰਤ ਬੰਦ ਹੋਣਾ ਚਾਹੀਦਾ ਹੈ ਕਿਉਂਕਿ ਸਿੱਖ ਕੌਮ ਦੇ ਮਸਲੇ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਧਾਰਮਿਕ ਪੰਪਰਾਵਾ ਅਨੁਸਾਰ ਹੱਲ ਕੀਤੇ ਜਾਂਦੇ ਹਨ।ਉਹ ਅੱਜ ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਂਕ ਵਿੱਖੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਦੀ ਰਹਿਮੁਨਾਈ ਹੇਠ ਪੰਜਾਬ ਸਰਕਾਰ ਵੱਲੋਂ ਬੇਅਦਬੀ ਸਬੰਧੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ 'ਚ ਨਵੇਂ ਬਣਾਏ ਗਏ ਕਾਨੂੰਨ ਦੇ ਵਿਰੋਧ ਚ ਹੋਈ ਭਰਵੀ ਮੀਟਿੰਗ ਦੌਰਾਨ ਸੰਬੋਧਨ ਕਰ ਰਹੇ ਸਨ ਜਿਸ ਵਿੱਚ ਸ਼ਹਿਰ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਧਾਰਮਿਕ ਜਥੇਬੰਦੀਆਂ, ਸਿੱਖ ਸੰਸਥਾਵਾ, ਸੰਤ ਸਮਾਜ, ਖਾਲਸਾ ਪੰਥ ਦੀਆਂ ਨਿਹੰਗ ਸਿੰਘ ਫੌਜਾਂ, ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਆਗੂਆਂ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਜੋ ਸਿੱਖ ਕੌਮ ਦੇ ਮਸਲਿਆਂ ਵਿੱਚ ਸਿੱਧੀ ਦਖਲ ਅੰਦਾਜ਼ੀ ਕਰਦੀਆਂ ਹਨ ਉਨ੍ਹਾਂ ਦਾ ਸਮੁੱਚੇ ਪੰਥ ਵਲੋਂ ਮੂੰਹ ਤੋੜਵਾ ਜਵਾਬ ਦਿੱਤਾ ਜਾਂਦਾ ਰਿਹਾ ਹੈ ਤੇ ਭਵਿੱਖ ਵਿੱਚ ਵੀ ਦਿੰਦਾ ਰਹੇਗਾ।

ਸਿੰਘ ਸਾਹਿਬ ਨੇ ਕਿਹਾ ਕਿ ਸਿੱਖ ਪੰਥ ਦਾ ਕੋਈ ਵੀ ਫ਼ੈਸਲਾ ਵਿਧਾਨ ਸਭਾ ਵਿੱਚ ਨਹੀਂ



ਹੋ ਸਕਦਾ ਕਿਉਂਕਿ ਸਿੱਖ ਕੌਮ ਦੇ ਫ਼ੈਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਲੈਣ ਲਈ ਸਮਰੱਥ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਹਮੇਸ਼ਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸੁਪਰੀਮ ਮੰਨਦੀ ਰਹੀ ਹੈ ਅਤੇ ਜੋ ਵੀ ਫ਼ੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਉਂਦਾ ਹੈ ਉਸ ਨੂੰ ਪੂਰੀ ਦੁਨੀਆਂ ਵਿੱਚ ਬੈਠੀ ਸਿੱਖ ਕੌਮ ਸਿਰ ਮੱਥੇ ਮੰਨਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀ ਪੰਜਾਬ ਸਰਕਾਰ ਨੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਕਾਨੂੰਨ ਬਣਾਇਆ ਹੈ ਉਸ ਨੂੰ ਸਿੱਖ ਕੌਮ ਨਹੀਂ ਮੰਨਦੀ ਜਦ ਤੱਕ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦਿੱਤੇ ਸੁਝਾਅ ਅਨੁਸਾਰ ਕਾਨੂੰਨ ਨਹੀ ਬਦਲਦੀ। ਸਿੰਘ ਸਾਹਿਬ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਨੂੰ ਅਣਗੌਲਿਆ ਨਾ ਕਰੇ। ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ ਅਤੇ ਵੱਡੇ ਵੱਡੇ ਖੱਬੀ ਖਾਂ ਜਿੰਨਾਂ ਨੇ ਸ੍ਰੀ ਅਕਾਲ ਤਖ਼ਤ ਨਾਲ ਮੱਥਾ ਲਾਇਆ ਹੈ ਉਨ੍ਹਾਂ ਦੇ ਰਾਜ ਭਾਗ ਲੱਭਦੇ ਨਹੀਂ। ਜੇ ਮਿਸਾਲ ਦੇਖਣੀ ਹੈ ਤਾਂ ਮੁਗਲ ਰਾਜ ਤੋਂ ਲੈ ਕੇ ਅੱਜ ਤੱਕ ਦਾ ਇਤਿਹਾਸ ਪੰਜਾਬ ਸਰਕਾਰ ਦੇਖ ਲਵੇ ਕਿਤੇ ਪੰਜਾਬ ਦੀ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੋਈ ਸਖ਼ਤ ਫੈਸਲਾ ਲੈਣ ਲਈ ਮਜ਼ਬੂਰ ਨਾ ਕਰੇ। ਉਨ੍ਹਾਂ ਕਿਹਾ ਕਿ ਭਲਕੇ ਬਾਬਾ ਬਕਾਲਾ ਵਿੱਚ ਪੰਥਕ ਕਾਨਫਰੰਸ ਹੋ ਰਹੀ ਹੈ ਜਿਸ ਵਿੱਚ ਇਸ ਕਾਲੇ ਕਾਨੂੰਨ ਬਾਰੇ ਅਗਲਾ ਫ਼ੈਸਲਾ ਕੀਤਾ ਜਾਵੇਗਾ।

ਇਸਤੋਂ ਪਹਿਲਾਂ ਮੁੱਖ ਸੇਵਾਦਾਰ ਬਲਵਿੰਦਰ ਸਿੰਘ ਲਾਇਲਪੁਰੀ ਨੇ ਸਿੰਘ ਸਾਹਿਬ ਤੇ ਹੋਰ ਪਹੁੰਚੀਆਂ ਸੰਗਤਾ ਨੂੰ ਜੀ ਆਇਆਂ ਕਿਹਾ। ਸਿੰਘ ਸਾਹਿਬ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਜਥੇਦਾਰ ਹੀਰਾ ਸਿੰਘ ਗਾਬੜੀਆ, ਬਲਵਿੰਦਰ ਸਿੰਘ ਲਾਇਲਪੁਰੀ, ਬਾਬਾ ਅਜੀਤ ਸਿੰਘ, ਐਡਵੋਕੇਟ ਪਰਉਪਕਾਰ ਸਿੰਘ ਘੁੰਮਣ, ਤੇਜਿੰਦਰ ਸਿੰਘ ਡੰਗ ਅਤੇ ਗੁਰਦੀਪ ਸਿੰਘ ਲੀਲ ਨੇ ਜੈਕਾਰਿਆਂ ਦੀ ਗੂੰਜ ਵਿੱਚ ਸਨਮਾਨ ਨਿਸ਼ਾਨੀ, ਲੋਈ ਅਤੇ ਸਿਰੋਪਾਉ ਭੇਂਟ ਕਰਦਕੇ ਸਨਮਾਨਿਤ ਕੀਤਾ ਅਤੇ ਵਿਸ਼ਵਾਸ ਦਿਵਾਇਆ ਜੋ ਵੀ ਹੁਕਮ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏਗਾ ਉਸ ਨੂੰ ਮੰਨਗੇ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਹਰ ਸੰਦੇਸ਼ ਸਿੱਖ ਕੌਮ ਡੱਟ ਪਹਿਰਾ ਦੇਵੇਗੀ ਜਦ ਤੱਕ ਪੰਜਾਬ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੁਕਮ ਅਨੁਸਾਰ ਕਾਨੂੰਨ ਨਹੀਂ ਬਦਲਦੀ ਜਦ ਤੱਕ ਦੇਸ਼ ਵਿਦੇਸ਼ ਵਸਦੀ ਸਿੱਖ ਕੌਮ ਨਹੀ ਮੰਨੇਗੀ। ਮੀਟਿੰਗ ਵਿੱਚ ਅਮਰਜੀਤ ਸਿੰਘ ਚਾਵਲਾ, ਹਰਚਰਨ ਸਿੰਘ ਗੋਲਵੜੀਆ, ਗੁਰਮੀਤ ਸਿੰਘ ਕੁਲਾਰ, ਰਖਵਿੰਦਰ ਸਿੰਘ ਗਾਬੜੀਆ, ਗੁਰਦੀਪ ਸਿੰਘ ਲੀਲ, ਤੇਜਿੰਦਰ ਸਿੰਘ ਡੰਗ, ਜਗਦੇਵ ਸਿੰਘ ਗੋਲਵੜੀਆ, ਰਛਪਾਲ ਸਿੰਘ ਫੋਜੀ , ਨਾਨਕ ਸਰ ਠਾਠ ਕੈਲੇ ਤੋ ਸੰਤ ਬਾਬਾ ਗੁਰਦੀਪ ਸਿੰਘ ਆਦਿ ਵੀ ਹਾਜ਼ਰ ਸਨ।

## ਸ੍ਰੀ ਦਰਬਾਰ ਸਾਹਿਬ 'ਤੇ ਹੋਏ ਹਮਲੇ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ 6 ਜੂਨ ਨੂੰ

ਲੁਧਿਆਣਾ, 30 ਮਈ (ਰਵਿੰਦਰ ਸਿੰਘ ਨਿੱਝਰ): ਮਾਨਵਤਾ ਭਲਾਈ ਸੇਵਾ ਸੁਸਾਇਟੀ ਦੁਗਰੀ ਰੋਡ ਲੁਧਿਆਣਾ ਵੱਲੋਂ ਮਹੀਨਾਵਾਰ ਮੀਟਿੰਗ ਦੁੱਗਰੀ ਰੋਡ ਦਫਤਰ ਵਿਖੇ ਪ੍ਰਿੰਸੀਪਲ ਗੁਰਨੇਕ ਸਿੰਘ ਪ੍ਰਧਾਨ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ 25 ਦੇ ਕਰੀਬ ਮੈਂਬਰਾਂ ਨੇ ਹਿੱਸਾ ਲਿਆ। ਇਸ ਮੀਟਿੰਗ ਵਿੱਚ ਜੂਨ ਮਹੀਨੇ ਦੇ ਪ੍ਰੋਗਰਾਮਾਂ ਬਾਰੇ ਵਿਚਾਰ ਕੀਤੀ ਗਈ ਅਤੇ ਫੈਸਲਾ ਕੀਤਾ ਕਿ 6 ਜੂਨ ਨੂੰ ਦਰਬਾਰ ਸਾਹਿਬ ਅੰਮ੍ਰਿਤਸਰ ਉੱਤੇ ਹੋਏ ਹਮਲੇ ਵਿੱਚ ਸ਼ਹੀਦ ਹੋਏ ਸਿੰਘ ਸਿੰਘਣੀਆਂ ਦੀ ਯਾਦ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਛਬੀਲ ਅਤੇ ਕਾਲੇ ਛੋਲਿਆਂ ਦਾ ਲੰਗਰ ਲਗਾਇਆ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਸਤਵਿੰਦਰ ਸਿੰਘ ਮਠਾੜੂ ਨੇ ਆਖਿਆ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਚੇਤੇ ਨਹੀਂ ਕਰਦੀਆਂ ਉਹਨਾਂ ਦਾ ਨਾਮੋ ਨਿਸ਼ਾਨ ਇਤਿਹਾਸ ਤੋਂ ਮਿਟ ਜਾਂਦਾ ਹੈ ਉਹਨਾਂ ਆਖਿਆ ਕਿ ਸਮੂਹ ਸਿੱਖ ਕੌਮ ਨੂੰ 1984 ਦੇ ਸ਼ਹੀਦਾਂ ਨੂੰ ਚੇਤੇ ਕਰਨਾ ਚਾਹੀਦਾ ਹੈ।

# 'ਆਪ' ਦੀ ਇਤਿਹਾਸਕ ਜਿੱਤ, ਲੋਕਾਂ ਨੇ ਕੰਮਾਂ ਤੇ ਲਾਈ ਮੋਹਰ : ਗੌਇਲ

ਲੁਧਿਆਣਾ, 30 ਮਈ (ਵਿਸ਼ਾਲ ਸ਼ਰਮਾ) ਪੰਜਾਬ ਵਿੱਚ ਹਾਲ ਹੀ ਵਿੱਚ ਹੋਈਆਂ ਨਗਰ ਨਿਗਮ/ਨਗਰ ਕੌਂਸਲ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਵੱਲੋਂ ਦਰਜ ਕੀਤੀ ਗਈ ਵੱਡੀ ਅਤੇ ਸ਼ਾਨਦਾਰ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਖਜਾਨਚੀ ਸੁਰੇਸ਼ ਗੋਇਲ ਨੇ ਸਮੂਹ ਪੰਜਾਬੀਆਂ, ਜੇਤੂ ਉਮੀਦਵਾਰਾਂ ਅਤੇ ਪਾਰਟੀ ਵਰਕਰਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਹੈ। ਸੁਰੇਸ਼ ਗੋਇਲ ਨੇ ਪੰਜਾਬ ਦੇ ਸਮੂਹ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਆਮ ਲੋਕਾਂ ਦੀ ਜਿੱਤ ਹੈ ਅਤੇ ਪੰਜਾਬ ਦੇ ਲੋਕਾਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਵਿਕਾਸ, ਪਾਰਦਰਸ਼ੀ ਪ੍ਰਸ਼ਾਸਨ ਅਤੇ ਇਮਾਨਦਾਰ ਰਾਜਨੀਤੀ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਹਿਤੈਸ਼ੀ ਕੰਮਾਂ 'ਤੇ ਲੋਕਾਂ ਨੇ ਮੋਹਰ ਲਗਾਈ ਹੈ। ਸੂਬਾ ਖਜ਼ਾਨਚੀ ਜੇਤੂਆਂ ਨੂੰ ਅਪੀਲ ਕੀਤੀ ਕਿ ਉਹ ਹੁਣ ਬਿਨਾਂ ਕਿਸੇ ਦੇਰੀ ਦੇ ਹਲਕੇ ਦੇ ਵਿਕਾਸ ਕਾਰਜਾਂ ਵਿੱਚ ਵੱਧ-ਚੜ੍ਹ ਕੇ ਜੁੱਟ ਜਾਣ। ਜਿਨ੍ਹਾਂ ਉਮੀਦਾਂ ਨਾਲ ਪੰਜਾਬ ਦੇ ਲੋਕਾਂ ਨੇ



ਆਮ ਆਦਮੀ ਪਾਰਟੀ ਨੂੰ ਇਹ ਵੱਡੀ ਜਿੱਤ ਦਵਾਈ ਹੈ, ਸਾਨੂੰ ਉਨ੍ਹਾਂ ਉਮੀਦਾਂ 'ਤੇ ਖ਼ਰਾ ਉਤਰਨਾ ਪਵੇਗਾ। ਤਾਂ ਜੋਂ 2027 ਚ' ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣ ਸਕੇ ਸੁਰੇਸ਼ ਗੋਇਲ ਨੇ ਪੰਜਾਬ ਵਾਸੀਆਂ ਨੂੰ ਵਿਸ਼ਵਾਸ ਦਵਾਇਆ ਕਿ ਸ਼ਹਿਰਾ ਦੇ ਵਿਕਾਸ ਨੂੰ ਨਵੀਂ ਗਤੀ ਦਿੱਤੀ ਜਾਵੇਗੀ। ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਗੌਇਲ ਨੇ ਮਾਨ ਸਰਕਾਰ ਦੀਆ ਪਰਾਪਤੀਆ ਦਾ ਜਿਕਰ ਕਰਦੇ ਦੱਸਿਆ ਕਿ ਪੂਰੇ ਪੰਜਾਬ ਵਿੱਚ ਕੁੱਲ 990 ਆਮ ਆਦਮੀ ਕਲੀਨਿਕ ਚੱਲ ਰਹੇ ਹਨ। ਇਹਨਾਂ ਆਮ ਆਦਮੀ ਕਲੀਨਿਕ ਵਿੱਚੋਂ 5 ਕਰੋੜ ਤੋਂ ਵੱਧ ਲੋਕ ਲਾਭ ਉਠਾ ਚੁੱਕੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਹਨਾਂ ਆਮ ਆਦਮੀ ਕਲੀਨਿਕਾਂ ਵਿੱਚ 107 ਕਿਸਮ ਦੀਆਂ ਦਵਾਈਆਂ ਉਪਲਬਧ ਹਨ। ਇੱਥੇ ਡਾਕਟਰ ਹਾਜ਼ਰ ਰਹਿੰਦੇ ਹਨ ਉਨ੍ਹਾਂ ਦੀ ਸਲਾਹ ਵੀ ਬਿਲਕੁਲ ਮੁਫਤ ਹੈ। ਗੋਇਲ ਨੇ ਆਖਿਆ ਕੀ ਸਾਬਕਾ ਸਰਕਾਰਾਂ ਦੇ ਨੁਮਾਇੰਦਿਆਂ ਨੇ ਵਿਕਾਸ ਦੇ ਨਾਂ ਤੇ ਲੋਕਾਂ ਨੂੰ ਸਿਰਫ ਗੁਮਰਾਹ ਕੀਤਾ ਅਤੇ ਦੂਜੇ ਪਾਸੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਚੋਣਾਂ ਸਮੇਂ ਜੋ ਵੀ ਸੂਬਾ ਵਾਸੀਆਂ ਨੂੰ ਗਰੰਟੀਆਂ ਦਿੱਤੀਆਂ ਉਹਨਾਂ ਨੂੰ ਇੱਕ - ਇੱਕ ਕਰਕੇ ਪੂਰਾ ਕਰਨ ਦਾ ਵਾਅਦਾ ਨਿਭਾਇਆ ਹੈ। ਉਹਨਾਂ ਕਿਹਾ ਕਿ ਅੱਜ ਸੂਬੇ ਭਰ ਵਿੱਚ ਮੁਫਤ ਬਿਜਲੀ, ਮੈਡੀਕਲ, ਐਜੂਕੇਸ਼ਨ ਦੇ ਨਾਲ-ਨਾਲ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹਈਆ ਕਰਵਾਈਆਂ ਜਾ ਰਹੀਆਂ ਹਨ।

## ਨੀਟ ਦੇ ਪ੍ਰਸ਼ਨ ਪੱਤਰ ਲਿਜਾਣ ਲਈ ਭਾਰਤੀ ਹਵਾਈ ਸੈਨਾ ਦੀ ਵਰਤੋਂ ਕਰਨਾ ਗ਼ਲਤ : ਸੀਪੀਆਈ

ਲੁਧਿਆਣਾ, 30 ਮਈ (ਰਵਿੰਦਰ ਸਿੰਘ ਨਿੱਝਰ): ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਜ਼ਿਲ੍ਹਾ ਲੁਧਿਆਣਾ ਇਕਾਈ ਨੇ ਨੀਟ ਦੇ ਪ੍ਰਸ਼ਨ ਪੱਤਰ ਲਿਜਾਣ ਲਈ ਭਾਰਤੀ ਹਵਾਈ ਸੈਨਾ ਦੀ ਵਰਤੋਂ ਕੀਤੇ ਜਾਣ 'ਤੇ ਸਖ਼ਤ ਇਤਰਾਜ਼ ਜਤਾਇਆ ਹੈ। ਭਾਰਤੀ ਹਵਾਈ ਸੈਨਾ ਦਾ ਮੁੱਖ ਕੰਮ ਦੇਸ਼ ਦੀ ਪ੍ਰਭੁਸੱਤਾ, ਅਖੰਡਤਾ ਅਤੇ ਸਰਹੱਦਾਂ ਦੀ ਦੁਸ਼ਮਣੀ ਹਮਲਿਆਂ ਤੋਂ ਰੱਖਿਆ ਕਰਨਾ ਹੈ। ਪਾਕਿਸਤਾਨ ਵੱਲੋਂ ਸਮੇਂ-ਸਮੇਂ 'ਤੇ ਕੀਤੇ ਗਏ ਹਮਲਿਆਂ ਨੂੰ ਨਾਕਾਮ ਕਰਨ ਦਾ ਇਸ ਦਾ ਮਾਣਯੋਗ ਇਤਿਹਾਸ ਰਿਹਾ ਹੈ। ਨੀਟ ਦੇ ਪ੍ਰਸ਼ਨ ਪੱਤਰਾਂ ਦੀ ਸਪਲਾਈ ਲਈ ਹਵਾਈ ਸੈਨਾ ਨੂੰ ਡਿਊਟੀ 'ਤੇ ਲਗਾਉਣਾ ਉਸ ਦੀ ਭੂਮਿਕਾ ਨੂੰ ਘਟਾ ਕੇ ਦੇਖਣ ਦੇ ਬਰਾਬਰ ਹੈ।ਨੀਟ ਦੇ ਪ੍ਰਸ਼ਨ ਪੱਤਰਾਂ ਦੀ ਲੀਕ ਉਹਨਾਂ ਦਫ਼ਤਰਾਂ ਵਿਚੋਂ ਹੀ ਹੋਈ ਹੈ ਜਿਨ੍ਹਾਂ 'ਤੇ ਮੁੱਖ ਤੌਰ 'ਤੇ ਆਰਐੱਸਐੱਸ ਨਾਲ ਜੁੜੇ ਲੋਕਾਂ ਦਾ ਕਬਜ਼ਾ ਹੈ। ਮੋਦੀ ਸਰਕਾਰ ਨਿਰਪੱਖ ਅਤੇ ਪਾਰਦਰਸ਼ੀ ਪ੍ਰੀਖਿਆਵਾਂ ਕਰਵਾਉਣ ਵਿੱਚ ਆਪਣੀ ਨਾਕਾਮੀ ਤੋਂ ਬਚ ਨਹੀਂ ਸਕਦੀ। ਰਿਪੋਰਟਾਂ ਅਨੁਸਾਰ ਪਿਛਲੇ 10 ਸਾਲਾਂ ਦੌਰਾਨ 80 ਤੋਂ ਵੱਧ ਪ੍ਰਸ਼ਨ ਪੱਤਰ ਲੀਕ ਹੋ ਚੁੱਕੇ ਹਨ। ਇਸ ਕਾਰਨ ਉੱਚ ਸਿੱਖਿਆ ਅਤੇ ਰੁਜ਼ਗਾਰ ਦੀ ਆਸ ਰੱਖਣ ਵਾਲੇ ਕਰੋੜਾਂ ਵਿਦਿਆਰਥੀਆਂ ਅਤੇ ਨੌਜਵਾਨਾਂ ਦਾ ਭਵਿੱਖ ਪ੍ਰਭਾਵਿਤ ਹੋਇਆ ਹੈ। ਆਗੂਆਂ ਨੇ ਕਿਹਾ ਕਿ ਇਹ ਬਹੁਤ ਦੁੱਖਦਾਈ ਗੱਲ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਜਿਹੀਆਂ ਘਟਨਾਵਾਂ ਦੀਆਂ ਰਿਪੋਰਟਾਂ ਸਾਹਮਣੇ ਆਉਣ ਦੇ ਬਾਵਜੂਦ ਕਦੇ ਵੀ ਇੱਕ ਸ਼ਬਦ ਤੱਕ ਨਹੀਂ ਬੋਲਿਆ। ਸਿੱਖਿਆ ਮੰਤਰੀ ਕੋਲ ਅਹੁਦੇ ਤੋਂ ਅਸਤੀਫ਼ਾ ਦੇਣ ਦੀ ਨੈਤਿਕਤਾ ਤੱਕ ਨਹੀਂ ਹੈ। ਸਰਕਾਰ ਦੀ ਲਗਾਤਾਰ ਨਾਕਾਮੀ ਨੇ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਨੂੰ ਵਧਾਇਆ ਹੈ, ਜਿਨ੍ਹਾਂ ਨੂੰ ਭਾਰਤ ਦੇ ਮੁੱਖ ਨਿਆਂਧੀਸ਼ ਨੇ 'ਕਾਕਰੋਚ' ਤੱਕ ਕਹਿ ਦਿੱਤਾ ਹੈ।

ਆਗੂਆਂ ਨੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਤੋਂ ਤੁਰੰਤ ਅਸਤੀਫ਼ੇ ਦੀ ਮੰਗ ਕੀਤੀ ਅਤੇ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਜਨਤਕ ਤੌਰ 'ਤੇ ਸਰਕਾਰ ਦੀ ਨਾਕਾਮੀ ਸਵੀਕਾਰ ਕਰਨੀ ਚਾਹੀਦੀ ਹੈ। ਐਨਟੀਏ ਨੂੰ ਭੰਗ ਕੀਤਾ ਜਾਣਾ ਚਾਹੀਦਾ ਹੈ ਅਤੇ ਪ੍ਰੀਖਿਆਵਾਂ ਦੇ ਆਯੋਜਨ ਦੀ ਯੋਜਨਾ ਆਰਐੱਸਐੱਸ ਦੀ ਬਜਾਏ ਸਿੱਖਿਆਵਿਦਾਂ ਦੀ ਇੱਕ ਉੱਚ-ਪੱਧਰੀ ਕਮੇਟੀ ਦੁਆਰਾ ਬਣਾਈ ਜਾਣੀ ਚਾਹੀਦੀ ਹੈ।ਇਹ ਬਿਆਨ ਕਾਮਰੇਡ ਡੀ.ਪੀ. ਮੌੜ ਜ਼ਿਲ੍ਹਾ ਸਕੱਤਰ, ਚਮਕੌਰ ਸਿੰਘ, ਐਮ.ਐਸ. ਭਾਟੀਆ, ਡਾ. ਰਾਜਿੰਦਰ ਪਾਲ ਸਿੰਘ ਔਲਖ, ਡਾ. ਅਰੁਣ ਮਿੱਤਰਾ, ਰਮੇਸ਼ ਰਤਨ ਅਤੇ ਵਿਜੈ ਕੁਮਾਰ ਵੱਲੋਂ ਜਾਰੀ ਕੀਤਾ ਗਿਆ।

# ਪਵਨ ਦੀਵਾਨ ਨੇ ਸੀਤਾ ਨਗਰ ਇਲਾਕਾ ਨਿਵਾਸੀਆਂ ਨਾਲ ਕੀਤੀ ਮੀਟਿੰਗ

ਲੁਧਿਆਣਾ, 30 ਮਈ (ਵਿਸ਼ਾਲ ਸ਼ਰਮਾ): ਜਿਲਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਵੱਲੋਂ ਸੀਤਾ ਨਗਰ ਦੇ ਵਾਸੀਆਂ ਨੂੰ ਪੇਸ਼ ਆ ਰਹੀਆਂ ਸਮਸਿਆਵਾਂ ਨੂੰ ਲੈ ਕੇ ਇੱਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਅਯੋਜਨ ਨੀਰਜ ਬਿਰਲਾ ਵਲੋਂ ਕੀਤਾ ਗਿਆ ਸੀ।



ਮੀਟਿੰਗ ਬਾਰੇ ਜਾਣਕਾਰੀ ਦਿੰਦੇ ਹੋਏ, ਦੀਵਾਨ ਨੇ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਇਸ਼ਤਿਹਾਰਾਂ ਰਾਹੀਂ ਕੀਤੇ ਜਾਂਦੇ ਵੱਡੇ-ਵੱਡੇ ਦਾਅਵਿਆਂ ਦੀ ਹਕੀਕਤ ਪੂਰੀ ਤਰ੍ਹਾਂ ਉਲਟ ਹੈ। ਉਹਨਾਂ ਦੱਸਿਆ ਕਿ ਜਿਆਦਾਤਰ ਲੋਕ ਕਾਨੂੰਨ ਅਤੇ ਵਿਵਸਥਾ ਦੀ ਮਾੜੀ ਸਥਿਤੀ ਨੂੰ ਲੈ ਕੇ ਕਾਫੀ ਪਰੇਸ਼ਾਨ ਹਨ। ਲੁੱਟ ਖੋਹ, ਚੋਰੀ ਅਤੇ ਕਤਲ ਵਰਗੇ ਗੰਭੀਰ ਮਾਮਲੇ ਆਮ ਗੱਲਾਂ ਬਣ ਚੁੱਕੇ ਹਨ। ਹਾਲਾਤ ਇਨੇ ਮਾੜੇ ਹਨ ਕਿ ਲੋਕ ਦਿਨ ਵੇਲੇ ਵੀ ਘਰੋਂ ਨਿਕਲਦੇ ਡਰਦੇ ਹਨ। ਦੀਵਾਨ ਨੇ ਕਿਹਾ ਕਿ ਸਰਕਾਰ ਵੱਲੋਂ ਇਸ਼ਤਿਹਾਰਾਂ ਰਾਹੀ ਕੀਤੇ ਜਾ ਰਹੇ ਦਾਅਵਿਆਂ ਤੋਂ ਸੱਚਾਈ ਪੂਰੀ ਤਰ੍ਹਾਂ ਉਲਟ ਹੈ। ਸਰਕਾਰ ਨੂੰ ਜਮੀਨੀ ਹਕੀਕਤਾਂ ਵੱਲ ਧਿਆਨ ਦੇਣ ਅਤੇ ਸਮੱਸਿਆਵਾਂ ਦੇ ਹੱਲ ਪਾਸੇ ਧਿਆਨ ਦੇਣਾ ਚਾਹੀਦਾ ਹੈ। ਇਸੇ ਤਰ੍ਹਾਂ, ਲੋਕ ਮਹਿੰਗਾਈ ਤੋਂ ਕਾਫੀ ਪਰੇਸ਼ਾਨ ਨਜ਼ਰ ਆਏ। ਖਾਸ ਤੌਰ ਤੇ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਕਾਰਨ ਆਮ ਲੋਕਾਂ ਦੇ ਰੋਜਾਨਾ ਦੇ ਖਰਚੇ ਵੱਧ ਗਏ ਹਨ। ਜਦ ਕਿ ਇਸਦੇ ਉਲਟ ਤਨਖਾਹਾਂ ਉੱਥੇ ਹੀ ਟਿੱਕੀਆਂ ਹੋਈਆਂ ਹਨ। ਦੀਵਾਨ ਨੇ ਕਿਹਾ ਕਿ ਸਸਤਾ ਕੱਚਾ ਤੇਲ ਖਰੀਦ ਕੇ ਲੋਕਾਂ ਤੋਂ ਭਾਰੀ ਮੁਨਾਫਾ ਕਮਾਉਣ ਵਾਲੀਆਂ ਕੰਪਨੀਆਂ ਨੂੰ ਲੋਕ ਹਿੱਤ ਵਿੱਚ ਰੇਟ ਘਟਾਉਣੇ ਚਾਹੁੰਦੇ ਹਨ। ਕਿਉਂਕਿ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਦਾ ਅਸਰ ਸਿੱਧਾ ਤੌਰ ਤੇ ਆਮ ਵਿਅਕਤੀ ਲਈ ਜੇਬ ਉੱਪਰ ਪਿਆ ਹੈ ਅਤੇ ਇਸ ਤੋਂ ਹਰ ਵਰਗ ਪਰੇਸ਼ਾਨ ਹੈ। ਉਹਨਾਂ ਨੇ ਜੋਰ ਦਿੰਦੇ ਹੋਏ, ਕਿਹਾ ਕਿ ਸਿਰਫ ਦਾਅਵੇ ਕਰਨ ਨਾਲ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਹੁੰਦਾ। ਕੰਮ ਜਮੀਨੀ ਪੱਧਰ ਤੇ ਵੀ ਹੋਣੇ ਚਾਹੀਦੇ ਹਨ। ਸਰਕਾਰਾਂ ਨੂੰ ਮਹਿੰਗਾਈ ਦੀ ਸਮੱਸਿਆ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ, ਮੈਂਬਰ ਪੀਸੀਸੀ ਸੁਸ਼ੀਲ ਮਲਹੋਤਰਾ, ਸੀਨੀਅਰ ਪਾਰਟੀ ਆਗੂ ਇੰਦਰਜੀਤ ਕਪੂਰ, ਨਿਰਾਜ ਬਿਰਲਾ, ਰੋਹਿਤ ਪਾਹਵਾ, ਪੁਲਕਿਤ ਚੌਧਰੀ, ਰਾਜੀਵ ਕਪੂਰ, ਅੰਕਿਤ ਜਿੰਦਲ, ਹਰਜੀਤ ਸਿੰਘ, ਵਿਜੈ ਅਰੋੜਾ, ਜਸਪਾਲ ਸ਼ਰਮਾ, ਮਨੋਹਰ ਜੈਨ, ਬਿੱਟੂ ਭੁੱਲਰ, ਹੈਪੀ, ਮਨੂੰ ਚੌਧਰੀ ਵੀ ਹਾਜ਼ਰ ਰਹੇ।

## ਐਸ.ਕੇ.ਐਮ. ਦੀ ਜ਼ਿਲ੍ਹਾ ਲੁਧਿਆਣਾ ਇਕਾਈ 2 ਜੂਨ ਦੇ ਧਰਨੇ ਵਿੱਚ ਵੱਧ ਚੜ੍ਹ ਕੇ ਹਿੱਸਾ ਲਵੇਗੀ



ਲੁਧਿਆਣਾ, 30 ਮਈ (ਰਵਿੰਦਰ ਸਿੰਘ ਨਿੱਝਰ): ਸੰਯੁਕਤ ਕਿਸਾਨ ਮੋਰਚੇ ਦੀ ਜਿਲਾ ਲੁਧਿਆਣਾ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਸੁਦਾਗਰ ਸਿੰਘ ਘੁਡਾਣੀ ਸਿੰਘ ਦੀ ਪ੍ਰਧਾਨਗੀ ਹੇਠ ਦੋ ਜੂਨ ਨੂੰ ਜ਼ਿਲ੍ਹਾ ਹੈਡਕੁਾਰਟਰਾਂ ਤੇ ਧਰਨੇ ਦੇ ਕੇ ਮੰਗ ਪੱਤਰ ਦੇਣ ਦੀ ਤਿਆਰੀ ਲਈ ਮੀਟਿੰਗ ਕੀਤੀ ਗਈ। ਇਸ ਵਿੱਚ ਭਾਰਤ ਸਰਕਾਰ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਨੁਮਾਇੰਦਗੀ ਖੋਹਣ ਵਾਲਾ ਨੋਟੀਫਿਕੇਸ਼ਨ ਰੱਦ ਕਰਨ, ਖਾਦ ਡੀਜਲ ਦੀ ਸਪਲਾਈ ਯਕੀਨੀ ਬਣਾਉਣਾ ਤੇ ਡੀਜ਼ਲ ਪੈਟਰੋਲ ਦੇ ਵਧਾਈ ਰੇਟ ਰੱਦ ਕੀਤੇ ਜਾਣ, ਐਮਐਸਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ, ਪੰਜਾਬ ਦੇ ਕਿਸਾਨਾਂ ਮਜ਼ਦੂਰਾਂ ਨੂੰ ਕਰਜਾ ਮੁਕਤ ਕੀਤਾ ਜਾਵੇ, ਅਮਰੀਕਾ ਦੇ ਦਬਾਅ ਹੇਠ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ ਵਾਪਸ ਲਏ ਜਾਣ, ਕਿਸਾਨਾਂ ਉੱਪਰ ਸਾਰੇ ਕੇਸ ਵਾਪਸ ਲਏ ਜਾਣ ਅਤੇ ਕੌਂ ਮੀ ਖੇਤੀ ਮੰਡੀਕਰਨ ਨਵੇਂ ਖਰੜੇ ਨੂੰ ਰੱਦ ਕੀਤਾ ਜਾਵੇ ਇਹਨਾਂ ਮੰਗਾਂ ਨੂੰ ਲੈ ਕੇ ਡੀਸੀ ਰਾਹੀਂ ਭਾਰਤ ਸਰਕਾਰ ਨੂੰ ਮੰਗ ਪੱਤਰ ਭੇਜਿਆ ਜਾਵੇਗਾ ਧਰਨਾ 10.30ਵਜੇ ਸ਼ੁਰੂ ਕੀਤਾ ਜਾਵੇਗਾ, ਆਗੂਆਂ ਕਿਹਾ ਕਿ ਸਰਕਾਰਾਂ ਕਾਰਪੋਰੇਟ ਪੱਖੀਆਂ ਨੀਤੀਆਂ ਬਣਾ ਕੇ ਕਿਸਾਨਾਂ ਮਜ਼ਦੂਰਾਂ ਦਾ ਘਾਣ ਕਰਨ ਜਾ ਰਹੀਆਂ ਹਨ ਇਸ ਲਈ ਆਓ ਆਪਾਂ ਇਕੱਠੇ ਹੋ ਕੇ ਆਪਣੇ ਆਵਾਜ਼ ਨੂੰ ਬੁਲੰਦ ਕਰੀਏ। ਇਸ ਵੇਲੇ ਜਮਹੂਰੀ ਕਿਸਾਨ ਸਭਾ ਦੇ ਰਘਬੀਰ ਸਿੰਘ ਬੈਨੀਪਾਲ, ਆਲ ਇੰਡੀਆ ਕਿਸਾਨ ਸਭਾ ਦੇ ਚਮਕੌਰ ਸਿੰਘ, ਭਾਰਤੀ ਕਿਸਾਨ ਯੂਨੀਅਨ ਧਨੇਰ ਦੇ ਰਜਿੰਦਰ ਸਿੰਘ, ਡਾ ਗੁਰਵਿੰਦਰ ਸਿੰਘ, ਪਮਨਦੀਪ ਸਿੰਘ ਮੇਹਲੋਂ, ਪ੍ਰਗਟ ਸਿੰਘ ਪਨੈਚ ਰਾਜੇਵਾਲ, ਸ਼ਮਸ਼ੇਰ ਸਿੰਘ ਆਸੀ ਪੰਜਾਬ ਕਿਸਾਨ ਯੂਨੀਅਨ, ਅਮਨਪ੍ਰੀਤ ਸਿੰਘ ਬਰਮਾਲੀਪੁਰ, ਸਾਧੂ ਸਿੰਘ ਅਚਰਵਾਲ, ਮਨਪ੍ਰੀਤ ਸਿੰਘ ਘਲਾਲ ਦੀ ਸ਼ਾਮਲ ਹੋਏ।

# ਮਨੁੱਖੀ ਅਧਿਕਾਰ ਕਮਿਸ਼ਨ ਦੀ ਕੋਰ ਕਮੇਟੀ ਦੇ ਜ਼ਿਲ੍ਹਾ ਦਫ਼ਤਰ ਖੋਲੇ ਜਾਣਗੇ : ਜਤਿੰਦਰ ਸ਼ੰਟੀ

ਲੁਧਿਆਣਾ, 30 ਮਈ (ਵਿਸ਼ਾਲ ਸ਼ਰਮਾ): ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਲੋਕਾਂ ਨੂੰ ਤੇਜ਼, ਪਾਰਦਰਸ਼ੀ ਤੇ ਸਥਾਨਕ ਪੱਧਰ 'ਤੇ ਇਨਸਾਫ਼ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਅਤੇ ਚੰਡੀਗੜ੍ਹ (ਯੂ.ਟੀ) ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰ ਦਫ਼ਤਰਾਂ ਦੇ ਜ਼ਿਲ੍ਹਾ ਪੱਧਰੀ ਕੰਪਲੈਕਸ ਵਿੱਚ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੀ ਕੋਰ ਕਮੇਟੀ ਦੇ ਜ਼ਿਲ੍ਹਾ ਦਫ਼ਤਰ ਖੋਲ੍ਹੇ ਜਾਣਗੇ। ਇਸ ਸਬੰਧੀ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਤੋਂ ਦਫਤਰ ਖੋਲਣ ਲਈ ਜਗ੍ਹਾ ਦੀ ਮੰਗ ਕੀਤੀ ਗਈ ਹੈ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ (ਯੂ.ਟੀ) ਮਨੁੱਖੀ ਅਧਿਕਾਰ ਕਮਿਸ਼ਨ ਜਤਿੰਦਰ ਸਿੰਘ ਸ਼ੰਟੀ ਨੇ ਸ਼ਨੀਵਾਰ ਨੂੰ ਲੁਧਿਆਣਾ ਦੀ ਆਲਮਗੀਰ ਮਾਰਕੀਟ ਦੇ ਇੱਕ ਨਿੱਜੀ ਹੋਟਲ ਵਿੱਚ ਮਨੁੱਖੀ ਅਧਿਕਾਰਾਂ ਬਾਰੇ ਲੋਕਾਂ ਨੂੰ ਜਾਗਰੂਕਤਾ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।



ਪਦਮਸ਼੍ਰੀ ਐਵਾਰਡੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਇਹ ਪਹਿਲ ਪੰਜਾਬ ਨੂੰ ਦੇਸ਼ ਦਾ ਪਹਿਲਾ ਅਜਿਹਾ ਰਾਜ ਬਣਾਉਂਦੀ ਹੈ ਜਿੱਥੇ ਮਨੁੱਖੀ ਅਧਿਕਾਰ ਕਮਿਸ਼ਨ ਦੀ ਕਾਰਗੁਜ਼ਾਰੀ ਦਾ ਜ਼ਿਲ੍ਹਾ ਪੱਧਰ ਤੱਕ ਵਿਸਥਾਰ ਕੀਤਾ ਜਾਵੇਗਾ। ਇਸ ਕਦਮ ਨਾਲ ਆਮ ਲੋਕਾਂ ਨੂੰ ਆਪਣੇ ਅਧਿਕਾਰਾਂ ਲਈ ਦਫਤਰ ਮਨੁੱਖੀ ਅਧਿਕਾਰ ਕਮਿਸ਼ਨ, ਚੰਡੀਗੜ੍ਹ ਤੱਕ ਜਾਣ ਦੀ ਲੋੜ ਨਹੀਂ ਪਵੇਗੀ, ਸਗੋਂ ਉਹ ਆਪਣੇ ਹੀ ਜ਼ਿਲ੍ਹੇ ਵਿੱਚ ਹੀ ਆਪਣੀਆਂ ਸ਼ਿਕਾਇਤਾਂ ਇਸ ਕੋਰ ਕਮੇਟੀ ਦੇ ਜ਼ਿਲ੍ਹਾ ਦਫ਼ਤਰ ਵਿੱਚ ਦਰਜ ਕਰਵਾ ਸਕਣਗੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਖੰਨਾ ਜਸ਼ਨਪ੍ਰੀਤ ਕੌਰ ਗਿੱਲ, ਉਪ ਮੰਡਲ ਮੈਜਿਸਟਰੇਟ ਲੁਧਿਆਣਾ ਪੱਛਮੀ ਕੁਲਦੀਪ ਬਾਵਾ, ਮੈਂਬਰ ਮਨੁੱਖੀ ਅਧਿਕਾਰ ਕੋਰ ਕਮੇਟੀ, ਚੰਡੀਗੜ੍ਹ ਦੀਪਕ ਸਿੰਗਲਾ, ਜ਼ਿਲ੍ਹਾ ਲੁਧਿਆਣਾ ਦੇ ਕੋਰ ਕਮੇਟੀ ਮੈਂਬਰ ਮਨਜਿੰਦਰ ਸਿੰਘ ਕਲੇਰ, ਕੇ.ਕੇ. ਡਿਗਲੀ, ਐਡਵੋਕੇਟ ਸਪਨਾ ਕਨਵਰ, ਪੂਜਾ ਭਾਰਦਵਾਜ, ਪ੍ਰਤੀਕ ਵਰਮਾ, ਡਾ. ਰੀਤੂ ਗੁਪਤਾ, ਨਵਕਿਰਨ ਜੋਤ, ਜਗਦੀਸ਼ ਕੁਮਾਰ, ਮਨਦੀਪ ਕੇਸ਼ਵ ਗੁਡੂ, ਕ੍ਰਿਸ਼ਨ ਲਾਲ, ਮਨਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਮਾਜਿਕ, ਧਾਰਮਿਕ, ਕਾਨੂੰਨੀ ਅਤੇ ਮਨੁੱਖੀ ਅਧਿਕਾਰਾਂ ਲਈ ਕੰਮ ਕਰਨ ਵਾਲੀਆਂ ਸੰਸਥਾਵਾਂ ਦੇ ਨੁਮਾਇੰਦੇ ਮੌਜੂਦ ਸਨ।

# ਹੜ੍ਹ ਪ੍ਰਬੰਧਾਂ ਦੀ ਤਿਆਰੀ 'ਚ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡੀ.ਸੀ.

ਲੁਧਿਆਣਾ, 30 ਮਈ (ਵਿਸ਼ਾਲ ਸ਼ਰਮਾ): ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਵੱਲੋਂ ਹਰੇਕ ਸਬ-ਡਵੀਜ਼ਨ ਵਿੱਚ ਚੱਲ ਰਹੇ ਹੜ੍ਹ ਸੁਰੱਖਿਆ ਕਾਰਜਾਂ ਦੀ ਨਿਗਰਾਨੀ ਕਰਨ, ਮੌਕ ਡਰਿੱਲ ਕਰਨ, ਸੀਵਰੇਜ ਟ੍ਰੀਟਮੈਂਟ ਪਲਾਂਟਾਂ (ਐਸ.ਟੀ.ਪੀਜ) ਦੇ ਕੰਮਕਾਜ ਨੂੰ ਯਕੀਨੀ ਬਣਾਉਣ, ਬੁੱਢਾ ਦਰਿਆ ਦੀ ਸਫਾਈ ਦੀ ਨਿਗਰਾਨੀ ਕਰਨ ਅਤੇ ਰਾਸ਼ਟਰੀ ਰਾਜਮਾਰਗਾਂ, ਸ਼ਹਿਰ ਅਤੇ ਪੇਂਡੂ ਪੱਟੀ ਦੇ ਨਾਲ-ਨਾਲ ਸੀਵਰੇਜ ਪ੍ਰਣਾਲੀਆਂ ਅਤੇ ਨਾਲੀਆਂ ਦਾ ਨਿਰੀਖਣ ਕਰਨ ਲਈ ਤੁਰੰਤ ਜਵਾਬ ਦੇਣ ਵਾਲੀਆਂ ਟੀਮਾਂ (ਕਿਊ.ਆਰ.ਟੀਜ) ਬਣਾਉਣ ਦੇ ਹੁਕਮ ਦਿੱਤੇ। ਉਨ੍ਹਾਂ ਸਾਰੇ ਸਬੰਧਤ ਵਿਭਾਗਾਂ ਨੂੰ ਆਗਾਮੀ ਮਾਨਸੂਨ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਪਾਲਣਾ ਸਰਟੀਫਿਕੇਟ ਜਮ੍ਹਾਂ ਕਰਾਉਣ ਦੇ ਨਿਰਦੇਸ਼ ਦਿੱਤੇ। ਹੜ੍ਹਾਂ ਦੀ ਰੋਕਥਾਮ ਸਬੰਧੀ ਤਿਆਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਡਿਪਟੀ ਕਮਿਸ਼ਨਰ ਨੇ ਐਮਰਜੈਂਸੀ ਦੌਰਾਨ ਤੇਜ਼ੀ ਨਾਲ ਕਾਰਵਾਈ ਨੂੰ ਯਕੀਨੀ ਬਣਾਉਣ ਦੇ ਵੀ ਨਿਰਦੇਸ਼। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੁਇੱਕ ਰਿਸਪਾਂਸ ਟੀਮਾਂ ਵਿੱਚ



ਲਈ ਵਿਭਾਗਾਂ ਵਿਚਕਾਰ ਨਜ਼ਦੀਕੀ ਤਾਲਮੇਲ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਜਦੋਂ ਵੀ ਲੋੜ ਹੋਵੇ ਕੁਇੱਕ ਰਿਸਪਾਂਸ ਟੀਮਾਂ ਨੂੰ ਜੁਟਾਉਣ ਵਿੱਚ ਕੋਈ ਦੇਰੀ ਨਹੀਂ ਹੋਣੀ ਚਾਹੀਦੀ ਅਤੇ ਕੰਟਰੋਲ ਰੂਮਾਂ ਨੂੰ ਪੂਰੀ ਤਰ੍ਹਾਂ ਕਾਰਜਸ਼ੀਲ ਰਹਿਣ ਭਾਰਤੀ ਫੌਜ, ਐਨ ਡੀ ਆਰ ਐਫ, ਐਸ ਡੀ ਆਰ ਐਫ, ਡਰੇਨੇਜ ਵਿਭਾਗ, ਪੀ ਡਬਲਯੂ ਡੀ, ਜਲ ਸਪਲਾਈ ਵਿਭਾਗ, ਟਰਾਂਸਪੋਰਟ ਵਿਭਾਗ, ਸਿਹਤ ਵਿਭਾਗ, ਖੁਰਾਕ ਅਤੇ ਸਿਵਲ ਸਪਲਾਈ, ਪੀ ਐਸ ਪੀ ਸੀ ਐਲ, ਮਨਰੇਗਾ, ਪਸ਼ੂ ਪਾਲਣ, ਖੇਤੀਬਾੜੀ ਵਿਭਾਗ, ਐਨ ਐਚ ਏ ਆਈ ਅਤੇ ਹੋਰ ਸਬੰਧਤ ਏਜੰਸੀਆਂ ਦੇ ਅਧਿਕਾਰੀ ਸ਼ਾਮਲ ਹੋਣੇ ਚਾਹੀਦੇ ਹਨ। ਡਿਪਟੀ ਕਮਿਸ਼ਨਰ ਨੇ ਵਿਭਾਗਾਂ ਨੂੰ ਪੂਰੀ ਤਿਆਰੀ ਰੱਖਣ ਦੇ ਨਿਰਦੇਸ਼ ਦਿੰਦੇ ਹੋਏ ਸਪੱਸ਼ਟ ਤੌਰ 'ਤੇ ਕਿਹਾ ਕਿ, ਆਮ ਜਨਤਾ ਨੂੰ ਕਿਸੇ ਵੀ ਸਥਿਤੀ ਵਿੱਚ ਪ੍ਰੇਸ਼ਾਨੀ ਨਹੀਂ ਹੋਣੀ ਚਾਹੀਦੀ। ਡਿਪਟੀ ਕਮਿਸ਼ਨਰ ਨੇ ਆਗਾਮੀ ਮੌਨਸੂਨ ਸੀਜ਼ਨ ਦੌਰਾਨ ਅਣਸੁਖਾਵੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸ਼ਾਸਨ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ, ਅਮਿਤ ਬੈਂਬੀ, ਡਾ. ਨਰਿੰਦਰ ਸਿੰਘ ਧਾਲੀਵਾਲ, ਐਸ ਡੀ ਐਮ ਜਸਲੀਨ ਕੌਰ ਭੁੱਲਰ, ਉਪਿੰਦਰਜੀਤ ਕੌਰ ਬਰਾੜ, ਪ੍ਰੀਤ ਇੰਦਰ ਬੈਂਸ, ਖੁਸ਼ਪ੍ਰੀਤ ਸਿੰਘ, ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ, ਤਪਨ ਭਨੋਟ ਅਤੇ ਵੱਖ-ਵੱਖ ਵਿਭਾਗਾਂ ਦੇ ਮੁਖੀ ਸ਼ਾਮਲ ਸਨ।

# ਸਰਕਾਰੀ ਪ੍ਰਾ: ਸਕੂਲ ਵਿਖੇ ਮੈਗਾ ਪੀ.ਟੀ.ਐਮ. ਕਰਵਾਈ

ਲੁਧਿਆਣਾ, 30 ਮਈ (ਰਵਿੰਦਰ ਸਿੰਘ ਨਿੱਝਰ): ਪੰਜਾਬ ਸਰਕਾਰ ਵੱਲੋਂ



ਸਿੱਖਿਆ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਸੁਧਾਰਾਤਮਕ ਪਹਿਲਕਦਮੀਆਂ ਤਹਿਤ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਮੈਗਾ ਪੀ.ਟੀ.ਐਮ. (ਮਾਪੇ-ਅਧਿਆਪਕ ਮਿਲਣੀ) ਮੁਹਿੰਮ ਅਧੀਨ ਅੱਜ ਜ਼ਿਲ੍ਹਾ ਲੁਧਿਆਣਾ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮੈਗਾ ਪੀ.ਟੀ.ਐਮ. ਕਰਵਾਈ ਗਈ। ਡਾ ਅੰਬੇਦਕਰ ਨਗਰ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਕਰਾਈ ਗਈ ਮੈਗਾ ਪੀਟੀਐਮ ਵਿੱਚ ਸਕੂਲ ਕਮੇਟੀ ਦੇ ਚੇਅਰਮੈਨ ਡਾ ਸੁਰਜੀਤ ਸਿੰਘ ਅਤੇ ਕਮੇਟੀ ਮੈਂਬਰ ਕਿਰਪਾਲ ਸਿੰਘ ਅਰੋੜਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੁਆਰਾ ਦਸਤਖਤ ਕੀਤੇ ਗਏ ਵਿਸ਼ੇਸ਼ ਪ੍ਰਸ਼ੰਸਾ ਪੱਤਰ, ਸਕੂਲ ਦੇ ਹੋਣਹਾਰ ਵਿਦਿਆਰਥੀਆਂ, ਅਧਿਆਪਕਾਂ ਅਤੇ ਹੋਰ ਸਟਾਫ਼ ਮੈਂਬਰਾਂ ਜਿਨ੍ਹਾਂ ਵਿੱਚ ਵਿੱਚ ਮਿੱਡ-ਡੇਅ ਮੀਲ ਵਰਕਰ, ਸੇਵਾਦਾਰ ਅਤੇ ਹੋਰ ਸ਼ਾਮਲ ਸਨ ਨੂੰ ਵੰਡੇ ਗਏ। ਸਕੂਲ ਮੁਖੀ ਗੁਰਮੀਤ ਚੌਹਾਨ ਨੇ ਸਕੂਲ ਵਿੱਚ ਉਪਲਬਧ ਸਹੂਲਤਾਂ ਬਾਰੇ ਚਾਨਣਾ ਪਾਇਆ। ਡਾ ਸੁਰਜੀਤ ਸਿੰਘ ਨੇ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ ਤੇ ਹੋਰ ਗਤੀਵਿਧੀਆਂ ਵੱਲ ਉਚੇਚਾ ਧਿਆਨ ਦੇਣ ਦੀ ਗੱਲ ਆਖੀ ਤਾਂ ਜੋ ਉਹਨਾਂ ਦਾ ਸਰਵ ਪੱਖੀ ਵਿਕਾਸ ਅਤੇ ਉਹਨਾਂ ਦੇ ਸ਼ਾਨਦਾਰ ਭਵਿੱਖ ਦੀ ਸਿਰਜਣਾ ਕੀਤੀ ਜਾ ਸਕੇ। ਸ ਅਰੋੜਾ ਨੇ ਆਖਿਆ ਕਿ ਮਾਪਿਆਂ ਨੂੰ ਬੱਚਿਆਂ ਦੇ ਸਾਹਮਣੇ ਇੱਕ ਦੂਸਰੇ ਨਾਲ ਵਧੀਆ ਵਿਹਾਰ ਕਰਨਾ ਚਾਹੀਦਾ ਹੈ ਕਿਉਂਕਿ ਬੱਚੇ ਆਪਣੇ ਮਾਪਿਆਂ ਤੋਂ ਦੇਖ ਕੇ ਬਹੁਤ ਕੁਝ ਸਿੱਖਦੇ ਹਨ।

ਇਸ ਦੌਰਾਨ ਮਾਪਿਆਂ ਨੇ ਸਕੂਲ ਵਿੱਚ ਮਿਲਦੀਆਂ ਸਹੂਲਤਾਂ ਤੋਂ ਇਲਾਵਾ ਪੜ੍ਹਾਈ ਦੇ ਮਿਆਰ ਅਤੇ ਬੱਚਿਆਂ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਬਲਾਕ ਕੁਆਰਟੀਨੇਟਰ ਸੁਖਦਰਸ਼ਨ ਸਿੰਘ ਅਤੇ ਸਟਾਫ ਮੈਂਬਰ ਪਰਮਜੀਤ ਕੌਰ, ਲਖਵਿੰਦਰ ਕੌਰ, ਹਰਪ੍ਰੀਤ ਉਬਰਾਏ, ਬੰਦਨਾ ਸੂਦ, ਸਮਨੀਸ਼ ਰਾਣੀ, ਅਮਨਦੀਪ ਕੌਰ, ਸ਼ਾਨੂੰ ਗੁਪਤਾ, ਲਵਪ੍ਰੀਤ ਸਿੰਘ, ਪ੍ਰਿੰਕਾ ਸੋਨੀ, ਮੋਨੂ ਸਿੰਘ, ਨੀਲਮਾ, ਗੁਰਪ੍ਰੀਤ ਕੌਰ, ਮਧੂ, ਰੇਨੂੰ ਅਤੇ ਸੋਨੀਆ ਆਦਿ ਵੀ ਹਾਜ਼ਰ ਸਨ।

# ਮੈਗਾ ਪੀ.ਟੀ.ਐਮ. ਨੇ ਮਜ਼ਬੂਤ ਕੀਤਾ ਆਪਸੀ ਤਾਲਮੇਲ : ਵਿਧਾਇਕ ਪੱਪੀ

ਲੁਧਿਆਣਾ, 30 ਮਈ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਵੱਲੋਂ ਸਿੱਖਿਆ



ਖੇਤਰ 'ਚ ਕੀਤੀਆਂ ਜਾ ਰਹੀਆਂ ਸੁਧਾਰਾਤਮਕ ਪਹਿਲਕਦਮੀਆਂ ਤਹਿਤ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੈਗਾ ਪੀ.ਟੀ.ਐਮ. (ਮਾਪੇ-ਅਧਿਆਪਕ ਮਿਲਣੀ) ਮੁਹਿੰਮ ਅਧੀਨ ਅੱਜ ਜ਼ਿਲ੍ਹਾ ਲੁਧਿਆਣਾ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮੈਗਾ ਪੀ.ਟੀ.ਐਮ. ਦਾ ਸਫਲ ਆਯੋਜਨ ਕੀਤਾ ਗਿਆ। ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਹਲਕਾ ਲੁਧਿਆਣਾ ਕੇਂਦਰੀ ਅਧੀਨ ਸਕੂਲ ਆਫ਼ ਐਮੀਨੈਂਸ (ਇਸਲਾਮੀਆ ਸਕੂਲ) ਵਿਖੇ ਅਧਿਆਪਕ-ਮਾਪੇ ਮਿਲਣੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਵਿਧਾਇਕ ਪਰਾਸ਼ਰ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਅਧਿਆਪਕਾਂ ਤੇ ਮਾਪਿਆਂ ਨਾਲ ਵਿਚਾਰ ਸਾਂਝੇ ਕਰਦਿਆਂ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੁਆਰਾ ਦਸਤਖਤ ਕੀਤੇ ਗਏ ਵਿਸ਼ੇਸ਼ ਪ੍ਰਸ਼ੰਸਾ ਪੱਤਰ, ਸਕੂਲਾਂ ਦੇ ਕੰਮਕਾਜ 'ਚ ਪ੍ਰਭਾਵਸ਼ਾਲੀ ਢੰਗ ਨਾਲ ਯੋਗਦਾਨ ਪਾਉਣ ਵਾਲੇ ਹੋਣਹਾਰ ਵਿਦਿਆਰਥੀਆਂ, ਅਧਿਆਪਕਾਂ ਤੇ ਹੋਰ ਸਟਾਫ ਮੈਂਬਰਾਂ ਨੂੰ ਵੰਡੇ ਗਏ। ਇਨ੍ਹਾਂ ਵਿੱਚ ਮਿਡ-ਡੇਅ ਮੀਲ ਵਰਕਰ, ਸੁਰੱਖਿਆ ਗਾਰਡ, ਕੈਂਪਸ ਮੈਨੇਜਰ, ਸਕੂਲ ਪ੍ਰਬੰਧਨ ਕਮੇਟੀਆਂ ਦੇ ਮੈਂਬਰ ਤੇ ਹੋਰ ਸ਼ਾਮਲ ਹਨ ਜਿਨ੍ਹਾਂ ਪੂਰੇ ਅਕਾਦਮਿਕ ਸਾਲ ਦੌਰਾਨ ਮਿਸਾਲੀ ਸੇਵਾ ਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ ਹੈ। ਮੈਗਾ ਪੀ.ਟੀ.ਐਮ. ਦੌਰਾਨ ਵਿਧਾਇਕ ਪੱਪੀ ਨੇ ਮਾਪਿਆਂ ਨਾਲ ਸਿੱਧੀ ਗੱਲਬਾਤ ਕਰਦਿਆਂ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜ਼ਾਰੀ, ਸਹਿ-ਪਾਠਕ੍ਰਮ ਗਤੀਵਿਧੀਆਂ ਤੇ ਭਵਿੱਖੀ ਯੋਜਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਦਰਮਿਆਨ ਨਿਰੰਤਰ ਸੰਪਰਕ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਡਿੰਪਲ ਮਦਾਨ ਨੇ ਭਰੋਸਾ ਦਿਵਾਇਆ ਕਿ ਸਰਕਾਰੀ ਸਕੂਲਾਂ ਦੇ ਅਧਿਆਪਕ ਵਿਦਿਆਰਥੀਆਂ ਨੂੰ ਗੁਣਵੱਤਾ-ਭਰਪੂਰ ਸਿੱਖਿਆ ਪ੍ਰਦਾਨ ਕਰਨ ਅਤੇ ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਲਈ ਪੂਰੀ ਤਨਦੇਹੀ ਨਾਲ ਕਾਰਜ ਕਰ ਰਹੇ ਹਨ, ਤਾਂ ਜੋ ਵਿਦਿਆਰਥੀ ਹਰ ਖੇਤਰ ਵਿੱਚ ਸਫਲਤਾ ਹਾਸਲ ਕਰਕੇ ਆਪਣੇ ਮਾਪਿਆਂ, ਸਕੂਲ, ਜ਼ਿਲ੍ਹੇ ਤੇ ਪੰਜਾਬ ਦਾ ਨਾਮ ਰੌਸ਼ਨ ਕਰ ਸਕਣ।

## ਨਾਰੀ ਏਕਤਾ ਸੰਸਥਾ ਨੇ ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਿਆ



ਲੁਧਿਆਣਾ, 30 ਮਈ (ਰਵਿੰਦਰ ਸਿੰਘ ਨਿੱਝਰ): ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਰਾਸ਼ਨ ਵੰਡ ਸਮਾਰੋਹ ਸੰਸਥਾ ਦੇ ਮੁੱਖ ਸਲਾਹਕਾਰ ਅਤੇ ਕੌਂਸਲਰ ਸੋਹਣ ਸਿੰਘ ਗੋਗਾ ਦੀ ਅਗਵਾਈ ਵਿਚ ਗੁਰਦੁਆਰਾ ਅਕਾਲ ਸਾਹਿਬ, ਪ੍ਰਤਾਪ ਨਗਰ ਵਿਖੇ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਰਾਸ਼ਨ ਵੰਡਣ ਉਪਰੰਤ ਬੋਨੀ ਆਰਕੇ, ਪ੍ਰੇਮ ਸਿੰਘ ਪੀਐਸ ਅਤੇ 'ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਕੁੰਦਨ ਸਿੰਘ ਨਾਗੀ ਨੇ ਕਿਹਾ ਕਿ ਸੰਸਥਾ ਵੱਲੋਂ ਨਿਰੰਤਰ ਕੀਤੀ ਜਾ ਰਹੀ ਸੇਵਾ ਕਾਬਿਲ-ਏ-ਤਾਰੀਫ਼ ਹੈ। ਇਸ ਮੌਕੇ ਸੰਸਥਾ ਦੇ ਮੁੱਖ ਸਲਾਹਕਾਰ ਅਤੇ ਕੌਂਸਲਰ ਸੋਹਣ ਸਿੰਘ ਗੋਗਾ, ਚੇਅਰਪਰਸਨ ਕੁਲਵਿੰਦਰ ਕੌਰ ਗੋਗਾ ਨੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜੀ ਕੌਰ, ਇਕਬਾਲ ਕੌਰ, ਬਲਜੀਤ ਕੌਰ, ਜਨਕ ਮਹਾਜਨ, ਬਲਵਿੰਦਰ ਕੌਰ, ਸਰਿਤਾ ਠਾਕੁਰ, ਮਨਪ੍ਰੀਤ ਕੌਰ ਗਿੱਲ, ਪ੍ਰੀਤੀ, ਪ੍ਰੇਮ ਸਿੰਘ, ਸਰੂਪ ਸਿੰਘ ਮਠਾੜੂ, ਰਣਜੀਤ ਸਿੰਘ, ਕੁੰਦਨ ਸਿੰਘ ਨਾਗੀ, ਸੁਖਵਿੰਦਰ ਸਿੰਘ ਦਹੇਲਾ, ਕਸ਼ਮੀਰ ਸਿੰਘ ਸਰਾਭਾ, ਆਕਾਸ਼ ਵਰਮਾ, ਕਮਲਜੀਤ ਸਿੰਘ, ਮਹਿੰਦਰ ਸਿੰਘ, ਜੱਗਾ ਸਿੰਘ, ਬਲਵਿੰਦਰ ਸਿੰਘ, ਗੁਰਜੀਤ ਸਿੰਘ, ਚਰਨਦੀਪ ਸਿੰਘ, ਦਵਿੰਦਰ ਸ਼ਰਮਾ, ਹਰਦੀਪ ਸਿੰਘ, ਸੁਰਜੀਤ ਸਿੰਘ, ਗੁਰਦੀਪ ਸਿੰਘ ਮਲਕਪੁਰ ਵੀ ਹਾਜਰ ਸਨ।

## ਮਿਉਂਸੀਪਲ ਚੋਣਾਂ ਦੀ ਜਿੱਤ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਉਪਰ ਲੋਕਾਂ ਦਾ ਭਰੋਸਾ : ਗੁਪਤਾ

ਲੁਧਿਆਣਾ, 30 ਮਈ (ਵਿਸ਼ਾਲ ਸ਼ਰਮਾ): ਲੁਧਿਆਣਾ ਦੇ ਵਾਰਡ ਨੰ. 19 ਤੋਂ ਕੌਂਸਲਰ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸਕੱਤਰ ਨਿਧੀ ਗੁਪਤਾ ਨੇ ਸੂਬੇ ਅੰਦਰ ਹੋਈਆਂ ਮਿਉਂਸੀਪਲ ਚੋਣਾਂ ਦੌਰਾਨ ਪਾਰਟੀ ਦੀ ਹੋਈ ਸ਼ਾਨਦਾਰ ਜਿੱਤ ਨੂੰ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਪ੍ਰਤੀ ਲੋਕਾਂ ਦੇ ਸਮਰਥਨ ਦਾ ਪ੍ਰਤੀਕ ਦੱਸਿਆ ਹੈ। ਉਹਨਾਂ ਨੇ ਕਿਹਾ ਕਿ



ਆਪ ਨੂੰ ਮਿਲ ਲਈ ਵਿਸ਼ਾਲ ਜਿੱਤ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਨੂੰ ਪਹਿਲਾਂ ਹੀ ਦਰਸਾ ਦਿੱਤਾ ਹੈ। ਜਿੱਥੇ ਜਾਰੀ ਇੱਕ ਬਿਆਨ ਵਿੱਚ, ਨਿਧੀ ਗੁਪਤਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸਮਾਜ ਦੇ ਵੱਖ-ਵੱਖ ਵਰਗਾਂ ਦੇ ਸਰਬਪੱਖੀ ਵਿਕਾਸ ਵਾਸਤੇ ਕੀਤੇ ਜਾ ਰਹੇ ਕੰਮਾਂ ਪ੍ਰਤੀ ਸਮਰਥਨ ਪ੍ਰਗਟਾਉਂਦੇ ਹੋਏ, ਲੋਕਾਂ ਨੇ ਮਿਉਂਸੀਪਲ ਚੋਣਾਂ ਦੌਰਾਨ ਪਾਰਟੀ ਦੇ ਉਮੀਦਵਾਰਾਂ ਨੂੰ ਸਮਰਥਨ ਦਿੱਤਾ ਹੈ। ਇਹਨਾਂ ਨਤੀਜਿਆਂ ਤੋਂ ਸਪਸ਼ਟ ਹੈ ਕਿ 2027 ਦੀਆ ਵਿਧਾਨ ਸਭਾ ਚੋਣਾਂ ਵਿੱਚ ਮੁੜ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਨੀ ਤੈਅ ਹੈ। ਉਹਨਾਂ ਨੇ ਕਿਹਾ ਕਿ ਮਹੀਨੇ ਦੇ 300 ਯੂਨਿਟ ਫਰੀ ਬਿਜਲੀ ਹੋਵੇ, ਮੁਹੱਲਾ ਕਲੀਨਿਕ ਹੋਣ, ਸਿੱਖਿਆ ਅਤੇ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਹੋਣ ਜਾ ਫਿਰ ਮਹਿਲਾਵਾਂ ਲਈ 1000 ਰੁਪਏ ਪ੍ਰਤੀ ਮਹੀਨਾ ਦੀ ਸਨਮਾਨ ਰਾਸ਼ੀ ਦੇਣ ਵਰਗੇ ਕਦਮ ਹੋਣ, ਸੂਬੇ ਦਾ ਹਰ ਵਰਗ ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੈ। ਨਿਧੀ ਗੁਪਤਾ ਨੇ ਸਰਕਾਰ ਦੇ ਕੰਮਾਂ ਉੱਪਰ ਸਵਾਲ ਚੁੱਕਣ ਵਾਲੇ ਵਿਰੋਧੀਆਂ ਨੂੰ ਵੀ ਨਿਸ਼ਾਨੇ ਤੇ ਲਿਆ ਹੈ। ਉਨ੍ਹਾਂ ਨੇ ਕਿਹਾ ਕਿ ਵੱਡੇ-ਵੱਡੇ ਦਾਅਵੇ ਕਰਨ ਵਾਲਿਆਂ ਦੀ ਸੱਚਾਈ ਚੋਣਾਂ ਦੇ ਨਤੀਜਿਆਂ ਨੇ ਸਾਹਮਣੇ ਲਿਆ ਦਿੱਤੀ ਹੈ ਕਿ ਸੂਬੇ ਦੇ ਲੋਕ ਹੁਣ ਇਨ੍ਹਾਂ ਦੇ ਝਾਂਸੇ ਵਿਚ ਨਹੀਂ ਆਉਣ ਵਾਲੇ ਹਨ। ਉਨ੍ਹਾਂ ਨੇ ਆਮ ਆਦਮੀ ਪਾਰਟੀ ਨੂੰ ਮਿਲਦੀ ਸ਼ਾਨਦਾਰ ਜਿੱਤ ਪਾਰਟੀ ਹਾਈ ਕਮਾਂਡ ਅਤੇ ਸਮੂੰਹ ਵਰਕਰਾਂ ਨੂੰ ਵਧਾਈ ਦਿੱਤੀ ਹੈ।

# ਵੱਡੇ-ਵੱਡੇ ਦਾਅਵੇ ਕਰਨ ਦੀ ਬਜਾਏ, ਜ਼ਮੀਨੀ ਹਕੀਕਤਾਂ ਵੱਲ ਧਿਆਨ ਦੇਵੇ ਸਰਕਾਰ : ਦੀਵਾਨ

ਲੁਧਿਆਣਾ, 30 ਮਈ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਵੱਲੋਂ ਸੀਤਾ ਨਗਰ ਦੇ ਵਾਸੀਆਂ ਨੂੰ ਪੇਸ਼ ਆ ਰਹੀਆਂ ਸਮਸਿਆਵਾਂ ਨੂੰ ਲੈ ਕੇ ਇੱਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਅਯੋਜਨ ਨੀਰਜ ਬਿਰਲਾ ਵਲੋਂ ਕੀਤਾ ਗਿਆ ਸੀ। ਦੀਵਾਨ ਨੇ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਇਸ਼ਤਿਹਾਰਾਂ ਰਾਹੀਂ ਕੀਤੇ ਜਾਂਦੇ ਵੱਡੇ-ਵੱਡੇ ਦਾਅਵਿਆਂ ਦੀ ਹਕੀਕਤ ਪੂਰੀ ਤਰ੍ਹਾਂ ਉਲਟ ਹੈ। ਉਹਨਾਂ ਦੱਸਿਆ ਕਿ ਜਿਆਦਾਤਰ ਲੋਕ ਕਾਨੂੰਨ ਅਤੇ ਵਿਵਸਥਾ ਦੀ ਮਾੜੀ ਸਥਿਤੀ ਨੂੰ ਲੈ ਕੇ ਕਾਫੀ ਪਰੇਸ਼ਾਨ ਹਨ। ਲੁੱਟ ਖੋਹ, ਚੋਰੀ ਅਤੇ ਕਤਲ ਵਰਗੇ ਗੰਭੀਰ ਮਾਮਲੇ ਆਮ ਗੱਲਾਂ ਬਣ ਚੁੱਕੇ ਹਨ। ਹਾਲਾਤ ਇਨੇ ਮਾੜੇ ਹਨ ਕਿ ਲੋਕ ਦਿਨ ਵੇਲੇ ਵੀ ਘਰੋਂ ਨਿਕਲਦੇ ਡਰਦੇ ਹਨ। ਦੀਵਾਨ ਨੇ ਕਿਹਾ ਕਿ ਸਰਕਾਰ ਵੱਲੋਂ ਇਸ਼ਤਿਹਾਰਾਂ ਰਾਹੀ ਕੀਤੇ ਜਾ ਰਹੇ ਦਾਅਵਿਆਂ ਤੋਂ ਸੱਚਾਈ ਪੂਰੀ ਤਰ੍ਹਾਂ ਉਲਟ ਹੈ। ਸਰਕਾਰ ਨੂੰ ਜਮੀਨੀ ਹਕੀਕਤਾਂ ਵੱਲ ਧਿਆਨ ਦੇਣ



ਅਤੇ ਸਮੱਸਿਆਵਾਂ ਦੇ ਹੱਲ ਪਾਸੇ ਧਿਆਨ ਦੇਣਾ ਚਾਹੀਦਾ ਹੈ।, ਲੋਕ ਮਹਿੰਗਾਈ ਤੋਂ ਕਾਫੀ ਪਰੇਸ਼ਾਨ ਨਜ਼ਰ ਆਏ। ਖਾਸ ਤੌਰ ਤੇ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਕਾਰਨ ਆਮ ਲੋਕਾਂ ਦੇ ਰੋਜਾਨਾ ਦੇ ਖਰਚੇ ਵੱਧ ਗਏ ਹਨ। ਜਦ ਕਿ ਇਸਦੇ ਉਲਟ ਤਨਖਾਹਾਂ ਉੱਥੇ ਹੀ ਟਿੱਕੀਆਂ ਹੋਈਆਂ ਹਨ। ਦੀਵਾਨ ਨੇ ਕਿਹਾ ਕਿ ਸਸਤਾ ਕੱਚਾ ਤੇਲ ਖਰੀਦ ਕੇ ਲੋਕਾਂ ਤੋਂ ਭਾਰੀ ਮੁਨਾਫਾ ਕਮਾਉਣ ਵਾਲੀਆਂ ਕੰਪਨੀਆਂ ਨੂੰ ਲੋਕ ਹਿੱਤ ਵਿੱਚ ਰੇਟ ਘਟਾਉਣੇ ਚਾਹੁੰਦੇ ਹਨ। ਕਿਉਂਕਿ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਦਾ ਅਸਰ ਸਿੱਧਾ ਤੌਰ ਤੇ ਆਮ ਵਿਅਕਤੀ ਲਈ ਜੇਬ ਉੱਪਰ ਪਿਆ ਹੈ ਅਤੇ ਇਸ ਤੋਂ ਹਰ ਵਰਗ ਪਰੇਸ਼ਾਨ ਹੈ।

ਉਹਨਾਂ ਨੇ ਜੋਰ ਦਿੰਦੇ ਹੋਏ, ਕਿਹਾ ਕਿ ਸਿਰਫ ਦਾਅਵੇ ਕਰਨ ਨਾਲ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਹੁੰਦਾ। ਕੰਮ ਜਮੀਨੀ ਪੱਧਰ ਤੇ ਵੀ ਹੋਣੇ ਚਾਹੀਦੇ ਹਨ। ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ, ਮੈਂਬਰ ਪੀਸੀਸੀ ਸੁਸ਼ੀਲ ਮਲਹੋਤਰਾ, ਸੀਨੀਅਰ ਪਾਰਟੀ ਆਗੂ ਇੰਦਰਜੀਤ ਕਪੂਰ, ਨਿਰਾਜ ਬਿਰਲਾ, ਰੋਹਿਤ ਪਾਹਵਾ, ਪੁਲਕਿਤ ਚੌਧਰੀ, ਰਾਜੀਵ ਕਪੂਰ, ਅੰਕਿਤ ਜਿੰਦਲ, ਹਰਜੀਤ ਸਿੰਘ, ਵਿਜੈ ਅਰੋੜਾ, ਜਸਪਾਲ ਸ਼ਰਮਾ, ਮਨੋਹਰ ਜੈਨ, ਹੈਪੀ, ਮਨੁ ਚੌਧਰੀ ਰਹੇ।

## ਆਰ.ਏ.ਐਮ.ਪੀ. ਸਕੀਮ ਅਧੀਨ ਉਦਯੋਗਿਕ ਐਕਸਪੋਜ਼ਰ ਵਿਜ਼ਿਟ ਕਰਵਾਈ

ਲੁਧਿਆਣਾ, 30 ਮਈ (ਵਿਸ਼ਾਲ ਸ਼ਰਮਾ): RAMP ਸਕੀਮ ਦੇ ਤਹਿਤ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ ਦੁਆਰਾ ਪੰਜਾਬ ਸਰਕਾਰ ਦੇ ਉਦਯੋਗ ਤੇ ਵਣਜ ਵਿਭਾਗ ਦੇ ਸਹਿਯੋਗ ਨਾਲ, ਏ.ਬੀ. ਟੂਲਸ ਪ੍ਰਾਈਵੇਟ ਲਿਮਟਿਡ, ਪਰਵਾਣੂ ਵਿਖੇ ਇੱਕ ਅੰਤਰਰਾਜੀ ਉਦਯੋਗਿਕ ਐਕਸਪੋਜ਼ਰ ਵਿਜ਼ਿਟ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਪਹਿਲਕਦਮੀ ਦਾ ਉਦੇਸ਼ MSME ਮੁਕਾਬਲੇਬਾਜ਼ੀ ਨੂੰ ਮਜ਼ਬੂਤ ਕਰਨਾ ਤੇ ਲੁਧਿਆਣਾ ਜ਼ਿਲ੍ਹੇ ਦੇ ਉੱਦਮੀਆਂ ਤੇ ਉਦਯੋਗ ਪ੍ਰਤੀਨਿਧੀਆਂ ਨੂੰ ਸਿੱਧੇ ਉਦਯੋਗਿਕ ਐਕਸਪੋਜ਼ਰ ਪ੍ਰਦਾਨ ਕਰਨਾ ਸੀ। ਵਫ਼ਦ 'ਚ ਮੁੱਖ ਤੌਰ 'ਤੇ ਐਸੋਸੀਏਸ਼ਨ ਆਫ਼ ਲੁਧਿਆਣਾ ਮਸ਼ੀਨ ਟੂਲਸ ਇੰਡਸਟਰੀਜ਼ ਦੇ ਮੈਂਬਰ ਸ਼ਾਮਲ ਸਨ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਸੰਜੀਵ ਚੱਢਾ, ਪ੍ਰੋਫੈਸਰ ਤੇ ਮੁਖੀ,ਐਮ.ਡੀ.ਸੀ, ਐਮ.ਜੀ ਐਸ.ਆਈ.ਪੀ.ਏ ਦੁਆਰਾ ਦਿੱਤੀ ਗਈ ਰੈਂਪ ਸਕੀਮ ਦੀ ਸੰਖੇਪ ਜਾਣਕਾਰੀ ਨਾਲ ਹੋਈ, ਜਿਨ੍ਹਾਂ ਨੇ ਐਕਸਪੋਜ਼ਰ ਅਧਾਰਤ ਸਿਖਲਾਈ ਤੇ ਸਮਰੱਥਾ-ਨਿਰਮਾਣ ਪਹਿਲਕਦਮੀਆਂ ਰਾਹੀਂ ਐਮ.ਐਸ.ਐਮ.ਈ ਉਤਪਾਦਕਤਾ, ਨਵੀਨਤਾ, ਮੁਕਾਬਲੇਬਾਜ਼ੀ ਤੇ ਤਕਨਾਲੋਜੀ ਅਪਣਾਉਣ ਨੂੰ ਵਧਾਉਣ ਲਈ ਭਾਰਤ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਉਜਾਗਰ ਕੀਤਾ। ZED ਸਕੀਮ ਤੇ ਇੰਡਸਟਰੀ 4.0 'ਤੇ ਤਕਨੀਕੀ ਸੈਸ਼ਨ ਵੀ ਕਰਵਾਏ ਗਏ, ਜਿਸ ਵਿੱਚ ਟਿਕਾਊ ਨਿਰਮਾਣ ਅਭਿਆਸਾਂ, ਗੁਣਵੱਤਾ ਵਾਧਾ, ਡਿਜੀਟਾਈਜ਼ੇਸ਼ਨ, ਆਟੋਮੇਸ਼ਨ ਤੇ ਆਧੁਨਿਕ ਉਦਯੋਗਿਕ ਪ੍ਰਣਾਲੀਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਵਿੱਚ ਯੋਗਦਾਨ ਪਾਇਆ। ਏ.ਬੀ. ਟੂਲਜ਼ ਪ੍ਰਾਈਵੇਟ ਲਿਮਟਿਡ ਦੇ ਉਦਯੋਗਿਕ ਐਕਸਪੋਜ਼ਰ ਦੌਰੇ ਦੌਰਾਨ, ਭਾਗੀਦਾਰਾਂ ਨੇ ਉੱਨਤ ਨਿਰਮਾਣ ਪ੍ਰਣਾਲੀਆਂ, ਸ਼ੁੱਧਤਾ, ਇੰਜੀਨੀਅਰਿੰਗ ਅਭਿਆਸਾਂ, ਉਤਪਾਦਨ



ਵਫ਼ਦ 'ਚ ਸੁਸ਼ੀਲ ਕੁਮਾਰ, ਜਨਰਲ ਸਕੱਤਰ ਐਸੋਸੀਏਸ਼ਨ ਆਫ਼ ਲੁਧਿਆਣਾ ਮਸ਼ੀਨ ਟੂਲਜ਼ ਇੰਡਸਟਰੀਜ਼, ਗੁਰਮੇਲ ਸਿੰਘ ਉਪ ਪ੍ਰਧਾਨ ਸ਼ਾਮਲ ਸਨ, ਜਿਨ੍ਹਾਂ ਨੇ ਪੰਜਾਬ ਦੇ MSMEs ਲਈ ਕੀਮਤੀ ਸਿੱਖਣ ਤੇ ਨੈੱਟਵਰਕਿੰਗ ਦੇ ਮੌਕੇ ਪੈਦਾ ਕਰਨ ਲਈ ਪਹਿਲਕਦਮੀ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦਾ ਤਾਲਮੇਲ ਅਤੇ ਸਮਰਥਨ MGSIPA ਟੀਮ ਦੁਆਰਾ ਕੀਤਾ ਗਿਆ ਸੀ ਜਿਸ ਵਿੱਚ ਡਾ. ਮੰਜੁੱਲਾ ਵਰਮਾ, ਸੰਕੇਤ ਜੈਨ, ਡਾ. ਦੀਪਤੀ, ਅਤੇ ਨਵਸੁਦੀਪ ਕੌਰ ਸ਼ਾਮਲ ਸਨ। ਜਿਨ੍ਹਾਂ ਨੇ ਉਦਯੋਗਿਕ ਐਕਸਪੋਜ਼ਰ ਦੌਰੇ ਦੀ ਸਫਲ ਯੋਜਨਾਬੰਦੀ ਅਤੇ ਲਾਗੂ ਕਰਨ ਪ੍ਰਕਿਰਿਆਵਾਂ ਅਤੇ ਗੁਣਵੱਤਾ ਨਿਯੰਤਰਣ ਵਿਧੀਆਂ ਦਾ ਨਿਰੀਖਣ ਕੀਤਾ। ਦੌਰੇ ਨੇ MSMEs ਨੂੰ ਸੰਚਾਲਨ ਉੱਤਮਤਾ, ਏਕੀਕ੍ਰਿਤ ਮੁੱਲ ਲੜੀ, ਪ੍ਰਕਿਰਿਆ ਅਨੁਕੂਲਤਾ, ਤੇ ਉਦਯੋਗਿਕ ਅਭਿਆਸਾਂ ਵਿੱਚ ਵਿਹਾਰਕ ਸੂਝ ਪ੍ਰਦਾਨ ਕੀਤੀ। ਇਹ ਪ੍ਰੋਗਰਾਮ ਭਾਰਤ ਸਰਕਾਰ ਅਤੇ ਵਿਸ਼ਵ ਬੈਂਕ ਦੁਆਰਾ ਸਮਰਥਤ RAMP ਸਕੀਮ ਦੇ ਤਹਿਤ ਅੰਤਰ-ਰਾਜੀ ਉਦਯੋਗਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ ਅਤੇ ਨਵੀਂ ਤਕਨਾਲੋਜੀ ਅਪਣਾਉਣ ਨੂੰ ਉਤਸ਼ਾਹਿਤ ਕਰਨ ਅਤੇ MSME ਈਕੋਸਿਸਟਮ ਨੂੰ ਮਜ਼ਬੂਤ ਕਰਨ 'ਤੇ ਇੰਟਰਐਕਟਿਵ ਚਰਚਾਵਾਂ ਨਾਲ ਸਮਾਪਤ ਹੋਇਆ।

## ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In The Court of Sh. Karamjit Singh Sullar**
**Additional District and Sessions Judge, Hoshiarpur**
CNR NO. PBHO01-003359-2026
Next Date: 09.07.2026
Balwinderjit Kaur W/O Sarabjit Singh R/O Village Rakra Daha, Tehsil Balachaur District SBS Nagar, Nawanshahr
......Applicant
Versus
General Public
......Respondent
Notice to: General Public
In above titled case the defendant(s)/respondent(s) that defendant(s)/respondent(s) should appear in person or through counsel on 09.07.2026 at 10:00 A.M.
for details logon to https://high courtchd.gov.in/?trs=district_ notice &district=Hoshiarpur
Dated this day of 07-05-2026
**Sd/- Additional District and Sessions Judge, Hoshiarpur**

---

(U/o 5 Rule 20 CPC)
**In The Court of Sh. Palwinder Singh**
**Additional Civil Judge (Senior Division), Ajnala**
CNR No.PBASA0-000120-2026
Next Date: 09.07.2026
Deepak Arora
Versus
General Public
Notice to: General Public:- General Public
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 09.07.2026 at 10:00 am.
For details logon to https://highcourtchd.gov.in/?trs=district_notice&district=Amritsar
Dated this day of 11-05-2026
**Sd/ - Additional Civil Judge (Senior Division), Ajnala**

---

**In The Court of Sh. Amrish Kumar Additional District and Sessions Judge-7, Patiala**
CNR No.PBPT01-010903-2025
Next Date: 21.08.2026
M/S Barinder Kumar Raj Kumar Through Proprietor Barinder Kumar
Versus
Bhupinderjit
Notice to: Bhupinderjit Son::Sh. Gurmag Singh R/O Village Poala Colonia Tehsil And District Fatehgarh Sahib
In above titled Petition the accused could not be served. It is ordered that the accused should appear in person or through counsel on **21.**08.2026 at 10:00 A.M.
For details logon to https://highcourtchd.gov.in/?mod=district_notice&district=patiala
Dated this day of 20-05-2026
**Sd/- Additional District and Sessions Judge-7, Patiala**

---

**In The Court of Ms. Samiksha Jain Judicial Magistrate First Class-17, Jalandhar**
CNR No.PBJL03-005011-2025
Next Date: 15.07.2026
NACT/1891/2025
Exclusive Leasing and Finance Private Limited
Versus
Dilsher
Notice to: Dilsher Father:: Mohammad Yasin S-52/42, Gandhi Camp-2, Sri Niwas Puri, South Delhi, Delhi-110065 Ph 95828-34441
In above titled case the accused could not be served. It is ordered that accused should appear in person or through counsel on **15.**07.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 19-05-2026
**Sd/- Judicial Magistrate First Class-17, Jalandhar**

---

**In The Court of Ms. Samiksha Jain Judicial Magistrate First Class-17, Jalandhar**
CNR No:-PBJL03-012248-2025
Next Date: 17.07.2026
NACT/3833/2025
Amrit Malwa Capital Ltd
Versus
Amarjit Singh
Notice to: Amarjit Singh Father::-Jagdish Singh Teona Pujaria, Near Talwandi Bus Stand Bathinda Punjab 151302
In above titled case the accused could not be served. It is ordered that accused should appear in person or through counsel on **17.**07.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated, this day of 20-05-2026
**Sd/- Judicial Magistrate First Class-17, Jalandhar**

---

**In The Court of Ms. Samiksha Jain Judicial Magistrate First Class-17, Jalandhar**
CNR No.PBJL03-010316-2025
Next Date: 18.07.2026
NACT/3242/2025
Amrit Malwa Capital Ltd
Versus
Sikander Singh
Notice to: Sikander Singh :- S/O Gora Singh R/O Bag Weharha Boha Mansa Punjab 151503
In above titled case the accused that accused should appear in person or through counsel on 18.07.2026 at 10:00 A.M.
For details logon to https://highcourtchd.gov.in/?mod=district_notice&district=Jalandhar
Dated this day of 20-05-2026
**Sd/- Judicial Magistrate First Class-17, Jalandhar**

---

(U/o 5 Rule 20 CPC)
**In The Court of Sh. Deepak Kumar Choudhary**
**Principal Judge (FC), Barnala**
CNR No.PBBR01-002299-2025
Next Date: 07.07.2026
Kulwant Singh
Versus
Amanpreet Kaur
Notice to: Amanpreet Kaur Spouse::-Kulwant Singh Cheema Teh And Dist Barnala Now R/O With Her Father Nirmal Singh R/O Bari Teh Dhuri Dist Sangrur
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.**07.2026 at 10:00 A.M.
For details logon to https://highcourtchd.gov.in/?mod=district_notice&district=barnala
Dated, this day of 25-05-2026
**Sd/- Principal Judge (FC), Barnala**

---

(U/o 5 Rule 20 CPC)
**In The Court of Ms. Navneet Kaur Civil Judge Jr.Div.,Chandigarh**
CNR NO. CHCH02-003030-2025
Next Date: 15.07.2026
M.R. Finlease Limited
Versus
Sh. Barinder Pal Singh
Suit for Recovery
Notice to: 1.Sh Barinder Pal Singh Father::-Sh Janmej Singh Village Guru Nagar Back Side Bhatha Sahib Gurudwara Tehsil And Distt Rupnagar Ropar PB 140001 2.Surjeet Kaur Village Guru Nagar Back Side Bhatha Sahib Gurudwara Tehsil And Distt Rupnagar Ropar PB 140001
In above titled case the defendant(s)/respondent(s) that defendant(s)/respondent(s) should appear in person or through counsel on 15.07.2026 at 10:00 A.M.
for details logon to https://high courtchd.gov.in/?trs=district_ notice &district=Chandigarh
Dated this day of 27-05-2026
**Sd/- Civil Judge Jr.Div.,Chandigarh**

---

(U/o 5 Rule 20 CPC)
**In The Court of Dr. Deepti Gupta Addl. District and Sessions Judge-VI, Jalandhar**
CNR No.PBJL01-002541-2024
Next Date: 04.07.2026
CS/129/2024
Bodh Raj
Versus
Harminder Singh
Notice to: Harminder Singh S/O Jaswant Singh R/O Village Aahli Kalan, Tehsil And District Kapurthala (Driver Of Vehicle Car 120 Bearing Registration No. PB-08-BJ-7265)
In the above titled case the defendant(s)/respondent(s) could not be served. it is ordered that the defendant(s)/respondent(s) should appear in person or through counsel on 04.07.2026 at 10:00 am.
For details logon to https://highcourtchd.gov.in/?mod=district_notice&district=Jalandhar
Dated this day of 29-05-2026
**Sd/- Addl. District and Sessions Judge-VI, Jalandhar**

---

**In The Court of Sh. Akbar Khan Sub-Divisional Judicial Magistrate Guruharsahai**
CNR No.PBFZD1-000746-2021
Next Date: 01.07.2026
M/s Sun Mark Agro Crop Science
Versus
Bhati Beej Bhandar
Notice to: (1) Bhati Beej Bhandar Gate No.2, Dhan Mandi Road, Rawatsar Hanumangarh Rajasthan Through Its Authorized Person Ram Kumar (ii) Ram Kumar S/O Ram Narayan Nai, R/O Mirzawali Mer, Tehsil Tibbi, Dist. Hmi, C/O Bharat Beej Bhandar, Gate No.2, Dhan Mandi Road, Rawatsar Hanumangarh Rajasthan Through Its Authorized Person Ram Kumar
In above titled Petition the accused could not be served. It is ordered that the accused should appear in person or through counsel on **01.**07.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 29-05-2026
**Sd/- Sub-Divisional Judicial Magistrate Guruharsahai**

---

(U/o 5 Rule 20 CPC)
**In The Court of Ms. Arzoo Gill Civil Judge Junior Division-6, Abohar**
CNR No.PBFZE0-000591-2024
Next Date: 01.07.2026
Punjab National Bank, Branch Khuian Sarwar, Tehsil Abohar, Distt. Fazilka Through Sh. Amit Nagpal, Branch Manager, Punjab National Bank, Branch Khuian Sarwar And Duly Constituted Attorney.
Versus
1.Anil Kumar S/O Hans Raj S/O Hazari Lal 2. Sharda Devi Wd/O Hans Raj S/O Hazari Lal Both Are R/O Village Haripura Tehsil Abohar District Fazilka.
Notice to: 1.Anil Kumar S/O Hans Raj S/O Hazari Lal 2. Sharda Devi Wd/O Hans Raj S/O Hazari Lal Both Are R/O Village Haripura Tehsil Abohar District Fazilka
In above titled case the defendant(s)respondent(s) could not be served. It is ordered that defendant(s)respondent(s) should appear in person or through counsel on **01.**07.2026 at 10:00 A.M.
For details logon to https://highcourtchd.gov.in/?mod=district_notice&district=mogacourt
Dated, this day of 30-05-2026
**Sd/- Civil Judge Junior Division-6, Abohar**

---

**State Consumer Disputes Redressal Commission, Punjab Sector 37-A, Dakshin Marg, Chandigarh**
No. SCDRC/PB/26/ 3079
Dated 15-05-2026
First Appeal No. 544 of 2025
Fixed for: 16.07.2026
Shree Maruti Courier
Appellant(s)
Versus
Ajay Kumar
Respondent(s)
Notice to: 1. Ajay Kumar S/O Sh. Kasturi Ram, Resident Of Village Mubarkpur, Tehsil Dera Bassi, District Sas Nagar. 2. Manager Shree Maruti Integrated Logistics Ltd., Sco No.7, Rajan Plaza, Near Motia Homes Zirakpur, Tehsil Dera Bassi.
Whereas, the above-mentioned case has been filed, before the state commission, punjab and whereas, this commission is satisfied that respondents cannot be served in an ordinary manner. hence, this proclamation is hereby issued against the above named of respondent directing him/them to appear before this commission either personally or through their authorized agent(s) of counsel on 16.07.2026 at 10:30 a.m. to answer and in the event of their non-appearance, it shall be presumed that they have nothing to say in the matter and the complaint shall be decided ex-parte,
Given under my hand and seal of the commission on this date 17.04.2026
**Sd/- Superintendent (Judicial) For Registrar**

---

**Before the District Consumer Disputes Redressal Commission -II**
**Union Territory Chandigarh Plot No.5 B, Sector 19 B, Madhya Marg.Chandigarh 160019**
**Phone No.0172-2700179**
**CC/251/2026**
**Varun Kumar Sharma & Ors.**
**Versus**
**DY Immigration Consultant & Anr.**
**Next Date:-13-07-2026**
Publication issued to:-
1. DY Immigration Consultant.SCO NO. 16-17, Second Floor, Madhya Marg Sector through 9-D, Chandigarh 160009.its managing Director/Director/Authorized Signatories /Proprietor/Owner. Mobile No.91-7696622997,+91-8574699000 Email id:-info@dyimmigration.com 2. DY Immigration Consultant Amritsar Office, SCO 109-110-111, Fifth Floor, B Block, Ranjeet Avenue, MK Hotel Road, Amritsar 143001, through its Managing Director/Director/Authorized Signatories/ Proprietor/Owner. Mobile No. +91 85746 88000, -91 085746 99000 Email id:-opsmanager@dyimmigration.com, info@dyimmigration.com.3. Gaurav Sharma So Jatinder Sharma Owner/Managing Director of DY Immigration Consultant. SCO 109-110-111, Fifth Floor, B Block. Ranjeet Avenue, MK Hotel Road, Amritsar 143001. Second Address:- DY Immigration Consultant, SCO NO. 16-17, Second Floor, Madhya Marg, Sector 9-D, Chandigarh 160009, Third Address:- R/o H:No: 4 B. Prabhu Prem Puram, Ambala, HR-133001 Mob-8574688000, 7527002000, Email: info@dyimmigration.com 4. Ritu Sharma wife of Gaurav Sharma DY Immigration Consultant, DY Immigration Consultant, SCO NO. 16-17, Second Floor, Madhya Marg, Sector 9-D. Chandigarh 160009, Second Address: R/o H:No: 4 B. Prabhu Prem Puram, Ambala, HR-133001 Mob-8437528033 5.Kamal Singh, Operational Head, DY Immigration Consultant, SCO NO. 16-17. Second Floor, Madhya Marg, Sector 9-D, Chandigarh 160009.Mob 9056722360 6. Vikas Sharma, Senior Branch Manager, DY Immigration Consultant SCO 109. 110-111. Fifth Floor, B Block, Ranjeet Avenue. MK Hotel Road, Amritsar 143001. Second Address:- R/o House No:65. 5 G Enclave. Majitha Road, Amritsar, Mob: 7696622997. Email: vikas@dyimmigration.com 7. Amit Arora, Legal Advisor/Manager. DY Immigration Consultant, SCO NO. 16-17, Second Floor, Madhya Mary. Sector 9-D, Chandigarh 160009.Mob: 9212021555 Email Legal @ dyimmigration.com 8. Sunny Bhatia, Branch Manager, DY Immigration Consultant, SCO NO, 16-17. Second Floor, Madhya Marg, Sector 9-D, Chandigarh 160009, Mob: 7947104460, Email Sunny @dyimmigration.com 9. Aastha Arora, Money Collector/Sales Manager, Dy Immigration Consultant, SCO 109-110-111, Fifth Floor, B Block, Ranjeet Avenue, MK Hotel Road, Amritsar 143001. Second Address:- R/o House No: 38-C Guru Amardas Road, Ajnala Avenue Post Office Gumtala, Amritsar Mob 9115454015. Email: aastha@dyimmigration.com 10. Manpreet Kaur, File Head/Application Incharge, DY Immigration Consultant, SCO 109-110-111, Fifth Floor, B Block, Ranjeet Avenue, MK Hotel Road, Amritsar 143001 Mob: 9056722361. Email: Manpreet @dyimmigration.com 11. Nisha Sharma, Manager, DY Immigration Consultant, SCO NO. 16-17, Second Floor. Madhya Marg, Sector 9-D. Chandigarh 160009, Email Nisha @ dyimmigration.com 12. Kirti Saini, Manager, DY Immigration Consultant, SCO NO. 16-17. Second Floor, Madhya Marg, Sector 9-D, Chandigarh 160009. Email Kirti @dymmigration.com 13. Geetika, Manager, DY Immigration Consultant, SCO NO. 16-17, Second Floor, Madhya Marg, Sector 9-D. Chandigarh 160009, Email: operation @ dyimmigration.com 14. Khushi. File Head/Sales Manager. DY Immigration Consultant, SCO NO. 16-17, Second Floor, Madhya Marg, Sector 9-D. Chandigarh 160009. Mob: 7206535654, Email: customercare@ dyimmigration.com
Opposite Parties
Whereas in the above noted case, it has been proved to the satisfaction of the Commission that the above noted opposite parties cannot be served in the ordinary manner of service. Hence proclamation is hereby issued for his/her/their appearance in the above said Commission on 13.07.2026 at 10:30 a.m. in person or through pleader or duly authorized agent failing which ex-parte proceedings shall be taken against him/her/them in accordance with law. Given under my hand and seat of this Commission on 25/05/2026-
President District Consumer Disputes Redressal commission-II, U.T., Chandigarh

---

## Change of Name

I, Simranjit D/o Sarbajit Singh Village Chuharwali, Po Adampur Doaba, Distt. Jalandhar- 144102, Punjab have changed my name Simranjit to Simranjit Kaur Concerned Note.



### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।


# ਜਗਰਾਓਂ ਸ਼ਹਿਰ ਦੀਆਂ ਮੁੱਖ ਸਮੱਸਿਆਵਾਂ: ਟੁੱਟੀਆਂ ਸੜਕਾਂ, ਨਾਜਾਇਜ਼ ਕਬਜ਼ੇ ਅਤੇ ਟੈਫਿਕ ਜਾਮ ਨੇ ਵਧਾਈ ਲੋਕਾਂ ਦੀ ਪ੍ਰੇਸ਼ਾਨੀ





ਜਗਰਾਓਂ, 30 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਜਗਰਾਓਂ ਸ਼ਹਿਰ ਵਿੱਚ ਵਿਕਾਸ ਦੇ ਦਾਅਵਿਆਂ ਦੇ ਬਾਵਜੂਦ ਆਮ ਲੋਕ ਅੱਜ ਵੀ ਬੁਨਿਆਦੀ ਸਮੱਸਿਆਵਾਂ ਨਾਲ ਜੂਝ ਰਹੇ ਹਨ। ਥੋੜ੍ਹੀ ਜਿਹੀ ਬਰਸਾਤ ਪੈਂਦੇ ਹੀ ਸ਼ਹਿਰ ਦੀਆਂ ਕਈ ਸੜਕਾਂ ਛੱਪੜਾਂ ਦਾ ਰੂਪ ਧਾਰ ਲੈਂਦੀਆਂ ਹਨ, ਜਿਸ ਕਾਰਨ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ ਨਜਾਇਜ਼ ਕਬਜ਼ਿਆਂ ਅਤੇ ਬੇਤਰਤੀਬ ਟਰੈਫਿਕ ਨੇ ਸ਼ਹਿਰ ਦੀਆਂ ਸਮੱਸਿਆਵਾਂ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ। ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸੜਕਾਂ ਦੀ ਹਾਲਤ ਕਾਫੀ ਖਰਾਬ ਹੋ ਚੁੱਕੀ ਹੈ। ਹਲਕੀ ਬਰਸਾਤ ਤੋਂ ਬਾਅਦ ਹੀ ਸੜਕਾਂ ਉੱਪਰ ਪਾਣੀ ਖੜ੍ਹਾ ਹੋ ਜਾਂਦਾ ਹੈ, ਜਿਸ ਨਾਲ ਖੱਡੇ ਨਜ਼ਰ ਨਹੀਂ ਆਉਂਦੇ ਅਤੇ ਹਾਦਸਿਆਂ ਦਾ ਖਤਰਾ ਵੱਧ ਜਾਂਦਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਕਈ ਵਾਰ ਸ਼ਿਕਾਇਤਾਂ ਦੇ ਬਾਵਜੂਦ ਸੜਕਾਂ ਦੀ ਮੁਰੰਮਤ ਵੱਲ ਕੋਈ ਢੁੱਕਵਾਂ ਧਿਆਨ ਨਹੀਂ ਦਿੱਤਾ ਜਾ ਰਿਹਾ। ਦੂਜੇ ਪਾਸੇ, ਸ਼ਹਿਰ ਵਿੱਚ ਨਜਾਇਜ਼ ਕਬਜ਼ਿਆਂ ਦੀ ਸਮੱਸਿਆ ਵੀ ਦਿਨੋਂ-ਦਿਨ ਵੱਧ ਰਹੀ ਹੈ। ਲੋਕਾਂ ਦਾ ਦੋਸ਼ ਹੈ ਕਿ ਨਗਰ ਕੌਂਸਲ ਦੇ ਆਲੇ-ਦੁਆਲੇ ਅਤੇ ਮੁੱਖ ਬਾਜ਼ਾਰਾਂ ਵਿੱਚ ਵੀ ਕਈ ਥਾਵਾਂ 'ਤੇ ਸਰਕਾਰੀ ਜ਼ਮੀਨਾਂ ਉੱਤੇ ਕਬਜ਼ੇ ਕੀਤੇ ਹੋਏ ਹਨ, ਪਰ ਸੰਬੰਧਤ ਅਧਿਕਾਰੀਆਂ ਵੱਲੋਂ ਇਸ ਮਾਮਲੇ ਵਿੱਚ ਕੋਈ ਪ੍ਰਭਾਵਸ਼ਾਲੀ ਕਾਰਵਾਈ ਨਹੀਂ ਕੀਤੀ ਜਾ ਰਹੀ। ਸ਼ਹਿਰ ਦੀਆਂ ਤੰਗ ਗਲੀਆਂ ਅਤੇ ਰਸ਼ ਵਾਲੇ ਬਾਜ਼ਾਰਾਂ ਵਿੱਚ ਗਲਤ ਢੰਗ ਨਾਲ ਪਾਰਕ ਕੀਤੇ ਸਕੂਟਰ ਅਤੇ ਮੋਟਰਸਾਈਕਲ ਵੀ ਟਰੈਫਿਕ ਜਾਮ ਦਾ ਵੱਡਾ ਕਾਰਨ ਬਣ ਰਹੇ ਹਨ। ਕਈ ਥਾਵਾਂ 'ਤੇ ਵਾਹਨਾਂ ਦੀ ਬੇਤਰਤੀਬ ਪਾਰਕਿੰਗ ਕਾਰਨ ਰਾਹਗੀਰਾਂ ਅਤੇ ਐਮਰਜੈਂਸੀ ਵਾਹਨਾਂ ਨੂੰ ਲੰਘਣ ਵਿੱਚ ਵੀ ਮੁਸ਼ਕਲ ਆਉਂਦੀ ਹੈ। ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੜਕਾਂ ਦੀ ਮੁਰੰਮਤ, ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਅਤੇ ਟਰੈਫਿਕ ਪ੍ਰਬੰਧਨ ਨੂੰ ਸੁਧਾਰਨ ਲਈ ਜਲਦ ਤੋਂ ਜਲਦ ਢੁੱਕਵੇਂ ਕਦਮ ਚੁੱਕੇ ਜਾਣ ਤਾਂ ਜੋ ਲੋਕਾਂ ਨੂੰ ਰੋਜ਼ਾਨਾ ਦੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ।

# ਸ਼ਿਵਾਲਿਕ ਮਾਡਲ ਸਕੂਲ ਵਿੱਚ ਛੇਵੀਂ ਅਤੇ ਸੱਤਵੀਂ ਦੇ ਵਿਦਿਆਰਥੀਆਂ ਲਈ ਤੰਬਾਕੂ-ਵਿਰੋਧੀ ਪੋਸਟਰ ਬਣਾਉਣ ਦੀ ਗਤੀਵਿਧੀ ਕਰਵਾਈ

ਜਗਰਾਓਂ, 30 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਸ਼ਿਵਾਲਿਕ ਮਾਡਲ ਸਕੂਲ ਵਿੱਚ ਵਿਸ਼ਵ ਤੰਬਾਕੂ ਰੋਕੂ ਦਿਵਸ ਦੇ ਸਬੰਧ ਵਿੱਚ ਛੇਵੀਂ ਅਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ ਤੰਬਾਕੂ-ਵਿਰੋਧੀ ਪੋਸਟਰ ਬਣਾਉਣ ਦੀ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਤੰਬਾਕੂ ਦੇ ਮਾਰੂ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।




ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ ਅਤੇ ਤੰਬਾਕੂ ਨੂੰ ਨਾਂਹ ਕਹੋ ਅਤੇ ਸਿਹਤ ਨੂੰ ਚੁਣੋਵਰਗੇ ਪ੍ਰੇਰਨਾਦਾਇਕ ਨਾਅਰਿਆਂ ਵਾਲੇ ਸੁੰਦਰ ਅਤੇ ਸਿਰਜਣਾਤਮਕ ਪੋਸਟਰ ਤਿਆਰ ਕੀਤੇ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਤੰਬਾਕੂ-ਮੁਕਤ ਸਮਾਜ ਸਿਰਜਣ ਦਾ ਸੁਨੇਹਾ ਦਿੱਤਾ।ਸਕੂਲ ਪ੍ਰਬੰਧਨ ਵੱਲੋਂ ਸਾਰੇ ਭਾਗੀਦਾਰਾਂ ਦੀ ਮਿਹਨਤ ਅਤੇ ਸਿਰਜਣਾਤਮਕਤਾ ਦੀ ਸ਼ਲਾਘਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਸਿਹਤਮੰਦ ਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਉਤਸ਼ਾਹਿਤ ਕੀਤਾ ਗਿਆ।

# ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਯੂ.ਕੇ.ਜੀ. ਕਲਾਸ ਦੀ ਕਲਚਰਲ ਐਕਸਚੇਂਜ ਗਤੀਵਿਧੀ ਕਰਵਾਈ



ਜਗਰਾਓਂ, 30 ਮਈ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਗਰਮੀ ਦੀਆਂ ਛੁੱਟੀਆਂ ਸ਼ੁਰੂ ਹੋਣ ਤੋਂ ਪਹਿਲਾਂ ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਅੱਜ ਯੂ.ਕੇ.ਜੀ. ਕਲਾਸ ਦੇ ਬੱਚਿਆਂ ਲਈ ਇਕ ਵਿਸ਼ੇਸ਼ ਕਲਚਰਲ ਐਕਸਚੇਂਜ ਐਕਟਿਵਿਟੀ ਕਰਵਾਈ ਗਈ। ਇਸ ਗਤੀਵਿਧੀ ਦੌਰਾਨ ਬੱਚੇ ਵੱਖ-ਵੱਖ ਰਾਜਾਂ ਦੀਆਂ ਮਸ਼ਹੂਰ ਡਿਸ਼ਾਂ ਤਿਆਰ ਕਰਕੇ ਸਕੂਲ ਲੈ ਕੇ ਆਏ। ਬੱਚਿਆਂ ਨੇ ਆਪਣੇ ਅਧਿਆਪਕਾਂ ਦੀ ਮੱਦਦ ਨਾਲ ਡਿਸ਼ਾਂ ਨੂੰ ਬਹੁਤ ਹੀ ਸੋਹਣੇ ਤਰੀਕੇ ਨਾਲ ਸਜਾਇਆ ਅਤੇ ਇਕ-ਦੂਜੇ ਨਾਲ ਸਾਂਝਾ ਕਰਕੇ ਖਾਧਾ। ਇਸ ਗਤੀਵਿਧੀ ਰਾਹੀਂ ਬੱਚਿਆਂ ਵਿੱਚ ਵੰਡ ਕੇ ਖਾਣ ਦੀ ਆਦਤ ਅਤੇ ਆਪਸੀ ਪਿਆਰ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਛੋਟੀ ਉਮਰ ਤੋਂ ਹੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਵਿੱਚ ਪਿਆਰ, ਦੋਸਤੀ ਅਤੇ ਸਾਂਝ ਦੀ ਭਾਵਨਾ ਪੈਦਾ ਕਰਦੀਆਂ ਹਨ। ਨਾਲ ਹੀ ਬੱਚੇ ਵੱਖ-ਵੱਖ ਰਾਜਾਂ ਦੇ ਖਾਣ-ਪੀਣ ਅਤੇ ਸੱਭਿਆਚਾਰ ਬਾਰੇ ਵੀ ਜਾਣਕਾਰੀ ਪ੍ਰਾਪਤ ਕਰਦੇ ਹਨ।

ਇਸਦੇ ਨਾਲ ਹੀ ਉਨ੍ਹਾਂ ਨੇ ਇਹਨਾਂ ਡਿਸ਼ਾਂ ਨੂੰ ਤਿਆਰ ਕਰਕੇ ਭੇਜਣ ਲਈ ਮਾਪਿਆਂ ਦਾ ਵੀ ਧੰਨਵਾਦ ਕੀਤਾ।ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚਿਆਂ ਅਤੇ ਅਧਿਆਪਕਾਂ ਦੀ ਇਸ ਕੋਸ਼ਿਸ਼ ਦੀ ਭਰਪੂਰ ਸ਼ਲਾਘਾ ਕੀਤੀ।

# ਚਾਰ ਸਾਹਿਬਜ਼ਾਦਿਆਂ ਨੂੰ ਸਮਰਪਿਤ ਮੁਫ਼ਤ ਫੁੱਟਬਾਲ ਸਿਖਲਾਈ ਸਮਰ ਕੈਂਪ 1 ਜੂਨ ਤੋਂ ਖ਼ਾਲਸਾ ਸਕੂਲ ਦੇ ਮੈਦਾਨ ਵਿੱਚ ਸ਼ੁਰੂ ਹੋਵੇਗਾ

ਨਵਾਂ ਸ਼ਹਿਰ, 30 ਮਈ (ਸੁਖਦੇਵ ਸਿੰਘ ਉੜਾਪੜ): ਚਾਰ ਸਾਹਿਬਜ਼ਾਦਿਆਂ ਨੂੰ ਸਮਰਪਿਤ 7 ਵਾਂ ਫ਼ਰੀ ਫੁੱਟਬਾਲ ਟ੍ਰੇਨਿੰਗ ਸਮਰ ਕੈਂਪ ਯੂਥ ਫੁੱਟਬਾਲ ਵੈਲਫੇਅਰ ਕਲੱਬ (ਰਜਿ.) ਨਵਾਂ ਸ਼ਹਿਰ ਵੱਲੋਂ 1 ਜੂਨ ਤੋਂ 30 ਜੂਨ 2026 ਤੱਕ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਥ ਫੁੱਟਬਾਲ ਕਲੱਬ ਨਵਾਂ ਸ਼ਹਿਰ ਦੇ ਪ੍ਰਧਾਨ ਕਰਨਜੀਤ ਸਿੰਘ ਅਤੇ ਸੀਨੀਅਰ ਖਿਡਾਰੀ ਰਘੁਵਿੰਦਰ ਪਾਲ ਸਿੰਘ ਅਤੇ ਵਰਿੰਦਰ ਸਿੰਘ ਨੇ ਦੱਸਿਆ ਕਿ ਇਹ ਸਮਰ ਫੁੱਟਬਾਲ ਟ੍ਰੇਨਿੰਗ ਕੈਂਪ ਜੇ ਐਸ ਐਸ ਐਚ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਨਵਾਂ ਸ਼ਹਿਰ ਦੀ ਗਰਾਊਂਡ ਵਿੱਚ ਪ੍ਰਿੰਸੀਪਲ ਦਲਜੀਤ ਸਿੰਘ ਬੋਲਾ ਜੀ ਦੇ ਸਹਿਯੋਗ ਨਾਲ ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਲਗਾਇਆ ਜਾ ਰਿਹਾ ਹੈ।ਇਸ ਕੈਂਪ ਵਿੱਚ ਪੰਜਾਬ ਦੇ ਮਾਨਤਾ ਪ੍ਰਾਪਤ ਫੁੱਟਬਾਲ ਕੋਚਾਂ ਵੱਲੋਂ ਹਰ ਵਰਗ ਦੇ ਬੱਚਿਆਂ ਨੂੰ ਫੁੱਟਬਾਲ ਦੀ ਟ੍ਰੇਨਿੰਗ ਫ਼ਰੀ ਦਿੱਤੀ ਜਾਵੇਗੀ। ਰਿਟਾਇਰਡ ਐਸ ਡੀ ਓ ਰਘੁਵਿੰਦਰ ਪਾਲ ਸਿੰਘ ਨੇ ਕਿਹਾ ਕਿ ਮਾਂ -ਬਾਪ ਆਪਣੇ ਬੱਚਿਆਂ ਨੂੰ ਮੋਬਾਈਲ 'ਤੇ ਗੇਮਾਂ ਨਾ ਖੇਡਦੇ ਹੋਏ ਇਸ ਕੈਂਪ ਵਿੱਚ ਭੇਜ ਕੇ ਗਰਾਊਂਡਾਂ ਨਾਲ਼ ਜੋੜ ਸਕਦੇ ਹਨ। ਪ੍ਰਿੰਸੀਪਲ ਦਲਜੀਤ



ਸਿੰਘ ਨੇ ਕਿਹਾ ਕਿ ਇਸ ਸਮਰ ਫੁੱਟਬਾਲ ਟ੍ਰੇਨਿੰਗ ਕੈਂਪ ਦਾ ਸਮਾ ਸਵੇਰੇ 6 ਵਜੇ ਦਾ ਹੈ, ਸੋ ਜੋ ਵੀ ਬੱਚੇ ਇਸ ਕੈਂਪ ਵਿੱਚ ਭਾਗ ਲੈਣਾ ਚਾਹੁੰਦੇ ਹਨ, ਉਹ 1 ਜੂਨ ਨੂੰ ਦਿੱਤੇ ਹੋਏ ਸਥਾਨ 'ਤੇ ਪਹੁਚਣ ਤਾਂ ਜੋ ਟ੍ਰੇਨਿੰਗ ਸਮੇਂ ਸਿਰ ਸ਼ੁਰੂ ਕੀਤੀ ਜਾ ਸਕੇ। ਡੇਲੀ ਮੋਰਨਿੰਗ ਫੁੱਟਬਾਲ ਕਲੱਬ ਨਵਾਂ ਸ਼ਹਿਰ ਦੇ ਪ੍ਰਧਾਨ ਅਜੇ ਮਹਿਰਾ ਅਤੇ ਚੈਅਰਮੈਨ ਤਰਸੇਮ ਲਾਲ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਇਸ ਕੈਂਪ ਵਿੱਚ ਆਪਣੇ ਬੱਚਿਆਂ ਨੂੰ ਭੇਜ ਕੇ ਬਿਨਾਂ ਕਿਸੇ ਫੀਸ ਤੋਂ ਫੁੱਟਬਾਲ ਦੇ ਵਧੀਆ ਖਿਡਾਰੀ ਬਣਾ ਸਕਦੇ ਹਨ, ਕਿਉਂਕਿ ਜੇਕਰ ਆਪਾਂ ਬੱਚਿਆਂ ਨੂੰ ਸਕੂਲ ਸਮੇਂ ਤੋਂ ਹੀ ਖੇਡਾਂ ਨਾਲ਼ ਜੋੜ ਦਈਏ, ਤਾਂ ਉਹ ਮਾੜੀ ਸੰਗਤ ਤੋਂ ਬਚ ਸਕਦੇ ਹਨ। ਫੁੱਟਬਾਲ ਕੋਚ ਜਸਵੀਰ ਸਿੰਘ ਜੱਸੀ ਨੇ ਦੱਸਿਆ ਕਿ ਇਹ ਕੈਂਪ ਖੇਡ ਪ੍ਰੇਮੀਆਂ, ਕਲੱਬ ਦੇ ਮੈਂਬਰਾਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਲਗਾਇਆਂ ਜਾ ਰਿਹਾ ਹੈ। ਇਸ ਵਿੱਚ ਹੋਣਹਾਰ ਖਿਡਾਰੀਆਂ ਨੂੰ ਸਮੇਂ ਸਮੇਂ 'ਤੇ ਸਨਮਾਨਿਤ ਵੀ ਕੀਤਾ ਜਾਂਦਾ ਹੈ।

# ਲਾਲਾ ਜਗਤ ਨਾਰਾਇਣ ਡੀ.ਏ.ਵੀ ਪਬਲਿਕ ਸਕੂਲ ਗੜ੍ਹਦੀਵਾਲਾ ਵਿਖੇ ਮਾਪੇ-ਅਧਿਆਪਕ ਮਿਲਣੀ ਕਰਵਾਈ

ਗੜ੍ਹਦੀਵਾਲਾ, 30 ਮਈ (ਗੌਰਵ): ਲਾਲਾ ਜਗਤ ਨਾਰਾਇਣ-ਡੀਏਵੀ ਪਬਲਿਕ ਸਕੂਲ ਗੜ੍ਹਦੀਵਾਲਾ ਵਿਖੇ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ। ਅਧਿਆਪਕ ਮਾਪੇ ਮਿਲਣੀ ਦੀ ਸ਼ੁਰੂਆਤ ਪ੍ਰਿੰਸੀਪਲ ਸ੍ਰੀ ਸ਼ੇਖਰ ਮੋਦਗਿਲ ਜੀ ਦੀ ਅਗਵਾਈ ਹੇਠ ਸਫਲਤਾ ਪੂਰਵਕ ਕੀਤੀ ਗਈ। ਮਾਪੇ ਅਧਿਆਪਕ ਮਿਲਣੀ ਜਮਾਤ ਨਰਸਰੀ ਤੋਂ ਲੈ ਕੇ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ ਦੀ ਸੀ। ਇਸ ਅਵਸਰ 'ਤੇ ਬੱਚੇ ਆਪਣੇ ਮਾਪਿਆਂ ਦੇ ਨਾਲ ਪਹੁੰਚੇ। ਅਧਿਆਪਕਾਂ ਨੇ ਆਪਣੀ - ਆਪਣੀ ਜਮਾਤ ਦੇ ਵਿਦਿਆਰਥੀਆ ਬਾਰੇ ਮਾਪਿਆਂ ਨੂੰ ਜਾਣਕਾਰੀ ਦਿੱਤੀ ਕਿ ਉਹਨਾਂ ਦੇ ਬੱਚਿਆਂ ਨੇ, ਪਿਛਲੀ ਜਮਾਤ ਵਿੱਚੋਂ ਹਰ ਇੱਕ ਵਿਸ਼ੇ ਵਿੱਚ ਕਿਸ ਤਰ੍ਹਾਂ ਦੇ ਅੰਕ ਹਾਸਲ ਕੀਤੇ ਹਨ ਅਤੇ ਹੁਣ ਹੋਈਆ ਪ੍ਰੀਓਡਿਕ ਪ੍ਰੀਖਿਆਵਾਂ ਦੇ ਵੀ ਨੰਬਰ ਮਾਪਿਆਂ ਨੂੰ ਦੱਸੇ। ਅਧਿਆਪਕਾਂ ਨੇ ਵਧੀਆ ਅੰਕ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਉਤਸ਼ਾਹਿਤ ਕੀਤਾ ਅਤੇ ਅੱਗੋਂ ਹੋਰ ਵਧੀਆ ਨੰਬਰ ਲੈਣ ਦੇ ਲਈ ਵੀ ਪ੍ਰੇਰਨਾ ਦਿੱਤੀ ਅਤੇ ਬਾਕੀ ਸਾਰੇ ਵਿਦਿਆਰਥੀ ਜਿਨ੍ਹਾਂ ਦੇ ਘੱਟ ਨੰਬਰ ਆਏ ਸਨ, ਉਹਨਾਂ ਨੂੰ ਵੀ ਪ੍ਰੇਰਨਾ ਦਿੱਤੀ ਕਿ ਉਹ ਅੱਗੋਂ ਹੋਰ ਮਿਹਨਤ ਕਰਨ ਤਾਂ ਜੋ ਉਹ ਵੀ ਵਧੀਆ ਅੰਕ ਪ੍ਰਾਪਤ ਕਰਨ ਅਤੇ ਆਪਣੇ ਮਾਂ ਬਾਪ ਅਤੇ ਸਕੂਲ ਦਾ ਨਾਮ ਰੋਸ਼ਨ ਕਰ ਸਕਣ।




ਅਧਿਆਪਕਾਂ ਨੇ ਬੱਚਿਆਂ ਅਤੇ ਉਨਾਂ ਦੇ ਮਾਤਾ ਪਿਤਾ ਨੂੰ ਦੱਸਿਆ ਕਿ ਬੱਚਿਆਂ ਨੂੰ ਹਰ ਤਰ੍ਹਾਂ ਦੇ ਟੈਸਟ ਦੇ ਲਈ ਮਿਹਨਤ ਕਰਨਾ ਚਾਹੀਦੀ ਹੈ। ਅਧਿਆਪਕਾ ਵੱਲੋਂ ਮਾਪਿਆਂ ਨੂੰ ਉਹਨਾਂ ਦੇ ਬੱਚਿਆ ਦੀਆਂ ਸਕਾਰਾਤਮਕ ਅਤੇ ਨਕਾਰਾਤਮਕ ਦੇਨੇ ਤਰ੍ਹਾਂ ਦੀਆਂ ਆਦਤਾਂ ਬਾਰੇ ਜਾਣੂੰ ਕਰਵਾਇਆ ਗਿਆ ਤਾਂ ਜੋ ਮਾਪੇ ਵੀ ਆਪਣੇ ਬੱਚਿਆਂ ਨੂੰ ਸਮਝਾ ਕੇ ਉਹਨਾਂ ਦੇ ਵਿੱਚ ਬਦਲਾਓ ਲਿਆ ਸਕਣ। ਕਈ ਬੱਚਿਆਂ ਦੇ ਮਾਪਿਆਂ ਨੇ ਵੀ ਆਪਣੇ ਆਪਣੇ ਸੁਝਾਅ ਅਧਿਆਪਕਾਂ ਸਾਹਮਣੇ ਰੱਖੇ। ਪ੍ਰਿੰਸੀਪਲ ਸ੍ਰੀ ਸ਼ੇਖਰ ਮੋਦਗਿਲ ਨੇ ਵੀ ਸਾਰੇ ਵਿਦਿਆਰਥੀਆਂ ਨੂੰ ਪ੍ਰੇਰਨਾ ਦਿੱਤੀ ਕਿ ਉਹ ਯੂਨਿਟ ਟੈਸਟ ਦੇ ਲਈ ਜ਼ਿਆਦਾ ਮਿਹਨਤ ਕਰਨ ਅਤੇ ਵਧੀਆ ਅੰਕ ਪ੍ਰਾਪਤ ਕਰਨ ਲਈ ਪ੍ਰੇਰਨਾ ਦਿੱਤੀ।ਮਾਪੇ ਅਧਿਆਪਕ ਮਿਲਣੀ ਬਹੁਤ ਹੀ ਸਫਲਤਾ ਪੂਰਵਕ ਸੰਪੂਰਨ ਹੋਈ। ਇਸ ਮੌਕੇ 'ਤੇ ਸਕੂਲ ਦੇ ਸਾਰੇ ਅਧਿਆਪਕ ਹਾਜ਼ਰ ਸਨ।

# ਪੰਧੇਰ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਵੱਲੋਂ ਬਿਰਧ ਆਸ਼ਰਮ ਅਤੇ ਬਲਾਇੰਡ ਸਕੂਲ ਦਾ ਦੌਰਾ

ਬਟਾਲਾ, 30 ਮਈ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ): ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਟਿਊਟ ਪੰਧੇਰ ਦੇ ਪ੍ਰਿੰਸੀਪਲ ਮੈਡਮ ਹਰਜਿੰਦਰਪਾਲ ਕੌਰ ਕੰਗ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੰਸਥਾ ਦੇ ਜੀ.ਐਨ.ਐਮ. ਪਹਿਲੇ ਸਾਲ ਦੇ ਵਿਦਿਆਰਥੀਆਂ ਵੱਲੋਂ ਸਮਾਜਿਕ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਇੱਕ ਵਿਸ਼ੇਸ਼ ਉਪਰਾਲਾ ਕੀਤਾ ਜਾ ਰਿਹਾ ਹੈ। ਸੇਵਾ ਮੁਹਿੰਮ ਤਹਿਤ ਵਿਦਿਆਰਥੀ ਅਧਿਆਪਕਾਂ ਮੈਡਮ ਜਗਦੀਪ ਕੌਰ ਅਤੇ ਮੈਡਮ ਸਿਮਰਨਦੀਪ ਰੰਧਾਵਾ ਦੀ ਅਗਵਾਈ ਵਿੱਚ ਬਿਰਧ ਆਸ਼ਰਮ ਅਤੇ ਬਲਾਇੰਡ ਸਕੂਲ ਦਾ ਦੌਰਾ ਕੀਤਾ। ਇਸ ਦੌਰੇ ਦੌਰਾਨ ਨਰਸਿੰਗ ਵਿਦਿਆਰਥੀਆਂ ਵੱਲੋਂ ਉੱਥੇ ਰਹਿੰਦੇ ਬਜ਼ੁਰਗਾਂ ਅਤੇ ਵਿਦਿਆਰਥੀਆਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਜ਼ਰੂਰਤਾਂ ਨੂੰ ਸਮਝਿਆ। ਵਿਦਿਆਰਥੀਆਂ ਵੱਲੋਂ ਸਮਾਜਿਕ ਸੇਵਾ ਨਿਭਾਉਂਦੇ ਹੋਏ ਉਨ੍ਹਾਂ ਦੀ ਸਹਾਇਤਾ ਕੀਤੀ ਅਤੇ ਮੁੱਢਲੇ ਮੈਡੀਕਲ ਚੈਕਅੱਪ ਵੀ ਕੀਤੇ। ਇਸ ਦੇ ਨਾਲ ਹੀ ਸਿਹਤ ਸਬੰਧੀ ਜਾਗਰੂਕਤਾ ਫੈਲਾਉਣ ਲਈ ਸਫ਼ਾਈ, ਪੋਸ਼ਣ ਅਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਵੀ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਮੈਡਮ ਹਰਜਿੰਦਰਪਾਲ ਕੌਰ ਕੰਗ ਨੇ ਕਿਹਾ ਕਿ ਨਰਸਿੰਗ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਕਰਨ ਦਾ ਇੱਕ ਮਹੱਤਵਪੂਰਨ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਜਿਕ ਸੇਵਾ ਕਾਰਜ ਵਿਦਿਆਰਥੀਆਂ ਵਿੱਚ ਦਇਆ, ਸਹਿਯੋਗ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਅਧਿਆਪਕਾਂ ਮੈਡਮ ਜਗਦੀਪ ਕੌਰ ਅਤੇ ਮੈਡਮ ਸਿਮਰਨਦੀਪ ਰੰਧਾਵਾ ਨੇ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਨੂੰ ਵਿਵਹਾਰਕ ਗਿਆਨ ਦੇ ਨਾਲ-ਨਾਲ ਸਮਾਜ ਨਾਲ ਜੁੜ ਕੇ ਸੇਵਾ ਕਰਨ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਨਰਸਿੰਗ



ਵਿਦਿਆਰਥੀਆਂ ਲਈ ਇਹ ਤਜਰਬਾ ਭਵਿੱਖ ਵਿੱਚ ਇੱਕ ਚੰਗੇ ਸਿਹਤ ਕਰਮੀ ਵਜੋਂ ਕੰਮ ਕਰਨ ਲਈ ਬਹੁਤ ਲਾਭਦਾਇਕ ਸਾਬਤ ਹੋਵੇਗਾ। ਸੰਸਥਾ ਪ੍ਰਬੰਧਕਾਂ ਅਨੁਸਾਰ ਇਸ ਤਰ੍ਹਾਂ ਦੇ ਉਪਰਾਲਿਆਂ ਰਾਹੀਂ ਵਿਦਿਆਰਥੀਆਂ ਨੂੰ ਮਨੁੱਖਤਾ ਦੀ ਸੇਵਾ ਨਾਲ ਜੋੜਨ ਅਤੇ ਸਮਾਜ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ। ਵਿਦਿਆਰਥੀਆਂ ਵਿੱਚ ਇਸ ਸਮਾਜਿਕ ਸੇਵਾ ਮੁਹਿੰਮ ਪ੍ਰਤੀ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।

# ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਸਬੰਧੀ ਦਮਦਮੀ ਟਕਸਾਲ ਵੱਲੋਂ ਪ੍ਰਬੰਧ ਮੁਕੰਮਲ

ਚੌਕ ਮਹਿਤਾ, 30 ਮਈ (ਬਲਜਿੰਦਰ ਸਿੰਘ ਰੰਧਾਵਾ): ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਵੱਲੋਂ ਜੂਨ '84 ਦੌਰਾਨ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਗੁਰੂਧਾਮਾਂ ਦੀ ਰੱਖਿਆ ਲਈ ਸ਼ਹਾਦਤਾਂ ਦਾ ਜਾਮ ਪੀਣ ਵਾਲੇ ਅਮਰ ਸ਼ਹੀਦ ਸੰਤ ਗਿ.ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਦੇ ਸਾਥੀ ਭਾਈ ਅਮਰੀਕ ਸਿੰਘ, ਜਨਰਲ ਸੁਬੇਗ ਸਿੰਘ ਤੇ ਬਾਬਾ ਠਾਹਰਾ ਸਿੰਘ ਸਮੇਤ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ 42ਵੇਂ ਸ਼ਹੀਦੀ ਸਮਾਗਮਾਂ ਦੀਆਂ ਤਿਆਰੀਆਂ ਹੁਣ ਅੰਤਿਮ ਪੜਾਅ ਵਿੱਚ ਦਾਖਲ ਹੋ ਚੁੱਕੀਆਂ ਹਨ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁ. ਗੁਰਦਰਸ਼ਨ ਪ੍ਰਕਾਸ਼ ਮਹਿਤਾ ਜਥਾ ਭਿੰਡਰਾਂ ਵਿਖੇ ਪੂਰੀ ਚੜ੍ਹਦੀ ਕਲਾ ਤੇ ਆਧਿਆਤਮਿਕ ਜਜ਼ਬੇ ਨਾਲ ਮਨਾਏ ਜਾਣਗੇ। ਇਸ ਸਬੰਧੀ ਅੱਜ ਆਯੋਜਿਤ ਇੱਕ ਉੱਚ ਪੱਧਰੀ ਪ੍ਰਬੰਧਕੀ ਮੀਟਿੰਗ ਦੌਰਾਨ ਸੰਗਤਾਂ ਲਈ ਲੰਗਰ, ਰਿਹਾਇਸ਼, ਪਾਰਕਿੰਗ, ਸੁਰੱਖਿਆ, ਸਾਫ਼-ਸਫ਼ਾਈ, ਮੈਡੀਕਲ ਸਹਾਇਤਾ ਤੇ ਟ੍ਰੈਫਿਕ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕਰਦੇ ਹੋਏ ਅੰਤਿਮ ਰੂਪ ਦਿੱਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਤ ਗਿ.ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਦਮਦਮੀ ਟਕਸਾਲ ਵੱਲੋਂ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਨੂੰ ਹਰ ਸਾਲ ਵਿਸ਼ੇਸ਼ ਸਤਿਕਾਰ ਤੇ ਪੰਥਕ ਭਾਵਨਾ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੂਨ 84 ਦੇ ਸ਼ਹੀਦਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ, ਸਿੱਖ ਅਸੂਲਾਂ ਅਤੇ ਕੌਮੀ ਅਣਖ ਦੀ ਰੱਖਿਆ ਲਈ ਜੋ ਮਹਾਨ ਕੁਰਬਾਨੀਆਂ ਦਿੱਤੀਆਂ, ਉਹ ਸਿੱਖ ਇਤਿਹਾਸ ਦਾ ਅਮਰ ਅਧਿਆਇ ਹਨ ਅਤੇ ਕੌਮ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੀ। ਇਸ ਮੌਕੇ ਉਨ੍ਹਾਂ ਦੱਸਿਆ ਕਿ 1 ਜੂਨ ਤੋਂ 5 ਜੂਨ ਤੱਕ ਹਰ ਰੋਜ਼ ਸ਼ਾਮ 4 ਵਜੇ ਤੋਂ 8 ਵਜੇ ਤੱਕ ਗੁਰਮਤਿ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਤੋਂ ਇਲਾਵਾ ਢਾਡੀ ਤੇ ਕਵੀਸ਼ਰੀ ਜਥੇ ਤੇ ਕਥਾਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ, ਇਤਿਹਾਸਕ ਵਾਰਾਂ ਤੇ ਪੰਥਕ ਵਿਚਾਰਧਾਰਾ ਰਾਹੀਂ ਨਿਹਾਲ ਕਰਨਗੇ। 6 ਜੂਨ ਨੂੰ ਮੁੱਖ ਸ਼ਹੀਦੀ ਸਮਾਗਮ ਵਿਸ਼ਾਲ ਪੱਧਰ 'ਤੇ ਮਨਾਇਆ ਜਾਵੇਗਾ, ਜਿਸ ਵਿੱਚ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਵੱਡਾ ਪੰਥਕ ਇਕੱਠ ਹੋਵੇਗਾ। ਇਸ ਮੌਕੇ ਪੰਥ ਦੀਆਂ ਪ੍ਰਮੁੱਖ ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਦੀ ਹਾਜ਼ਰੀ ਰਹੇਗੀ, ਜਦਕਿ ਦੇਸ਼-ਵਿਦੇਸ਼ ਤੋਂ ਆਈ ਲੱਖਾਂ ਸੰਗਤਾਂ ਆਪਣੇ ਸ਼ਹੀਦਾਂ ਨੂੰ ਨਤਮਸਤਕ ਹੋ ਕੇ ਸ਼ਰਧਾਂਜਲੀ ਅਰਪਿਤ ਕਰਨਗੀਆਂ।ਉਨ੍ਹਾਂ ਦੇਸ਼-ਵਿਦੇਸ਼ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਮਹਿਤੇ ਪੁੱਜ ਕੇ ਆਪਣੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਗੁਰੂ ਘਰ ਦੀਆਂ ਅਸੀਸਾਂ ਪ੍ਰਾਪਤ ਕਰਨ। ਸ਼ਹੀਦੀ ਸਮਾਗਮਾਂ 'ਚ ਦੇਸ਼-ਵਿਦੇਸ਼ ਤੋਂ ਸੰਗਤਾਂ ਦੀ ਵੱਡੀ ਸ਼ਮੂਲੀਅਤ ਨੂੰ ਧਿਆਨ 'ਚ ਰੱਖਦਿਆਂ ਪ੍ਰਬੰਧਾਂ ਨੂੰ ਹੋਰ ਵੀ ਵਿਸਥਾਰਿਤ ਤੇ ਸੁਚੱਜਾ ਬਣਾਇਆ ਗਿਆ ਹੈ ਤਾਂ ਜੋ ਹਰ ਆਉਣ ਵਾਲੀ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।ਲੰਗਰ ਸੇਵਾ ਤਹਿਤ ਇਸ ਵਾਰ ਵੱਖ ਵੱਖ ਸਥਾਨਾਂ 'ਤੇ 50 ਦੇ ਕਰੀਬ ਲੰਗਰ ਤੇ ਛਬੀਲਾਂ ਲਗਾਈਆਂ ਜਾਣਗੀਆਂ, ਜਿੱਥੇ ਠੰਢਾ ਮਿੱਠਾ ਜਲ, ਭੋਜਨ ਤੇ ਹੋਰ ਸੇਵਾਵਾਂ ਨਿਰੰਤਰ ਚਲਦੀਆਂ ਰਹਿਣਗੀਆਂ। ਸੰਗਤਾਂ ਦੀ ਸੁਵਿਧਾ ਲਈ ਵਿਸ਼ਾਲ ਹਵਾਦਾਰ ਪੰਡਾਲ, ਜੋੜੇ ਘਰ, ਮੈਡੀਕਲ ਸਹਾਇਤਾ ਕੇਂਦਰ ਸਮੇਤ ਲੱਗਭੱਗ 1500 ਬੱਸਾਂ, 2500 ਤੋਂ ਵੱਧ ਕਾਰਾਂ ਅਤੇ ਹੋਰ ਵਾਹਨਾਂ ਲਈ ਕਰੀਬ 50 ਏਕੜ ਵਿੱਚ ਵਿਸ਼ਾਲ ਪਾਰਕਿੰਗ ਦਾ ਪ੍ਰਬੰਧ ਕੀਤਾ ਗਿਆ ਹੈ। ਟ੍ਰੈਫਿਕ ਨੂੰ ਸੁਚਾਰੂ ਬਣਾਉਣ ਲਈ ਵੱਖ-ਵੱਖ ਰੂਟਾਂ 'ਤੇ ਪ੍ਰਬੰਧਕੀ ਟੀਮਾਂ ਅਤੇ ਸੇਵਾਦਾਰ ਲਗਾਤਾਰ ਤਾਇਨਾਤ ਰਹਿਣਗੇ। ਮੀਟਿੰਗ ਦਾ ਸੰਚਾਲਨ ਪ੍ਰਿੰ.ਗੁਰਦੀਪ ਸਿੰਘ ਰੰਧਾਵਾ, ਡਾ.ਅਵਤਾਰ ਸਿੰਘ ਬੁੱਟਰ, ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰ.ਤੇਜਬੀਰ ਸਿੰਘ ਸੋਹਲ, ਰਮਨਬੀਰ ਸਿੰਘ ਤੇ ਅੰਤਰਪ੍ਰੀਤ ਸਿੰਘ ਲੱਧਾਮੁੰਡਾ ਵੱਲੋਂ ਬਾਖੂਬੀ ਨਿਭਾਇਆ ਗਿਆ। ਇਸ ਮੌਕੇ 'ਚ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੁਰਭੇਜ ਸਿੰਘ ਖੁਜਾਲਾ, ਬਾਬਾ ਅਮਨਦੀਪ ਸਿੰਘ ਸੱਤੋ ਕੀ ਗਲੀ, ਬਾਬਾ ਸੁਰਿੰਦਰ ਸਿੰਘ ਅੱਚਲ ਸਾਹਿਬ, ਬਾਬਾ ਗੁਰਮੀਤ ਸਿੰਘ ਆਦੋਵਾਲੀ,ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ,ਬਾਬਾ ਰਾਮ ਸਿੰਘ ਅਬਦਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ,ਗਿ.ਪ੍ਰਗਟ ਸਿੰਘ,ਗਿ.ਭੁਪਿੰਦਰ ਸਿੰਘ ਗਦਲੀ,ਬਾਬਾ ਸੁਖਵਿੰਦਰ ਸਿੰਘ ਅਬਦਾਲ,ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ,ਗਿ.ਮੋਹਕਮ ਸਿੰਘ, ਜਥੇ. ਅਜੀਤ ਸਿੰਘ,ਜਥੇ.ਸੁਖਦੇਵ ਸਿੰਘ, ਜਥੇ.ਬੋਹੜ ਸਿੰਘ, ਸਫਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ, ਕਸ਼ਮੀਰ ਸਿੰਘ ਮਹਿਤਾ, ਇਕਬਾਲ ਸਿੰਘ ਸ਼ਾਹ, ਹਰਜਿੰਦਰ ਸਿੰਘ ਜੱਜ,ਬਲਕਾਰ ਸਿੰਘ ਪੀ.ਬੀ.ਐਸ ਵਾਲੇ, ਸਰਪੰਚ ਅਜੇ ਗਾਂਧੀ, ਜਥੇ.ਇਕਬਾਲ ਸਿੰਘ ਮਾਨ, ਗੁਰਪ੍ਰੀਤ ਸਿੰਘ ਜਲਾਲਉਸਮਾਂ, ਚੇਅਰਮੈਨ ਸੁੱਖ ਰੰਧਾਵਾ, ਬਲਜਿੰਦਰ ਸਿੰਘ ਰਾਜੂ, ਡਾ.ਪਰਮਜੀਤ ਸਿੰਘ ਸੰਧੂ,ਡਿਪਟੀ ਕੁਲਵੰਤ ਸਿੰਘ ਮਹਿਤਾ, ਪ੍ਰਧਾਨ ਅਮਰ ਰਾਵਤ, ਵਿਜੇ ਤਨੇਜਾ, ਗੁਰਮੀਤ ਸਿੰਘ ਨੰਗਲੀ, ਲਖਵਿੰਦਰ ਸਿੰਘ ਸੋਨਾ, ਸੰਤੋਖ ਸਿੰਘ ਰੰਧਾਵਾ, ਤਰਲੋਕ ਸਿੰਘ ਬਾਠ, ਜਤਿੰਦਰ ਸਿੰਘ ਲੱਧਾਮੁੰਡਾ, ਰਾਜਬੀਰ ਸਿੰਘ ਉਦੋਨੰਗਲ, ਤੇਜਿੰਦਰ ਸਿੰਘ ਬੁੱਟਰ, ਜੁਗਰਾਜ ਸਿੰਘ ਖੱਬੇ, ਪਲਵਿੰਦਰ ਸਿੰਘ ਪੱਪਾ, ਸੁਖਪਾਲ ਸਿੰਘ ਬੱਲ, ਪ੍ਰਿੰ.ਗੁਰਦੀਪ ਸਿੰਘ ਜਲਾਲਉਸਮਾਂ, ਪ੍ਰਿੰ.ਕੁਲਬੀਰ ਸਿੰਘ ਮਾਨ,ਪ੍ਰਿੰ.ਕੁਲਵੰਤ ਸਿੰਘ ਕੋਹਾੜ, ਪ੍ਰਿੰ.ਟਾਰਜਨ ਸਿੰਘ ਭੋਮਾ, ਰਾਜਵਿੰਦਰ ਸਿੰਘ ਲਾਡੀ ਸੂਰੋ ਪੱਗਾਂ, ਮਨਜੋਤ ਸਿੰਘ ਮਲਕਨੰਗਲ, ਮਨਦੀਪ ਸੋਨਾ,ਤਜਿੰਦਰ ਸਿੰਘ ਬੁੱਟਰ, ਜੁਗਰਾਜ ਸਿੰਘ ਖੱਬੇ,ਸੁੱਖ ਮਹਿਤਾ,ਕਰਮਜੀਤ ਸਿੰਘ ਲਾਲੀ, ਸ਼ਮਸ਼ੇਰ ਸਿੰਘ ਜੇਠੂਵਾਲ,ਅਜ਼ਮੇਰ ਸਿੰਘ ਧਰਦਿਓ, ਮਨਜੀਤ ਸਿੰਘ ਮੰਡ,ਭਾਈ ਸੁੱਚਾ ਸਿੰਘ ਮਹਿਤਾ,ਜਥੇ.ਨਸੀਬ ਸਿੰਘ, ਅਜੀਤ ਸਿੰਘ ਬੱਬੀ,ਪਰਮਜੀਤ ਸਿੰਘ ਪੰਮਾ,ਰਛਪਾਲ ਸਿੰਘ ਨੂਰੀ, ਦਲਜੀਤ ਸਿੰਘ ਗਾਨੀ, ,ਲਾਡੀ ਨੰਬਰਦਾਰ, ਅਮਨ ਪੇਂਟਰ ,ਜੰਗ ਪੁਰਬਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸੰਗਤਾਂ ਮੌਜੂਦ ਸਨ।


**ਭਾਰਤੀ ਰੇਲ**
**ਪਟਿਆਲਾ ਲੋਕੋਮੋਟਿਵ ਵਰਕਸ**
ਪਟਿਆਲਾ—147 003, ਭਾਰਤ
ਫੋਨ : 2396000, 2396001, ਫੈਕਸ: 91-0175-2306413

**ਦੁਕਾਨਾਂ ਦੀ ਨੀਲਾਮੀ ਦੀ ਸੂਚਨਾ 'ਤੇ ਸ਼ਰਤਾਂ ਦਾ ਫਾਰਮੇਟ**
**ਦੁਕਾਨਾਂ ਦੀ ਜਨਤਕ ਨੀਲਾਮੀ**

**ਨੀਲਾਮੀ ਨੋਟਿਸ ਨੰਬਰ:- PLW/W/Civil/Shop/2016/ Part-1 ਮਿਤੀ: 29.05.2026**

ਭਾਰਤ ਦੇ ਰਾਸ਼ਟਰਪਤਿ ਦੇ ਵਲੋਂ ਤੋਂ ਪਟਿਆਲਾ ਰੇਲ ਇੰਜਨ ਕਾਰਖਾਨਾ, ਪਟਿਆਲਾ ਦੀ ਕਾਲੋਨੀ-।। ਦੇ ਸ਼ਾਪਿੰਗ ਕੰਪਲੈਕਸ ਦੀਆਂ ਹੇਠ ਲਿਖੀਆਂ ਦੁਕਾਨਾਂ ਦੀ ਜਨਤਕ ਨੀਲਾਮੀ ਮਿਤੀ : 22.06.2026 ਨੂੰ ਉਪ ਮੁੱਖ ਇੰਜੀਨੀਅਰ, ਪਟਿਆਲਾ ਰੇਲ ਇੰਜਨ ਕਾਰਖਾਨਾ, ਪਟਿਆਲਾ ਦੇ ਦਫਤਰ, ਪਟਿਆਲਾ ਰੇਲ ਇੰਜਨ ਕਾਰਖਾਨਾ, ਪਟਿਆਲਾ ਵਿਖੇ ਹੋਵੇਗੀ।

ਦੁਕਾਨਾਂ ਦਾ ਵੇਰਵਾ:-

| ਲ. ਨੰ. | ਦੁਕਾਨ ਨੰ. | ਸਥਾਨ | ਖੇਤਰਫਲ (ਵਰਗ ਮੀਟਰ) | ਰੀਜ਼ਰਵ ਮਾਸਿਕ ਕਿਰਾਇਆ (ਰੁ.) | ਬਿਆਨਾ ਰਾਸ਼ੀ (ਪੰਜ ਸਾਲਾਂ ਦੇ ਲਈ) (ਰੁ.) |
|---|---|---|---|---|---|
| 1. | 2 | ਕਾਲੋਨੀ ਨੰ.-।। | 25.31 | 2652.00 | 3200/- |
| 2. | 5 | ਕਾਲੋਨੀ ਨੰ.-।। | 25.31 | 2652.00 | 3200/- |
| 3. | 11 | ਕਾਲੋਨੀ ਨੰ.-।। | 45.86 | 4806.00 | 6000/- |
| 4. | 13 | ਕਾਲੋਨੀ ਨੰ.-।। | 2.56 | 268.00 | 500/- |

ਦੁਕਾਨਾਂ ਦਾ ਵੇਰਵਾ ਅਤੇ ਨੀਲਾਮੀ ਦੇ ਲਈ ਸ਼ਰਤਾਂ ਨੂੰ ਪੀ ਐਲ ਡਬਲਿਊ/ ਪਟਿਆਲਾ ਦੀ ਵੈਬਸਾਈਟ www.plw.indianrailway.gov.in ਤੋਂ ਮੁਫਤ ਡਾਊਨਲੋਡ ਕੀਤੇ ਜਾ ਸਕਦੇ ਹਨ ਅਤੇ ਉਪ ਮੁੱਖ ਇੰਜੀਨੀਅਰ ਪੀ ਐਲ ਡਬਲਿਊ / ਪਟਿਆਲਾ ਦੇ ਦਫਤਰ ਵਿਚੋਂ ਕਿਸੇ ਵੀ ਕੰਮ ਵਾਲੇ ਦਿਨ ਮਿਤੀ 01.06.2026 ਤੋਂ 10:00 ਵਜੇ ਤੋਂ 16:00 ਵਜੇ ਤਕ ਅਤੇ ਮਿਤੀ 21.06.2026 ਨੂੰ 11:00 ਵਜੇ ਤਕ ਕਾਊਂਟਰ ਉਤੇ 1000/-ਰੁਪਏ (ਸਿਰਫ ਇਕ ਹਜਾਰ ਰੁਪਏ) ਆਨਲਾਈਨ ਪੋਰਟਲ MERS ਪੇਸ਼ ਕਰਕੇ ਬੇਨਤੀ ਪ੍ਰੋਫਾਰਮਾ ਖਰੀਦ ਸਕਦੇ ਹਨ। ਜੇਕਰ ਨੀਲਾਮੀ ਦਾ ਫਾਰਮ ਡਾਕ ਦੇ ਰਾਹੀਂ ਮੰਗਵਾਣਾ ਹੈ ਤਾਂ 500/- ਰੁਪਏ (ਸਿਰਫ ਪੰਜ ਸੌ ਰੁਪਏ), ਵੱਧ, ਪੋਸਟਲ ਚਾਰਜ ਦੇ ਰੂਪ ਵਿਚ ਜਮ੍ਹਾ ਕਰਨੇ ਹੋਣਗੇ।

ਨਿਲਾਮੀ ਫਾਰਮਾਂ ਦੀ ਪ੍ਰਾਪਤ ਦੀ ਆਖਰੀ ਮਿਤੀ 21.06.2026 ਨੂੰ 11:00 ਵਜੇ ਤਕ ਹੈ ਅਤੇ ਮਿਤੀ 22.06.2026 ਨੂੰ 15:30 ਵਜੇ ਨੀਲਾਮੀ ਕੀਤੀ ਜਾਵੇਗੀ। ਉਪਰੋਕਤ ਮਿਤੀ ਅਤੇ ਸਮੇਂ ਤੋਂਬਾਅਦ ਪ੍ਰਾਪਤ ਹੋਈਆਂ ਬੇਨਤੀਆਂ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਬੇਨਤੀ ਪੱਤਰਾਂ ਦਾ ਮੁਲ ਵਾਪਸ ਨਹੀਂ ਕੀਤਾ ਜਾਵੇਗਾ।

ਲਾਇਸੈਂਸ ਦਾ ਸਮਾਂ :- 05 ਸਾਲ

ਜਨਤਕਕ ਨੀਲਾਮੀ ਦੀ ਮਿਤੀ :- 22.06.2026 ਨੂੰ 15:30 ਵਜੇ

ਇਹ ਨੀਲਾਮੀ ਨੋਟਿਸ PLW/Patiala ਦੀ ਵੈਬਸਾਈਟ www.plw.indianrailway.gov.in 'ਤੇ ਵੀ ਉਪਲਬਧ ਹੈ।

1831/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਗਰਮੀਆਂ ਚ ਸੰਜੀਵਨੀ ਬੂਟੀ ਤੋਂ ਘੱਟ ਨਹੀਂ ਅਜਵਾਈਨ !

ਗਰਮੀਆਂ ਦਾ ਮੌਸਮ ਸ਼ੁਰੂ ਹੁੰਦੇ ਹੀ ਸਿਹਤ ਨਾਲ ਜੁੜੀਆਂ ਕਈ ਸਮੱਸਿਆਵਾਂ ਸਾਨੂੰ



ਘੇਰ ਲੈਂਦੀਆਂ ਹਨ। ਖਾਸ ਕਰਕੇ ਇਸ ਮੌਸਮ 'ਚ ਪੇਟ ਖ਼ਰਾਬ ਹੋਣਾ, ਗੈਸ, ਬਦਹਜ਼ਮੀ ਅਤੇ ਉਲਟੀ-ਦਸਤ ਦੀ ਸਮੱਸਿਆ ਆਮ ਦੇਖਣ ਨੂੰ ਮਿਲਦੀ ਹੈ। ਬਹੁਤ ਸਾਰੇ ਲੋਕਾਂ ਦਾ ਮੰਨਣਾ ਹੈ ਕਿ ਅਜਵਾਈਨ ਦੀ ਤਾਸੀਰ ਗਰਮ ਹੁੰਦੀ ਹੈ, ਇਸ ਲਈ ਇਸਨੂੰ ਗਰਮੀਆਂ 'ਚ ਨਹੀਂ ਖਾਣਾ ਚਾਹੀਦਾ ਪਰ ਜੇਕਰ ਗਰਮੀਆਂ 'ਚ ਇਸ ਦਾ ਸਹੀ ਤਰੀਕੇ ਨਾਲ ਸੇਵਨ ਕੀਤਾ ਜਾਵੇ, ਤਾਂ ਇਹ ਸਰੀਰ ਲਈ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ।

**ਗੈਸ ਅਤੇ ਐਸੀਡਿਟੀ ਤੋਂ ਤੁਰੰਤ ਰਾਹਤ** - ਗਰਮੀਆਂ 'ਚ ਮਸਾਲੇਦਾਰ ਖਾਣਾ ਖਾਣ ਨਾਲ ਪੇਟ 'ਚ ਜਲਨ ਅਤੇ ਐਸੀਡਿਟੀ ਹੋਣ ਲੱਗਦੀ ਹੈ। ਅਜਵਾਈਨ 'ਚ ਮੌਜੂਦ ਥਾਈਮੋਲ ਤੱਤ ਪਾਚਨ ਕਿਰਿਆ ਨੂੰ ਤੇਜ਼ ਕਰਦਾ ਹੈ ਅਤੇ ਗੈਸ ਤੋਂ ਤੁਰੰਤ ਛੁਟਕਾਰਾ ਦਿਵਾਉਂਦਾ ਹੈ।

**ਲੂ ਤੋਂ ਬਚਾਅ** - ਗਰਮੀਆਂ ਦੇ ਮੌਸਮ 'ਚ ਚੱਲਣ ਵਾਲੀਆਂ ਗਰਮ ਹਵਾਵਾਂ ਯਾਨੀ ਲੂ ਤੋਂ ਬਚਣ ਲਈ ਅਜਵਾਈਨ ਬਹੁਤ ਫਾਇਦੇਮੰਦ ਹੈ। ਇਹ ਸਰੀਰ ਦੇ ਤਾਪਮਾਨ ਨੂੰ ਸੰਤੁਲਿਤ ਰੱਖਣ 'ਚ ਮਦਦ ਕਰਦੀ ਹੈ।

**ਪੇਟ ਦੇ ਇਨਫੈਕਸ਼ਨ ਨੂੰ ਕਰੇ ਦੂਰ** - ਗਰਮੀਆਂ 'ਚ ਖਾਣਾ ਜਲਦੀ ਖ਼ਰਾਬ ਹੋ ਜਾਂਦਾ ਹੈ, ਜਿਸ ਨਾਲ ਫੂਡ ਪੋਇਜ਼ਨਿੰਗ ਜਾਂ ਪੇਟ 'ਚ ਇਨਫੈਕਸ਼ਨ ਦਾ ਖ਼ਤਰਾ ਵਧ ਜਾਂਦਾ ਹੈ। ਅਜਵਾਈਨ 'ਚ ਐਂਟੀ-ਬੈਕਟੀਰੀਅਲ ਗੁਣ ਹੁੰਦੇ ਹਨ, ਜੋ ਪੇਟ ਦੇ ਕੀੜਿਆਂ ਅਤੇ ਇਨਫੈਕਸ਼ਨ ਨੂੰ ਖ਼ਤਮ ਕਰਦੇ ਹਨ।

**ਭਾਰ ਘਟਾਉਣ 'ਚ ਮਦਦਗਾਰ** : ਜੇਕਰ ਤੁਸੀਂ ਵਧਦੇ ਭਾਰ ਤੋਂ ਪਰੇਸ਼ਾਨ ਹੋ, ਤਾਂ ਅਜਵਾਈਨ ਤੁਹਾਡਾ ਮੈਟਾਬੋਲਿਜ਼ਮ ਵਧਾਉਂਦੀ ਹੈ, ਜਿਸ ਨਾਲ ਸਰੀਰ ਦੀ ਫਾਲਤੂ ਚਰਬੀ ਬਹੁਤ ਜਲਦੀ ਬਰਨ ਹੁੰਦੀ ਹੈ।

# ਏਕ ਭਾਰਤ, ਸ੍ਰੇਸ਼ਠ ਭਾਰਤ ਭਾਰਤ ਦੀ ਆਤਮਾ ਨੂੰ ਜੀਵਤ ਕਰਦੈ: ਗੁਲਾਬ ਚੰਦ ਕਟਾਰੀਆ

ਚੰਡੀਗੜ੍ਹ, 30 ਮਈ, (ਅੰਮ੍ਰਿਤਪਾਲ ਸਿੰਘ) : ਪੰਜਾਬ ਲੋਕ ਭਵਨ ਭਾਰਤ ਦੀ ਅਮੀਰ ਸੱਭਿਆਚਾਰਕ ਵਿਭਿੰਨਤਾ ਦਾ ਇੱਕ ਜੀਵਤ ਪ੍ਰਤੀਕ ਬਣ ਗਿਆ, ਜਿੱਥੇ ਸਿੱਕਮ, ਗੋਆ ਅਤੇ ਤੇਲੰਗਾਨਾ ਦਾ ਸਥਾਪਨਾ ਦਿਵਸ ÷ਏਕ ਭਾਰਤ, ਸ੍ਰੇਸ਼ਠ ਭਾਰਤ÷ ਦੀ ਭਾਵਨਾ ਨਾਲ ਉਤਸ਼ਾਹ ਨਾਲ ਮਨਾਇਆ ਗਿਆ। ਇਹ ਮੌਕਾ ਭਾਰਤ ਦੀ ਅਮੀਰ ਵਿਰਾਸਤ, ਏਕਤਾ ਅਤੇ ਸੱਭਿਆਚਾਰਕ ਵਿਭਿੰਨਤਾ ਦਾ ਇੱਕ ਸੁੰਦਰ ਪ੍ਰਤੀਬਿੰਬ ਸੀ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ, ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਇਸ ਸਮਾਗਮ ਵਿੱਚ ਚੰਡੀਗੜ੍ਹ ਸੰਗੀਤ ਨਾਟਕ ਅਕੈਡਮੀ ਦੁਆਰਾ ਪੇਸ਼ ਕੀਤੇ ਗਏ ਰੰਗੀਨ ਸੱਭਿਆਚਾਰਕ ਪ੍ਰਦਰਸ਼ਨਾਂ ਰਾਹੀਂ ਤਿੰਨਾਂ ਰਾਜਾਂ ਦੀ ਅਮੀਰ ਸੱਭਿਆਚਾਰਕ ਵਿਰਾਸਤ, ਲੋਕ ਪਰੰਪਰਾਵਾਂ, ਸੰਗੀਤ ਅਤੇ ਸੱਭਿਆਚਾਰ ਦਾ ਪ੍ਰਦਰਸ਼ਨ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਕਟਾਰੀਆ ਨੇ ਸਿੱਕਮ, ਗੋਆ ਅਤੇ ਤੇਲੰਗਾਨਾ ਦੇ ਲੋਕਾਂ ਨੂੰ ਉਨ੍ਹਾਂ ਦੇ ਸਥਾਪਨਾ ਦਿਵਸ @ਤੇ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ।




ਉਨ੍ਹਾਂ ਕਿਹਾ ਕਿ ਭਾਰਤ ਦੀ ਤਾਕਤ ਇਸਦੀ ਵਿਭਿੰਨਤਾ ਵਿੱਚ ਹੈ, ਅਤੇ ਅਜਿਹੇ ਸਮਾਗਮ ਵੱਖ-ਵੱਖ ਰਾਜਾਂ ਦੇ ਸੱਭਿਆਚਾਰਾਂ ਅਤੇ ਪਰੰਪਰਾਵਾਂ ਨੂੰ ਸਮਝਣ ਅਤੇ ਉਨ੍ਹਾਂ ਦੀ ਕਦਰ ਕਰਨ ਦਾ ਮੌਕਾ ਪ੍ਰਦਾਨ ਕਰਦੇ ਹਨ। ਰਾਜਪਾਲ ਨੇ ਕਿਹਾ ਕਿ ÷ਏਕ ਭਾਰਤ, ਸ੍ਰੇਸ਼ਠ ਭਾਰਤ÷ ਪਹਿਲਕਦਮੀ ਤਹਿਤ ਸਿੱਕਮ, ਗੋਆ ਅਤੇ ਤੇਲੰਗਾਨਾ ਦੇ ਸਥਾਪਨਾ ਦਿਵਸ ਮਨਾਉਣਾ ਭਾਰਤ ਦੀ ਵਿਭਿੰਨਤਾ ਵਿੱਚ ਏਕਤਾ ਦੀ ਭਾਵਨਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਇਨ੍ਹਾਂ ਰਾਜਾਂ ਦੇ ਵੱਖੋ-ਵੱਖਰੇ ਭੂਗੋਲਿਕ ਸਥਾਨ, ਭਾਸ਼ਾਵਾਂ, ਸੱਭਿਆਚਾਰ ਅਤੇ ਪਰੰਪਰਾਵਾਂ ਹਨ, ਪਰ ਉਹ ਇੱਕ ਸਾਂਝੀ ਰਾਸ਼ਟਰੀ ਪਛਾਣ ਅਤੇ ਰਾਸ਼ਟਰ ਨਿਰਮਾਣ ਦੇ ਸੰਕਲਪ ਨਾਲ ਜੁੜੇ ਹੋਏ ਹਨ।

ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਪ੍ਰਤੀ ਸਮਝ ਅਤੇ ਸਤਿਕਾਰ ਨੂੰ ਉਤਸ਼ਾਹਿਤ ਕਰਕੇ ਰਾਸ਼ਟਰੀ ਏਕਤਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਨੌਜਵਾਨਾਂ ਨੂੰ ਭਾਰਤ ਦੀਆਂ ਵਿਭਿੰਨ ਸੱਭਿਆਚਾਰਾਂ ਨੂੰ ਸਿੱਖਣ ਅਤੇ ਸਤਿਕਾਰ ਕਰਨ ਦਾ ਸੱਦਾ ਦਿੰਦੇ ਹੋਏ, ਸ਼੍ਰੀ ਕਟਾਰੀਆ ਨੇ ਉਨ੍ਹਾਂ ਨੂੰ ਵਿਕਸਤ ਭਾਰਤ 2047 ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਅਤੇ ਰਾਸ਼ਟਰੀ ਏਕਤਾ, ਸਦਭਾਵਨਾ ਅਤੇ ਆਪਸੀ ਸਮਝ ਨੂੰ ਹੋਰ ਮਜ਼ਬੂਤ ਕਰਨ ਲਈ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

ਉਨ੍ਹਾਂ ਕਿਹਾ ਕਿ ਇਹ ਸਮਾਗਮ ਇਸ ਸੰਦੇਸ਼ ਦੀ ਪੁਸ਼ਟੀ ਕਰਦਾ ਹੈ ਕਿ ਭਾਰਤ ਦੀ ਅਸਲ ਤਾਕਤ ਇਸਦੀ ਵਿਭਿੰਨਤਾ ਵਿੱਚ ਹੈ ਅਤੇ ÷ਏਕ ਭਾਰਤ, ਸ੍ਰੇਸ਼ਠ ਭਾਰਤ÷ ਦੀ ਭਾਵਨਾ ਰਾਸ਼ਟਰੀ ਏਕਤਾ ਦੇ ਬੰਧਨਾਂ ਨੂੰ ਲਗਾਤਾਰ ਮਜ਼ਬੂਤ ? ?ਕਰ ਰਹੀ ਹੈ।

ਇਸ ਮੌਕੇ @ਤੇ, ਭਾਰਤ ਦੇ ਵਧੀਕ ਸਾਲਿਸਟਰ ਜਨਰਲ, ਸ਼੍ਰੀ ਸੱਤਿਆ ਪਾਲ ਜੈਨ, ਆਈਏਐਸ ਅਧਿਕਾਰੀ ਅਤੇ ਸਕੱਤਰ, ਪ੍ਰਾਹੁਣਚਾਰੀ, ਚੰਡੀਗੜ੍ਹ ਪ੍ਰਸ਼ਾਸਨ, ਸ਼੍ਰੀ ਸਵਪਨਿਲ ਐਮ. ਨਾਇਕ, ਸਿੱਕਮ, ਗੋਆ ਅਤੇ ਤੇਲੰਗਾਨਾ ਰਾਜਾਂ ਦੇ ਪ੍ਰਤੀਨਿਧੀ, ਸੀਨੀਅਰ ਅਧਿਕਾਰੀ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਇੱਕ ਸਿਹਤਮੰਦ ਦਿਲ ਅਤੇ ਇੱਕ ਸਿਹਤਮੰਦ ਜੀਵਨ ਲਈ ਸੰਤੁਲਿਤ ਤੇਲ ਦਾ ਸੇਵਨ ਵਿਸ਼ੇ 'ਤੇ ਇੱਕ ਵੈਬਿਨਾਰ

ਨਵੀਂ ਦਿੱਲੀ, 30 ਮਈ, (ਅੰਮ੍ਰਿਤਪਾਲ ਸਿੰਘ) : ਪੇਂਡੂ ਵਿਕਾਸ ਮੰਤਰਾਲੇ ਦੇ ਅਧੀਨ ਦੀਨਦਿਆਲ ਅੰਤਯੋਦਯ ਯੋਜਨਾ-ਰਾਸ਼ਟਰੀ ਪੇਂਡੂ ਆਜੀਵਿਕਾ ਮਿਸ਼ਨ (41♠-©♣*$) ਨੇ 29 ਮਈ, 2026 ਨੂੰ ਸਵੇਰੇ 10:30 ਵਜੇ ÷ਸੰਗਠਨ, ਸਿਹਤ ਅਤੇ ਖੁਸ਼ਹਾਲੀ: ਇੱਕ ਸਿਹਤਮੰਦ ਦਿਲ ਅਤੇ ਇੱਕ ਸਿਹਤਮੰਦ ਜੀਵਨ ਲਈ ਸੰਤੁਲਿਤ ਤੇਲ ਦਾ ਸੇਵਨ÷ ਸਿਰਲੇਖ ਵਾਲਾ ਇੱਕ ਵੈਬਿਨਾਰ ਆਯੋਜਿਤ ਕੀਤਾ। ਵੈਬਿਨਾਰ ਨੇ ਪੇਂਡੂ ਆਬਾਦੀ ਵਿੱਚ ਵਧ ਰਹੇ ਮੋਟਾਪੇ ਅਤੇ ਦਿਲ ਦੀਆਂ ਬਿਮਾਰੀਆਂ ਦੇ ਸੰਦਰਭ ਵਿੱਚ ਸੰਤੁਲਿਤ ਖਾਣ ਵਾਲੇ ਤੇਲ ਦੀ ਖਪਤ ਦੀ ਮਹੱਤਤਾ ਨੂੰ ਉਜਾਗਰ ਕੀਤਾ ਅਤੇ ਭਾਈਚਾਰਿਆਂ ਵਿੱਚ ਸਿਹਤਮੰਦ ਖੁਰਾਕ ਦੀਆਂ ਆਦਤਾਂ ਬਾਰੇ ਜਾਗਰੂਕਤਾ ਪੈਦਾ ਕਰਨ ਦਾ ਉਦੇਸ਼ ਰੱਖਿਆ। ਵੈਬਿਨਾਰ ਦੀ ਪ੍ਰਧਾਨਗੀ ਸ਼੍ਰੀ ਟੀ.ਕੇ. ਅਨਿਲ ਕੁਮਾਰ, ਵਧੀਕ ਸਕੱਤਰ, ਵਿਕਾਸ ਮੰਤਰਾਲੇ ਨੇ ਕੀਤੀ। ਇਸ ਮੌਕੇ 'ਤੇ DAY-NRLM ਦੀ ਸੰਯੁਕਤ ਸਕੱਤਰ ਸ਼੍ਰੀਮਤੀ ਐਮ.ਜੀ. ਜੈਸ਼੍ਰੀ ਅਤੇ DAY-NRLM ਦੀ ਡਿਪਟੀ ਸੈਕਟਰੀ ਡਾ. ਮੋਨਿਕਾ ਵੀ ਮੌਜੂਦ ਸਨ। ਇਸ ਸਮਾਗਮ ਵਿੱਚ ਸੀਨੀਅਰ




ਰਾਸ਼ਟਰੀ ਅਤੇ ਰਾਜ ਪੱਧਰੀ ਅਧਿਕਾਰੀਆਂ, ਰਾਜ ਮਿਸ਼ਨ ਡਾਇਰੈਕਟਰਾਂ, ਅਤੇ ਜ਼ਿਲ੍ਹਾ ਅਤੇ ਬਲਾਕ ਪੱਧਰ ਦੇ ਅਧਿਕਾਰੀਆਂ ਨੇ ਹਿੱਸਾ ਲਿਆ। ਸ਼ੁਰੂਆਤੀ ਅੰਕੜਿਆਂ ਅਨੁਸਾਰ, ਸਾਰੇ 34 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 10 ਲੱਖ ਤੋਂ ਵੱਧ ਸਵੈ-ਸਹਾਇਤਾ ਸਮੂਹ ਮੈਂਬਰਾਂ ਨੇ ਵੈਬਿਨਾਰ ਵਿੱਚ ਹਿੱਸਾ ਲਿਆ। ਸ਼੍ਰੀਮਤੀ ਐਮ.ਜੀ. ਜੈਸ਼੍ਰੀ ਨੇ ਸਵਾਗਤ ਭਾਸ਼ਣ ਦਿੱਤਾ ਅਤੇ ਵੈਬਿਨਾਰ ਦੇ ਸੰਦਰਭ ਨੂੰ ਪੇਸ਼ ਕੀਤਾ। ਉਨ੍ਹਾਂ ਦੱਸਿਆ ਕਿ DAY-NRLM, 9.1 ਮਿਲੀਅਨ ਤੋਂ ਵੱਧ ਸਵੈ-ਸਹਾਇਤਾ ਸਮੂਹਾਂ ਰਾਹੀਂ 100 ਮਿਲੀਅਨ ਤੋਂ ਵੱਧ ਪਰਿਵਾਰਾਂ ਤੱਕ ਆਪਣੀ ਪਹੁੰਚ ਦੇ ਨਾਲ, ਦੁਨੀਆ ਦੇ ਸਭ ਤੋਂ ਵੱਡੇ ਔਰਤਾਂ ਦੀ ਅਗਵਾਈ ਵਾਲੇ ਭਾਈਚਾਰਕ ਨੈੱਟਵਰਕਾਂ ਵਿੱਚੋਂ ਇੱਕ ਹੈ ਅਤੇ ਜ਼ਮੀਨੀ ਪੱਧਰ @ਤੇ ਸਿਹਤ ਅਤੇ ਪੋਸ਼ਣ ਜਾਗਰੂਕਤਾ ਫੈਲਾਉਣ ਲਈ ਵਿਲੱਖਣ ਤੌਰ @ਤੇ ਸਥਿਤ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੋਟਾਪਾ ਅਤੇ ਦਿਲ ਦੀ ਬਿਮਾਰੀ ਸਮੇਤ ਸਿਹਤ ਚੁਣੌਤੀਆਂ ਹੁਣ ਸ਼ਹਿਰੀ ਖੇਤਰਾਂ ਤੱਕ ਸੀਮਤ ਨਹੀਂ ਹਨ ਅਤੇ ਪੇਂਡੂ ਪਰਿਵਾਰਾਂ ਵਿੱਚ ਵੀ ਵੱਧਦੀਆਂ ਦਿਖਾਈ ਦੇ ਰਹੀਆਂ ਹਨ। ਉਨ੍ਹਾਂ ਨੇ ਸਵੈ-ਸਹਾਇਤਾ ਸਮੂਹਾਂ ਅਤੇ ਭਾਈਚਾਰਕ ਵਰਕਰਾਂ ਨੂੰ ਸਿਹਤਮੰਦ ਖਾਣਾ ਪਕਾਉਣ ਦੇ ਤਰੀਕਿਆਂ ਨੂੰ ਉਤਸ਼ਾਹਿਤ ਕਰਨ ਦੀ ਜ਼ਿੰਮੇਵਾਰੀ ਲੈਣ ਲਈ ਉਤਸ਼ਾਹਿਤ ਕੀਤਾ ਅਤੇ ਕਿਹਾ ਕਿ ਜੇਕਰ ਹਰੇਕ ਸਵੈ-ਸਹਾਇਤਾ ਸਮੂਹ ਪਰਿਵਾਰ ਦੁਆਰਾ ਛੋਟੀਆਂ ਤਬਦੀਲੀਆਂ ਅਪਣਾਈਆਂ ਜਾਣ, ਤਾਂ ਇਹ ਇੱਕ ਸਿਹਤਮੰਦ ਦਿਲ, ਸਿਹਤਮੰਦ ਪਰਿਵਾਰ ਅਤੇ ਇੱਕ ਸਿਹਤਮੰਦ ਰਾਸ਼ਟਰ ਦੀ ਅਗਵਾਈ ਕਰ ਸਕਦਾ ਹੈ। ਮਾਹਰ ਭਾਸ਼ਣ ਡਾ. ਸੁੱਬਾ ਰਾਓ ਐਮ. ਗਵਰਾਵਰਾਪੂ, ਵਿਗਿਆਨੀ ਜੀ ਅਤੇ ਮੁਖੀ, ਪੋਸ਼ਣ ਜਾਣਕਾਰੀ, ਸੰਚਾਰ ਅਤੇ ਸਿਹਤ ਸਿੱਖਿਆ ਡਿਵੀਜ਼ਨ, ICMR-ਨੈਸ਼ਨਲ ਇੰਸਟੀਚਿਊਟ ਆਫ਼ ਨਿਊਟ੍ਰੀਸ਼ਨ ਦੁਆਰਾ ਦਿੱਤਾ ਗਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ, ਭਾਰਤ ਕੁਪੋਸ਼ਣ ਦੇ ਤਿੰਨ ਗੁਣਾ ਭਾਰ ਦਾ ਸਾਹਮਣਾ ਕਰ ਰਿਹਾ ਹੈ - ਕੁਪੋਸ਼ਣ, ਮੋਟਾਪਾ, ਅਤੇ ਵਧਦੀਆਂ ਗੈਰ-ਸੰਚਾਰੀ ਬਿਮਾਰੀਆਂ, ਅਤੇ ਇਸ ਸੰਕਟ ਦੀ ਜੜ੍ਹ ਗੈਰ-ਸਿਹਤਮੰਦ ਚਰਬੀ ਦਾ ਸੇਵਨ ਹੈ। ਕੋਈ ਵੀ ਤੇਲ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਹੈ; ਭਾਰਤੀਆਂ ਲਈ ICMR-NIN ਖੁਰਾਕ ਦਿਸ਼ਾ-ਨਿਰਦੇਸ਼ ਸਰ੍ਹੋਂ, ਮੂੰਗਫਲੀ, ਤਿਲ, ਸੂਰਜਮੁਖੀ ਅਤੇ ਹੋਰ ਸਥਾਨਕ ਤੌਰ 'ਤੇ ਉਪਲਬਧ ਤੇਲਾਂ ਵਿਚਕਾਰ ਬਦਲਵੇਂ ਰੂਪ ਵਿੱਚ ਲੈਣ ਦੀ ਸਿਫਾਰਸ਼ ਕਰਦੇ ਹਨ, ਪਰ ਸਖ਼ਤ ਸੰਜਮ ਨਾਲ, 2000 kcal ਖੁਰਾਕ ਲਈ ਪ੍ਰਤੀ ਵਿਅਕਤੀ ਪ੍ਰਤੀ ਦਿਨ 30 ਗ੍ਰਾਮ ਤੋਂ ਵੱਧ ਚਰਬੀ ਦੀ ਮਾਤਰਾ ਨੂੰ ਸੀਮਤ ਨਹੀਂ ਕਰਨਾ ਚਾਹੀਦਾ। ਤੇਲ ਨੂੰ ਕਦੇ ਵੀ ਬਹੁਤ ਜ਼ਿਆਦਾ ਤਾਪਮਾਨ @ਤੇ ਲੰਬੇ ਸਮੇਂ ਲਈ ਗਰਮ ਨਹੀਂ ਕਰਨਾ ਚਾਹੀਦਾ, ਅਤੇ ਤੇਲ ਨੂੰ ਵਾਰ-ਵਾਰ ਗਰਮ ਕਰਨ ਤੋਂ ਸਖ਼ਤੀ ਨਾਲ ਪਰਹੇਜ਼ ਕਰਨਾ ਚਾਹੀਦਾ ਹੈ ਕਿਉਂਕਿ ਇਹ ਨੁਕਸਾਨਦੇਹ ਮਿਸ਼ਰਣ ਪੈਦਾ ਕਰਦਾ ਹੈ। ਅਲਟਰਾ-ਪ੍ਰੋਸੈਸਡ ਭੋਜਨ ਤੋਂ ਦੂਰ ਰਹਿਣਾ ਵੀ ਉਨਾ ਹੀ ਮਹੱਤਵਪੂਰਨ ਹੈ। ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਸਾਡੇ ਬੱਚੇ ਚਿਪਸ, ਮਿੱਠੇ ਪੀਣ ਵਾਲੇ ਪਦਾਰਥ ਅਤੇ ਪੈਕ ਕੀਤੇ ਸਨੈਕਸ ਖਾ ਕੇ ਵੱਡੇ ਹੋ ਰਹੇ ਹਨ - ਅੱਜ ਦੀਆਂ ਆਦਤਾਂ ਕੱਲ੍ਹ ਸਾਡੇ ਦੇਸ਼ ਦੀ ਸਿਹਤ ਨੂੰ ਨਿਰਧਾਰਤ ਕਰਨਗੀਆਂ।' ਵੈਬਿਨਾਰ ਦਾ ਅੰਤ ਜ਼ਮੀਨੀ ਪੱਧਰ 'ਤੇ ਦਿਨ ਦੀਆਂ ਸਿੱਖਿਆਵਾਂ ਨੂੰ ਲਾਗੂ ਕਰਨ ਦੀ ਸਾਂਝੀ ਵਚਨਬੱਧਤਾ ਨਾਲ ਹੋਇਆ - ਕਿ ਚੰਗੀ ਸਿਹਤ ਰਸੋਈ ਤੋਂ ਸ਼ੁਰੂ ਹੁੰਦੀ ਹੈ, ਅਤੇ ਤੇਲ ਦੀ ਹਰ ਬੂੰਦ ਨੂੰ ਬਚਾਉਣਾ ਇੱਕ ਕਦਮ ਅੱਗੇ ਹੈ, ਜੋ ਸੰਘ, ਸਵਾਸਥ, ਸਮ੍ਰਿੱਧੀ ਦੀ ਭਾਵਨਾ ਤੋਂ ਪ੍ਰੇਰਿਤ ਹੈ।

# ਦਿੱਲੀ ਦੇ ਉਪ-ਰਾਜਪਾਲ ਵੱਲੋਂ ਬੋਂਟਾ ਪਾਰਕ ਦਾ ਦੌਰਾ: ਸੈਰ ਕਰ ਰਹੇ ਲੋਕਾਂ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ, 30 ਮਈ, (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਉਪ-ਰਾਜਪਾਲ (ਐਲ.ਜੀ.) ਵਿਨੈ ਕੁਮਾਰ ਸਕਸੈਨਾ ਵੱਲੋਂ ਅੱਜ ਸਵੇਰੇ ਦਿੱਲੀ ਯੂਨੀਵਰਸਿਟੀ ਦੇ ਨਜ਼ਦੀਕ ਉੱਤਰੀ ਰਿਜ ਸਥਿਤ ਮਸ਼ਹੂਰ ਅਤੇ ਇਤਿਹਾਸਕ ਬੋਂਟਾ ਪਾਰਕ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਪਾਰਕ ਵਿੱਚ ਸਵੇਰ ਦੀ ਸੈਰ ਕਰਨ ਆਏ ਸਥਾਨਕ ਨਿਵਾਸੀਆਂ, ਨੌਜਵਾਨਾਂ ਅਤੇ ਬਜ਼ੁਰਗਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ। ਦਿੱਲੀ ਵਿਕਾਸ ਅਥਾਰਟੀ (ਡੀ.ਡੀ.ਏ.) ਦੇ ਅਧੀਨ ਆਉਣ ਵਾਲੇ ਇਸ ਖ਼ੂਬਸੂਰਤ ਅਤੇ ਹਰੇ-ਭਰੇ ਖੇਤਰ ਵਿੱਚ ਪਹੁੰਚੇ ਉਪ-ਰਾਜਪਾਲ ਨੇ ਉੱਥੇ ਮੌਜੂਦ ਆਮ ਲੋਕਾਂ ਨਾਲ ਮੁਲਾਕਾਤ ਕਰਕੇ ਪਾਰਕ ਦੀਆਂ ਸਹੂਲਤਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਉਨ੍ਹਾਂ ਨੇ ਲੋਕਾਂ ਦੇ ਕੀਮਤੀ ਸੁਝਾਅ ਅਤੇ ਫੀਡਬੈਕ ਹਾਸਲ ਕੀਤੇ, ਤਾਂ ਜੋ ਪਾਰਕ ਦੇ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਨੂੰ ਹੋਰ ਜ਼ਿਆਦਾ ਆਧੁਨਿਕ ਅਤੇ ਸੁਵਿਧਾਜਨਕ ਬਣਾਇਆ ਜਾ ਸਕੇ। ਆਪਣੀ ਇਸ ਫੇਰੀ ਦੌਰਾਨ ਉਪ-ਰਾਜਪਾਲ ਨੇ ਰਾਜਧਾਨੀ ਦੀ ਜੀਵੰਤ ਸਵੇਰ ਦੀ ਸੰਸਕ੍ਰਿਤੀ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪਾਰਕ ਵਿੱਚ ਨਾਗਰਿਕਾਂ ਨੂੰ ਯੋਗਾ, ਕਸਰਤ ਅਤੇ ਜੌਗਿੰਗ ਕਰਦੇ ਦੇਖਣਾ ਅਤੇ ਪਰਿਵਾਰਾਂ ਨੂੰ ਇਸ ਸ਼ਾਂਤਮਈ ਕੁਦਰਤੀ ਮਾਹੌਲ ਦਾ ਆਨੰਦ ਲੈਂਦੇ ਦੇਖਣਾ ਬਹੁਤ ਹੀ ਪ੍ਰੇਰਨਾਦਾਇਕ ਅਤੇ ਸਕੂਨ ਦੇਣ ਵਾਲਾ ਅਨੁਭਵ ਰਿਹਾ। ਉਨ੍ਹਾਂ ਵਿਸ਼ੇਸ਼ ਤੌਰ @ਤੇ ਜ਼ਿਕਰ ਕੀਤਾ ਕਿ ਦਿੱਲੀ ਦੇ ਲੋਕਾਂ ਵਿੱਚ ਆਪਣੀ



ਸਿਹਤ ਅਤੇ ਤੰਦਰੁਸਤੀ ਪ੍ਰਤੀ ਵਧ ਰਹੀ ਇਹ ਜਾਗਰੂਕਤਾ ਬਹੁਤ ਹੀ ਉਤਸ਼ਾਹਜਨਕ ਹੈ। ਲੋਕਾਂ ਨਾਲ ਹੋਈ ਇਹ ਗੱਲਬਾਤ ਅਤੇ ਸਾਂਝੇ ਕੀਤੇ ਪਲ ਦਿੱਲੀ ਦੀ ਅਸਲ ਊਰਜਾ, ਜੀਵਨ ਸ਼ਕਤੀ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਦਰਸਾਉਂਦੇ ਹਨ। ਇਸ ਮੌਕੇ ਸਥਾਨਕ ਲੋਕਾਂ ਨੇ ਉਪ-ਰਾਜਪਾਲ ਨਾਲ ਗੱਲਬਾਤ ਕਰਦਿਆਂ ਪਾਰਕ ਦੀ ਸਾਂਭ-ਸੰਭਾਲ ਅਤੇ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਕਈ ਮਹੱਤਵਪੂਰਨ ਸੁਝਾਅ ਅਤੇ ਨਵੇਂ ਵਿਚਾਰ ਸਾਂਝੇ ਕੀਤੇ, ਜਿਨ੍ਹਾਂ ਨੂੰ ਉਨ੍ਹਾਂ ਨੇ ਬੜੀ ਗੰਭੀਰਤਾ ਨਾਲ ਸੁਣਿਆ। ਉਪ-ਰਾਜਪਾਲ ਨੇ ਜਨਤਾ ਨੂੰ ਪੂਰਾ ਵਿਸ਼ਵਾਸ ਦਿਵਾਇਆ ਕਿ ਇਹ ਸੁਝਾਅ ਦਿੱਲੀ ਦੇ ਜਨਤਕ ਸਥਾਨਾਂ ਨੂੰ ਵਧੇਰੇ ਖੂਬਸੂਰਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ ਅਤੇ ਇਨ੍ਹਾਂ ਨੂੰ ਹਰ ਵਰਗ ਲਈ ਸੁਵਿਧਾਜਨਕ, ਸੁਰੱਖਿਅਤ ਅਤੇ ਜੀਵੰਤ ਰੱਖਣ ਲਈ ਹਰ ਸੰਭਵ ਕਦਮ ਚੁੱਕੇ ਜਾਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪ੍ਰਸ਼ਾਸਨ ਦਿੱਲੀ ਦੇ ਇਨ੍ਹਾਂ ਹਰੇ-ਭਰੇ ਫੇਫੜਿਆਂ (ਗ੍ਰੀਨ ਲੰਗਸ) ਨੂੰ ਬਚਾਉਣ, ਸੁਰੱਖਿਅਤ ਰੱਖਣ ਅਤੇ ਹੋਰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਾਡਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਰਾਜਧਾਨੀ ਦੇ ਸਾਰੇ ਪਾਰਕ ਅਤੇ ਜਨਤਕ ਸਥਾਨ ਹਮੇਸ਼ਾ ਸਾਫ਼-ਸੁਥਰੇ ਅਤੇ ਸੁੰਦਰ ਰਹਿਣ। ਅਖੀਰ ਵਿੱਚ ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਸੱਦਾ ਦਿੱਤਾ ਕਿ ਆਓ ਸਾਰੇ ਇਕੱਠੇ ਮਿਲ ਕੇ ਅੱਗੇ ਆਈਏ ਅਤੇ ਦਿੱਲੀ ਨੂੰ ਇੱਕ ਸਿਹਤਮੰਦ, ਸਾਫ਼-ਸੁਥਰੀ ਅਤੇ ਹਰਿਆਵਲ ਭਰਪੂਰ ਸਿਟੀ ਬਣਾਉਣ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਈਏ।

# ਦਿੱਲੀ ਨੂੰ ਵਿਕਸਿਤ ਅਤੇ ਭਵਿੱਖ ਲਈ ਤਿਆਰ ਮਾਡਲ ਸਿਟੀ ਬਣਾਉਣ ਲਈ ਨਿੱਜੀ ਖੇਤਰ ਦੀ ਭਾਈਵਾਲੀ ਲਾਜ਼ਮੀ: ਲੈਫਟੀਨੈਂਟ ਗਵਰਨਰ



ਨਵੀਂ ਦਿੱਲੀ, 30 ਮਈ, (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਲੈਫਟੀਨੈਂਟ ਗਵਰਨਰ (ਐਲ.ਜੀ.) ਵੱਲੋਂ ਕੰਫੈਡਰੇਸ਼ਨ ਆਫ ਇੰਡੀਅਨ ਇੰਡਸਟਰੀ (399) ਦੀ ਉੱਤਰੀ ਖੇਤਰੀ ਕੌਂਸਲ ਦੀ ਅਹਿਮ ਮੀਟਿੰਗ ਨੂੰ ਸੰਬੋਧਨ ਕੀਤਾ ਗਿਆ। ਇਸ ਉੱਚ ਪੱਧਰੀ ਮੀਟਿੰਗ ਵਿੱਚ ਉਦਯੋਗ ਜਗਤ ਦੇ ਪ੍ਰਮੁੱਖ ਹਿੱਸੇਦਾਰਾਂ ਅਤੇ ਮੋਹਰੀ ਕਾਰੋਬਾਰੀਆਂ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਦੇਸ਼ ਦੀ ਰਾਜਧਾਨੀ ਦਿੱਲੀ ਅਤੇ ਪੂਰੇ ਉੱਤਰੀ ਖੇਤਰ ਦੇ ਉਦਯੋਗਿਕ ਅਤੇ ਸ਼ਹਿਰੀ ਵਿਕਾਸ ਨਾਲ ਜੁੜੇ ਕਈ ਅਹਿਮ ਮੁੱਦਿਆਂ @ਤੇ ਡੂੰਘਾਈ ਨਾਲ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਲੈਫਟੀਨੈਂਟ ਗਵਰਨਰ ਨੇ ਇਸ ਗੱਲ @ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਪੂਰੇ ਉੱਤਰੀ ਖੇਤਰ ਵਿੱਚ ਨਵੀਨਤਾ (ਇਨੋਵੇਸ਼ਨ), ਟਿਕਾਊ ਸ਼ਹਿਰੀ ਵਿਕਾਸ ਅਤੇ ਵਾਤਾਵਰਣ ਦੀ ਮਜ਼ਬੂਤੀ ਨੂੰ ਉਤਸ਼ਾਹਿਤ ਕਰਨ ਵਿੱਚ ਦਿੱਲੀ ਦੀ ਭੂਮਿਕਾ ਹਮੇਸ਼ਾ ਹੀ ਸਭ ਤੋਂ ਮਹੱਤਵਪੂਰਨ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਹੋਰ ਵੀ ਅਹਿਮ ਹੋਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਦੂਰਅੰਦੇਸ਼ੀ ਵਿਜ਼ਨ ਅਨੁਸਾਰ, ਦੇਸ਼ ਦੇ ਰਾਸ਼ਟਰੀ ਵਿਕਾਸ ਵਿੱਚ ਨਿੱਜੀ ਖੇਤਰ ਇੱਕ ਬਹੁਤ ਹੀ ਜ਼ਰੂਰੀ ਅਤੇ ਅਨਿੱਖੜਵਾਂ ਹਿੱਸੇਦਾਰ ਹੈ। ਉਨ੍ਹਾਂ ਨੇ ਮੌਜੂਦਾ ਸਮੇਂ ਦੀ ਮੰਗ ਨੂੰ ਦੇਖਦੇ ਹੋਏ ਸਰਕਾਰ ਅਤੇ ਉਦਯੋਗ ਜਗਤ (ਗੌਰਮਿੰਟ-ਇੰਡਸਟਰੀ) ਵਿਚਕਾਰ ਆਪਸੀ ਤਾਲਮੇਲ ਅਤੇ ਸਹਿਯੋਗ ਨੂੰ ਹੋਰ ਵਧੇਰੇ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਲੈਫਟੀਨੈਂਟ ਗਵਰਨਰ ਨੇ ਅੱਗੇ ਕਿਹਾ ਕਿ ਦਿੱਲੀ ਪ੍ਰਸ਼ਾਸਨ ਸਮਾਰਟ ਬੁਨਿਆਦੀ ਢਾਂਚੇ (ਸਮਾਰਟ ਇੰਫਰਾਸਟਰਕਚਰ), ਵਾਤਾਵਰਣ ਪੱਖੀ ਹਰੀਆਂ ਪਹਿਲਕਦਮੀਆਂ (ਗ੍ਰੀਨ ਇਨੀਸ਼ੀਏਟਿਵਜ਼) ਅਤੇ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਵਾਲੇ ਸਰਬਪੱਖੀ ਵਿਕਾਸ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਰਕਾਰ ਦਾ ਮੁੱਖ ਉਦੇਸ਼ ਦੇਸ਼ ਦੀ ਰਾਜਧਾਨੀ ਦਿੱਲੀ ਨੂੰ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਇਕ ਸ਼ਾਨਦਾਰ @ਮਾਡਲ ਸਿਟੀ@ ਵਜੋਂ ਤਬਦੀਲ ਕਰਨਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਸਾਰੇ ਯਤਨ ਪ੍ਰਧਾਨ ਮੰਤਰੀ ਦੇ @ਵਿਕਸਿਤ ਭਾਰਤ@ ਦੇ ਵੱਡੇ ਸੁਪਨੇ ਨੂੰ ਸਾਕਾਰ ਕਰਨ ਅਤੇ @ਵਿਕਸਿਤ ਦਿੱਲੀ@ ਦੇ ਸੰਕਲਪ ਨੂੰ ਪੂਰਾ ਕਰਨ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਸਾਰਥਕ ਯੋਗਦਾਨ ਪਾਉਣਗੇ। ਉਦਯੋਗਿਕ ਆਗੂਆਂ ਨੇ ਵੀ ਸਰਕਾਰ ਦੀਆਂ ਇਨ੍ਹਾਂ ਨੀਤੀਆਂ ਦਾ ਸਵਾਗਤ ਕੀਤਾ ਅਤੇ ਦਿੱਲੀ ਦੇ ਵਿਕਾਸ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਖਾਦੀ ਅਤੇ ਗ੍ਰਾਮਉਦਯੋਗ ਖੇਤਰ ਨੇ ਰਚਿਆ ਨਵਾਂ ਇਤਿਹਾਸ, ਕਾਰੋਬਾਰ 1.87 ਲੱਖ ਕਰੋੜ ਰੁਪਏ ਦੇ ਪਾਰ

ਨਵੀਂ ਦਿੱਲੀ, 30 ਮਈ, (ਅੰਮ੍ਰਿਤਪਾਲ ਸਿੰਘ) : ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਮਾਰਗਦਰਸ਼ਨ ਵਿੱਚ ਖਾਦੀ ਅਤੇ ਗ੍ਰਾਮਉਦਯੋਗ ਕਮਿਸ਼ਨ ਨੇ ਵਿੱਤੀ ਸਾਲ 2025-26 ਦੌਰਾਨ ਪ੍ਰਦਰਸ਼ਨ ਦੇ ਨਵੇਂ ਆਯਾਮ ਸਥਾਪਿਤ ਕੀਤੇ ਹਨ। ਕੇਵੀਆਈਸੀ ਦੇ ਚੇਅਰਮੈਨ ਸ਼੍ਰੀ ਮਨੋਜ ਕੁਮਾਰ ਵੱਲੋਂ ਜਾਰੀ ਕੀਤੇ ਗਏ ਵਿੱਤੀ ਸਾਲ 2025-26 ਦੇ ਆਰਜ਼ੀ ਅੰਕੜਿਆਂ ਅਨੁਸਾਰ, ਖਾਦੀ ਅਤੇ ਗ੍ਰਾਮਉਦਯੋਗ ਖੇਤਰ ਨੇ ਇੱਕ ਇਤਿਹਾਸਕ ਪ੍ਰਾਪਤੀ ਹਾਸਲ ਕਰਦਿਆਂ ਪਹਿਲੀ ਵਾਰ 1.87 ਲੱਖ ਕਰੋੜ ਰੁਪਏ ਦੇ ਕਾਰੋਬਾਰ ਦਾ ਅੰਕੜਾ ਪਾਰ ਕੀਤਾ ਹੈ। ਨਵੀਂ ਦਿੱਲੀ ਦੇ ਰਾਜਘਾਟ ਸਥਿਤ ਗਾਂਧੀ ਦਰਸ਼ਨ ਦਫ਼ਤਰ ਵਿਖੇ ਇਹ ਅੰਕੜੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਪਿਛਲੇ 12 ਸਾਲਾਂ ਵਿੱਚ ਉਤਪਾਦਨ, ਬਿਕਰੀ ਅਤੇ ਰੁਜ਼ਗਾਰ ਦੇ ਖੇਤਰ ਵਿੱਚ ਬੇਮਿਸਾਲ ਤਰੱਕੀ ਦਰਜ ਕੀਤੀ ਗਈ ਹੈ। ਸਾਲ 2013-14 ਦੀ ਤੁਲਨਾ ਵਿੱਚ ਪਿਛਲੇ 12 ਸਾਲਾਂ ਦੌਰਾਨ ਉਤਪਾਦਨ ਵਿੱਚ 380 ਪ੍ਰਤੀਸ਼ਤ ਦੇ





ਉਛਾਲ ਨਾਲ ਇਹ ਖੇਤਰ ਲਗਭਗ ਪੰਜ ਗੁਣਾ ਵਧਿਆ ਹੈ, ਜਦੋਂ ਕਿ ਬਿਕਰੀ ਵਿੱਚ 501 ਪ੍ਰਤੀਸ਼ਤ ਦਾ ਇਤਿਹਾਸਕ ਵਾਧਾ ਦਰਜ ਕਰਕੇ ਇਹ ਛੇ ਗੁਣਾ ਤੋਂ ਵੀ ਵੱਧ ਵਿਸਤਾਰਿਤ ਹੋਇਆ ਹੈ। ਇਸੇ ਤਰ੍ਹਾਂ ਰੁਜ਼ਗਾਰ ਦੇ ਖੇਤਰ ਵਿੱਚ ਵੀ 56 ਪ੍ਰਤੀਸ਼ਤ ਦਾ ਮਹੱਤਵਪੂਰਨ ਵਾਧਾ ਹੋਇਆ ਹੈ, ਜਿਸ ਸਦਕਾ ਹੁਣ 2.04 ਕਰੋੜ ਲੋਕਾਂ ਨੂੰ ਇਸ ਖੇਤਰ ਰਾਹੀਂ ਆਜੀਵਿਕਾ ਮਿਲ ਰਹੀ ਹੈ। ਵਿੱਤੀ ਸਾਲ 2025-26 ਵਿੱਚ ਖਾਦੀ ਅਤੇ ਗ੍ਰਾਮਉਦਯੋਗ ਉਤਪਾਦਾਂ ਦੀ ਕੁੱਲ ਬਿਕਰੀ 1,87,105 ਕਰੋੜ ਰੁਪਏ ਦੇ ਰਿਕਾਰਡ ਪੱਧਰ @ਤੇ ਪਹੁੰਚ ਗਈ ਹੈ, ਜੋ ਕਿ ਪੇਂਡੂ ਭਾਰਤ ਦੀ ਵਧਦੀ ਉੱਦਮਤਾ ਅਤੇ ਆਰਥਿਕ ਸਸ਼ਕਤੀਕਰਨ ਦਾ ਪ੍ਰਮਾਣ ਹੈ। ਜੇਕਰ ਵੱਖ-ਵੱਖ ਖੇਤਰਾਂ ਦੀ ਗੱਲ ਕਰੀਏ ਤਾਂ ਖਾਦੀ ਕੱਪੜਿਆਂ ਦਾ ਉਤਪਾਦਨ 390 ਪ੍ਰਤੀਸ਼ਤ ਦੀ ਬੜ੍ਹਤ ਨਾਲ 3,974 ਕਰੋੜ ਰੁਪਏ ਅਤੇ ਬਿਕਰੀ 628 ਪ੍ਰਤੀਸ਼ਤ ਦੀ ਵੱਡੀ ਛਾਲ ਨਾਲ 7,869 ਕਰੋੜ ਰੁਪਏ ਤੱਕ ਪਹੁੰਚ ਗਈ ਹੈ। ਦੂਜੇ ਪਾਸੇ ਗ੍ਰਾਮਉਦਯੋਗ ਖੇਤਰ ਵਿੱਚ ਵੀ ਉਤਪਾਦਨ ਵਧ ਕੇ 1,21,322 ਕਰੋੜ ਰੁਪਏ ਅਤੇ ਬਿਕਰੀ 1,79,236 ਕਰੋੜ ਰੁਪਏ ਦੇ ਰਿਕਾਰਡ ਪੱਧਰ @ਤੇ ਜਾ ਪਹੁੰਚੀ ਹੈ। ਇਸ ਵਿਕਾਸ ਯਾਤਰਾ ਵਿੱਚ ਮਹਿਲਾ ਸਸ਼ਕਤੀਕਰਨ ਦਾ ਵੀ ਵੱਡਾ ਯੋਗਦਾਨ ਰਿਹਾ ਹੈ ਕਿਉਂਕਿ ਖਾਦੀ ਖੇਤਰ ਦੇ ਲਗਭਗ 5 ਲੱਖ ਕਾਰੀਗਰਾਂ ਵਿੱਚੋਂ 80 ਪ੍ਰਤੀਸ਼ਤ ਤੋਂ ਵੱਧ ਮਹਿਲਾਵਾਂ ਹਨ। ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਰੁਜ਼ਗਾਰ ਸਿਰਜਣ ਪ੍ਰੋਗਰਾਮ ਦੇ ਤਹਿਤ ਇਸ ਸਾਲ 66,494 ਨਵੀਆਂ ਇਕਾਈਆਂ ਸਥਾਪਿਤ ਕੀਤੀਆਂ ਗਈਆਂ, ਜਿਨ੍ਹਾਂ ਰਾਹੀਂ 7,31,434 ਲੋਕਾਂ ਨੂੰ ਰੁਜ਼ਗਾਰ ਮਿਲਿਆ ਅਤੇ ਇਸ ਵਿੱਚ 28,180 ਮਹਿਲਾ ਉੱਦਮੀਆਂ ਨੇ ਆਪਣੀਆਂ ਇਕਾਈਆਂ ਲਗਾਈਆਂ ਹਨ। ਕਮਿਸ਼ਨ ਨੇ ਕਾਰੀਗਰਾਂ ਦੀ ਆਰਥਿਕ ਹਾਲਤ ਸੁਧਾਰਨ ਲਈ ਉਨ੍ਹਾਂ ਦੀ ਉਜਰਤ ਨੂੰ ਵੀ 2013-14 ਦੇ 4 ਰੁਪਏ ਪ੍ਰਤੀ ਹੈਂਕ ਤੋਂ 275 ਪ੍ਰਤੀਸ਼ਤ ਵਧਾ ਕੇ 15 ਰੁਪਏ ਪ੍ਰਤੀ ਹੈਂਕ ਕਰ ਦਿੱਤਾ ਹੈ। ਇਸ ਦੇ ਨਾਲ ਹੀ ਸਰਕਾਰੀ ਸਪਲਾਈ ਵਧ ਕੇ 92.08 ਕਰੋੜ ਰੁਪਏ ਹੋ ਗਈ ਹੈ ਅਤੇ ਦੇਸ਼ ਵਿੱਚ ਚੱਲ ਰਹੀ @ਹਰ ਘਰ ਤਿਰੰਗਾ@ ਵਰਗੀ ਜਨ-ਮੁਹਿੰਮ ਦੇ ਪ੍ਰਭਾਵ ਸਦਕਾ ਖਾਦੀ ਦੇ ਰਾਸ਼ਟਰੀ ਝੰਡੇ ਦੀ ਬਿਕਰੀ ਵੀ ਵਧ ਕੇ 2.35 ਕਰੋੜ ਰੁਪਏ ਤੱਕ ਪਹੁੰਚ ਗਈ ਹੈ। ਕੇਵੀਆਈਸੀ ਦੇ ਚੇਅਰਮੈਨ ਸ਼੍ਰੀ ਮਨੋਜ ਕੁਮਾਰ ਨੇ ਇਸ ਸ਼ਾਨਦਾਰ ਸਫ਼ਲਤਾ ਦਾ ਸਿਹਰਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਭਾਵਸ਼ਾਲੀ ਮਾਰਗਦਰਸ਼ਨ, ਮਹਾਤਮਾ ਗਾਂਧੀ ਦੀ ਪ੍ਰੇਰਨਾ ਅਤੇ ਪੇਂਡੂ ਖੇਤਰਾਂ ਦੇ ਕਰੋੜਾਂ ਕਾਰੀਗਰਾਂ ਦੀ ਮਿਹਨਤ ਸਿਰ ਬੰਨ੍ਹਿਆ ਹੈ।

# ਰਾਜਪਾਲ ਨੇ ਪੰਜਾਬ ਪਬਲਿਕ ਸਕੂਲ, ਨਾਭਾ ਦੇ ਹੋਣਹਾਰ ਵਿਦਿਆਰਥੀਆਂ ਦਾ ਕੀਤਾ ਸਨਮਾਨ

ਚੰਡੀਗੜ੍ਹ, 30 ਮਈ, (ਅੰਮ੍ਰਿਤਪਾਲ ਸਿੰਘ) : ਪੰਜਾਬ ਦੇ ਰਾਜਪਾਲ ਅਤੇ ਯੂਟੀ ਪ੍ਰਸ਼ਾਸਕ, ਚੰਡੀਗੜ੍ਹ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ ਪੰਜਾਬ ਪਬਲਿਕ ਸਕੂਲ, ਨਾਭਾ ਦੇ ਹੋਣਹਾਰ ਵਿਦਿਆਰਥੀਆਂ ਨੂੰ ISC, ICSE, ਅਤੇ 3195 ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ। ਲਗਭਗ 53 ਵਿਦਿਆਰਥੀਆਂ ਨੂੰ ਵੱਖ-ਵੱਖ ਸ਼੍ਰੇਣੀਆਂ ਵਿੱਚ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਵਿੱਚ ਬੈਚ ਟੌਪਰ, ਸਟ੍ਰੀਮ ਟੌਪਰ, 3195 ਟੌਪਰ ਅਤੇ ਉੱਚ ਪ੍ਰਾਪਤੀ ਕਰਨ ਵਾਲੇ ਸ਼ਾਮਲ ਹਨ। ਪੰਜਾਬ ਦੇ ਰਾਜਪਾਲ, ਜੋ ਕਿ ਸਕੂਲ ਬੋਰਡ ਦੇ ਚੇਅਰਮੈਨ ਵੀ ਹਨ, ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਦੀ ਸਫਲਤਾ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਨੇ ਅਧਿਆਪਕਾਂ ਦੇ ਨਿਰੰਤਰ ਯਤਨਾਂ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਮਾਪਿਆਂ ਦੇ



ਸਮਰਥਨ ਦੀ ਵੀ ਸ਼ਲਾਘਾ ਕੀਤੀ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਰਾਜਪਾਲ ਨੇ ਮੌਜੂਦਾ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਅਤੇ ਨਵੀਨੀਕਰਨ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਕੂਲ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ 1 ਕਰੋੜ ਦੀ ਗ੍ਰਾਂਟ ਦਾ ਐਲਾਨ ਕੀਤਾ ਅਤੇ ਸਕੂਲ ਦੇ ਵਿਆਪਕ ਪਰਿਵਰਤਨ ਲਈ ਵੱਖ-ਵੱਖ ਸਰੋਤਾਂ ਤੋਂ 5 ਕਰੋੜ ਵਾਧੂ ਦੇਣ ਦਾ ਭਰੋਸਾ ਦਿੱਤਾ। ਪ੍ਰਿੰਸੀਪਲ ਦੀ ਬੇਨਤੀ 'ਤੇ, ਉਨ੍ਹਾਂ ਨੇ ਪਿਕਬਾਲ ਖੇਡਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ 10 ਲੱਖ ਦਾ ਵੀ ਐਲਾਨ ਕੀਤਾ। ਸਕੂਲ ਦੇ ਅਕਾਦਮਿਕ ਪ੍ਰਦਰਸ਼ਨ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਕਟਾਰੀਆ ਨੇ ਕਿਹਾ ਕਿ ਆਈਐਸਸੀ ਪ੍ਰੀਖਿਆ ਦੇਣ ਵਾਲੇ ਸਾਰੇ 99 ਵਿਦਿਆਰਥੀ ਡਿਸਟਿੰਕਸ਼ਨ ਨਾਲ ਪਾਸ ਹੋਏ, ਅਤੇ ਬੈਚ ਦੀ ਔਸਤ 91 ਪ੍ਰਤੀਸ਼ਤ ਸੀ। ਲਗਭਗ 60 ਪ੍ਰਤੀਸ਼ਤ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਦੋਂ ਕਿ 34 ਵਿਦਿਆਰਥੀਆਂ ਨੇ ਕੈਮਿਸਟਰੀ, ਰਾਜਨੀਤੀ ਵਿਗਿਆਨ, ਕੰਪਿਊਟਰ ਵਿਗਿਆਨ, ਪੰਜਾਬੀ ਅਤੇ ਸਰੀਰਕ ਸਿੱਖਿਆ ਵਰਗੇ ਵਿਸ਼ਿਆਂ ਵਿੱਚ ਪੂਰੇ ਅੰਕ ਪ੍ਰਾਪਤ ਕੀਤੇ। ਆਈਸੀਐਸਈ ਪ੍ਰੀਖਿਆ ਵਿੱਚ, 103 ਵਿੱਚੋਂ 68 ਵਿਦਿਆਰਥੀਆਂ ਨੇ ਡਿਸਟਿੰਕਸ਼ਨ ਪ੍ਰਾਪਤ ਕੀਤਾ, ਜਿਸ ਨਾਲ ਬੈਚ ਦਾ ਔਸਤ ਨਤੀਜਾ 80.3 ਪ੍ਰਤੀਸ਼ਤ ਰਿਹਾ। ਬਾਈ ਵਿਦਿਆਰਥੀਆਂ ਨੇ ਪੰਜਾਬੀ, ਜੀਵ ਵਿਗਿਆਨ, ਕੰਪਿਊਟਰ ਐਪਲੀਕੇਸ਼ਨ ਅਤੇ ਭੂਗੋਲ ਵਰਗੇ ਵਿਸ਼ਿਆਂ ਵਿੱਚ ਪੂਰੇ ਅੰਕ ਪ੍ਰਾਪਤ ਕੀਤੇ।

ਸ਼੍ਰੀ ਕਟਾਰੀਆ ਨੇ ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਪੀਪੀਐਸ ਨਾਭਾ ਦੀਆਂ ਪ੍ਰਾਪਤੀਆਂ ਦੀ ਵੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਸਕੂਲ ਦੀਆਂ ਅੰਡਰ-14 ਅਤੇ ਅੰਡਰ-19 ਹਾਕੀ ਟੀਮਾਂ ਨੇ ਆਲ ਇੰਡੀਆ ਆਈਪੀਐਸਸੀ ਹਾਕੀ ਚੈਂਪੀਅਨਸ਼ਿਪ ਜਿੱਤੀ, ਜਦੋਂ ਕਿ ਘੋੜਸਵਾਰ ਟੀਮ ਨੇ ਆਲ ਇੰਡੀਆ ਆਈਪੀਐਸਸੀ ਘੋੜਸਵਾਰ ਚੈਂਪੀਅਨਸ਼ਿਪ ਵੀ ਜਿੱਤੀ, ਜਿਸ ਵਿੱਚ ਦਿੱਲੀ ਹਾਰਸ ਸ਼ੋਅ ਵਿੱਚ 27 ਸੋਨੇ ਦੇ ਤਗਮਿਆਂ ਸਮੇਤ ਕੁੱਲ 77 ਤਗਮੇ ਜਿੱਤੇ। ਰਾਜਪਾਲ ਨੇ ਹੋਣਹਾਰ ਵਿਦਿਆਰਥੀਆਂ ਲਈ ਨਕਦ ਇਨਾਮਾਂ ਦਾ ਐਲਾਨ ਕੀਤਾ, ਜਿਸ ਵਿੱਚ ਟੌਪਰ ਅਤੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕਰਨਾ ਸ਼ਾਮਲ ਹੈ।

# ਸਮਾਜਿਕ ਸੁਰੱਖਿਆ ਬੀਮਾ ਯੋਜਨਾਵਾਂ ਦਾ ਸਾਲਾਨਾ ਨਵੀਨੀਕਰਣ ਜ਼ਰੂਰੀ

ਚੰਡੀਗੜ੍ਹ, 30 ਮਈ, (ਅੰਮ੍ਰਿਤਪਾਲ ਸਿੰਘ) : ਸ਼੍ਰੀ ਰਾਮਕਿਸ਼ੋਰ ਮੀਨਾ, ਉਪ ਮਹਾਪ੍ਰਬੰਧਕ, ਰਾਜ ਪੱਧਰੀ ਬੈਂਕਰਜ਼ ਕਮੇਟੀ, ਪੰਜਾਬ ਨੇ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਭਾਰਤ ਸਰਕਾਰ ਦੀਆਂ ਜਨਤਕ ਸੁਰੱਖਿਆ ਯੋਜਨਾਵਾਂ — ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਦੇ ਤਹਿਤ ਆਪਣੇ ਬੀਮਾ ਸੁਰੱਖਿਆ ਦਾ ਸਮੇਂ ਸਿਰ ਨਵੀਨੀਕਰਣ ਯਕੀਨੀ ਬਣਾਉਣ। ਉਹਨਾਂ ਨੇ ਦੱਸਿਆ ਕਿ ਇਹ ਯੋਜਨਾਵਾਂ ਬਹੁਤ ਹੀ ਕਿਫਾਇਤੀ ਪ੍ਰੀਮੀਅਮ ਦਰਾਂ 'ਤੇ ਵਿਅਕਤੀਆਂ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਮਹੱਤਵਪੂਰਨ ਵਿੱਤੀ ਸੁਰੱਖਿਆ ਪ੍ਰਦਾਨ ਕਰਦੀਆਂ ਹਨ। PMJJBY ਦੇ ਲਾਭਾਂ ਦਾ ਜ਼ਿਕਰ ਕਰਦਿਆਂ ਸ਼੍ਰੀ ਮੀਨਾ ਨੇ ਕਿਹਾ ਕਿ ਇਹ ਯੋਜਨਾ ਕਿਸੇ ਵੀ ਕਾਰਨ ਕਰਕੇ ਬੀਮਾ ਕਵਰ ਦੇ ਤਹਿਤ ਵਿਅਕਤੀ ਦੀ ਮੌਤ ਹੋਣ @ਤੇ 2 ਲੱਖ ਰੁਪਏ ਦਾ ਜੀਵਨ ਬੀਮਾ ਕਵਰੇਜ ਪ੍ਰਦਾਨ ਕਰਦੀ ਹੈ। ਇਹ ਯੋਜਨਾ 18 ਤੋਂ 50 ਸਾਲ ਦੇ ਉਮਰ ਵਰਗ ਦੇ ਵਿਅਕਤੀਆਂ ਲਈ ਉਪਲਬਧ ਹੈ ਅਤੇ ਇਸਦਾ ਸਾਲਾਨਾ ਪ੍ਰੀਮੀਅਮ 436 ਰੁਪਏ ਹੈ। ਬੀਮਾ ਕਵਰੇਜ 1 ਜੂਨ ਤੋਂ 31 ਮਈ ਤੱਕ ਵੈਧ ਰਹਿੰਦਾ ਹੈ ਅਤੇ ਹਰ ਸਾਲ ਇਸਦਾ ਨਵੀਨੀਕਰਣ ਕੀਤਾ ਜਾ ਸਕਦਾ ਹੈ। ਇਸੇ ਤਰ੍ਹਾਂ, PMSBY ਦੇ ਅੰਤਰਗਤ 18 ਤੋਂ 70 ਸਾਲ ਦੀ ਉਮਰ ਦੇ ਵਿਅਕਤੀ ਮਾਤਰ 20 ਰੁਪਏ ਸਾਲਾਨਾ ਪ੍ਰੀਮੀਅਮ 'ਤੇ 2 ਲੱਖ ਰੁਪਏ ਤੱਕ ਦਾ ਦੁਰਘਟਨਾ ਬੀਮਾ ਕਵਰੇਜ ਪ੍ਰਾਪਤ ਕਰ ਸਕਦੇ ਹਨ। ਇਹ ਯੋਜਨਾ ਦੁਰਘਟਨਾ ਵਿੱਚ ਮੌਤ ਜਾਂ ਦੁਰਘਟਨਾ ਕਾਰਨ ਅਪਾਹਜਤਾ ਦੀ ਸਥਿਤੀ ਵਿੱਚ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਕੇ ਪਰਿਵਾਰਾਂ ਲਈ ਸਮਾਜਿਕ ਸੁਰੱਖਿਆ ਜਾਲ ਨੂੰ ਮਜ਼ਬੂਤ ਕਰਦੀ ਹੈ।

# ਭਾਜਪਾ ਆਗੂ ਰਣਦੀਪ ਦਿਓਲ ਅਤੇ ਰਮਨਦੀਪ ਖਹਿਰਾ ਨੇ ਕੇਵਲ ਸਿੰਘ ਢਿੱਲੋਂ ਨਾਲ ਕੀਤੀ ਮੁਲਾਕਾਤ



ਧੂਰੀ, 30 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਭਾਜਪਾ ਹਾਈਕਮਾਂਡ ਵੱਲੋਂ ਹਾਲ ਹੀ ਵਿੱਚ ਨਿਯੁਕਤ ਕੀਤੇ ਗਏ ਨਵੇਂ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਭਾਜਪਾ ਜ਼ਿਲ੍ਹਾ ਸੰਗਰੂਰ ਦੇ ਆਗੂ ਰਣਦੀਪ ਸਿੰਘ ਦਿਓਲ ਅਤੇ ਆਗੂ ਰਮਨਦੀਪ ਸਿੰਘ ਦਿਓਲ ਨੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਇਸ ਵੱਕਾਰੀ ਜ਼ਿੰਮੇਵਾਰੀ ਲਈ ਦਿਲੋਂ ਮੁਬਾਰਕਬਾਦ ਦਿੱਤੀ ਹੈ। ਰਣਦੀਪ ਦਿਓਲ ਅਤੇ ਰਮਨਦੀਪ ਖਹਿਰਾ ਨੇ ਹਾਈਕਮਾਂਡ ਦੇ ਇਸ ਫੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬਾ ਪ੍ਰਧਾਨ ਵਜੋਂ ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਨਾਲ ਪੰਜਾਬ ਵਿੱਚ ਪਾਰਟੀ ਵਰਕਰਾਂ ਅੰਦਰ ਇੱਕ ਨਵਾਂ ਉਤਸ਼ਾਹ ਅਤੇ ਊਰਜਾ ਦੇਖਣ ਨੂੰ ਮਿਲ ਰਹੀ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਢਿੱਲੋਂ ਦੀ ਗਤੀਸ਼ੀਲ ਲੀਡਰਸ਼ਿਪ ਅਤੇ ਲੰਬੇ ਸਿਆਸੀ ਤਜ਼ਰਬੇ ਸਦਕਾ ਭਾਜਪਾ ਸੂਬੇ ਵਿੱਚ ਨਵੀਆਂ ਬੁਲੰਦੀਆਂ ਨੂੰ ਛੂਹੇਗੀ। ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰੇ ਵਰਕਰਾਂ ਅਤੇ ਆਗੂਆਂ ਨੂੰ ਨਾਲ ਲੈ ਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।

# ਸੰਤ ਅਤਰ ਸਿੰਘ ਅਕਾਲ ਅਕੈਡਮੀ, ਮਸਤੂਆਣਾ ਸਾਹਿਬ ਵੱਲੋਂ ਵਿਦਿਆਰਥੀਆਂ ਦੀ ਸੁਰੱਖਿਆ ਤੇ ਸਿਹਤ ਜਾਗਰੂਕਤਾ ਲਈ ਵਰਕਸ਼ਾਪ



ਸੰਗਰੂਰ 30 ਮਈ (ਹਰਕੰਵਲ ਸਿੰਘ ਹੈਪੀ) : ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕਾਲਜ ਕੌਂਸਲ ਦੀ ਰਹਿਨੁਮਾਈ ਹੇਠ ਅਕਾਲ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀਆਂ ਸੰਸਥਾਵਾਂ ਬੜੇ ਉਤਸ਼ਾਹ ਨਾਲ ਵਿਦਿਆਰਥੀਆਂ ਦੀ ਭਲਾਈ ਲਈ ਕੰਮ ਕਰ ਰਹੀਆਂ ਹਨ। ਅਕਾਲ ਅਕੈਡਮੀ ਦੇ ਪ੍ਰਿੰਸੀਪਲ ਡਾ ਵਿਜੇ ਪਲਾਹਾ ਜੀ ਅਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਸਿਹਤ ਜਾਗਰੂਕਤਾ ਲਈ ਇੱਕ ਅਹਿਮ ਕਦਮ ਚੁੱਕਦਿਆਂ, ਸੰਤ ਅਤਰ ਸਿੰਘ ਅਕਾਲ ਅਕੈਡਮੀ, ਮਸਤੂਆਣਾ ਸਾਹਿਬ ਵੱਲੋਂ ਅਕੈਡਮੀ ਕੰਪਲੈਕਸ ਵਿਖੇ "EMIT" (Emergency Management of Injured Tooth - ਜ਼ਖ਼ਮੀ ਦੰਦਾਂ ਦਾ ਐਮਰਜੈਂਸੀ ਪ੍ਰਬੰਧਨ) ਵਿਸ਼ੇ 'ਤੇ ਇੱਕ ਵਿਸ਼ੇਸ਼ ਵਰਕਸ਼ਾਪ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਆਯੋਜਨ ਮੈਨੇਜਮੈਂਟ ਦੇ ਸਹਿਯੋਗ ਨਾਲ ਪੀ.ਜੀ.ਆਈ.ਐਮ.ਈ.ਆਰ. (PGIMER) ਘਾਬਦਾ ਦੀ ਮਾਹਿਰ ਡਾ. ਅਮਨਦੀਪ ਕੌਰ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤਾ ਗਿਆ। ਡਾਕਟਰੀ ਟੀਮ ਨੇ ਖ਼ਾਸ ਤੌਰ 'ਤੇ ਅਧਿਆਪਕਾਂ, ਖੇਡ ਕੋਚਾਂ ਅਤੇ ਸਕੂਲ ਦੇ ਸਟਾਫ਼ ਮੈਂਬਰਾਂ ਨੂੰ ਬਹੁਤ ਹੀ ਸਰਲ ਤਰੀਕੇ ਨਾਲ ਮਹੱਤਵਪੂਰਨ ਜਾਣਕਾਰੀ ਦਿੱਤੀ। ਇਸ ਸੈਸ਼ਨ ਦੌਰਾਨ ਸਟਾਫ਼ ਨੂੰ ਖੇਡ ਦੇ ਮੈਦਾਨ ਜਾਂ ਸਕੂਲ ਦੇ ਸਮੇਂ ਦੌਰਾਨ ਬੱਚਿਆਂ ਦੇ ਦੰਦਾਂ 'ਤੇ ਲੱਗਣ ਵਾਲੀ ਕਿਸੇ ਵੀ ਸੱਟ ਜਾਂ ਟਰਾਮਾ ਦੇ ਤੁਰੰਤ ਪ੍ਰਬੰਧਨ, ਫਸਟ ਏਡ (ਮੁੱਢਲੀ ਸਹਾਇਤਾ) ਅਤੇ ਸੁਰੱਖਿਆ ਨਿਯਮਾਂ ਬਾਰੇ ਵਿਸਥਾਰਪੂਰਵਕ ਜਾਗਰੂਕ ਕੀਤਾ ਗਿਆ।

ਇਸ ਸ਼ਲਾਘਾਯੋਗ ਮੁਹਿੰਮ ਬਾਰੇ ਗੱਲ ਕਰਦਿਆਂ ਪ੍ਰਿੰਸੀਪਲ ਸ਼੍ਰੀ ਵਿਜੇ ਪਲਾਹਾ ਜੀ ਨੇ ਕਿਹਾ, 'ਵਿਦਿਆਰਥੀਆਂ ਦੀ ਸੁਰੱਖਿਆ ਸਿਰਫ਼ ਆਮ ਦੇਖਭਾਲ ਤੱਕ ਸੀਮਤ ਨਹੀਂ ਹੈ। ਖੇਡ ਦੇ ਮੈਦਾਨ ਵਿੱਚ ਹਾਦਸੇ ਅਚਾਨਕ ਵਾਪਰ ਸਕਦੇ ਹਨ, ਅਤੇ ਉਨ੍ਹਾਂ ਸ਼ੁਰੂਆਤੀ ਨਾਜ਼ੁਕ ਮਿੰਟਾਂ ਵਿੱਚ ਦੰਦਾਂ ਦੀ ਐਮਰਜੈਂਸੀ ਨੂੰ ਸਹੀ ਢੰਗ ਨਾਲ ਸੰਭਾਲਣਾ ਕਿਸੇ ਬੱਚੇ ਦੇ ਕੀਮਤੀ ਦੰਦ ਨੂੰ ਹਮੇਸ਼ਾ ਲਈ ਬਚਾ ਸਕਦਾ ਹੈ। ਇਹ ਵਰਕਸ਼ਾਪ ਸਾਡੇ ਸਟਾਫ਼ ਨੂੰ ਐਮਰਜੈਂਸੀ ਦੌਰਾਨ ਸਹੀ, ਸੁਰੱਖਿਅਤ ਅਤੇ ਤੁਰੰਤ ਕਾਰਵਾਈ ਕਰਨ ਲਈ ਵਿਹਾਰਕ ਮਾਰਗਦਰਸ਼ਨ ਪ੍ਰਦਾਨ ਕਰੇਗੀ।'ਸੈਸ਼ਨ ਦੇ ਅਖੀਰ ਵਿੱਚ ਇੱਕ ਵਿਸ਼ੇਸ਼ ਪ੍ਰਸ਼ਨ-ਉੱਤਰ ਸੈਸ਼ਨ ਵੀ ਰੱਖਿਆ ਗਿਆ, ਜਿਸ ਵਿੱਚ ਅਧਿਆਪਕਾਂ ਅਤੇ ਖੇਡ ਕੋਚਾਂ ਨੇ ਬੱਚਿਆਂ ਦੀ ਫਸਟ-ਏਡ ਨਾਲ ਸਬੰਧਤ ਆਪਣੇ ਸ਼ੰਕਿਆਂ ਨੂੰ ਡਾਕਟਰੀ ਟੀਮ ਨਾਲ ਸਾਂਝਾ ਕੀਤਾ ਅਤੇ ਮਾਹਿਰਾਂ ਵੱਲੋਂ ਉਨ੍ਹਾਂ ਦੇ ਤਸੱਲੀਬਖਸ਼ ਜਵਾਬ ਦਿੱਤੇ ਗਏ। ਇਸ ਮੌਕੇ ਅਕੈਡਮੀ ਦੇ ਸਮੂਹ ਅਧਿਆਪਕ, ਸਪੋਰਟਸ ਵਿਭਾਗ ਦੇ ਕੋਚ ਅਤੇ ਮੈਡੀਕਲ ਰੂਮ ਦੇ ਇਨਚਾਰਜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਕੜੈਲ ਰੇਲਵੇ ਪੁਲ ਤੋੜਨ ਨਾਲ ਪੰਜਾਬ-ਹਰਿਆਣਾ ਦੀ ਆਵਾਜਾਈ ਪ੍ਰਭਾਵਿਤ, ਲੋਕਾਂ ਵਿੱਚ ਭਾਰੀ ਰੋਸ

ਮੂਨਕ, 30 ਮਈ (ਸਮਸ਼ੇਰ ਸਿੰਘ ਭੁਟਾਲ) : ਜਾਖਲ ਜੰਕਸ਼ਨ ਨਜ਼ਦੀਕ ਕੜੈਲ ਰੇਲਵੇ ਪੁਲ ਨੂੰ ਤੋੜਨ ਦਾ ਕੰਮ ਸ਼ੁਰੂ ਹੋਣ ਨਾਲ ਪੰਜਾਬ-ਹਰਿਆਣਾ ਨਾਲ ਜੁੜੀਆਂ ਮੁੱਖ ਸੜਕਾਂ ਬੰਦ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹਰਿਆਣਾ ਬਾਰਡਰ ਨਾਲ ਲੱਗਦੇ ਪੰਜਾਬ ਦੇ ਕਈ ਪਿੰਡਾਂ ਅਤੇ ਪੰਜਾਬ-ਹਰਿਆਣਾ ਵਿਚਕਾਰ ਆਵਾਜਾਈ ਕਰਨ ਵਾਲੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।

ਇਲਾਕਾ ਵਾਸੀਆਂ ਨੇ ਦੱਸਿਆ ਕਿ ਪੰਜਾਬ ਦੇ ਲੋਕਾਂ ਨੂੰ ਹਿਸਾਰ, ਰਤੀਆ, ਫਤਿਹਾਬਾਦ, ਸਿਰਸਾ ਅਤੇ ਹੋਰ ਸ਼ਹਿਰਾਂ ਵਿੱਚ ਇਲਾਜ, ਕਾਰੋਬਾਰ ਅਤੇ ਰੋਜ਼ਾਨਾ ਕੰਮਾਂ ਲਈ ਜਾਣਾ ਪੈਂਦਾ ਹੈ। ਖ਼ਾਸ ਕਰਕੇ ਹਿਸਾਰ ਦੇ ਵੱਡੇ ਹਸਪਤਾਲਾਂ ਵਿੱਚ ਇਲਾਜ ਲਈ ਜਾਣ ਵਾਲੇ ਮਰੀਜ਼ ਅਤੇ ਉਨ੍ਹਾਂ ਦੇ ਪਰਿਵਾਰ ਇਸ ਬੰਦਸ਼ ਕਾਰਨ ਕਾਫ਼ੀ ਪ੍ਰੇਸ਼ਾਨ ਹਨ।

ਲੋਕਾਂ ਨੇ ਕਿਹਾ ਕਿ ਹਰਿਆਣਾ ਵੱਲੋਂ ਚੰਡੀਗੜ੍ਹ, ਪਟਿਆਲਾ, ਪਾਤੜਾਂ ਅਤੇ ਮੂਣਕ ਵੱਲ ਜਾਣ ਵਾਲੇ ਵੱਡੇ ਵਾਹਨਾਂ ਨੂੰ ਹੁਣ ਕਈ ਕਿਲੋਮੀਟਰ ਦੂਰ ਪਿੰਡਾਂ ਦੇ ਰਸਤੇ ਰਾਹੀਂ ਘੁੰਮ ਕੇ ਜਾਣਾ ਪੈ ਰਿਹਾ ਹੈ। ਰੇਲਵੇ ਵੱਲੋਂ ਬਣਾਏ ਗਏ ਅੰਡਰਬ੍ਰਿਜਾਂ ਹੇਠੋਂ ਵੱਡੇ ਵਾਹਨ ਨਹੀਂ ਲੰਘ ਸਕਦੇ, ਜਿਸ ਕਾਰਨ ਟਰੱਕਾਂ ਅਤੇ ਹੋਰ ਭਾਰੀ ਵਾਹਨਾਂ ਦੀ ਆਵਾਜਾਈ ਬਹੁਤ ਪ੍ਰਭਾਵਿਤ ਹੋ ਰਹੀ ਹੈ।



ਗੁਰ ਨਾਨਕ ਨਗਰ ਚੂੜਲ ਪੰਚਾਇਤ ਅਤੇ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਨੇ ਮੰਗ ਕੀਤੀ ਕਿ ਗੁਰ ਨਾਨਕ ਨਗਰ ਚੂੜਲ ਤੋਂ ਤਲਵਾੜਾ ਰੋਡ ਫਾਟਕ ਤੱਕ ਬਣ ਰਹੇ ਅੰਡਰਬ੍ਰਿਜ ਪੁਲ ਦਾ ਕੰਮ ਜਲਦੀ ਮੁਕੰਮਲ ਕਰਕੇ ਆਵਾਜਾਈ ਲਈ ਖੋਲ੍ਹਿਆ ਜਾਵੇ, ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

ਅੱਜ ਕੜੈਲ ਪੁਲ ਜਾਖਲ ਦਾ ਪੁਰਾਣਾ ਢਾਂਚਾ ਤੋੜਨ ਦੌਰਾਨ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਲੋਕਾਂ ਨੇ ਦੋਸ਼ ਲਾਇਆ ਕਿ ਨਾ ਤਾਂ ਰੇਲਵੇ ਵਿਭਾਗ ਅਤੇ ਨਾ ਹੀ ਠੇਕੇਦਾਰ ਵੱਲੋਂ ਕਿਸੇ ਵਾਇਆ ਰਸਤੇ ਦੀ ਜਾਣਕਾਰੀ ਵਾਲੇ ਬੋਰਡ ਲਗਾਏ ਗਏ ਹਨ, ਜਿਸ ਕਾਰਨ ਬਾਹਰਲੇ ਇਲਾਕਿਆਂ ਤੋਂ ਆਉਣ ਵਾਲੇ ਲੋਕ ਹੋਰ ਵੀ ਭਟਕਦੇ ਰਹੇ।

ਇਸ ਮੌਕੇ ਸਰਪੰਚ ਰਾਮਫਲ ਸਿੰਘ ਗੁਰ ਨਾਨਕ ਨਗਰ ਚੂੜਲ, ਸਾਬਕਾ ਸਰਪੰਚ ਸਿੱਧੂ, ਕ੍ਰਿਸ਼ਨ ਸਿੰਘ ਸੈਣੀ, ਬਲਵਿੰਦਰ ਸਿੰਘ ਹਾਡਾਂ, ਬਲਵਿੰਦਰ ਸਿੰਘ ਆਪ ਆਗੂ, ਸੁਰਿੰਦਰ ਸਿੰਘ ਮਾਸਟਰ, ਰਾਜ਼ ਸਿੰਘ ਰਾਜ਼ ਸਰਵਿਸ ਸਟੇਸ਼ਨ, ਛੱਜੂ ਸਿੰਘ ਸਰਵਿਸ ਸਟੇਸ਼ਨ, ਮਲਕੀਤ ਸਿੰਘ ਮੈਂਬਰ, ਗਗਨ ਸਿੰਘ ਮੈਂਬਰ, ਰਵੀ ਧਾਲੀਵਾਲ, ਕਰਨੈਲ ਸਿੰਘ ਸਾਬਕਾ ਮੈਂਬਰ, ਧਰਮਾਂ ਸਿੰਘ ਸਾਬਕਾ ਮੈਂਬਰ, ਸਾਬਕਾ ਸਰਪੰਚ ਪ੍ਰੀਤ ਸਿੰਘ, ਰਣਜੀਤ ਸਿੰਘ, ਸਤਗੁਰ ਸਿੰਘ ਸਿੱਧੂ, ਗੁਰਸੇਵਕ ਸਿੰਘ ਕਿਸਾਨ ਯੂਨੀਅਨ ਏਕਤਾ ਅਜ਼ਾਦ, ਕੁਲਦੀਪ ਸਿੰਘ ਕਿਸਾਨ ਯੂਨੀਅਨ ਏਕਤਾ ਅਜ਼ਾਦ, ਬਿੱਲੂ ਸਿੰਘ, ਸੰਦੀਪ ਸਿੰਘ ਸੰਧੂ ਮੈਂਬਰ, ਤਰਸੇਮ ਸਿੰਘ ਸੈਣੀ, ਮਲਕੀਤ ਸਿੰਘ ਥਿੰਦ, ਸਰਪੰਚ ਸਾਰਜ ਸਿੰਘ ਕੜੈਲ, ਸੁਖਦੇਵ ਸਿੰਘ ਸੰਧੂ ਕਿਸਾਨ ਯੂਨੀਅਨ ਉਗਰਾਹਾਂ, ਸਿੰਮੂ ਸਿੰਘ, ਮਨਵਿੰਦਰ ਸਿੰਘ ਮਿੰਟਾ, ਜਸਵਿੰਦਰ ਸਿੰਘ ਚੂੜਲ ਖੁਰਦ, ਪੱਪੂ ਸਰਪੰਚ ਚੂੜਲ ਕਲਾ, ਕੁਲਦੀਪ ਸਿੰਘ ਸਾਬਕਾ ਸਰਪੰਚ ਚੂੜਲ ਕਲਾ ਸਮੇਤ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਮੁਹਤਬਰ ਹਾਜ਼ਰ ਸਨ।

# ਐੱਸ.ਡੀ.ਸ.ਪ.ਸ ਮੌੜ ਵਿਖੇ ਮੈਗਾ ਮਾਪੇ-ਅਧਿਆਪਕ ਮਿਲਣੀ



ਮੌੜ ਮੰਡੀ, 30 ਮਈ, (ਜੀਵਨ ਕੁਮਾਰ ਗੁਪਤਾ) : ਅੱਜ ਐੱਸ.ਡੀ ਸਰਕਾਰੀ ਪ੍ਰਾਇਮਰੀ ਸਕੂਲ ਮੌੜ ਮੰਡੀ ਵਿਖੇ ਅੱਜ ਅਧਿਆਪਕ ਮਾਪੇ ਮਿਲਣੀ ਅਤੇ ਮਦਰ ਵਰਕਸ਼ਾਪ ਦਾ ਵੱਡਾ ਦਿਨ ਸੀ। ਸਕੂਲ ਨੂੰ ਵਿਸ਼ੇਸ਼ ਤੌਰ 'ਤੇ ਮਾਪਿਆਂ ਦੇ ਸਵਾਗਤ ਦੇ ਲਈ ਸਜਾਇਆ ਗਿਆ ਸੀ। ਸਵੇਰੇ ਤੋਂ ਹੀ ਬੱਚਿਆਂ ਦੇ ਸਤਿਕਾਰਯੋਗ ਮਾਪਿਆਂ ਦਾ ਆਉਣਾ ਸ਼ੁਰੂ ਹੋ ਗਿਆ। ਮਾਪਿਆਂ ਦੇ ਨਾਲ ਬੱਚਿਆਂ ਦੀ ਕਾਰਗੁਜ਼ਾਰੀ ਸਾਂਝੀ ਕੀਤੀ ਗਈ। ਬੱਚਿਆਂ ਨੂੰ ਉਹਨਾਂ ਦੀਆਂ ਪ੍ਰਾਪਤੀਆਂ ਦੇ ਲਈ ਸਰਟੀਫਿਕੇਟ ਦਿੱਤੇ ਗਏ । ਪੁਜੀਸ਼ਨ ਹਾਸਿਲ ਕਰਨ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੌਰਾਨ ਸਕੂਲ ਮੁਖੀ ਮਨਪ੍ਰੀਤ ਕੌਰ ਅਤੇ ਐਸ.ਐਮ.ਸੀ ਚੇਅਰਮੈਨ ਰਕੇਸ਼ ਕੁਮਾਰ ਵੱਲੋਂ ਮਾਪਿਆਂ ਨੂੰ ਜੀ ਆਇਆ ਕਿਹਾ ਗਿਆ ਮਾਪਿਆਂ ਨੂੰ ਬੱਚਿਆਂ ਦੀ ਹਾਜ਼ਰੀ ਸਕੂਲ ਦੇ ਵਿੱਚ ਯਕੀਨੀ ਬਣਾਉਣ ਦੇ ਲਈ ਪ੍ਰੇਰਿਤ ਕੀਤਾ ਗਿਆ। ਸਕੂਲ ਮੁਖੀ ਮਨਪ੍ਰੀਤ ਕੌਰ ਜੀ ਨੇ ਬੱਚਿਆਂ ਦੇ ਮਾਪਿਆਂ ਨੂੰ ਵੱਧ ਤੋਂ ਵੱਧ ਦਾਖਲੇ ਸਰਕਾਰੀ ਸਕੂਲ ਦੇ ਵਿੱਚ ਦਾਖਲੇ ਕਰਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਆਉਣ ਵਾਲੇ ਭਵਿੱਖ ਦੇ ਵਿੱਚ ਬੱਚਿਆਂ ਦੇ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋ ਸਕਣ। ਬੱਚਿਆਂ ਦੇ ਮਾਪਿਆਂ ਨੇ ਵੱਧ ਚੜ੍ਹ ਕੇ ਅਧਿਆਪਕ ਮਿਲਣੀ ਦੇ ਵਿੱਚ ਸ਼ਿਰਕਤ ਕੀਤੀ। ਬੱਚਿਆਂ ਦੇ ਮਾਪਿਆਂ ਲਈ ਚਾਹ ਪਾਣੀ ਅਤੇ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ। ਵਿਦਿਆਰਥੀਆਂ ਦੇ ਲਈ ਖਾਣੇ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਖਾਸ ਮੌਕੇ ਤੇ ਬੱਚਿਆਂ ਨੇ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ। ਇਸ ਖਾਸ ਮੌਕੇ ਤੇ S.M.C ਕਮੇਟੀ ਮੈਂਬਰ ਰਕੇਸ਼ ਕੁਮਾਰ (ਚੇਅਰਮੈਨ), ਮਨੋਜ ਕੁਮਾਰ, ਚਿਮਨ ਲਾਲ ਪੂਨੀਆ, ਪ੍ਰੀਤੀ, ਸੁਖਪਾਲ ਕੌਰ ਆਦਿ ਹਾਜ਼ਰ ਸਨ। ਸਕੂਲ ਮੁਖੀ ਮਨਪ੍ਰੀਤ ਕੌਰ ਜੀ ਨੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਮਾਪਿਆਂ ਨੂੰ ਵਿੱਦਿਆ ਦੇ ਪ੍ਰਤੀ ਜਾਗਰੂਕ ਹੋਣ ਦੀ ਤਾਕੀਦ ਕੀਤੀ। ਇਸ ਖਾਸ ਮੌਕੇ 'ਤੇ ਬੱਚਿਆਂ ਦੀਆਂ ਮਾਵਾਂ ਵੱਲੋਂ ਖੇਡ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਇਸ ਮੌਕੇ ਤੇ ਸਕੂਲ ਅਧਿਆਪਕ ਰੁਪਿੰਦਰ ਸਿੰਘ, ਪ੍ਰਦੀਪ ਕੁਮਾਰ, ਊਸ਼ਾ ਗਰਗ, ਰਮਨਦੀਪ ਕੌਰ, ਜੋਤੀ ਰਾਣੀ, ਰਮਨਦੀਪ ਕੌਰ, ਸ਼ਿੰਦਰਪਾਲ ਕੌਰ, ਸਪੈਸ਼ਲ ਐਜੂਕੇਟਰ ਅਧਿਆਪਕ ਗੁਰਵੀਰ ਸਿੰਘ, ਵੀਰਪਾਲ ਕੌਰ, ਰਮਨਦੀਪ ਕੌਰ ਅਤੇ ਦੀਪਕ ਚੌਧਰੀ ਵੀ ਹਾਜ਼ਰ ਸਨ। ਇਸ ਤਰ੍ਹਾਂ ਸਮੂਹ ਸਟਾਫ ਅਤੇ ਐਸ.ਐਮ.ਸੀ ਕਮੇਟੀ ਮੈਂਬਰਜ਼ ਦੇ ਸਹਿਯੋਗ ਨਾਲ ਅਧਿਆਪਕ ਮਾਪੇ ਮਿਲਣੀ ਦਾ ਇਹ ਖਾਸ ਦਿਹਾੜਾ ਆਪਣੀ ਪੂਰੀ ਸ਼ਾਨ ਸ਼ੌਕਤ ਦੇ ਨਾਲ ਸੰਪੰਨ ਹੋਇਆ।

# ਵਧੀਆ ਨਤੀਜਿਆ ਲਈ ਪਿੰਡ ਵੱਲੋਂ ਅਧਿਆਪਕਾਂ ਦਾ ਸਨਮਾਨ



ਬੁਢਲਾਡਾ, 30 ਮਈ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਬੱਛੋਆਣਾ ਦੇ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਸਕੂਲ ਮੁਖੀ ਕੁਲਵਿੰਦਰ ਸਿੰਘ ਨੇ ਦੱਸਿਆ ਵਿਦਿਅਕ ਸੈਸ਼ਨ 2025-26 ਦੌਰਾਨ ਸਕੂਲ ਅਧਿਆਪਕਾਂ ਅਤੇ ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਦੇ ਸਾਂਝੇ ਯਤਨਾਂ ਸਦਕਾ ਸਕੂਲ ਦੇ ਚਾਰ ਵਿਦਿਆਰਥੀਆਂ ਗੁਰਵਿੰਦਰ ਸਿੰਘ, ਹਰਜੋਤ ਕੌਰ, ਹਰਮੀਤ ਕੌਰ, ਬੱਬੂ ਸਿੰਘ ਨੇ ਨਵੋਦਿਆ ਵਿਦਿਆਲਿਆ ਦੀ ਪ੍ਰਵੇਸ਼ ਪ੍ਰੀਖਿਆ ਪਾਸ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਸਕੂਲ ਦੀ ਇਸ ਪ੍ਰਾਪਤੀ ਲਈ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਹਰਪ੍ਰੀਤ ਸਿੰਘ, ਮੈਂਬਰ ਮਿੰਟੂ ਸਿੰਘ, ਜਗਜੀਵਨ ਸਿੰਘ, ਸ਼ਮਸ਼ੇਰ ਸਿੰਘ, ਜੈ ਸਿੰਘ ਅਤੇ ਬੱਚਿਆਂ ਦੇ ਮਾਪਿਆਂ ਵੱਲੋਂ ਗਾਈਡ ਅਧਿਆਪਕ ਗੁਰਮੇਲ ਸਿੰਘ ਬੱਛੋਆਣਾ ਅਤੇ ਇੰਚਾਰਜ ਮੈਡਮ ਪਰਮਿੰਦਰ ਕੌਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਨਾਂ ਅਧਿਆਪਕਾਂ ਦੀ ਮਿਹਨਤ ਸਦਕਾ ਸਕੂਲ ਦੇ ਵਿਦਿਆਰਥੀ ਗੁਰਵਿੰਦਰ ਦਾਸ ਨੇ 85 ਫੀਸਦੀ ਅੰਕ ਲੈ ਕੇ 21ਵਾਂ ਰੈਂਕ ਅਤੇ ਹਰਜੋਤ ਕੌਰ ਨੇ ਵੀ 85 ਫੀਸਦੀ ਅੰਕ ਲੈ ਕੇ 24ਵਾਂ ਰੈਂਕ ਹਾਸਲ ਕੀਤਾ। ਹਰਮੀਤ ਕੌਰ ਅਤੇ ਬੱਬੂ ਸਿੰਘ ਨੇ 77.5 ਫੀਸਦੀ ਅੰਕ ਲੈਕੇ ਨਵੋਦਿਆ ਦੀ ਪ੍ਰੀਖਿਆ ਪਾਸ ਕੀਤੀ । ਉਨ੍ਹਾਂ ਦੱਸਿਆ ਬੱਛੋਆਣਾ ਸਕੂਲ ਦੇ ਕੁੱਲ 15 ਬੱਚਿਆਂ ਨੇ ਇਹ ਪ੍ਰੀਖਿਆ ਦਿੱਤੀ ਸੀ ਜਿਨਾਂ ਵਿੱਚੋਂ 12 ਬੱਚਿਆਂ ਦਾ ਨਤੀਜਾ 85 ਫੀਸਦੀ ਤੋਂ ਲੈ ਕੇ 70 ਫੀਸਦੀ ਤੱਕ ਰਿਹਾ ਹੈ ਜਿਨ੍ਹਾਂ ਵਿੱਚੋਂ ਚਾਰ ਵਿਦਿਆਰਥੀ ਨਵੋਦਿਆ ਸਕੂਲ ਲਈ ਚੁਣੇ ਗਏ ਹਨ। ਇਸ ਸ਼ਲਾਘਾਯੋਗ ਕਾਰਜ ਲਈ ਸਕੂਲ ਮੁਖੀ ਨੇ ਸਮੂਹ ਮੈਨੇਜਮੈਂਟ ਕਮੇਟੀ ਮੈਂਬਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਮੈਡਮ ਚਰਨਜੀਤ ਕੌਰ, ਮੈਡਮ ਰਵਿੰਦਰ ਕੌਰ, ਮੈਡਮ ਖੁਸ਼ਬੂ ਰਾਣੀ, ਮੈਡਮ ਸੰਤੋਸ਼ ਰਾਣੀ, ਮੈਡਮ ਪਰਵਿੰਦਰ ਕੌਰ ਮੈਡਮ ਕਿਰਨਪਾਲ ਕੌਰ ਹਾਜ਼ਰ ਸਨ।

# ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮੌਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ



ਧਰਮਗੜ੍ਹ 30 ਮਈ (ਗੁਰਪ੍ਰੀਤ ਸਿੰਘ ਲਿੱਟ): ਹਰ ਸਾਲ 31 ਮਈ ਨੂੰ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮਨਾਇਆ ਜਾਂਦਾ ਹੈ। ਇਸ ਦਿਹਾੜੇ ਦਾ ਉਦੇਸ਼ ਲੋਕਾਂ ਨੂੰ ਤੰਬਾਕੂ ਦੇ ਸੇਵਨ ਨਾਲ ਹੋਣ ਵਾਲੇ ਗੰਭੀਰ ਨੁਕਸਾਨਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਕਰਨਾ ਹੈ। ਅੱਜ ਦੇ ਸਮੇਂ ਵਿੱਚ ਤੰਬਾਕੂ ਦੀ ਵਰਤੋਂ ਇੱਕ ਵੱਡੀ ਸਮਾਜਿਕ ਅਤੇ ਸਿਹਤ ਸੰਬੰਧੀ ਚੁਣੌਤੀ ਬਣ ਚੁੱਕੀ ਹੈ, ਜਿਸ ਦਾ ਸਭ ਤੋਂ ਵੱਧ ਪ੍ਰਭਾਵ ਨੌਜਵਾਨ ਪੀੜ੍ਹੀ ਉੱਤੇ ਪੈ ਰਿਹਾ ਹੈ। ਤੰਬਾਕੂ ਭਾਵੇਂ ਕਿਸੇ ਵੀ ਰੂਪ ਵਿੱਚ ਵਰਤਿਆ ਜਾਵੇ ਜਿਵੇਂ ਕਿ ਸਿਗਰਟ, ਬੀੜੀ, ਗੁਟਕਾ, ਜ਼ਰਦਾ, ਹੁੱਕਾ ਜਾਂ ਹੋਰ ਨਸ਼ੀਲੇ ਪਦਾਰਥਾਂ ਦੇ ਰੂਪ ਵਿੱਚ, ਇਹ ਮਨੁੱਖੀ ਸਰੀਰ ਲਈ ਬਹੁਤ ਹੀ ਹਾਨੀਕਾਰਕ ਹੈ। ਤੰਬਾਕੂ ਦੀ ਵਰਤੋਂ ਨਾਲ ਕੈਂਸਰ, ਦਿਲ ਦੇ ਰੋਗ, ਫੇਫੜਿਆਂ ਦੀਆਂ ਬਿਮਾਰੀਆਂ ਅਤੇ ਸਾਹ ਨਾਲ ਜੁੜੀਆਂ ਕਈ ਗੰਭੀਰ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਡਾਕਟਰੀ ਮਾਹਿਰਾਂ ਅਨੁਸਾਰ ਹਰ ਸਾਲ ਲੱਖਾਂ ਲੋਕ ਤੰਬਾਕੂ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੀ ਭੇਟ ਚੜ੍ਹ ਜਾਂਦੇ ਹਨ। ਸਾਡੇ ਸਮਾਜ ਵਿੱਚ ਜਾਗਰੂਕਤਾ ਦੀ ਘਾਟ ਅਤੇ ਮਾੜੀ ਸੰਗਤ ਕਾਰਨ ਕਈ ਨੌਜਵਾਨ ਤੰਬਾਕੂ ਦੀ ਲਤ ਦਾ ਸ਼ਿਕਾਰ ਹੋ ਜਾਂਦੇ ਹਨ। ਇਸ ਲਈ ਮਾਪਿਆਂ, ਅਧਿਆਪਕਾਂ ਅਤੇ ਸਮਾਜਿਕ ਸੰਸਥਾਵਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਬਚਾਉਣ ਲਈ ਅੱਗੇ ਆਉਣ। ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਸਮੇਂ-ਸਮੇਂ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣੀਆਂ ਚਾਹੀਦੀਆਂ ਹਨ, ਤਾਂ ਜੋ ਨੌਜਵਾਨ ਸਿਹਤਮੰਦ ਜੀਵਨ ਵੱਲ ਪ੍ਰੇਰਿਤ ਹੋ ਸਕਣ।

ਵਿਸ਼ਵ ਤੰਬਾਕੂ ਵਿਰੋਧੀ ਦਿਵਸ ਸਾਨੂੰ ਇਹ ਸੰਦੇਸ਼ ਦਿੰਦਾ ਹੈ ਕਿ ਸਿਹਤ ਹੀ ਸਭ ਤੋਂ ਵੱਡੀ ਦੌਲਤ ਹੈ। ਜੇਕਰ ਅਸੀਂ ਆਪਣੇ ਅਤੇ ਆਪਣੇ ਪਰਿਵਾਰ ਦੀ ਖੁਸ਼ਹਾਲੀ ਚਾਹੁੰਦੇ ਹਾਂ ਤਾਂ ਤੰਬਾਕੂ ਵਰਗੀਆਂ ਮਾਰੂ ਆਦਤਾਂ ਤੋਂ ਦੂਰ ਰਹਿਣਾ ਹੋਵੇਗਾ। ਇੱਕ ਤੰਦਰੁਸਤ ਅਤੇ ਤਰੱਕੀਸ਼ੀਲ ਸਮਾਜ ਦੀ ਨੀਂਹ ਵੀ ਸਿਹਤਮੰਦ ਨਾਗਰਿਕਾਂ ਉੱਤੇ ਹੀ ਟਿਕੀ ਹੁੰਦੀ ਹੈ। ਮੈਂ ਸਮੂਹ ਪੰਜਾਬ ਵਾਸੀਆਂ, ਖਾਸ ਕਰਕੇ ਨੌਜਵਾਨ ਵਰਗ ਨੂੰ ਅਪੀਲ ਕਰਦਾ ਹਾਂ ਕਿ ਉਹ ਤੰਬਾਕੂ ਅਤੇ ਹੋਰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਬਾਰੇ ਜਾਗਰੂਕ ਕਰਨ। ਆਓ, ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮੌਕੇ ਅਸੀਂ ਸਾਰੇ ਮਿਲ ਕੇ ਇੱਕ ਤੰਬਾਕੂ ਮੁਕਤ, ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਦਾ ਸੰਕਲਪ ਲਈਏ।

# ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਕਰਵਾਵਾਂਗੇ ਚੌਤਰਫ਼ਾ ਵਿਕਾਸ : ਵਿਕਰਾਂਤ ਚੱਠਾ



ਧੂਰੀ, 30 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਆਲ ਇੰਡੀਆ ਐਫ.ਸੀ.ਆਈ. ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਦੇ ਸਪੁੱਤਰ ਵਿਕਰਾਂਤ ਸਿੰਘ ਚੱਠਾ, ਜਿਨ੍ਹਾਂ ਨੇ ਹਾਲ ਹੀ ਵਿੱਚ ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ 10 ਤੋਂ 'ਆਪ' ਉਮੀਦਵਾਰ ਵਜੋਂ ਸ਼ਾਨਦਾਰ ਅਤੇ ਵੱਡੀ ਜਿੱਤ ਦਰਜ ਕੀਤੀ ਹੈ, ਨੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ। ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਚੱਠਾ ਪਰਿਵਾਰ ਦਾ ਮੁੱਖ ਮਕਸਦ ਹਮੇਸ਼ਾ ਲੋਕਾਂ ਦੇ ਸੁੱਖ-ਦੁੱਖ ਵਿੱਚ ਸਾਂਝੀਦਾਰ ਬਣਨਾ ਰਿਹਾ ਹੈ ਅਤੇ ਇਹ ਪਰਿਵਾਰ ਪਹਿਲਾਂ ਦੀ ਤਰ੍ਹਾਂ ਹੀ ਭਵਿੱਖ ਵਿੱਚ ਵੀ ਹਰ ਵੇਲੇ ਜਨਤਾ ਦੀ ਸੇਵਾ ਲਈ ਹਾਜ਼ਰ ਰਹੇਗਾ।

ਨਵ-ਨਿਯੁਕਤ ਕੌਂਸਲਰ ਵਿਕਰਾਂਤ ਸਿੰਘ ਚੱਠਾ ਨੇ ਵਿਸ਼ਵਾਸ ਦਿਵਾਇਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਧੂਰੀ ਸ਼ਹਿਰ ਦਾ ਚੁਫੇਰਿਓਂ ਵਿਕਾਸ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 10 ਦੇ ਨਾਲ-ਨਾਲ ਸਮੁੱਚੇ ਸ਼ਹਿਰ ਦੀਆਂ ਬੁਨਿਆਦੀ ਸਮੱਸਿਆਵਾਂ ਜਿਵੇਂ ਕਿ ਸਾਫ਼ ਪਾਣੀ, ਸੜਕਾਂ, ਸਟਰੀਟ ਲਾਈਟਾਂ ਅਤੇ ਸੀਵਰੇਜ਼ ਸਿਸਟਮ ਨੂੰ ਪਹਿਲ ਦੇ ਆਧਾਰ 'ਤੇ ਦਰੁਸਤ ਕੀਤਾ ਜਾਵੇਗਾ।

ਵਿਕਰਾਂਤ ਚੱਠਾ ਨੇ ਆਖਿਆ ਕਿ ਵਾਰਡ ਦੇ ਵੋਟਰਾਂ ਨੇ ਜਿਹੜਾ ਮਾਣ-ਤਾਣ ਅਤੇ ਵੱਡੀ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਉਸ @ਤੇ ਪੂਰੀ ਤਰ੍ਹਾਂ ਖ਼ਰੇ ਉਤਰਨਗੇ। ਚੱਠਾ ਪਰਿਵਾਰ ਦੀ ਸਿਆਸਤ ਸਿਰਫ਼ ਵੋਟਾਂ ਤੱਕ ਸੀਮਤ ਨਹੀਂ, ਬਲਕਿ ਲੋਕ ਹਿੱਤਾਂ ਦੀ ਰਾਖੀ ਕਰਨਾ ਉਨ੍ਹਾਂ ਦੇ ਖ਼ੂਨ ਵਿੱਚ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਹੁਣ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਅਤੇ ਸਰਕਾਰੀ ਸਹੂਲਤਾਂ ਨੂੰ ਸਿੱਧਾ ਆਮ ਲੋਕਾਂ ਦੇ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।

# ਧੂਰੀ ਵਾਸੀਆਂ ਨੇ ਵਿਰੋਧੀਆਂ ਨੂੰ 'ਵਿਰੋਧ' ਕਰਨ ਦੇ ਕਾਬਿਲ ਵੀ ਨਹੀਂ ਛੱਡਿਆ: ਦਲਵੀਰ ਢਿੱਲੋਂ



ਧੂਰੀ, 30 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਮਿਲੀ ਇਤਿਹਾਸਕ ਸਫ਼ਲਤਾ 'ਤੇ ਹਲਕਾ ਨਿਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਧੂਰੀ ਦੇ ਇਨਕਲਾਬੀ ਅਤੇ ਸੂਝਵਾਨ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਜਨ-ਹਿਤੈਸ਼ੀ ਨੀਤੀਆਂ ਅਤੇ ਵਿਕਾਸ ਕਾਰਜਾਂ 'ਤੇ ਇੱਕ ਵਾਰ ਫਿਰ ਵੱਡੀ ਮੋਹਰ ਲਗਾ ਦਿੱਤੀ ਹੈ।

ਉਨ੍ਹਾਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮਿਲੀਆਂ ਵੋਟਾਂ ਦੇ ਮੁਕੰਮਲ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਚੋਣ ਵਿੱਚ ਆਮ ਆਦਮੀ ਪਾਰਟੀ ਨੂੰ ਸਭ ਤੋਂ ਵੱਧ 11,517 ਵੋਟਾਂ (54.91 ਫੀਸਦੀ) ਹਾਸਲ ਹੋਈਆਂ ਹਨ। ਇਸ ਦੇ ਮੁਕਾਬਲੇ ਭਾਰਤੀ ਜਨਤਾ ਪਾਰਟੀ ਨੂੰ 2599 ਵੋਟਾਂ (12 ਫੀਸਦੀ), ਕਾਂਗਰਸ ਪਾਰਟੀ ਨੂੰ 1785 ਵੋਟਾਂ (8 ਫੀਸਦੀ) ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਮਹਿਜ਼ 630 ਵੋਟਾਂ (3 ਫੀਸਦੀ) ਨਾਲ ਹੀ ਸਬਰ ਕਰਨਾ ਪਿਆ। ਇਸ ਤੋਂ ਇਲਾਵਾ ਚੋਣ ਮੈਦਾਨ ਵਿੱਚ ਨਿੱਤਰੇ ਆਜ਼ਾਦ ਉਮੀਦਵਾਰਾਂ ਨੂੰ ਕੁੱਲ 3947 ਵੋਟਾਂ ਪਈਆਂ, ਜਦਕਿ 149 ਵੋਟਰਾਂ ਨੇ 'ਨੋਟਾ' ਦਾ ਬਟਨ ਦਬਾਇਆ ਅਤੇ 346 ਵੋਟਾਂ ਰੱਦ ਹੋਈਆਂ।

ਸ੍ਰੀ ਢਿੱਲੋਂ ਨੇ ਵਿਰੋਧੀ ਧਿਰਾਂ 'ਤੇ ਤਿੱਖੇ ਸਿਆਸੀ ਵਾਰ ਕਰਦਿਆਂ ਕਿਹਾ ਕਿ ਧੂਰੀ ਦੇ ਜਾਗਰੂਕ ਲੋਕਾਂ ਨੇ ਕੁੱਲ 21 ਵਾਰਡਾਂ ਵਿੱਚੋਂ 19 ਸੀਟਾਂ ਆਮ ਆਦਮੀ ਪਾਰਟੀ ਦੀ ਝੋਲੀ ਪਾ ਕੇ ਅਤੇ 2 ਸੀਟਾਂ ਆਜ਼ਾਦ ਉਮੀਦਵਾਰਾਂ ਨੂੰ ਦੇ ਕੇ ਵਿਰੋਧੀਆਂ ਦਾ ਪੂਰੀ ਤਰ੍ਹਾਂ ਸੂਪੜਾ ਸਾਫ਼ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਨਤਾ ਨੇ ਵਿਰੋਧੀ ਪਾਰਟੀਆਂ ਨੂੰ ਹੁਣ ਵਿਰੋਧ ਕਰਨ ਦੇ ਕਾਬਿਲ ਵੀ ਨਹੀਂ ਛੱਡਿਆ। ਅੱਜ ਆਪਣੀ ਖੁਸ ਚੁੱਕੀ ਸਿਆਸੀ ਜ਼ਮੀਨ ਅਤੇ ਵਜੂਦ ਨੂੰ ਬਚਾਉਣ ਲਈ ਵਿਰੋਧੀ ਆਗੂ ਬੇਤੁਕੀ ਬਿਆਨਬਾਜ਼ੀ ਕਰਕੇ ਹੱਥ-ਪੈਰ ਮਾਰ ਰਹੇ ਹਨ, ਪਰ ਹਲਕੇ ਦੇ ਲੋਕ ਇਨ੍ਹਾਂ ਦੀਆਂ ਗੁਮਰਾਹਕੁੰਨ ਚਾਲਾਂ ਵਿੱਚ ਆਉਣ ਵਾਲੇ ਨਹੀਂ ਹਨ ਅਤੇ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ 'ਆਪ' ਸਰਕਾਰ ਦੇ ਨਾਲ ਚੱਟਾਨ ਵਾਂਗ ਖੜ੍ਹੇ ਹਨ।

# ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਇੱਕ ਕਰਾਂਗੇ : ਸੰਦੀਪ ਬਾਂਸਲ ਸੋਨੀ



ਧੂਰੀ, 30 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਆਮ ਆਦਮੀ ਪਾਰਟੀ ਦੇ ਆਗੂ ਅਤੇ ਹਾਲ ਹੀ ਦੌਰਾਨ ਹੋਈਆਂ ਨਗਰ ਕੌਂਸਲ ਚੋਣਾਂ ਵਿੱਚ ਸ਼ਹਿਰ ਦੇ ਵਾਰਡ ਨੰਬਰ 14 ਤੋਂ ਸ਼ਾਨਦਾਰ ਜਿੱਤ ਹਾਸਲ ਕਰਨ ਵਾਲੇ ਉਮੀਦਵਾਰ ਸੰਦੀਪ ਬਾਂਸਲ ਸੋਨੀ ਨੇ ਆਪਣੇ ਵਾਰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਵਾਰਡ ਦੇ ਲੋਕਾਂ ਨੇ ਉਨ੍ਹਾਂ ਉੱਪਰ ਜੋ ਅਥਾਹ ਭਰੋਸਾ ਜਤਾਇਆ ਹੈ, ਉਸ ਵੱਡੇ ਫ਼ਤਵੇ ਬਦਲੇ ਉਹ ਸਾਰੀ ਉਮਰ ਵਾਰਡ ਵਾਸੀਆਂ ਅਤੇ ਆਪਣੇ ਸਾਰੇ ਸਮਰਥਕਾਂ ਦੇ ਰਿਣੀ ਰਹਿਣਗੇ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਦੀਪ ਬਾਂਸਲ ਸੋਨੀ ਨੇ ਕਿਹਾ ਕਿ ਇਹ ਜਿੱਤ ਇਕੱਲੇ ਉਨ੍ਹਾਂ ਦੀ ਨਹੀਂ, ਸਗੋਂ ਵਾਰਡ ਨੰਬਰ 14 ਦੇ ਹਰ ਇੱਕ ਨਿਵਾਸੀ ਦੀ ਜਿੱਤ ਹੈ, ਜਿਨ੍ਹਾਂ ਨੇ ਦਿਨ-ਰਾਤ ਮਿਹਨਤ ਕਰਕੇ ਉਨ੍ਹਾਂ ਨੂੰ ਕਾਮਯਾਬ ਬਣਾਇਆ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਵਾਰਡ ਵਾਸੀਆਂ ਨੇ ਜਿਸ ਤਰ੍ਹਾਂ ਦਾ ਪਿਆਰ ਅਤੇ ਸਹਿਯੋਗ ਦਿੱਤਾ, ਉਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਉਨ੍ਹਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਵਾਰਡ ਨੰਬਰ 14 ਦੇ ਸਰਵਪੱਖੀ ਵਿਕਾਸ ਲਈ ਕਿਸੇ ਵੀ ਤਰ੍ਹਾਂ ਦੀ ਕਸਰ ਬਾਕੀ ਨਹੀਂ ਛੱਡਣਗੇ। ਵਾਰਡ ਵਿੱਚ ਪੀਣ ਵਾਲੇ ਸਾਫ਼ ਪਾਣੀ, ਸੀਵਰੇਜ ਸਿਸਟਮ, ਗਲੀਆਂ-ਨਾਲੀਆਂ ਦੀ ਮੁਰੰਮਤ ਅਤੇ ਸਟਰੀਟ ਲਾਈਟਾਂ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਸੋਨੀ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਆਮ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਉਹ ਵਾਰਡ ਦੇ ਹਰ ਨਾਗਰਿਕ ਦੇ ਸੁੱਖ-ਦੁੱਖ ਵਿੱਚ ਸ਼ਾਮਲ ਹੋ ਕੇ ਇੱਕ ਸੇਵਕ ਵਜੋਂ ਕੰਮ ਕਰਨਗੇ।

# ਸਿਲਵਰ ਓਕਸ ਸਕੂਲ ਵਿਖੇ 'ਸਿਨਰਜੀ-2' ਸਮਰ ਕੈਂਪ



ਭੁੱਚੋ ਮੰਡੀ ਨਥਾਣਾ, 30 ਮਈ (ਹਰਬੰਸ ਸਿੰਘ ਭੋਲਾ) : ਗਰਮੀਆਂ ਦੇ ਵਿੱਚ ਲੱਗਣ ਵਾਲੇ (ਸਮਰ )ਕੈਂਪ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਮੰਨੇ ਜਾਂਦੇ ਹਨ, ਕਿਉਂਕਿ ਇਹ ਬੱਚਿਆਂ ਦੇ ਸਮਾਜਿਕ, ਭਾਵਨਾਤਮਕ, ਸਰੀਰਕ ਵਿਕਾਸ, ਟੀਮ ਵਰਕ ਅਤੇ ਲੀਡਰਸ਼ਿਪ ਦੇ ਹੁਨਰਾਂ ਨੂੰ ਨਿਖਾਰਨ ਲਈ ਵਿਲੱਖਣ ਮੌਕੇ ਪ੍ਰਦਾਨ ਕਰਦੇ ਹਨ। ਸਮਰ ਕੈਂਪ ਅਜਿਹਾ ਸਕਾਰਾਤਮਕ ਅਤੇ ਉਤਸ਼ਾਹ ਭਰਿਆ ਵਾਤਾਵਰਨ ਪ੍ਰਦਾਨ ਕਰਦੇ ਹਨ ਜਿੱਥੇ ਬੱਚਿਆਂ ਨੂੰ ਆਪਣੀਆਂ ਨਵੀਆਂ ਰੁਚੀਆਂ ਦੀ ਪੜਚੋਲ ਕਰਨ ਅਤੇ ਆਪਣੀਆਂ ਲੁਕੀਆਂ ਹੋਈਆਂ ਪ੍ਰਤਿਭਾਵਾਂ ਨੂੰ ਪਛਾਣਨ ਦਾ ਮੌਕਾ ਮਿਲਦਾ ਹੈ, ਜੋ ਕਿ ਆਮ ਅਕਾਦਮਿਕ ਮਾਹੌਲ ਵਿੱਚ ਕਈ ਵਾਰ ਸੰਭਵ ਨਹੀਂ ਹੋ ਪਾਉਂਦਾ। ਇਨ੍ਹਾਂ ਹੀ ਗੁਣਾਂ ਅਤੇ ਹੁਨਰਾਂ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ, ਬਠਿੰਡਾ ਵੱਲੋਂ ਸਾਲ 2026 ਦੀਆਂ ਗਰਮੀਆਂ ਦੀਆਂ ਛੁੱਟੀਆਂ ਨੂੰ ਹੋਰ ਵੀ ਰਚਨਾਤਮਕ, ਪ੍ਰਭਾਵਸ਼ਾਲੀ ਅਤੇ ਯਾਦਗਾਰ ਬਣਾਉਣ ਲਈ ਅੱਠ ਦਿਨਾਂ ਦਾ ਸਿਨਰਜੀ-2 ਸਮਰ ਕੈਂਪ ਆਯੋਜਿਤ ਕੀਤਾ ਗਿਆ, ਜਿਸ ਵਿੱਚ ਐਲ.ਕੇ.ਜੀ. ਤੋਂ ਲੈ ਕੇ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਇਸ ਸਮਰ ਕੈਂਪ ਦੇ ਉਦਘਾਟਨੀ ਸਮਾਰੋਹ ਮੌਕੇ ਸਿਲਵਰ ਓਕਸ ਸਕੂਲ, ਰਾਮਪੁਰਾ ਰੋਡ ਦੀ ਨਿਰਦੇਸ਼ਕਾ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਅਤੇ ਸਿਲਵਰ ਓਕਸ ਸਪੋਰਟਸ ਅਕੈਡਮੀ ਦੇ ਡਾਇਰੈਕਟਰ ਸਰਦਾਰ ਨਵਦੀਪ ਸਿੰਘ ਸੰਧੂ ਜੀ ਦਾ ਨਿੱਘਾ ਸਵਾਗਤ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਜੋਤੀ ਪ੍ਰਜਵਲਿਤ ਕਰਕੇ ਕੀਤੀ ਗਈ ਜੋ ਗਿਆਨ, ਸਕਾਰਾਤਮਕਤਾ ਅਤੇ ਤਰੱਕੀ ਦਾ ਪ੍ਰਤੀਕ ਸੀ। ਇਸ ਤੋਂ ਬਾਅਦ ਰੰਗ-ਬਰੰਗੇ ਗੁਬਾਰੇ ਆਕਾਸ਼ ਵਿੱਚ ਉਡਾ ਕੇ ਸਿਨਰਜੀ-2 ਸਮਰ ਕੈਂਪ ਦਾ ਸ਼ੁਭਾਰੰਭ ਕੀਤਾ ਗਿਆ। ਗੁਬਾਰਿਆਂ ਦੀ ਉਡਾਣ ਬੱਚਿਆਂ ਦੇ ਸੁਪਨਿਆਂ, ਉਮੀਦਾਂ ਅਤੇ ਅਸੀਮ ਸੰਭਾਵਨਾਵਾਂ ਦਾ ਪ੍ਰਤੀਕ ਬਣੀ।

ਸਮਰ ਕੈਂਪ ਨੂੰ ਵੱਖ-ਵੱਖ ਵਿਸ਼ੇਸ਼ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਹੈ ਤਾਂ ਜੋ ਬੱਚਿਆਂ ਦੇ ਸਰੀਰਕ, ਰਚਨਾਤਮਕ ਅਤੇ ਵਿਅਕਤੀਗਤ ਵਿਕਾਸ ਨੂੰ ਸੰਤੁਲਿਤ ਢੰਗ ਨਾਲ ਉਤਸ਼ਾਹਿਤ ਕੀਤਾ ਜਾ ਸਕੇ। ਸਪੋਰਟਸ ਐਂਡ ਫਿਟਨੈਸ ਸ਼੍ਰੇਣੀ ਦੇ ਅਧੀਨ ਘੋੜ ਸਵਾਰੀ, ਜਿਮਨਾਸਟਿਕਸ, ਤੀਰਅੰਦਾਜ਼ੀ, ਨਿਸ਼ਾਨੇਬਾਜ਼ੀ, ਕ੍ਰਿਕਟ, ਰਗਬੀ, ਬਾਸਕਟਬਾਲ, ਯੋਗਾ ਅਤੇ ਫਿਟਨੈਸ ਵਰਗੀਆਂ ਗਤੀਵਿਧੀਆਂ ਸ਼ਾਮਿਲ ਕੀਤੀਆਂ ਗਈਆਂ ਹਨ। ਪਰਫਾਰਮਿੰਗ ਆਰਟਸ ਅਤੇ ਲਾਈਫ ਸਕਿੱਲਸ ਵਿੱਚ ਸੰਗੀਤ, ਡਾਂਸ, ਰਚਨਾਤਮਕ ਲਿਖਣ ਕਲਾ, ਜਨਤਕ ਭਾਸ਼ਣ ਕਲਾ, ਕਹਾਣੀ ਸੁਣਾਉਣ ਦੀ ਕਲਾ ਅਤੇ ਆਤਮਵਿਸ਼ਵਾਸ ਵਿਕਾਸ ਵਰਗੀਆਂ ਗਤੀਵਿਧੀਆਂ ਨੂੰ ਸ਼ਾਮਿਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਰਚਨਾਤਮਕਤਾ ਦੇ ਅਧੀਨ ਫੈਬਰਿਕ ਪੇਂਟਿੰਗ, ਕੈਲੀਗ੍ਰਾਫੀ, ਫਾਈਨ ਆਰਟਸ, ਡੀ.ਆਈ.ਵਾਈ. ਪ੍ਰੋਜੈਕਟਸ ਅਤੇ ਕਰਾਫਟ ਵਰਕ ਵਰਗੀਆਂ ਰਚਨਾਤਮਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸਾਰੀਆਂ ਗਤੀਵਿਧੀਆਂ ਤਜਰਬੇਕਾਰ ਅਤੇ ਪ੍ਰੋਫੈਸ਼ਨਲ ਕੋਚਾਂ ਦੀ ਦੇਖ-ਰੇਖ ਹੇਠ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਬੱਚਿਆਂ ਨੂੰ ਸੁਰੱਖਿਅਤ, ਅਨੁਸ਼ਾਸਿਤ ਅਤੇ ਪ੍ਰੇਰਨਾਦਾਇਕ ਸਿੱਖਣ ਵਾਲਾ ਮਾਹੌਲ ਮਿਲ ਸਕੇ।

# ਕਾਫੀ ਸਮੇਂ ਬਾਅਦ ਹੋਈ ਬਾਰਿਸ਼ ਕਾਰਨ ਕਿਸਾਨਾਂ, ਪਸ਼ੂ ਪਾਲਕਾਂ ਤੇ ਆਮ ਲੋਕਾਂ ਦੇ ਚਿਹਰਿਆਂ 'ਤੇ ਰੌਣਕ





ਭਗਤਾ ਭਾਈ ਕਾ, 30 ਮਈ (ਸਵਰਨ ਸਿੰਘ ਭਗਤਾ): ਲੰਬੇ ਸਮੇਂ ਤੋਂ ਪੈ ਰਹੀ ਭਿਆਨਕ ਗਰਮੀ ਅਤੇ ਸੁੱਕੇ ਮੌਸਮ ਤੋਂ ਬਾਅਦ ਹੋਈ ਬਾਰਿਸ਼ ਨੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਬਾਰਿਸ਼ ਪੈਂਦੇ ਹੀ ਮੌਸਮ ਸੁਹਾਵਣਾ ਹੋ ਗਿਆ ਅਤੇ ਲੋਕਾਂ ਦੇ ਚਿਹਰਿਆਂ 'ਤੇ ਖੁਸ਼ੀ ਦੀ ਰੌਣਕ ਦਿਖਾਈ ਦਿੱਤੀ ਉਥੇ ਫਸਲਾਂ ਵੀ ਚਹਿ ਚਹਾ ਉਠੀਆਂ। ਕਈ ਦਿਨਾਂ ਤੋਂ ਵੱਧ ਰਹੇ ਤਾਪਮਾਨ ਕਾਰਨ ਲੋਕਾਂ ਦਾ ਜਨ-ਜੀਵਨ ਪ੍ਰਭਾਵਿਤ ਹੋ ਰਿਹਾ ਸੀ, ਪਰ ਬਾਰਿਸ਼ ਨੇ ਗਰਮੀ ਤੋਂ ਕਾਫੀ ਹੱਦ ਤੱਕ ਰਾਹਤ ਪਹੁੰਚਾਈ ਹੈ।ਬਾਰਿਸ਼ ਕਾਰਨ ਜਿੱਥੇ ਆਮ ਲੋਕਾਂ ਨੇ ਸੁੱਖ ਦਾ ਸਾਹ ਲਿਆ, ਉੱਥੇ ਕਿਸਾਨ ਵਰਗ ਵਿੱਚ ਵੀ ਖੁਸ਼ੀ ਦੀ ਲਹਿਰ ਦੌੜ ਗਈ। ਇਸ ਸਬੰਧੀ ਕਿਸਾਨ ਮਨਪ੍ਰੀਤ ਸਿੰਘ ਖਾਲਸਾ ਭਗਤਾ ਭਾਈ, ਅਗਾਂਹ ਵਧੂ ਪਸ਼ੂ ਪਾਲਕ ਹਰਜੀਤ ਸਿੰਘ ਗਿੱਲ ਢਿਲਵਾਂ ਵਾਲਾ ਤੇ ਹੋਰ ਕਿਸਾਨਾਂ ਦਾ ਕਹਿਣਾ ਹੈ ਕਿ ਇਹ ਬਾਰਿਸ਼ ਸਾਉਣੀ ਦੀਆਂ ਕਈ ਫਸਲਾਂ ਅਤੇ ਜ਼ਮੀਨ ਲਈ ਲਾਭਦਾਇਕ ਸਾਬਤ ਹੋਵੇਗੀ। ਬਾਰਿਸ਼ ਨਾਲ ਵਾਤਾਵਰਨ ਵਿੱਚ ਤਾਜ਼ਗੀ ਆਈ ਹੈ ਅਤੇ ਧੂੜ-ਮਿੱਟੀ ਘੱਟ ਹੋਣ ਕਾਰਨ ਹਵਾ ਵੀ ਸਾਫ਼ ਮਹਿਸੂਸ ਹੋ ਰਹੀ ਹੈ।ਇਸ ਤੋਂ ਇਲਾਵਾ ਮੱਕੀ, ਫੁੱਲ ਬੂਟਿਆਂ ਵਾਲੀਆਂ ਨਰਸਰੀਆਂ ਅਤੇ ਨਰਮੇ-ਕਪਾਹ ਦੀ ਫਸਲ ਲਈ ਲਾਹੇਵੰਦ ਸਾਬਤ ਹੋਵੇਗੀ । ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਮੌਸਮ ਸੁਹਾਵਣਾ ਰਹਿਣ ਦੀ ਸੰਭਾਵਨਾ ਵੀ ਜਤਾਈ ਜਾ ਸਕਦੀ ਹੈ।ਕੁੱਲ ਮਿਲਾ ਕੇ ਕਾਫੀ ਸਮੇਂ ਬਾਅਦ ਹੋਈ ਇਸ ਬਾਰਿਸ਼ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਚਿਹਰਿਆਂ 'ਤੇ ਮੁੜ ਖੁਸ਼ੀ ਅਤੇ ਰੌਣਕ ਲਿਆ ਦਿੱਤੀ ਹੈ।ਇਸ ਮੌਕੇ ਵਧੀਆ ਪਸ਼ੂ ਪਾਲਕ ਹਰਜੀਤ ਸਿੰਘ ਗਿੱਲ ਦਾ ਕਹਿਣਾ ਹੈ ਕਿ ਇਸ ਬਾਰਸ਼ ਨਾਲ ਦੁਧਾਰੂ ਅਤੇ ਆਮ ਪਸ਼ੂ ਧਨ ਜਿਹੜਾ ਕਿ ਗਰਮੀ ਕਾਰਨ ਤਰ੍ਹਾਂ ਤਰ੍ਹਾਂ ਕਰ ਰਿਹਾ ਸੀ ਨੂੰ ਰਾਹਤ ਮਿਲੇਗੀ ਅਤੇ ਦੁੱਧ ਉਤਪਾਦਨ ਵਿੱਚ ਫਰਕ ਪਵੇਗਾ।

# ਸਲਾਈਟ ਲੌਂਗੋਵਾਲ ਵਿੱਚ 5 ਦਿਨਾਂ ਹੁਨਰ ਵਿਕਾਸ ਕੋਰਸ ਦਾ ਉਦਘਾਟਨ



ਲੌਂਗੋਵਾਲ, 30 ਮਈ (ਭਗਵੰਤ ਸ਼ਰਮਾ) : ਸਲਾਈਟ ਲੌਂਗੋਵਾਲ ਵਿੱਚ ਮੋਟਾ ਅਨਾਜ (ਮਿਲਟ) ਦੇ ਉਪ-ਉਤਪਾਦਾਂ ਦੇ ਮੁੱਲਾਂਕਣ ਅਤੇ ਟਿਕਾਊ ਉਪਯੋਗਤਾ 'ਤੇ 5-ਦਿਨਾਂ ਹੁਨਰ ਵਿਕਾਸ ਕੋਰਸ ਦਾ ਉਦਘਾਟਨ ਕੀਤਾ ਗਿਆ ਮੋਟਾ ਅਨਾਜ ਸੋਕਾ-ਰੋਧਕ ਫਸਲਾਂ ਜੋ ਭੁੱਖਮਰੀ, ਕੁਪੋਸ਼ਣ ਅਤੇ ਜਲਵਾਯੂ ਪਰਿਵਰਤਨ ਤੋਂ ਪੈਦਾ ਹੋਣ ਵਾਲੀਆਂ ਖੇਤੀਬਾੜੀ ਚੁਣੌਤੀਆਂ ਦਾ ਮੁਕਾਬਲਾ ਕਰਨ ਵਿੱਚ ਆਪਣੀ ਮਹੱਤਵਪੂਰਨ ਭੂਮਿਕਾ ਲਈ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਕਰ ਰਹੀਆਂ ਹਨ। ਭਾਰਤ ਮੋਟਾ ਅਨਾਜ ਦਾ ਵਿਸ਼ਵ ਦਾ ਮੋਹਰੀ ਉਤਪਾਦਕ ਹੈ, ਜੋ ਕੁੱਲ ਵਿਸ਼ਵ ਮੋਟਾ ਅਨਾਜ ਉਤਪਾਦਨ ਦਾ ਲਗਭਗ 42.75% ਯੋਗਦਾਨ ਪਾਉਂਦਾ ਹੈ। ਮੋਟਾ ਅਨਾਜ ਦੀ ਕਟਾਈ ਅਤੇ ਪ੍ਰੋਸੈਸਿੰਗ ਕਾਫ਼ੀ ਮਾਤਰਾ ਵਿੱਚ ਉਪ-ਉਤਪਾਦ ਪੈਦਾ ਕਰਦੀ ਹੈ ਜਿਵੇਂ ਕਿ ਛਾਣ, ਭੁੱਕੀ, ਤੂੜੀ, ਕੋਬ ਅਤੇ ਟੁੱਟੇ ਹੋਏ ਬੀਜ, ਜਿਨ੍ਹਾਂ ਨੂੰ ਆਮ ਤੌਰ 'ਤੇ ਰੱਦ ਕੀਤਾ ਜਾਂਦਾ ਹੈ ਜਾਂ ਜਾਨਵਰਾਂ ਦੀ ਖੁਰਾਕ ਵਜੋਂ ਵਰਤਿਆ ਜਾਂਦਾ ਹੈ। ਹਾਲਾਂਕਿ, ਹਾਲ ਹੀ ਦੇ ਅਧਿਐਨਾਂ ਨੇ ਦਿਖਾਇਆ ਹੈ ਕਿ ਇਹ ਉਪ-ਉਤਪਾਦ ਪ੍ਰੋਟੀਨ, ਖੁਰਾਕ ਫਾਈਬਰ, ਪੌਲੀਫੇਨੋਲ ਅਤੇ ਹੋਰ ਫਾਈਟੋਕੈਮੀਕਲ ਦੇ ਅਮੀਰ ਸਰੋਤ ਹਨ, ਜੋ ਮੁੱਲ ਜੋੜਨ ਅਤੇ ਟਿਕਾਊ ਉਪਯੋਗਤਾ ਲਈ ਉਨ੍ਹਾਂ ਦੀ ਵਿਸ਼ਾਲ ਸੰਭਾਵਨਾ ਨੂੰ ਉਜਾਗਰ ਕਰਦੇ ਹਨ। ਇਸ ਸੰਦਰਭ ਵਿੱਚ, ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਈਟ), ਲੌਂਗੋਵਾਲ, ਪੰਜਾਬ, ਸਲਾਈਟ ਲੌਂਗੋਵਾਲ ਦੇ ਫੂਡ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿਭਾਗ ਦੁਆਰਾ 29 ਮਈ ਤੋਂ 3 ਜੂਨ 2026 ਤੱਕ 'ਮੋਟਾ ਅਨਾਜ ਦੇ ਉਪ-ਉਤਪਾਦਾਂ ਦਾ ਮੁੱਲਾਂਕਣ ਅਤੇ ਟਿਕਾਊ ਉਪਯੋਗਤਾ' 'ਤੇ ਇੱਕ ਹੁਨਰ ਵਿਕਾਸ ਕੋਰਸ ਆਯੋਜਿਤ ਕੀਤਾ ਜਾ ਰਿਹਾ ਹੈ ਤਾਂ ਜੋ ਮੋਟਾ ਅਨਾਜ ਦੇ ਉਪ-ਉਤਪਾਦਾਂ ਦੇ ਟਿਕਾਊ ਪ੍ਰਬੰਧਨ ਲਈ ਅੰਡਰਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੂੰ ਜਾਗਰੂਕਤਾ ਅਤੇ ਵਿਹਾਰਕ ਗਿਆਨ ਪ੍ਰਦਾਨ ਕੀਤਾ ਜਾ ਸਕੇ। ਹੁਨਰ ਵਿਕਾਸ ਕੋਰਸ 2025 ਵਿੱਚ ਨੈਸ਼ਨਲ ਐਗਰੀ-ਫੂਡ ਬਾਇਓਟੈਕਨਾਲੋਜੀ ਇੰਸਟੀਚਿਊਟ (NABI), ਮੋਹਾਲੀ, ਪੰਜਾਬ ਦੇ ਸਹਿਯੋਗ ਨਾਲ ਪ੍ਰੋਫੈਸਰ ਪਰਮਜੀਤ ਐਸ. ਪਨੇਸਰ ਨੂੰ ਮਨਜ਼ੂਰ ਕੀਤੇ ਗਏ ICMR-ਫੰਡਿਡ ਪ੍ਰੋਜੈਕਟ ਦੇ ਤਹਿਤ ਆਯੋਜਿਤ ਕੀਤਾ ਗਿਆ ਹੈ। ਪ੍ਰੋ. ਮਨੀ ਕਾਂਤ ਪਾਸਵਾਨ, ਡਾਇਰੈਕਟਰ, ਸਲਾਈਟ, ਨੇ ਪੇਸ਼ੇਵਰ ਵਿਦਿਆਰਥੀਆਂ ਦੇ ਗਿਆਨ ਨੂੰ ਉੱਚਾ ਚੁੱਕਣ ਲਈ ਹੁਨਰ ਵਿਕਾਸ ਕੋਰਸ ਕਰਵਾਉਣ ਲਈ ਫੂਡ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰੋ. ਅਜਾਤ ਐਸ. ਅਰੋੜਾ, ਡੀਨ (ਫੈਕਲਟੀ ਅਤੇ ਸਟਾਫ ਭਲਾਈ) ਅਤੇ ਡਾਇਰੈਕਟਰ ਇੰਚਾਰਜ ਨੇ ਮੋਟਾ ਅਨਾਜ ਦੇ ਉਪ-ਉਤਪਾਦਾਂ ਵਿੱਚ ਮੁੱਲ ਜੋੜਨ ਦੀ ਮਹੱਤਤਾ 'ਤੇ ਚਾਨਣਾ ਪਾਇਆ। ਪ੍ਰੋ. ਅਮਨਦੀਪ ਐਸ. ਸ਼ਾਹੀ, ਡੀਨ (ਅਕਾਦਮਿਕ) ਨੇ ਭਾਗੀਦਾਰਾਂ ਨਾਲ ਆਪਣਾ ਕੀਮਤੀ ਮਾਰਗਦਰਸ਼ਨ ਸਾਂਝਾ ਕੀਤਾ ਅਤੇ ਭੋਜਨ ਨਵੀਨਤਾ ਅਤੇ ਸਥਿਰਤਾ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪ੍ਰੋ. ਸੁਰਿੰਦਰ ਸਿੰਘ, ਡੀਨ (ਖੋਜ ਅਤੇ ਸਲਾਹਕਾਰ) ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਪੇਸ਼ੇਵਰ ਯੋਗਤਾ ਅਤੇ ਕਰੀਅਰ ਦੇ ਮੌਕਿਆਂ ਨੂੰ ਵਧਾਉਣ ਵਿੱਚ ਹੁਨਰ ਵਿਕਾਸ ਕੋਰਸਾਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਪ੍ਰੋ. ਚਰਨਜੀਤ ਐਸ. ਰਿਆੜ, ਮੁਖੀ (ਐਫਈਟੀ ਵਿਭਾਗ) ਨੇ ਭਾਗੀਦਾਰਾਂ ਨੂੰ ਵਿਭਾਗ ਬਾਰੇ ਚਾਨਣਾ ਪਾਇਆ ਅਤੇ ਸਲਾਈਟ ਦੇ ਸਮੁੱਚੇ ਵਿਕਾਸ ਵਿੱਚ ਖੋਜ ਗਤੀਵਿਧੀਆਂ ਅਤੇ ਵਿਭਾਗ ਦੇ ਯੋਗਦਾਨ ਬਾਰੇ ਸੰਖੇਪ ਜਾਣਕਾਰੀ ਦਿੱਤੀ। ਕੋਰਸ ਕੋਆਰਡੀਨੇਟਰ ਵਜੋਂ, ਪ੍ਰੋ. ਪਰਮਜੀਤ ਐਸ. ਪਨੇਸਰ ਨੇ ਹੁਨਰ ਵਿਕਾਸ ਕੋਰਸ ਉਦੇਸ਼ਾਂ ਦੀ ਸੰਖੇਪ ਜਾਣਕਾਰੀ ਦਿੱਤੀ ਅਤੇ ਪ੍ਰੋਗਰਾਮ ਨਾਲ ਸਬੰਧਤ ਵਿਹਾਰਕ ਗਿਆਨ ਅਤੇ ਵਿਹਾਰਕ ਸਿਖ ਮਹੱਤਤਾ 'ਤੇ ਜ਼ੋਰ ਦਿੱਤਾ। ਉਦਘਾਟਨੀ ਸੈਸ਼ਨ ਵਿੱਚ ਸਲਾਈਟ ਫੈਕਲਟੀ ਅਤੇ ਸਟਾਫ, ਅੰਡਰਗ੍ਰੈਜੂਏਟ, ਪੋਸਟ ਗ੍ਰੈਜੂਏਟ ਵਿਦਿਆਰਥੀ ਅਤੇ ਖੋਜ ਵਿਦਵਾਨ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# 1 ਅਕਤੂਬਰ ਨੂੰ ਪ੍ਰਕਾਸ਼ਿਤ ਹੋਵੇਗੀ ਅੰਤਿਮ ਵੋਟਰ ਸੂਚੀ : ਡੀ.ਸੀ. ਹਰਪ੍ਰੀਤ ਸਿੰਘ



ਬਰਨਾਲਾ, 30 ਮਈ ( ਬਘੇਲ ਸਿੰਘ ਧਾਲੀਵਾਲ) : ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੀ ਸੋਧੀ ਹੋਈ ਸਮਾਂ ਸਾਰਣੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਰੀ ਪ੍ਰੋਗਰਾਮ ਅਨੁਸਾਰ 1 ਅਕਤੂਬਰ 2026 ਨੂੰ ਯੋਗਤਾ ਮਿਤੀ ਮੰਨਦਿਆਂ ਵੋਟਰ ਸੂਚੀਆਂ ਦੀ ਸੁਧਾਈ ਕੀਤੀ ਜਾਵੇਗੀ। ਜ਼ਿਲ੍ਹਾ ਚੋਣਕਾਰ ਅਫ਼ਸਰ ਕਮ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸੋਧੇ ਹੋਏ ਪ੍ਰੋਗਰਾਮ ਤਹਿਤ ਵੋਟਰ ਸੂਚੀਆਂ ਦਾ ਖਰੜਾ 31 ਜੁਲਾਈ ਦੀ ਜਗ੍ਹਾ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਦਾਅਵੇ ਅਤੇ ਇਤਰਾਜ਼ 31 ਜੁਲਾਈ ਤੋਂ 30 ਅਗਸਤ 2026 ਦੀ ਬਜਾਏ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ ਜਦਕਿ ਇਨ੍ਹਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਬਾਕੀ ਪ੍ਰੋਗਰਾਮ ਓਸੇ ਤਰ੍ਹਾਂ ਰਹੇਗਾ, ਜਿਸ ਤਹਿਤ 15 ਜੂਨ ਤੋਂ 24 ਜੂਨ 2026 ਤੱਕ ਤਿਆਰੀ, ਸਿਖਲਾਈ ਅਤੇ ਛਪਾਈ ਦਾ ਕੰਮ ਕੀਤਾ ਜਾਵੇਗਾ, ਜਦਕਿ 25 ਜੂਨ ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰ (BLO) ਘਰ-ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਦੀ ਤਸਦੀਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਨਗੇ। ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਇਸ ਮੁਹਿੰਮ ਤਹਿਤ ਜ਼ਿਲ੍ਹਾ ਬਰਨਾਲਾ ਵਿੱਚ 558 ਬੀ.ਐਲ.ਓਜ਼ ਅਤੇ 58 ਸੁਪਰਵਾਈਜ਼ਰ, 3 ਈ.ਆਰ.ਓਜ਼ ਅਤੇ 03 ਏ.ਈ.ਆਰ.ਓਜ਼ ਸਮੇਤ ਹੋਰ ਸਹਾਇਕ ਚੋਣ ਅਮਲਾ ਲਗਾਇਆ ਗਿਆ ਹੈ। ਹਰੇਕ ਬੀ.ਐਲ.ਓ ਨੂੰ ਕਰੀਬ 300 ਘਰ ਅਤੇ ਕਰੀਬ 1200 ਵੋਟਰ ਹੀ ਐਸ.ਆਈ.ਆਰ ਲਈ ਦਿੱਤੇ ਗਏ ਹਨ। ਇਨ੍ਹਾਂ ਨੂੰ ਐਸ.ਆਈ.ਆਰ ਲਈ ਵਿਸ਼ੇਸ਼ ਸਿਖਲਾਈ ਵੀ ਦਿੱਤੀ ਜਾਵੇਗੀ ਤਾਂ ਜੋ ਰਿਵੀਜ਼ਨ ਦਾ ਕੰਮ ਸੁਚਾਰੂ ਢੰਗ ਨਾਲ ਮੁਕੰਮਲ ਹੋ ਸਕੇ। ਇਨ੍ਹਾਂ ਵਿੱਚ ਜਨਮ ਸਰਟੀਫਿਕੇਟ, ਪਾਸਪੋਰਟ, ਮੈਟ੍ਰਿਕ/ਵਿਦਿਅਕ ਸਰਟੀਫਿਕੇਟ, ਸਥਾਈ ਨਿਵਾਸ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਸਰਕਾਰੀ ਕਰਮਚਾਰੀ ਜਾਂ ਪੈਨਸ਼ਨਰ ਪਛਾਣ ਪੱਤਰ, ਸਰਕਾਰੀ ਅਥਾਰਟੀ ਵੱਲੋਂ ਜਾਰੀ ਹੋਰ ਪਛਾਣ ਦਸਤਾਵੇਜ਼, ਜ਼ਮੀਨ ਜਾਂ ਮਕਾਨ ਅਲਾਟਮੈਂਟ ਸਰਟੀਫਿਕੇਟ ਆਦਿ ਸ਼ਾਮਲ ਹਨ। ਓਹਨਾਂ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰਕਿਰਿਆ ਦੌਰਾਨ ਆਪਣੇ ਵੇਰਵਿਆਂ ਦੀ ਤਸਦੀਕ ਕਰਵਾਉਣ ਅਤੇ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਉਪਲਬਧ ਕਰਵਾਉਣ, ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ ਬਣਾਇਆ ਜਾ ਸਕੇ।

# ਜ਼ਿਲ੍ਹੇ ਦੇ ਸਕੂਲਾਂ ਵਿੱਚ ਉਤਸ਼ਾਹ ਨਾਲ ਹੋਈ ਮੈਗਾ ਪੀ.ਟੀ.ਐਮ., ਅਧਿਕਾਰੀਆਂ ਨੇ ਲਿਆ ਜਾਇਜ਼ਾ



ਬਰਨਾਲਾ, 30 ਮਈ ( ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਕਰਵਾਈ ਜਾ ਰਹੀ ਮੈਗਾ ਪੇਰੈਂਟ-ਟੀਚਰ ਮੀਟਿੰਗ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦਾ ਉੱਚ ਸਿੱਖਿਆ ਅਧਿਕਾਰੀਆਂ ਵੱਲੋਂ ਦੌਰਾ ਕੀਤਾ ਗਿਆ। ਇਸ ਮੌਕੇ ਡੀ.ਈ.ਓ. (ਸੈਕੰਡਰੀ ਸਿੱਖਿਆ) ਸੁਨੀਤਇੰਦਰ ਸਿੰਘ, ਡੀ.ਈ.ਓ. (ਐਲੀਮੈਂਟਰੀ ਸਿੱਖਿਆ) ਇੰਦੂ ਸਿਮਕ, ਡਿਪਟੀ ਡੀ.ਈ.ਓ. ਡਾ. ਬਰਜਿੰਦਰਪਾਲ ਸਿੰਘ, ਡਾਇਟ ਪ੍ਰਿੰਸੀਪਲ ਡਾ. ਮੁਨੀਸ਼ ਮੋਹਨ ਸ਼ਰਮਾ, ਡੀ.ਐਸ.ਐਮ. ਕੁਲਦੀਪ ਸਿੰਘ ਕਮਲ, ਡੀ.ਆਰ.ਸੀ. ਅਪਰ ਪ੍ਰਾਇਮਰੀ ਕਮਲਦੀਪ ਸਿੰਘ ਅਤੇ ਡੀ.ਆਰ.ਸੀ. ਪ੍ਰਾਇਮਰੀ ਕੁਲਦੀਪ ਭੁੱਲਰ ਅਤੇ ਅਕਾਦਮਿਕ ਸੁਪੋਰਟ ਗਰੁੱਪ ਦੇ ਮੈਂਬਰਾਂ ਵੱਲੋਂ ਸਕੂਲਾਂ ਦਾ ਦੌਰਾ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫ਼ਸਰ ਸੁਨੀਤਇੰਦਰ ਸਿੰਘ ਅਤੇ ਇੰਦੂ ਸਿਮਕ ਨੇ ਕਿਹਾ ਕਿ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨਾਲ ਖੁੱਲ੍ਹੀ ਗੱਲਬਾਤ ਕੀਤੀ ਅਤੇ ਸਕੂਲਾਂ ਵਿੱਚ ਦਿੱਤੀਆਂ ਜਾ ਰਹੀਆਂ ਸਹੂਲਤਾਂ, ਪੜ੍ਹਾਈ ਦੇ ਮਿਆਰ ਅਤੇ ਵਿਦਿਆਰਥੀਆਂ ਦੀ ਸਮੁੱਚੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ। ਮੀਡੀਆ ਕੋਆਰਡੀਨੇਟਰ ਹਰਵਿੰਦਰ ਰੋਮੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਿੱਖਿਆ ਅਧਿਕਾਰੀਆਂ ਨੇ ਮਾਪਿਆਂ ਨੂੰ ਦੱਸਿਆ ਕਿ ਮੈਗਾ ਪੀ.ਟੀ.ਐਮ. ਦਾ ਮੁੱਖ ਉਦੇਸ਼ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਿਚਕਾਰ ਮਜ਼ਬੂਤ ਤਾਲਮੇਲ ਸਥਾਪਿਤ ਕਰਨਾ ਹੈ ਤਾਂ ਜੋ ਬੱਚਿਆਂ ਦੀ ਸਿੱਖਿਆ ਅਤੇ ਸਰਵਪੱਖੀ ਵਿਕਾਸ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ।

ਮੈਗਾ ਪੀ.ਟੀ.ਐਮ. ਦੌਰਾਨ ਸਕੂਲਾਂ ਵਿੱਚ ਉਤਸ਼ਾਹਪੂਰਨ ਮਾਹੌਲ ਦੇਖਣ ਨੂੰ ਮਿਲਿਆ ਅਤੇ ਮਾਪਿਆਂ ਨੇ ਆਪਣੇ ਬੱਚਿਆਂ ਦੀ ਕਾਰਗੁਜ਼ਾਰੀ ਸਬੰਧੀ ਅਧਿਆਪਕਾਂ ਨਾਲ ਵਿਸਥਾਰਪੂਰਵਕ ਚਰਚਾ ਕੀਤੀ।

# ਬੀ.ਵੀ.ਐਮ. ਇੰਟਰਨੈਸ਼ਨਲ ਸਕੂਲ ਵਿੱਚ ਮਈ ਮਹੀਨੇ ਦੇ ਜਨਮਦਿਨ ਖੁਸ਼ੀ-ਖੁਸ਼ੀ ਮਨਾਏ




ਬਰਨਾਲਾ, 30 ਮਈ ( ਹਮੀਰ ਸਿੰਘ) : ਬੀਵੀਐਮ ਇੰਟਰਨੈਸ਼ਨਲ ਸਕੂਲ ਵਿੱਚ ਪਲੇਵੇਅ ਤੋਂ ਯੂਕੇਜੀ ਤੱਕ ਦੇ ਵਿਦਿਆਰਥੀਆਂ ਦੇ ਮਈ ਮਹੀਨੇ ਦੇ ਜਨਮਦਿਨ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਏ ਗਏ। ਇਸ ਮੌਕੇ ਜਨਮਦਿਨ ਵਾਲੇ ਬੱਚਿਆਂ ਨੇ ਕੇਕ ਕੱਟ ਕੇ ਆਪਣੇ ਦੋਸਤਾਂ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ। ਕਲਾਸਰੂਮਾਂ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਅਤੇ ਬੱਚਿਆਂ ਨੇ ਤਾੜੀਆਂ ਅਤੇ ਮੁਸਕਰਾਹਟਾਂ ਨਾਲ ਆਪਣੇ ਸਾਥੀਆਂ ਨੂੰ ਜਨਮਦਿਨ ਦੀਆਂ ਵਧਾਈਆਂ ਦਿੱਤੀਆਂ। ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਨੇ ਬੱਚਿਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਦੇ ਸਮਾਜਿਕ ਅਤੇ ਭਾਵਨਾਤਮਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪ੍ਰਿੰਸੀਪਲ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੀ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀਆਂ ਖੁਸ਼ੀਆਂ ਅਤੇ ਸਰਵਪੱਖੀ ਵਿਕਾਸ ਨੂੰ ਵੀ ਬਰਾਬਰ ਮਹੱਤਵ ਦਿੰਦਾ ਹੈ। ਸਮਾਗਮ ਦੌਰਾਨ ਸੁਰੱਖਿਆ, ਸਫਾਈ ਅਤੇ ਅਨੁਸ਼ਾਸਨ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ।

# ਡੇਂਗੂ ਤੇ ਮਲੇਰੀਆ ਦੇ ਲੱਛਣ ਦਿਖਣ ’ਤੇ ਤੁਰੰਤ ਕਰਵਾਓ ਜਾਂਚ : ਸਿਹਤ ਵਿਭਾਗ



ਬਰਨਾਲਾ, 30 ਮਈ ( ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਬਰਨਾਲਾ ਦੀਆਂ ਟੀਮਾਂ ਵੱਲੋਂ ‘ਹਰ ਸ਼ੁੱਕਰਵਾਰ ‘ਡੇਂਗੂ ’ਤੇ ਵਾਰ’ ਮੁਹਿੰਮ ਤਹਿਤ ਜ਼ਿਲ੍ਹਾ ਬਰਨਾਲਾ ਦੇ ਸ਼ਹਿਰਾਂ ਤੇ ਪਿੰਡਾਂ ਵਿੱਚ ਮੈਰਿਜ ਪੈਲੇਸ, ਧਾਰਮਿਕ, ਇਤਿਹਾਸਿਕ ਅਤੇ ਸਮੁਦਾਇਕ ਸਥਾਨਾਂ ’ਤੇ ਜਾ ਕੇ ਡੇਂਗੂ ਤੋਂ ਬਚਾਅ ਲਈ ਗਤੀਵਿਧੀਆਂ ਕੀਤੀਆਂ ਗਈਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਜ਼ਿਲ੍ਹਾ ਐਪੀਡਿਮਾਲੋਜਿਸਟ ਡਾ. ਮੁਨੀਸ਼ ਕੁਮਾਰ ਅਤੇ ਡਾ. ਸਾਕਸ਼ੀ ਸੋਨੀ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ-ਘਰ ਜਾ ਕੇ ਸਰਵੇਖਣ ਸਮੇਂ ਦੇਖਣ ਵਿੱਚ ਆਉਂਦਾ ਕਿ ਪਾਣੀ ਦੇ ਸੋਮਿਆਂ ਨੂੰ ਖਾਲੀ ਕਰਨ ਉਪਰੰਤ ਫਿਰ ਪਾਣੀ ਪਾ ਦਿੱਤਾ ਜਾਂਦਾ ਹੈ, ਉੱਥੇ ਮੱਛਰਾਂ ਦੇ ਅੰਡੇ ਉਸ ਬਰਤਨ ਨਾਲ ਲੱਗੇ ਰਹਿ ਜਾਂਦੇ ਹਨ, ਜੋ ਬਾਅਦ ਵਿੱਚ ਲਾਰਵਾ ਤੋਂ ਮੱਛਰ ਦਾ ਰੂਪ ਧਾਰ ਲੈਂਦੇ ਹਨ। ਸਿਹਤ ਸੁਪਰਵਾਈਜ਼ਰ ਗੁਰਮੇਲ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਸਹਿਣਾ ਅਤੇ ਸੁਰਿੰਦਰ ਸਿੰਘ ਨੇ ਦੱਸਿਆ ਕਿ ਜੇਕਰ ਕਿਸੇ ਮਰੀਜ਼ ਵਿੱਚ ਡੇਂਗੂ ਮਲੇਰੀਆ ਦੇ ਲੱਛਣ ਦਿਖਾਈ ਦੇਣ, ਤਾਂ ਉਨ੍ਹਾਂ ਨੂੰ ਤੁਰੰਤ ਨੇੜੇ ਦੇ ਸਿਹਤ ਕੇਂਦਰ ਜਾਂ ਹਸਪਤਾਲ ਵਿੱਚ ਆਪਣੀ ਦੀ ਜਾਂਚ ਕਰਵਾਉਣੀ ਚਾਹੀਦੀ ਹੈ ।ਡੇਂਗੂ ਦੀ ਜਾਂਚ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ, ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ ਅਤੇ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਹਰਜੀਤ ਸਿੰਘ ਨੇ ਦੱਸਿਆ ਕਿ ਅੱਜ ਕੱਲ੍ਹ ਗਰਮੀ ਜ਼ਿਆਦਾ ਹੋਣ ਕਾਰਨ ਜ਼ਿਲ੍ਹਾ ਨਿਵਾਸੀਆਂ ਵੱਲੋਂ ਪਸ਼ੂ-ਪੰਛੀਆਂ ਲਈ ਪਾਣੀ ਬਰਤਨਾਂ ਵਿੱਚ ਪਾਇਆ ਜਾਂਦਾ ਹੈ, ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਪਾਣੀ ਦੇ ਸਰੋਤਾਂ ਨੂੰ ਸਾਫ ਅਤੇ ਧੁੱਪ ਵਿੱਚ ਸੁਕਾਉਣ ਜਾਗਰੂਕ ਕੀਤਾ ਜਾਂਦਾ ਹੈ, ਤਾਂ ਜੋ ਡੇਂਗੂ ਦੇ ਮੱਛਰ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ।

# ਪੰਜਾਬ ਪਬਲਿਕ ਸਕੂਲ ਵਿੱਚ ‘ਵਿਸ਼ਵ ਤੰਬਾਕੂ ਵਿਰੋਧੀ ਦਿਵਸ’ ਮੌਕੇ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



ਧਨੌਲਾ, 30 ਮਈ ( ਚਮਕੌਰ ਸਿੰਘ ਗੱਗੀ) : ਪੰਜਾਬ ਪਬਲਿਕ ਸਕੂਲ ਵਿੱਚ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਦੇ ਮੌਕੇ ਵਿਦਿਆਰਥੀਆਂ ਨੂੰ ਤੰਬਾਕੂ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਤੰਬਾਕੂ ਅਤੇ ਹੋਰ ਨਸ਼ਿਆਂ ਦੇ ਸਿਹਤ ਉੱਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਸਕੂਲ ਵਿੱਚ ਕਰਵਾਏ ਗਏ ਇਸ ਪ੍ਰੋਗਰਾਮ ਤਹਿਤ ਪੋਸਟਰ ਮੇਕਿੰਗ, ਸਲੋਗਨ ਲਿਖਣ, ਭਾਸ਼ਣ ਅਤੇ ਜਾਗਰੂਕਤਾ ਸੰਬੰਧੀ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸਮਝਾਇਆ ਕਿ ਤੰਬਾਕੂ ਦੀ ਵਰਤੋਂ ਕੈਂਸਰ, ਦਿਲ ਦੀਆਂ ਬਿਮਾਰੀਆਂ ਅਤੇ ਸਾਹ ਸੰਬੰਧੀ ਕਈ ਗੰਭੀਰ ਰੋਗਾਂ ਦਾ ਕਾਰਨ ਬਣ ਸਕਦੀ ਹੈ। ਸਕੂਲ ਦੀ ਪ੍ਰਿੰਸੀਪਲ ਮੈਡਮ ਸਿਮਰਨ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੁਦ ਵੀ ਤੰਬਾਕੂ ਤੋਂ ਦੂਰ ਰਹਿਣ ਅਤੇ ਆਪਣੇ ਪਰਿਵਾਰ ਤੇ ਸਮਾਜ ਨੂੰ ਵੀ ਇਸ ਬੁਰਾਈ ਪ੍ਰਤੀ ਜਾਗਰੂਕ ਕਰਨ। ਸਮਾਗਮ ਦੌਰਾਨ ਸਕੂਲ ਦੇ ਕੋਆਰਡੀਨੇਟਰ ਮਿਸਟਰ ਸਾਹਿਲ ਰਾਜਪੂਤ, ਸੀ.ਸੀ.ਏ ਕੋਆਰਡੀਨੇਟਰ ਮੈਡਮ ਨਵਰੂਪ ਅਤੇ ਸੰਗੀਤ ਅਧਿਆਪਕ ਮਿਸਟਰ ਸਤਨਾਮ ਪਾਠਕ ਦੀ ਯੋਗ ਅਗਵਾਈ ਅਤੇ ਸਹਿਯੋਗ ਨਾਲ ਕਰਵਾਇਆ ਗਿਆ। ਸਕੂਲ ਸਟਾਫ ਨੇ ਇਸ ਮੌਕੇ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

# ‘ਗੁੱਡ ਟੱਚ, ਬੈੱਡ ਟੱਚ’ ਜਾਗਰੂਕਤਾ ਮੁਹਿੰਮ ਰਾਹੀਂ ਬੱਚਿਆਂ ਨੂੰ ਕੀਤਾ ਸੁਚੇਤ



ਰਾਮਪੁਰਾ ਫੂਲ,30 ਮਈ (ਮਨਪ੍ਰੀਤ ਮਿੰਟੂ) : ਸੀ.ਬੀ.ਐਸ.ਈ. ਵੱਲੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਾਨ ਗਲੋਬਲ ਡਿਸਕਵਰੀ ਸਕੂਲ, ਰਾਮਪੁਰਾ ਫੂਲ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਜਾਗਰੂਕਤਾ ਨੂੰ ਧਿਆਨ ਵਿੱਚ ਰੱਖਦਿਆਂ ‘ਗੁੱਡ ਟੱਚ, ਬੈੱਡ ਟੱਚ’ ਵਿਸ਼ੇ ’ਤੇ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਉਦੇਸ਼ ਬੱਚਿਆਂ ਨੂੰ ਸੁਰੱਖਿਅਤ ਅਤੇ ਅਸੁਰੱਖਿਅਤ ਛੂਹਣ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਵਿੱਚ ਆਤਮਵਿਸ਼ਵਾਸ ਪੈਦਾ ਕਰਨਾ ਸੀ।

ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਜੀ ਦੀ ਰਹਿਨੁਮਾਈ ਅਤੇ ਅਗਵਾਈ ਹੇਠ ਤੀਜੀ ਅਤੇ ਚੌਥੀ ਕਲਾਸ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸੈਮੀਨਾਰ ਦੌਰਾਨ ਬੱਚਿਆਂ ਨੂੰ ਸਰਲ, ਰੌਚਕ ਅਤੇ ਸਿੱਖਿਅਕ ਗਤੀਵਿਧੀਆਂ ਰਾਹੀਂ ਸੁਰੱਖਿਅਤ ਅਤੇ ਅਸੁਰੱਖਿਅਤ ਛੂਹਣ ਵਿਚਲਾ ਅੰਤਰ ਸਮਝਾਇਆ ਗਿਆ। ਪ੍ਰਸਤੁਤੀਆਂ, ਉਦਾਹਰਣਾਂ ਅਤੇ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਕਿਸੇ ਵੀ ਅਸਹਿਜ ਸਥਿਤੀ ਵਿੱਚ ਉਹ ਤੁਰੰਤ ਆਪਣੇ ਮਾਤਾ-ਪਿਤਾ, ਅਧਿਆਪਕ ਜਾਂ ਕਿਸੇ ਭਰੋਸੇਯੋਗ ਵਿਅਕਤੀ ਨੂੰ ਜਾਣਕਾਰੀ ਦੇਣ। ਬੱਚਿਆਂ ਨੇ ਪੂਰੇ ਉਤਸ਼ਾਹ ਅਤੇ ਜਗਿਆਸਾ ਨਾਲ ਪ੍ਰੋਗਰਾਮ ਵਿੱਚ ਹਿੱਸਾ ਲਿਆ

ਇਸ ਮੌਕੇ ਉਪ-ਚੇਅਰਮੈਨ ਸ੍ਰੀ ਅਮਿਤ ਸਰਾਫ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਨੂੰ ਆਤਮ-ਸੁਰੱਖਿਆ ਪ੍ਰਤੀ ਜਾਗਰੂਕ ਬਣਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਉਹ ਮਾਨਸਿਕ ਅਤੇ ਸਮਾਜਿਕ ਤੌਰ ’ਤੇ ਵੀ ਮਜ਼ਬੂਤ ਬਣ ਸਕਣ। ਵਿਦਿਆਰਥੀਆਂ ਨੇ ਇਹ ਸੰਕਲਪ ਲਿਆ ਕਿ ਉਹ ਹਮੇਸ਼ਾਂ ਸਚੇਤ ਰਹਿਣਗੇ ਅਤੇ ਕਿਸੇ ਵੀ ਗਲਤ ਵਿਵਹਾਰ ਦੇ ਵਿਰੁੱਧ ਨਿਡਰ ਹੋ ਕੇ ਆਵਾਜ਼ ਉਠਾਉਣਗੇ।

# ਸਰਕਾਰੀ ਹਾਈ ਸਕੂਲ, ਨਾਈਵਾਲਾ ਵਿਖੇ ਮਾਪੇ-ਅਧਿਆਪਕ ਮਿਲਣੀ ਹੋਈ



ਬਰਨਾਲਾ, 30 ਮਈ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਹਾਈ ਸਕੂਲ ਨਾਈਵਾਲਾ ਵਿਖੇ ਅੱਜ ਸਕੂਲ ਇੰਚਾਰਜ ਮਧੂ ਬਾਲਾ ਦੀ ਨਿਗਰਾਨੀ ਵਿੱਚ ਮਾਪੇ-ਅਧਿਆਪਕ ਮਿਲਣੀ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੀ ਮੀਟਿੰਗ ਸਫ਼ਲਤਾਪੂਰਵਕ ਕਰਵਾਈ ਗਈ। ਇਸ ਸਬੰਧੀ ਮਹਿੰਦਰ ਪਾਲ ਕੰਪਿਊਟਰ ਫੈਕਲਟੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੀ ਪੀ.ਟੀ.ਐਮ. ਵਿੱਚ 70 ਪ੍ਰਤੀਸ਼ਤ ਤੋਂ ਵੱਧ ਮਾਪਿਆਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਅਧਿਆਪਕਾਂ ਅਤੇ ਕਲਾਸ ਇੰਚਾਰਜਾਂ ਵੱਲੋਂ ਮਾਪਿਆਂ ਨਾਲ ਵਿਦਿਆਰਥੀਆਂ ਦੀ ਪੜ੍ਹਾਈ, ਸਕੂਲ ਦੀਆਂ ਵੱਖ-ਵੱਖ ਗਤੀਵਿਧੀਆਂ, ਗਰਮੀਆਂ ਦੀਆਂ ਛੁੱਟੀਆਂ ਅਤੇ ਹੋਮਵਰਕ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਮੌਕੇ ਤੇ ਸਕੂਲ ਦੇ ਵਿਕਾਸ ਅਤੇ ਵਿਦਿਆਰਥੀਆਂ ਦੀ ਭਲਾਈ ਨਾਲ ਸਬੰਧਿਤ ਮਹੱਤਵਪੂਰਨ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਸਕੂਲ ਅਤੇ ਸਮਾਜ ਪ੍ਰਤੀ ਸ਼ਾਨਦਾਰ ਯੋਗਦਾਨ ਪਾਉਣ ਵਾਲੇ ਸਮੂਹ ਸਟਾਫ ਮੈਂਬਰਾਂ ਨੂੰ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਹਸਤਾਖਰਿਤ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਤੋਂ ਇਲਾਵਾ ਮੈਡਮ ਪਰਵੀਨ, ਰੋਜ਼ੀ ਸਿੰਗਲਾ, ਲਵਲੀ ਸਿੰਗਲਾ ਅਤੇ ਰਿੰਪਲ ਰਾਣੀ ਹਾਜ਼ਰ ਸਨ।

# ਨਵੇਂ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਨਾ ਕਰਨ ਵਾਲੇ ਪਲੇਅ-ਵੇ ਸਕੂਲਾਂ ਖ਼ਿਲਾਫ਼ ਹੋਵੇਗੀ ਕਾਰਵਾਈ

ਬਰਨਾਲਾ, 30 ਮਈ ( ਬਘੇਲ ਸਿੰਘ ਧਾਲੀਵਾਲ) : ਅਰਲੀ ਚਾਇਲਡ ਹੁੱਡ ਕੇਅਰ ਐਂਡ ਐਜੂਕੇਸ਼ਨ ਸਕੀਮ ਅਧੀਨ ਪ੍ਰਾਈਵੇਟ ਪਲੇਅ-ਵੇ-ਸਕੂਲਾਂ ਦੀ ਨਵੀਂ ਰਜਿਸਟਰੇਸ਼ਨ ਕਰਵਾਉਣ ਸਬੰਧੀ ਪੰਜਾਬ ਸਰਕਾਰ ਵੱਲੋਂ ਪਲੇਅ ਵੇਅ ਸਕੂਲਾਂ ਲਈ ਨਵੀਆਂ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ, ਜਿਸ ਤਹਿਤ ਪੰਜਾਬ ਵਿਚ ਚੱਲ ਰਹੇ ਸਾਰੇ ਪ੍ਰਾਈਵੇਟ ਪਲੇਅ-ਵੇਅ ਸਕੂਲ ਹੁਣ ਤੋਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਰਜਿਸਟਰਡ ਕੀਤੇ ਜਾਣਗੇ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸ੍ਰੀਮਤੀ ਰਤਿੰਦਰਪਾਲ ਕੌਰ ਧਾਰੀਵਾਲ, ਜ਼ਿਲ੍ਹਾ ਪ੍ਰੋਗਰਾਮ ਅਫਸਰ ਬਰਨਾਲਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਨਿੱਜੀ ਪਲੇਅ-ਵੇਅ ਸਕੂਲਾਂ ਵਿਚ ਬਚਪਨ ਦੇ ਸ਼ੁਰੂਆਤੀ ਵਿਕਾਸ ਲਈ ਬੱਚਿਆਂ ਨੂੰ ਖੇਡਾਂ ਦੇ ਜਰੀਏ ਪੜ੍ਹਾਇਆ ਜਾਵੇਗਾ, ਜਿਸ ਨਾਲ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਨਿਖਾਰ ਆਵੇਗਾ। ਉਨ੍ਹਾਂ ਹੋਰ ਦੱਸਿਆ ਕਿ ਨਵੇਂ ਦਿਸ਼ਾ ਨਿਰਦੇਸ਼ਾਂ ਤਹਿਤ ਸਕੂਲਾਂ ਵਿੱਚ ਦਾਖ਼ਲੇ ਲਈ ਬੱਚਿਆਂ ਦਾ ਕੋਈ ਸਕ੍ਰੀਨਿੰਗ ਟੈਸਟ ਜਾਂ ਮਾਤਾ-ਪਿਤਾ ਦੀ ਇੰਟਰਵਿਊ ਨਹੀਂ ਹੋਵੇਗੀ। ਉਨ੍ਹਾਂ ਦੱਸਿਆ ਕਿ ਪਲੇਅ ਸਕੂਲ ਦੀ ਇਮਾਰਤ ਦਾ ਹਵਾਦਾਰ ਹੋਣਾ, ਸਕੂਲ ਦੀ ਚਾਰ-ਦੀਵਾਰੀ, ਸਾਫ ਸੁਥਰਾ ਪੀਣ ਯੋਗ ਪਾਣੀ ਹੋਵੇ ਤੇ ਇਸ ਦੇ ਨਾਲ ਇੱਕ ਕੇਅਰਟੇਕਰ ਵੀ ਹੋਵੇਗਾ। ਸਕੂਲ ਅੰਦਰਲੀ ਬਣਤਰ, ਰੈਸਟ ਰੂਮ ਦੀ ਵਿਵਸਥਾ, ਲੜਕਿਆਂ ਅਤੇ ਲੜਕੀਆਂ ਲਈ ਵੱਖਰੇ ਪਖਾਨੇ ਅਤੇ ਸਾਰੇ ਸਕੂਲਾਂ ਵਿੱਚ ਸੀਸੀਟੀਵੀ ਕੈਮਰੇ ਵੀ ਲਾਜ਼ਮੀ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਹਦਾਇਤਾਂ ਦੀ ਪਾਲਣਾ ਨਾ ਕਰਨ ਅਤੇ ਰਜਿਸਟ੍ਰੇਸ਼ਨ ਨਾ ਕਰਵਾਉਣ ਦੀ ਸੂਰਤ ਵਿੱਚ ਸਬੰਧਤ ਸਕੂਲਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਮਦਰ ਟੀਚਰ ਸਕੂਲ ਵਿਚ ਅਧਿਆਪਕ-ਮਾਪੇ ਮਿਲਣੀ



ਬਰਨਾਲਾ, 30 ਮਈ ( ਹਮੀਰ ਸਿੰਘ) : ਮਦਰ ਟੀਚਰ ਕ੍ਰੈਚ ਅਤੇ ਪ੍ਰੀ ਸਕੂਲ ਬਰਨਾਲਾ ਵੱਲੋਂ ਮਿਤੀ 29.05.2026 ਨੂੰ ਇੱਕ ਅਧਿਆਪਕ ਅਤੇ ਮਾਪਿਆਂ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਪ੍ਰੀਖਿਆ ਨਤੀਜਿਆਂ ਬਾਰੇ ਚਰਚਾ ਕਰਨਾ ਸੀ ਮਾਪਿਆਂ ਨੇ ਅਧਿਆਪਕਾਂ ਤੋਂ ਆਪਣੇ ਬੱਚਿਆਂ ਬਾਰੇ ਵਿਚਾਰ ਸਾਂਝੇ ਕੀਤੇ ਅਤੇ ਅਧਿਆਪਕਾਂ ਨਾਲ ਆਪਣੇ ਸਵਾਲ ਅਤੇ ਸੁਝਾਅ ਵੀ ਸਾਂਝੇ ਕੀਤੇ। ਸਕੂਲ ਦੇ ਕੋਆਰਡੀਨੇਟਰ ਜੀ ਨੇ ਕਿਹਾ ਕਿ ਇਹ ਅਧਿਆਪਕਾਂ ਅਤੇ ਮਾਪਿਆਂ ਵਿਚਕਾਰ ਸਹੀ ਰਿਸ਼ਤਾ ਬਣਾਈ ਰੱਖਣ ਦਾ ਵਧੀਆ ਤਰੀਕਾ ਹੈ , ਜਿਸ ਨਾਲ ਸਕੂਲ ਅਤੇ ਬੱਚਿਆਂ ਦੀ ਵਿੱਦਿਅਕ ਪ੍ਰਗਤੀ ਵਿੱਚ ਸਹਾਇਤਾ ਕਰਨ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਪ੍ਰਦਾਨ ਕਰਦਾ ਹੈ ਸਕੂਲ ਦੇ ਪ੍ਰਿੰਸੀਪਲ ਜੀ ਨੇ ਇਸ ਸਮਾਗਮ ਵਿੱਚ ਸ਼ਾਮਲ ਹੋਣ ਅਤੇ ਆਪਣੇ ਬੱਚਿਆਂ ਦੀ ਵਿੱਦਿਅਕ ਸਫਲਤਾ ਵਿੱਚ ਸਹਿਯੋਗ ਦੇਣ ਲਈ ਸਾਰੇ ਮਾਪਿਆਂ ਦਾ ਧੰਨਵਾਦ ਕੀਤਾ।

# ਫਿਰਕੂ ਫਾਸ਼ੀਵਾਦ ਖ਼ਿਲਾਫ਼ ਲੋਕ ਏਕਤਾ ਤੇ ਸੰਘਰਸ਼ਾਂ ਨੂੰ ਮਜ਼ਬੂਤ ਕਰਨ ਦਾ ਸੱਦਾ



ਬਰਨਾਲਾ, 30 ਮਈ (ਬਘੇਲ ਸਿੰਘ ਧਾਲੀਵਾਲ) : ਇਨਕਲਾਬੀ ਕੇਂਦਰ ਪੰਜਾਬ ਅਤੇ ਲੋਕ ਮੋਰਚਾ ਪੰਜਾਬ ਵੱਲੋਂ ਤਰਕਸ਼ੀਲ ਭਵਨ ਬਰਨਾਲਾ ਸੂਬਾ ਪੱਧਰੀ ਭਰਵੀਂ ਇਕੱਤਰਤਾ ਕੀਤੀ ਗਈ ਅਤੇ ਫਿਰਕੂ ਫਾਸ਼ੀ ਹੱਲੇ ਦੇ ਟਾਕਰੇ ਲਈ ਲੋਕ ਸੰਘਰਸ਼ਾਂ ਨੂੰ ਤੇਜ਼ ਕਰਨ ਅਤੇ ਚੋਣਾਂ ਦੀ ਪਾਟਕ ਪਾਊ ਸਿਆਸਤ ਤੋਂ ਬਚਣ ਦਾ ਸੱਦਾ ਦਿੱਤਾ ਗਿਆ। ਕਨਵੈਨਸ਼ਨ ਦੀ ਸ਼ੁਰੂਆਤ ਲਖਵਿੰਦਰ ਠੀਕਰੀਵਾਲਾ, ਮੰਦਰ ਜੱਸੀ, ਹਰਮੀਤ ਕੋਟਗੁਰੂ ਅਤੇ ਨਰਿੰਦਰ ਪਾਲ ਸਿੰਗਲਾ ਦੇ ਇਨਕਲਾਬੀ ਗੀਤਾਂ ਨਾਲ ਹੋਈ। ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਭਾਜਪਾ ਹਕੂਮਤ ਦੇ ਫਿਰਕੂ ਫਾਸ਼ੀ ਕਦਮਾਂ ਉੱਤੇ ਵਿਸਥਾਰੀ ਚਰਚਾ ਕਰਦਿਆਂ ਆਪਸੀ ਏਕਾ ਬਣਾਈ ਰੱਖਣ ਅਤੇ ਬੁਨਿਆਦੀ ਮੁੱਦਿਆਂ ਨੂੰ ਨਾਂ ਵਿਸਾਰਨ ਦੀ ਲੋੜ’ਤੇ ਜ਼ੋਰ ਦਿੱਤਾ। ਲੋਕ ਮੋਰਚਾ ਪੰਜਾਬ ਦੀ ਆਗੂ ਸ਼ੀਰੀਂ ਨੇ ਕਿਹਾ ਕਿ ਆਪ ਪਾਰਟੀ ਜਿਹੀਆਂ ਫਾਸ਼ੀ ਕਿਰਦਾਰ ਰੱਖਣ ਵਾਲੀਆਂ ਭਾਜਪਾ ਦੀਆਂ ਸ਼ਰੀਕ ਵੋਟ ਪਾਰਟੀਆਂ ਉੱਤੇ ਟੇਕ ਰੱਖ ਕੇ ਭਾਜਪਾ ਦੇ ਫਿਰਕੂ ਫਾਸ਼ੀ ਹੱਲੇ ਦਾ ਟਾਕਰਾ ਨਹੀਂ ਕੀਤਾ ਜਾ ਸਕਦਾ ਸਗੋਂ ਚੇਤਨ ਲੋਕ ਸੰਘਰਸ਼ ਹੀ ਇਸ ਨੂੰ ਠੱਲ੍ਹ ਪਾ ਸਕਦੇ ਹਨ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਨੇ ਮੌਕਾ ਪ੍ਰਸਤ ਵੋਟ ਪਾਰਟੀਆਂ ਦੇ ਫਰੇਬੀ ਲੋਕ ਮੁੱਦਿਆਂ ਦੇ ਮੁਕਾਬਲੇ ਬੁਨਿਆਦੀ ਲੋਕ ਮੁੱਦਿਆਂ ਨੂੰ ਉਭਾਰਦਿਆਂ ਇਨ੍ਹਾਂ ਮੁੱਦਿਆਂ ਉੱਤੇ ਜਮਾਤੀ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਲੋਕ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਜਗਮੇਲ ਸਿੰਘ ਨੇ ਲੋਕਾਂ ਦੇ ਸਭਨਾਂ ਮਸਲਿਆਂ ਦਾ ਹਕੂਮਤ ਦੇ ਨੀਤੀ ਕਦਮਾਂ ਨਾਲ ਸਬੰਧ ਦਿਖਾਉਂਦਿਆਂ ਸੰਘਰਸ਼ਾਂ ਨੂੰ ਇਨ੍ਹਾਂ ਨੀਤੀ ਕਦਮਾਂ ਖਿਲਾਫ਼ ਸੇਧਤ ਕਰਨ ਅਤੇ ਬੁਨਿਆਦੀ ਇਨਕਲਾਬੀ ਤਬਦੀਲੀ ਦੇ ਰਾਹ ਤੇ ਅੱਗੇ ਵਧਣ ਦਾ ਸੱਦਾ ਦਿੱਤਾ। ਇਸ ਮੌਕੇ ਦਿੱਲੀ ਐਨਸੀਆਰ ਦੇ ਖੇਤਰ ਵਿੱਚ ਸੰਘਰਸ਼ ਕਰ ਰਹੇ ਮਜ਼ਦੂਰ ਆਗੂਆਂ ਅਤੇ ਸਿਆਸੀ ਕਾਰਕੁੰਨ ਉੱਤੇ ਪਾਏ ਝੂਠੇ ਕੇਸਾਂ ਦੀ ਨਿਖੇਧੀ ਕਰਦਿਆਂ, ਬਿਨ੍ਹਾਂ ਸ਼ਰਤ ਰਿਹਾਅ ਕਰਨ ਮਤਾ ਵੀ ਪਾਸ ਕੀਤਾ ਗਿਆ। ਸਟੇਜ ਸੰਚਾਲਨ ਦੀ ਜਿੰਮੇਵਾਰੀ ਜਸਵੰਤ ਜੀਰਖ ਵੱਲੋਂ ਨਿਭਾਈ ਗਈ।

# ਵਾਈ.ਐਸ. ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਅਤੇ ਰਾਜ ਪੱਧਰੀ ਖੇਡ ਮੁਕਾਬਲਿਆਂ ਵਿੱਚ ਮਾਰੀਆਂ ਮੱਲਾਂ

ਬਰਨਾਲਾ, 30 ਮਈ (ਇਸ਼ੇਨ ਕੰਗ) : ਦੇਸ਼ ਦੇ ਟਾਪ-50 ਸਕੂਲਾਂ ਵਿੱਚ ਸ਼ਾਮਲ ਵਾਈਐਸ ਪਬਲਿਕ ਸਕੂਲ ਨੇ ਇੱਕ ਵਾਰ ਫਿਰ ਸਿੱਖਿਆ, ਖੇਡਾਂ ਅਤੇ ਸਰਵਪੱਖੀ ਵਿਕਾਸ ਦੇ ਖੇਤਰ ਵਿੱਚ ਆਪਣੀ ਵਚਨਬੱਧਤਾ ਨੂੰ ਸਾਬਤ ਕੀਤਾ ਹੈ। ਸਾਲ 2025-26 ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਰਾਸ਼ਟਰੀ ਅਤੇ ਰਾਜ ਪੱਧਰੀ ਖੇਡ ਚੈਂਪੀਅਨਸ਼ਿਪਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੀ ਹੋਣਹਾਰ ਖਿਡਾਰਨ ਅਨੂਰੀਤ ਨੇ ਰਾਸ਼ਟਰੀ ਪੱਧਰ ਦੀ ਕਿੱਕ-ਬਾਕਸਿੰਗ ਚੈਂਪੀਅਨਸ਼ਿਪ ਵਿੱਚ ਦੋ ਸੋਨ ਤਗਮੇ ਜਿੱਤੇ। ਇਸੇ ਤਰ੍ਹਾਂ ਹਸ਼ਨਪ੍ਰੀਤ, ਅਰਸ਼ਵੀਰ, ਗੁਰਵੀਰ ਅਤੇ ਖੁਸ਼ਪ੍ਰੀਤ ਨੇ ਕ੍ਰਮਵਾਰ ਨੈਟਬਾਲ, ਸੈਸਟੋਬਾਲ ਅਤੇ ਕਿੱਕ-ਬਾਕਸਿੰਗ ਵਿੱਚ ਰਾਸ਼ਟਰੀ ਪੱਧਰ ’ਤੇ ਸੋਨ ਤਗਮੇ ਹਾਸਲ ਕੀਤੇ। ਰਾਜ ਪੱਧਰ ’ਤੇ ਅਨਮੋਲਪ੍ਰੀਤ, ਸੁਖਮਨਜੀਤ, ਸ਼ਾਈਨ ਅਖ਼ਤਰ, ਗੀਤਿਕਾ, ਮਾਨਵਦੀਪ ਅਤੇ ਏਕਮਵੀਰ ਨੇ ਨੈਟਬਾਲ ਅਤੇ ਹੋਰ ਖੇਡ ਮੁਕਾਬਲਿਆਂ ਵਿੱਚ ਸੋਨ ਤਗਮੇ ਜਿੱਤ ਕੇ ਸਕੂਲ ਦੀ ਝੋਲੀ ਵਿੱਚ ਹੋਰ ਮਾਣ ਪਾਇਆ। ਇਸ ਤੋਂ ਇਲਾਵਾ ਰਣਦੀਪ ਨੇ ਰਾਸ਼ਟਰੀ ਪੱਧਰ ਦੀ ਨੈਟਬਾਲ ਚੈਂਪੀਅਨਸ਼ਿਪ ਵਿੱਚ ਸੋਨ ਤਗਮਾ ਜਿੱਤ ਕੇ ਸਕੂਲ ਦੀ ਖੇਡ ਪ੍ਰਤਿਭਾ ਨੂੰ ਹੋਰ ਮਜ਼ਬੂਤੀ ਦਿੱਤੀ। ਚਾਂਦੀ ਦੇ ਤਗਮੇ ਜੇਤੂਆਂ ਵਿੱਚ ਰਾਸ਼ਟਰੀ ਪੱਧਰ ਦੀ ਨੈਟਬਾਲ ਵਿੱਚ ਸਾਨਵੀ ਅਤੇ ਰਾਜ ਪੱਧਰ ’ਤੇ ਕਿੱਕ-ਬਾਕਸਿੰਗ ਵਿੱਚ ਏਕਮਵੀਰ ਅਤੇ ਬਾਕਸਿੰਗ ਵਿੱਚ ਕਰਨਦੀਪ ਸ਼ਾਮਲ ਰਹੇ। ਇਸ ਤੋਂ ਇਲਾਵਾ ਪ੍ਰਭਲੀਨ ਨੇ ਟੇਬਲ ਟੈਨਿਸ ਵਿੱਚ ਕਾਂਸੀ ਦਾ ਤਗਮਾ ਜਿੱਤਿਆ, ਜਦਕਿ ਸਾਰਿਕਾ, ਐਸ਼ਮੀਨ ਅਤੇ ਨੂਰਦੀਪ ਨੇ ਰਾਜ ਪੱਧਰ ਦੀ ਤੀਰਅੰਦਾਜ਼ੀ ਚੈਂਪੀਅਨਸ਼ਿਪ ਵਿੱਚ ਕਾਂਸੀ ਦੇ ਤਗਮੇ ਆਪਣੇ ਨਾਮ ਕੀਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੋਹਿਤ ਜਿੰਦਲ ਨੇ ਕਿਹਾ, ‘ਇਹ ਉਪਲੱਬਧੀ ਸਾਡੇ ਵਿਦਿਆਰਥੀਆਂ, ਅਧਿਆਪਕਾਂ, ਕੋਚਾਂ ਅਤੇ ਮਾਪਿਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ। ਰਾਸ਼ਟਰੀ ਅਤੇ ਰਾਜ ਪੱਧਰ ’ਤੇ ਸਾਡੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਉਨ੍ਹਾਂ ਦੀ ਕੜੀ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ੍ਹ ਨਿਸ਼ਚੇ ਦਾ ਪ੍ਰਮਾਣ ਹੈ ਮੈਂ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਾ ਹਾਂ ਅਤੇ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਕਰਦਾ ਹਾਂ। ਸਕੂਲ ਪਰਿਵਾਰ ਨੇ ਸਾਰੇ ਤਗਮਾ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਸਕੂਲ ਲਈ ਮਾਣ ਵਾਲਾ ਪਲ ਕਰਾਰ ਦਿੱਤਾ।

# ਸੀ.ਬੀ.ਐਸ.ਈ. ਦੋ-ਦਿਨਾਂ ਸਮਰੱਥਾ ਨਿਰਮਾਣ ਪ੍ਰੋਗਰਾਮ (ਅੰਗਰੇਜ਼ੀ ਕੋਰ) ਵਾਈ.ਐਸ. ਸਕੂਲ ’ਚ



ਬਰਨਾਲਾ, 30 ਮਈ ( ਹਮੀਰ ਸਿੰਘ) : ਵਾਈ.ਐਸ. ਸਕੂਲ, ਬਰਨਾਲਾ ਵਿਖੇ ਆਯੋਜਿਤ ਸੀਬੀਐਸਈ ਦਾ ਦੋ-ਦਿਨਾ ਸਮਰੱਥਾ ਨਿਰਮਾਣ ਪ੍ਰੋਗਰਾਮ (ਅੰਗਰੇਜ਼ੀ ਕੋਰ) ਸਿੱਖਿਅਕਾਂ ਲਈ ਪੇਸ਼ੇਵਰ ਸਿੱਖਿਆ,ਸਿੱਖਿਆ-ਸ਼ਾਸਤਰ ਦੀ ਸਮਰਿਧੀ ਅਤੇ ਸਹਿਯੋਗੀ ਵਿਕਾਸ ਦਾ ਜੀਵੰਤ ਮੰਚ ਸਾਬਤ ਹੋਇਆ। ਵਾਈ.ਐਸ. ਸਕੂਲ (ਜੈਨੈਕਸਟ) ਦੀ ਜੂਨੀਅਰ ਯੂਨਿਟ, ਸਟੈਪਿੰਗ ਸਟੋਨਜ਼ ਵਿਖੇ ਮੇਜ਼ਬਾਨੀ ਕੀਤੇ ਗਏ ਇਸ ਪ੍ਰੋਗਰਾਮ ਵਿੱਚ ਕਲਾਸਰੂਮ ਅਭਿਆਸਾਂ ਨੂੰ ਮਜ਼ਬੂਤ ਕਰਨ ਅਤੇ ਸਿੱਖਿਆ ਵਿੱਚ ਭਵਿੱਖਮੁਖੀ ਪਹੁੰਚਾਂ ਨੂੰ ਅਪਨਾਉਣ ਲਈ ਵਚਨਬੱਧ ਸਿੱਖਿਅਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸੀਬੀਐਸਈ ਦੇ ਇਹ ਗਿਆਨਵਰਧਕ ਸੈਸ਼ਨ ਮਾਣਯੋਗ ਸਰੋਤ ਵਿਅਕਤੀਆਂ ਡਾ. ਨਿਧੀ ਬਰਾੜ, ਵਾਈਸ ਪ੍ਰਿੰਸੀਪਲ, ਬਲੂਮਿੰਗ ਬਡਜ਼ ਸਕੂਲ, ਮੋਗਾ, ਅਤੇ ਮਿਸ.ਕਿਰਨਜੀਤ ਕੌਰ, ਪੀਜੀਟੀ ਅੰਗਰੇਜ਼ੀ, ਜੀਟੀਬੀ ਸਕੂਲ, ਸੰਗਰੂਰ ਵੱਲੋਂ ਬੜੇ ਸੁਚੱਜੇ ਢੰਗ ਨਾਲ ਕਰਵਾਏ ਗਏ। ਵੱਖ-ਵੱਖ ਇੰਟਰਐਕਟਿਵ ਗਤੀਵਿਧੀਆਂ, ਸਹਿਯੋਗੀ ਕਾਰਜਾਂ, ਸਮੂਹ ਚਰਚਾਵਾਂ, ਚਿੰਤਨ ਅਭਿਆਸਾਂ, ਭਾਸ਼ਾ ਖੇਡਾਂ ਅਤੇ ਅਨੁਭਵੀ ਸਿੱਖਿਆ ਅਭਿਆਸਾਂ ਨੇ ਸੈਸ਼ਨਾਂ ਨੂੰ ਬਹੁਤ ਹੀ ਰੌਚਕ ਅਤੇ ਪ੍ਰਭਾਵਸ਼ਾਲੀ ਬਣਾ ਦਿੱਤਾ। ਇਸ ਵਿਚਾਰ ਤੇ ਜ਼ੋਰ ਦਿੱਤਾ ਗਿਆ ਕਿ ਅਧਿਆਪਕਾਂ ਨੂੰ ਵੀ ਭਵਿੱਖਮੁਖੀ ਸਿੱਖਿਆ ਦਾ ਪਾਲਣ-ਪੋਸ਼ਣ ਕਰਨ ਅਤੇ ਬੱਚਿਆਂ ਨੂੰ 21ਵੀਂ ਸਦੀ ਦੀਆਂ ਗਤੀਸ਼ੀਲ ਮੰਗਾਂ ਲਈ ਤਿਆਰ ਕਰਨ ਵਾਸਤੇ ਉਮਰ ਭਰ ਸਿੱਖਣ ਵਾਲੇ ਬਣੇ ਰਹਿਣਾ ਚਾਹੀਦਾ ਹੈ। ਦੋਵੇਂ ਦਿਨਾਂ ਦੌਰਾਨ ਮਾਹੌਲ ਬੌਧਿਕ ਤੌਰ ਤੇ ਉਤਸਾਹਿਤ, ਸਹਿਯੋਗੀ ਅਤੇ ਪ੍ਰੇਰਨਾਦਾਇਕ ਰਿਹਾ, ਜਿਸ ਨਾਲ ਭਾਗੀਦਾਰਾਂ ਨੂੰ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ, ਅਨੁਭਵ ਸਾਂਝੇ ਕਰਨ ਅਤੇ ਅਰਥਪੂਰਨ ਪੇਸ਼ੇਵਰ ਸੰਪਰਕ ਬਣਾਉਣ ਦਾ ਮੌਕਾ ਮਿਲਿਆ। ਇਹ ਪਹਿਲਕਦਮੀ ਇੱਕ ਕੀਮਤੀ ਸਿੱਖਿਆ ਅਨੁਭਵ ਸਾਬਤ ਹੋਈ ਜਿਸ ਨੇ ਅਕਾਦਮਿਕ ਉੱਤਮਤਾ, ਸਮਰੱਥਾ ਨਿਰਮਾਣ ਅਤੇ ਪ੍ਰਗਤੀਸ਼ੀਲ ਸਿੱਖਿਆ ਪ੍ਰਤੀ ਸੀਬੀਐਸਈ ਅਤੇ ਸੰਸਥਾ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

# ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਰੈੱਡੀਨੈੱਸ ਮੇਲਾ




ਬਰਨਾਲਾ, 30 ਮਈ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਅੱਜ ਵਿਦਿਆ ਪ੍ਰਵੇਸ਼ ਪ੍ਰੋਗਰਾਮ ਤਹਿਤ ਰੈੱਡੀਨੈੱਸ ਮੇਲਾ ਬਹੁਤ ਹੀ ਉਤਸ਼ਾਹ ਅਤੇ ਰੌਣਕ ਨਾਲ ਮਨਾਇਆ ਗਿਆ। ਇਸ ਮੇਲੇ ਦਾ ਮੁੱਖ ਉਦੇਸ਼ ਬੱਚਿਆਂ ਨੂੰ ਖੇਡ-ਅਧਾਰਿਤ ਸਿੱਖਿਆ ਨਾਲ ਜੋੜਨਾ, ਮਾਪਿਆਂ ਨੂੰ ਬੱਚਿਆਂ ਦੀ ਸਿੱਖਣ ਪ੍ਰਕਿਰਿਆ ਵਿੱਚ ਭਾਗੀਦਾਰ ਬਣਾਉਣਾ ਅਤੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵੀ ਬੱਚਿਆਂ ਦੀ ਸਿੱਖਣ ਯਾਤਰਾ ਨੂੰ ਜਾਰੀ ਰੱਖਣ ਲਈ ਪ੍ਰੇਰਿਤ ਕਰਨਾ ਸੀ। ਪਹਿਲੀ ਕਲਾਸ ਦੇ ਇੰਚਾਰਜ ਗੁਰਦੀਪ ਸਿੰਘ ਵੱਲੋਂ ਮੇਲੇ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੇ ਮਾਤਾ-ਪਿਤਾ ਦੀ ਰਜਿਸਟ੍ਰੇਸ਼ਨ ਕੀਤੀ ਗਈ। ਇਸ ਤੋਂ ਇਲਾਵਾ ਥਿੰਕ ਐਂਡ ਲਿੰਕ ਗਤੀਵਿਧੀ ਰਾਹੀਂ ਬੱਚਿਆਂ ਦਾ ਬੌਧਿਕ ਵਿਕਾਸ ਕਰਨ ਲਈ ਰੰਗ ਪਛਾਣ, ਮਿਲਾਣ, ਵਰਗੀਕਰਨ ਅਤੇ ਕਰਮਵਾਰ ਲਿਖਣ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਭਾਸ਼ਾਈ ਵਿਕਾਸ ਲਈ ਚਿੱਤਰ ਦਿਖਾ ਕੇ ਵਸਤੂਆਂ ਦੀ ਪਛਾਣ ਕਰਵਾਉਣਾ, ਸੌਖੇ ਅੱਖਰ ਅਤੇ ਸ਼ਬਦ ਪੜ੍ਹਾਉਣਾ ਅਤੇ ਬੱਚਿਆਂ ਨੂੰ ਵਸਤੂਆਂ ਦੇ ਨਾਮ ਦੱਸਣ ਲਈ ਪ੍ਰੇਰਿਤ ਕੀਤਾ ਗਿਆ। ਮੁੱਖ ਅਧਿਆਪਕ ਅਸ਼ਵਨੀ ਕੁਮਾਰ ਨੇ ਕਿਹਾ ਕਿ ਵਿਦਿਆ ਪ੍ਰਵੇਸ਼ ਅਧੀਨ ਕਰਵਾਈਆਂ ਜਾ ਰਹੀਆਂ ਖੇਡ-ਅਧਾਰਿਤ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਤਰ੍ਹਾਂ ਦੇ ਮੇਲੇ ਬੱਚਿਆਂ ਵਿੱਚ ਸਿੱਖਣ ਪ੍ਰਤੀ ਰੁਚੀ ਅਤੇ ਆਤਮ-ਵਿਸ਼ਵਾਸ ਵਧਾਉਂਦੇ ਹਨ। ਟੀਚਰ ਜਸਪ੍ਰੀਤ ਕੌਰ, ਸਰਬਜੀਤ ਕੌਰ, ਜਗਸੀਰ ਸਿੰਘ ਅਤੇ ਚਮਕੌਰ ਸਿੰਘ ਨੇ ਵੀ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਮਾਪਿਆਂ ਨੂੰ ਘਰ ਵਿੱਚ ਵੀ ਬੱਚਿਆਂ ਨਾਲ ਸਿੱਖਣ ਵਾਲੀਆਂ ਗਤੀਵਿਧੀਆਂ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਐਸ.ਐਮ.ਸੀ. ਕਮੇਟੀ ਮੈਂਬਰਾਂ, ਆਂਗਣਵਾੜੀ ਵਰਕਰਾਂ, ਮਿਡ-ਡੇ ਮੀਲ ਵਰਕਰਾਂ ਅਤੇ ਬੱਚਿਆਂ ਦੇ ਮਾਤਾ-ਪਿਤਾ ਨੇ ਵੀ ਭਾਗ ਲਿਆ ਅਤੇ ਮੇਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ।

# ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਰਜਿਸਟਰਡ ਵੱਲੋਂ ਅੱਖਾਂ ਦਾ ਆਪ੍ਰੇਸ਼ਨ ਕੈਂਪ 2 ਜੂਨ ਨੂੰ



ਬਰਨਾਲਾ, 30 ਮਈ (ਸੁਖਵਿੰਦਰ ਸਿੰਘ ਭੰਡਾਰੀ) : ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਰਜਿਸਟਰਡ ਬਰਨਾਲਾ ਵੱਲੋਂ ਭਰੂਣ ਹੱਤਿਆ ਅਤੇ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਤੋਂ ਇਲਾਵਾ ਅੱਖਾਂ ਦਾ ਮੁਫ਼ਤ ਅਪਰੇਸ਼ਨ ਕੈਂਪ ਲਗਾਉਣ ਦੀ ਯੋਜਨਾ ਬਣਾਈ ਗਈ ਹੈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਨੀਰਜ ਕੁਮਾਰ ਸਿੰਗਲਾ ਪ੍ਰਧਾਨ ਨੇ ਦੱਸਿਆ ਕਿ ਉਪਕਾਰ ਸੋਸਾਇਟੀ ਵੱਲੋਂ ਪਹਿਲਾ ਅੱਖਾਂ ਦਾ ਮੁਫ਼ਤ ਅਪਰੇਸ਼ਨ ਕੈਂਪ ਮਿਤੀ 2 ਜੂਨ ਦਿਨ ਮੰਗਲਵਾਰ ਨੂੰ ਸਮਾਂ 9.00 ਤੋਂ 12.00 ਵਜੇ ਤੱਕ ਅੱਗਰਵਾਲ ਧਰਮਸ਼ਾਲਾ ਹੰਡਿਆਇਆ ਬਾਜ਼ਾਰ ਬਰਨਾਲਾ ਵਿਖੇ ਲਗਾਇਆ ਜਾ ਰਿਹਾ ਹੈ। ਅੱਖਾਂ ਦੇ ਮਾਹਿਰ ਡਾਕਟਰ ਰੁਪੇਸ਼ ਸਿੰਗਲਾ ਪ੍ਰੇਮ ਅੱਖਾਂ ਦਾ ਅਤੇ ਜਨਾਨਾ ਹਸਪਤਾਲ ਬਰਨਾਲਾ ਮਰੀਜ਼ਾਂ ਦਾ ਚੈੱਕਅਪ ਕਰਨਗੇ ਅਤੇ ਲੋੜਵੰਦ ਮਰੀਜ਼ਾਂ ਦੇ ਲੈੱਨਜ਼ ਪਾਉਣਗੇ।

ਸੁਭਾਸ਼ ਭਾਰਤੀ ਜਨਰਲ ਸਕੱਤਰ,ਵਿਸ਼ਾਲ ਗਰਗ ਖ਼ਜ਼ਾਨਚੀ ਨੇ ਸਮੂਹ ਲੋੜਵੰਦ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਉਹ ਕੈਂਪ ਵਿੱਚ ਆ ਕੇ ਆਪਣਾ ਚੈੱਕਅਪ ਕਰਵਾਉਣ। ਇਸ ਕੈਂਪ ਦਾ ਵੱਧ ਤੋਂ ਵੱਧ ਫ਼ਾਇਦਾ ਲੈਣ ਲਈ ਮਰੀਜ਼ ਆਪਣਾ ਆਧਾਰ ਕਾਰਡ ਨਾਲ ਲਿਆਉਣ। ਪ੍ਰੈਸ ਨੋਟ ਸੰਗੀਤ ਸ਼ਰਮਾਂ ਪ੍ਰੈਸ ਸਕੱਤਰ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਉਪਕਾਰ ਸੋਸਾਇਟੀ ਦੇ ਮੈਂਬਰ ਡਾਕਟਰ ਰਾਕੇਸ਼ ਸਿੰਗਲਾ, ਰਜਿੰਦਰ ਮਿੱਤਲ,ਭਾਰਤ ਭੂਸ਼ਨ,ਸੁਰਿੰਦਰ ਬਾਵਾ,ਜਸਪਾਲ ਬਾਵਾ,ਅੰਸ਼ੂ ਗੁਪਤਾ, ਸੁਖਪਾਲ ਸ਼ਰਮਾਂ,ਰੇਨੂੰ ਬਾਲਾ, ਬਾਲਾ ਸੁੰਦਰੀ,ਕਾਜਲ ਗਰਗ, ਜਾਨਕੀ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਲੋਕਾਂ ਨੇ ਮੁੱਖ ਮੰਤਰੀ ਮਾਨ ਦੀਆਂ ਲੋਕ-ਪੱਖੀ ਨੀਤੀਆਂ ਤੇ ਵਿਕਾਸ ਕਾਰਜਾਂ ’ਤੇ ਲਗਾਈ ਮੋਹਰ : ਵਿਧਾਇਕ ਮਲੇਰਕੋਟਲਾ

**➢ਸੂਬੇ ਭਰ ’ਚ ਮਿਲੇ ਭਰਵੇਂ ਜਨ ਸਮਰਥਨ ਨੇ 2027 ਦੀ ਜਿੱਤ ਦੀ ਨੀਂਹ ਰੱਖੀ**



ਮਲੇਰਕੋਟਲਾ, 30 ਮਈ (ਬਲਜੀਤ ਸਿੰਘ ਟਿੱਬਾ) :ਸਥਾਨਕ ਸਰਕਾਰਾਂ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਪੰਜਾਬ ਭਰ ਵਿੱਚ ਮਿਲੀ ਸ਼ਾਨਦਾਰ ਜਿੱਤ ’ਤੇ ਖੁਸ਼ੀ ਪ੍ਰਗਟ ਕਰਦਿਆਂ ਵਿਧਾਇਕ ਮਾਲੇਰਕੋਟਲਾ ਡਾਕਟਰ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਇਹ ਜਿੱਤ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ, ਪਾਰਦਰਸ਼ੀ ਪ੍ਰਸ਼ਾਸਨ ਅਤੇ ਵਿਕਾਸਮੁਖੀ ਨੀਤੀਆਂ ’ਤੇ ਲੋਕਾਂ ਵੱਲੋਂ ਲਗਾਈ ਗਈ ਮੋਹਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਰਵਾਇਤੀ ਸਿਆਸਤ ਦੀ ਬਜਾਏ ਸਿੱਖਿਆ, ਸਿਹਤ, ਰੁਜ਼ਗਾਰ, ਬੁਨਿਆਦੀ ਸਹੂਲਤਾਂ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦੀ ਰਾਜਨੀਤੀ ਨੂੰ ਤਰਜੀਹ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ ਆਮ ਆਦਮੀ ਪਾਰਟੀ ਨੂੰ ਮਿਲਿਆ ਭਰਵਾਂ ਜਨ ਸਮਰਥਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਵੀ ਇੱਕ ਸਕਾਰਾਤਮਕ ਸੰਕੇਤ ਹੈ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਮਾਲੇਰਕੋਟਲਾ ਦੇ 33 ਵਾਰਡਾਂ ਵਿੱਚ ਆਮ ਆਦਮੀ ਪਾਰਟੀ ਨੇ 20 ਸੀਟਾਂ ਜਿੱਤ ਕੇ ਸਪੱਸ਼ਟ ਬਹੁਮਤ ਹਾਸਲ ਕੀਤਾ ਹੈ। ਇਸੇ ਤਰ੍ਹਾਂ ਨਗਰ ਕੌਂਸਲ ਅਹਿਮਦਗੜ੍ਹ ਵਿੱਚ ਪਾਰਟੀ ਨੇ 7 ਸੀਟਾਂ ਅਤੇ ਨਗਰ ਪੰਚਾਇਤ ਅਮਰਗੜ੍ਹ ਵਿੱਚ 3 ਸੀਟਾਂ ਜਿੱਤੀਆਂ ਹਨ।

## ਰਣਜੋਧ ਸਿੰਘ ਹਡਾਨਾ ਵੱਲੋਂ ਦੇਵੀਗੜ੍ਹ ਵਿਖੇ ਮੁੱਖ ਦਫ਼ਤਰ ਦਾ ਉਦਘਾਟਨ

**➢ਲੋਕਾਂ ਦੀਆਂ ਰੋਜ਼ਮਰ੍ਹਾ ਦੀਆਂ ਮੁਸ਼ਕਿਲਾਂ ਦਾ ਪਹਿਲ ਦੇ ਆਧਾਰ ’ਤੇ ਇੱਕੋ ਛੱਤ ਹੇਠ ਹੋਵੇਗਾ ਨਿਪਟਾਰਾ : ਹਲਕਾ ਇੰਚਾਰਜ**



ਦੇਵੀਗੜ੍ਹ , 30 ਮਈ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਅਤੇ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਬੂਹੇ ’ਤੇ ਨਿਪਟਾਰਾ ਕਰਨ ਲਈ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਨਾ ਵੱਲੋਂ ਅੱਜ ਨਵੀਂ ਅਨਾਜ ਮੰਡੀ ਦੇਵੀਗੜ੍ਹ ਵਿਖੇ ਮੁੱਖ ਦਫ਼ਤਰ ਦਾ ਉਦਘਾਟਨ ਪੂਰੀ ਚੜ੍ਹਦੀ ਕਲਾ ਨਾਲ ਕੀਤਾ ਗਿਆ। ਇਸ ਉਦਘਾਟਨੀ ਸਮਾਗਮ ਦੀ ਸ਼ੁਰੂਆਤ ਇਲਾਕੇ ਦੀ ਖ਼ੁਸ਼ਹਾਲੀ, ਅਮਨ-ਸ਼ਾਂਤੀ ਅਤੇ ਚੜ੍ਹਦੀ ਕਲਾ ਦੀ ਅਰਦਾਸ ਨਾਲ ਹੋਈ। ਸਮਾਗਮ ਦੌਰਾਨ ਹਲਕੇ ਭਰ ਵਿੱਚੋਂ ਪਹੁੰਚੇ ਸੈਂਕੜੇ ਬਲਾਕ ਸੰਮਤੀ ਮੈਂਬਰਾਂ, ਸਰਪੰਚਾਂ-ਪੰਚਾਂ, ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਸ. ਹਡਾਨਾ ਨੂੰ ਵਧਾਈ ਦਿੱਤੀ। ਇਸ ਮੌਕੇ ਹਾਜ਼ਰ ਵਿਸ਼ਾਲ ਇਕੱਠ ਅਤੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਨਤਾ ਦੀ ਆਪਣੀ ਸਰਕਾਰ ਹੈ, ਜੋ ਲੋਕਾਂ ਦੇ ਹਿੱਤਾਂ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਦੇਵੀਗੜ੍ਹ ਵਿਖੇ ਇਸ ਮੁੱਖ ਦਫ਼ਤਰ ਨੂੰ ਖੋਲ੍ਹਣ ਦਾ ਮੁੱਖ ਮਕਸਦ ਹਲਕਾ ਨਿਵਾਸੀਆਂ ਨੂੰ ਇੱਕ ਅਜਿਹਾ ਪਲੇਟਫਾਰਮ ਦੇਣਾ ਹੈ, ਜਿੱਥੇ ਆ ਕੇ ਉਹ ਬਿਨਾਂ ਕਿਸੇ ਝਿਜਕ ਦੇ ਆਪਣੀਆਂ ਮੁਸ਼ਕਲਾਂ ਦੱਸ ਸਕਣ। ਹਡਾਨਾ ਨੇ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਰੋਜ਼ਮਰ੍ਹਾ ਦੀਆਂ ਸਮੱਸਿਆਵਾਂ, ਚਾਹੇ ਉਹ ਪ੍ਰਸ਼ਾਸਨਿਕ ਕੰਮ ਹੋਣ, ਬਿਜਲੀ-ਪਾਣੀ ਦੀ ਕਿੱਲਤ, ਸੜਕਾਂ ਦੀ ਮੁਰੰਮਤ ਜਾਂ ਸਰਕਾਰੀ ਲੋਕ-ਭਲਾਈ ਸਕੀਮਾਂ ਦਾ ਲਾਭ ਲੈਣਾ ਹੋਵੇ, ਸਾਰੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇਗਾ ਅਤੇ ਹੁਣ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ। ਸਮਾਗਮ ਦੌਰਾਨ ਹੁੰਮਹੁਮਾ ਕੇ ਪਹੁੰਚੇ ਇਲਾਕਾ ਨਿਵਾਸੀਆਂ ਅਤੇ ਮੋਹਤਬਰਾਂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਇਸ ਦਫ਼ਤਰ ਦੇ ਖੁੱਲ੍ਹਣ ਨਾਲ ਆਮ ਲੋਕਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਚਣਗੇ। ਇਸ ਪ੍ਰਭਾਵਸ਼ਾਲੀ ਉਦਘਾਟਨੀ ਸਮਾਗਮ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਦੁਧਨਸਾਧਾਂ, ਚੇਅਰਮੈਨ ਮਾਰਕੀਟ ਕਮੇਟੀ ਡਕਾਲਾ ਹਨੀ ਮਾਹਲਾ, ਬਲਾਕ ਸੰਮਤੀ ਭੁਨਰਹੇੜੀ ਦੇ ਚੇਅਰਮੈਨ ਚਰਨਜੀਤ ਸਿੰਘ ਨੈਣਾ, ਵਾਈਸ ਚੇਅਰਮੈਨ ਬਲਾਕ ਸੰਮਤੀ ਭੁਨਰਹੇੜੀ ਸਿਮਰਜੀਤ ਸਿੰਘ ਸੋਹਲ, ਬਲਾਕ ਸੰਮਤੀ ਸਨੌਰ ਦੇ ਚੇਅਰਮੈਨ ਹੈਪੀ ਪਹਾੜੀਪੁਰ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ, ਗੁਰਪ੍ਰੀਤ ਗੋਪੀ ਮੇਂਬਰ ਜਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ ਮੈਂਬਰ ਮੇਜਰ ਸਿੰਘ ਦੁੱੜਦ, ਜਗਪਾਲ ਸਿੰਘ ਅਤੇ ਸੱਖਾ ਸਿੰਘ ਦੁੜਦ ਮਨਿੰਦਰ ਫ੍ਰਾਂਸਵਾਲਾ ਪ੍ਰਧਾਨ ਬੀ ਸੀ ਵਿੰਗ, ਰਾਜਾ ਧੰਜੂ ਸਰਪੰਚ ਤੇ ਸਮੇਤ ਵੱਡੀ ਗਿਣਤੀ ਵਿੱਚ ਸਾਰੇ ਬਲਾਕ ਪ੍ਰਧਾਨ, ਵੱਖ ਵੱਖ ਪਿੰਡਾਂ ਦੇ ਸਰਪੰਚ, ਪੰਚ, ਪਾਰਟੀ ਦੇ ਸੀਨੀਅਰ ਅਹੁਦੇਦਾਰ ਅਤੇ ਮਿਹਨਤੀ ਵਲੰਟੀਅਰ ਹਾਜ਼ਰ ਸਨ।

## ਭਾਜਪਾ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਗੁਰਜੀਤ ਸਿੰਘ ਕੋਹਲੀ ਨੇ ਦਿੱਤੀ ਵਧਾਈ



ਪਟਿਆਲਾ, 30 ਮਈ (ਮਨਪ੍ਰੀਤ ਵੋਹਰਾ) : ਪੰਜਾਬ ਭਾਜਪਾ ਵਿੱਚ ਵੱਡਾ ਸੰਗਠਨਾਤਮਕ ਬਦਲਾਅ ਕਰਦਿਆਂ ਪਾਰਟੀ ਹਾਈਕਮਾਨ ਨੇ ਕੇਵਲ ਸਿੰਘ ਢਿੱਲੋਂ ਨੂੰ ਬੀਤੇ ਦਿਨੀਂ ਪੰਜਾਬ ਭਾਜਪਾ ਦਾ ਨਵਾਂ ਸੂਬਾ ਪ੍ਰਧਾਨ ਨਿਯੁਕਤ ਕੀਤਾ ਹੈ। ਨਵ-ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਭਾਜਪਾ ਪਟਿਆਲਾ ਦਿਹਾਤੀ ਹਲਕੇ ਦੇ ਸਰਗਰਮ ਲੀਡਰ ਗੁਰਜੀਤ ਸਿੰਘ ਕੋਹਲੀ ਨੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਵਧਾਈਆਂ ਦਿੱਤੀਆਂ। ਇਸ ਮੌਕੇ ਸ. ਗੁਰਜੀਤ ਸਿੰਘ ਕੋਹਲੀ ਨੇ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ ਅਤੇ ਆਸ ਜਤਾਈ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਨਵੇਂ ਮਾਪਦੰਡ ਸਥਾਪਿਤ ਕਰੇਗੀ।

## ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਪੰਜਾਬ ਅਤੇ ਪੰਥਕ ਮੁੱਦਿਆਂ ’ਤੇ ਵੱਡੇ ਸੰਘਰਸ਼ ਦਾ ਬਿਗਲ

**ਭਲਕੇ ਡੀ.ਸੀ. ਰਾਹੀਂ ਰਾਜਪਾਲ ਪੰਜਾਬ ਨੂੰ ਸੌਂਪਿਆ ਜਾਵੇਗਾ ਮੰਗ ਪੱਤਰ**

ਪਟਿਆਲਾ, 30 ਮਈ (ਚ.ਨ.ਸ) : ਪੰਜਾਬ ਦੇ ਲਟਕਦੇ ਹੱਕਾਂ, ਕਿਸਾਨੀ ਮੰਗਾਂ ਅਤੇ ਅਹਿਮ ਪੰਥਕ ਮਸਲਿਆਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਸੂਬਾ ਪੱਧਰੀ ਮੁਹਿੰਮ ਤਹਿਤ ਇੱਕ ਵੱਡਾ ਕਦਮ ਚੁੱਕਿਆ ਜਾ ਰਿਹਾ ਹੈ। ਪਾਰਟੀ ਦੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਪਟਿਆਲਾ ਸ. ਰਣਧੀਰ ਸਿੰਘ ਰੱਖੜਾ ਅਤੇ ਜ਼ਿਲ੍ਹਾ ਪਟਿਆਲਾ ਸ਼ਹਿਰੀ ਪ੍ਰਧਾਨ ਜੱਥੇਦਾਰ ਰਵਿੰਦਰ ਸਿੰਘ ਵਿੰਦਾ ਗਰੇਵਰ ਨੇ ਅੱਜ ਇੱਥੇ ਇੱਕ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਦਸਿਆ ਕਿ ਜ਼ਿਲ੍ਹਾ ਪਟਿਆਲਾ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰਾਂ ਵੱਲੋਂ ਆਉਂਦੀ 1 ਜੂਨ ਦਿਨ ਸੋਮਵਾਰ ਸਵੇਰੇ 9 ਵਜੇ ਨੂੰ ਪੰਜਾਬ ਦੇ ਮਾਨਯੋਗ ਰਾਜਪਾਲ ਦੇ ਨਾਮ ਇੱਕ ਵਿਸ਼ੇਸ਼ ਅਤੇ ਅਹਿਮ ਮੰਗ ਪੱਤਰ ਜ਼ਿਲ੍ਹਾ ਪਟਿਆਲਾ ਦੇ ਡਿਪਟੀ ਕਮਿਸ਼ਨਰ (ਡੀ.ਸੀ.) ਨੂੰ ਸੌਂਪਿਆ ਜਾਵੇਗਾ। ਅਕਾਲੀ ਆਗੂਆਂ ਨੇ ਸਿਆਸੀ ਧਿਰਾਂ ’ਤੇ ਤਿੱਖੇ ਨਿਸ਼ਾਨੇ ਸਾਧੇ ਅਤੇ ਪੰਜਾਬ ਦੀ ਹੋਂਦ ਤੇ ਹੱਕਾਂ ਦੀ ਰੱਖਿਆ ਲਈ ਸਮੂਹ ਵਰਗਾਂ ਨੂੰ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਸ. ਰੱਖੜਾ ਤੇ ਵਿੰਦਾ ਨੇ ਕਿਸਾਨੀ ਮੰਗਾਂ ਅਤੇ ਐਮ.ਐਸ.ਪੀ. ਦੀ ਗਾਰੰਟੀ ਅੰਨਦਾਤਾ ਦੇ ਹੱਕਾਂ ਦੀ ਗੱਲ ਕਰਦਿਆਂ ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਦੇ ਕਰਜ਼ੇ ਤੁਰੰਤ ਮੁਆਫ਼ ਕੀਤੇ ਜਾਣ ਅਤੇ ਫ਼ਸਲਾਂ ਦੀ ਖ਼ਰੀਦ ’ਤੇ ਐਮ.ਐਸ.ਪੀ. ਦੀ ਕਾਨੂੰਨੀ ਗਾਰੰਟੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ।

## ‘ਆਪ’ 11, ਕਾਂਗਰਸ 5, ਅਕਾਲੀ ਦਲ 2, ਬੀਜੇਪੀ 3 ਅਤੇ ਆਜ਼ਾਦ 2 ਨੇ ਜਿੱਤ ਹਾਸਲ ਕੀਤੀ

ਨਾਭਾ, 30 ਮਈ (ਗੁਰਚਰਨ ਸਿੰਘ ਚੌਧਰੀ ਮਾਜਰਾ) : ਨਗਰ ਕੌਂਸਲ ਨਾਭਾ ਦੀਆਂ ਚੋਣਾਂ ਵਿੱਚ ਵੱਖ-ਵੱਖ ਪਾਰਟੀਆਂ ਵੱਲੋਂ ਵੋਟਰਾਂ ਨੂੰ ਆਪਣੀ ਪਾਰਟੀ ਵੱਲ ਖਿੱਚਣ ਲਈ ਅੱਡੀ ਚੋਟੀ ਦਾ ਜ਼ੋਰ ਲਾਇਆ ਹੋਇਆ ਪਰ ਨਤੀਜੇ ਆਉਣ ਤੇ ਆਮ ਆਦਮੀ ਪਾਰਟੀ ਦੀ ਸਰਦਾਰੀ ਕਾਇਮ ਰਹੀ ।ਆਮ ਆਦਮੀ ਪਾਰਟੀ ਨੇ 23 ਵਾੜਾਂ ਵਿੱਚੋਂ11 ਸੀਟਾਂ ਤੇ , ਕਾਂਗਰਸ 5, ਅਕਾਲੀ ਦਲ 2, ਬੀਜੇਪੀ 3 ਅਤੇ ਆਜ਼ਾਦ 2 ਸੀਟਾਂ ਤੇ ਜਿੱਤ ਹਾਸਲ ਕੀਤੀ। ਨਗਰ ਕੌਂਸਲ ਨਾਭਾ ਦੀ ਪ੍ਰਧਾਨਗੀ ਤੇ ਆਮ ਆਦਮੀ ਪਾਰਟੀ ਦਾ ਕਬਜ਼ਾ ਹੋਣ ਦੀ ਆਸ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਐਮ ਐਲ ਏ ਗੁਰਦੇਵ ਸਿੰਘ ਦੇਵ ਮਾਨ ਦਫਤਰ ਵਿਖੇ ਵਿਆਹ ਵਰਗਾ ਮਾਹੌਲ ਬਣਿਆ। ਜੇਤੂ ਉਮੀਦਵਾਰਾਂ ਵੱਲੋਂ ਐਮ ਐਲ ਏ ਦੇ ਨਾਲ ਢੋਲ ਵਜਾ ਕੇ ਭੰਗੜੇ ਪਾਏ।

## ਨਗਰ ਕੌਂਸਲ ਚੋਣਾਂ ਜਿੱਤਣ ਤੋਂ ਬਾਅਦ ਸੁਰਜੀਤ ਸਿੰਘ ਰੱਖੜਾ ਵੱਲੋਂ ਬੱਸ ਅੱਡੇ ਦਾ ਦੌਰਾ, ਦੁਕਾਨਦਾਰਾਂ ਵੱਲੋਂ ਸਵਾਗਤ



ਸਮਾਣਾ, 30 ਮਈ (ਸੁਖਜਿੰਦਰ ਸਿੰਘ ਕੁਲਾਰਾਂ) : ਨਗਰ ਕੌਂਸਲ ਚੋਣਾਂ ਤੋਂ ਬਾਅਦ ਅੱਜ ਸਮਾਣਾ ਦੇ ਬੱਸ ਅੱਡੇ ’ਤੇ ਰਾਜਨੀਤਿਕ ਸਰਗਰਮੀਆਂ ਵਿੱਚ ਤਾਜਗੀ ਦੇਖਣ ਨੂੰ ਮਿਲੀ, ਜਦੋਂ ਪ੍ਰਮੁੱਖ ਆਪ ਆਗੂ ਸੁਰਜੀਤ ਸਿੰਘ ਰੱਖੜਾ ਅਤੇ ਉਹਨਾਂ ਦੇ ਪੁੱਤਰ ਸੁੱਖੀ ਰੱਖੜਾ ਨੇ ਵਿਸ਼ੇਸ਼ ਤੌਰ ’ਤੇ ਬੱਸ ਅੱਡਾ ਸਮਾਣਾ ਵਿਖੇ ਸ਼ਿਰਕਤ ਕੀਤੀ।ਉਹਨਾਂ ਦੇ ਪਹੁੰਚਣ ’ਤੇ ਬੱਸ ਅੱਡੇ ਦੇ ਦੁਕਾਨਦਾਰਾਂ ਅਤੇ ਇਲਾਕਾ ਵਾਸੀਆਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਮਾਹੌਲ ’ਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਲੋਕਾਂ ਨੇ ਫੁੱਲਾਂ ਦੇ ਹਾਰ ਪਾ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਦੁਕਾਨਦਾਰਾਂ ਨੇ ਆਪਣੀਆਂ ਸਮੱਸਿਆਵਾਂ ਸਰਜੀਤ ਸਿੰਘ ਰੱਖੜਾ ਅੱਗੇ ਰੱਖੀਆਂ। ਇਸ ਮੌਕੇ ਦੁਕਾਨਦਾਰਾਂ ਵੱਲੋਂ ਬੱਸ ਅੱਡੇ ’ਤੇ ਲੰਬੇ ਸਮੇਂ ਤੋਂ ਲੱਗੇ ਬੈਰੀਗੇਟਾਂ,ਸੰਗਲੀਆਂ ਕਾਰਨ ਆ ਰਹੀਆਂ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ ਗਿਆ। ਦੁਕਾਨਦਾਰਾਂ ਨੇ ਦੱਸਿਆ ਕਿ ਇਨ੍ਹਾਂ ਬੈਰੀਗੇਟਾਂ ਕਾਰਨ ਨਾ ਸਿਰਫ਼ ਗਾਹਕਾਂ ਦੀ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ, ਸਗੋਂ ਵਪਾਰ ’ਤੇ ਵੀ ਨਕਾਰਾਤਮਕ ਅਸਰ ਪੈ ਰਿਹਾ ਹੈ।ਇਸ ’ਤੇ ਸੁਰਜੀਤ ਸਿੰਘ ਰੱਖੜਾ ਨੇ ਦੁਕਾਨਦਾਰਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਉਹ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਣਗੇ ਅਤੇ ਸੰਬੰਧਿਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਜਲਦ ਤੋਂ ਜਲਦ ਹੱਲ ਕਰਵਾਇਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਵਪਾਰੀਆਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਉਹਨਾਂ ਦੀ ਪਹਿਲ ਹੈ।ਇਸ ਦੌਰਾਨ ਟੈਕਸੀ ਯੂਨੀਅਨ ਵੱਲੋਂ ਵੀ ਰੱਖੜਾ ਦਾ ਹਾਰ ਪਾ ਕੇ ਸਨਮਾਨ ਕੀਤਾ ਗਿਆ। ਇਲਾਕਾ ਵਾਸੀਆਂ ਨੂੰ ਹੁਣ ਉਮੀਦ ਹੈ ਕਿ ਬੱਸ ਅੱਡੇ ’ਤੇ ਆ ਰਹੀਆਂ ਲੰਬੇ ਸਮੇਂ ਤੋਂ ਚੱਲਦੀਆਂ ਸਮੱਸਿਆਵਾਂ ਦਾ ਜਲਦੀ ਹੱਲ ਨਿਕਲੇਗਾ।ਇਸ ਮੌਕੇ ਓਹਨਾ ਨਾਲ ਸਾਬਕਾ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ, ਮਨਜਿੰਦਰ ਸਿੰਘ ਰਾਣਾ ਸੇਖੋਂ, ਪੱਪੀ ਐਮਸੀ,ਗੁਰਜੰਟ ਸਿੰਘ ਪੀ ਏ ਅਤੇ ਹੋਰ ਆਪ ਆਗੂ ਮੌਜੂਦ ਸਨ।

## ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਸਬੰਧੀ ਮਾਮਲਾ ਦਰਜ

ਪਟਿਆਲਾ, 30 ਮਈ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਮਹਿੰਦਰਪਾਲ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਪੁਰਾਣੀ ਬਸਤੀ ਤ੍ਰਿਪੜੀ ਟਾਊਨ ਪਟਿਆਲਾ ਨੇ ਕਥਿਤ ਦੋਸ਼ੀ ਗੋਲਡੀ ਪੁੱਤਰ ਬਲਦੇਵ ਸਿੰਘ ਵਾਸੀ ਮਕਾਨ ਨੰ. 1 ਪੁਰਾਣੀ ਬਸਤੀ ਤ੍ਰਿਪੜੀ ਟਾਊਨ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀ ਗੋਲਡੀ ਉਸ ਦਾ ਭਤੀਜਾ ਹੈ, ਜੋ ਸਾਂਝਾ ਮਕਾਨ ਹੋਣ ਕਰਕੇ ਉਹ ਆਪਣੀ ਪੁਰਾਣੇ ਮਕਾਨ ਨੰ. 1 ਪੁਰਾਣੀ ਬਸਤੀ ਤ੍ਰਿਪੜੀ ਟਾਊਨ ਵਿਖੇ ਆਇਆ ਹੋਇਆ ਸੀ ਅਤੇ ਉਹ ਮੰਜੇ ਨੂੰ ਸਾਇਡ ਪਰ ਕਰਨ ਨੂੰ ਲੈ ਕੇ ਕਥਿਤ ਦੋਸ਼ੀ ਨੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋ ਮਾਰਨ ਦੀਆ ਧਮਕੀਆਂ ਦੇ ਕੇ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਨੇ ਧਾਰਾ 115(2),126, 351(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 30 ਮਈ (ਵਿਨੋਦ ਸ਼ਰਮਾ) : ਕੁੱਟਮਾਰ ਕਰਨ ਸਬੰਧੀ ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਪਾਹੁਲਦੀਪ ਸਿੰਘ ਪੁੱਤਰ ਕਮਰਦੀਪ ਸਿੰਘ ਵਾਸੀ ਪਿੰਡ ਹੁਸੈਨਪੁਰ ਜੋਲਾ ਥਾਣਾ ਸਦਰ ਪਟਿਆਲਾ ਨੇ ਕਥਿਤ ਦੋਸ਼ੀਆਂ ਪਰਮ ਧਾਲੀਵਾਲ, ਹੁਸਨਾ ਧਾਲੀਵਾਲ, ਜਸਮੋਲ ਧਾਲੀਵਾਲ ਅਤੇ 3-4 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਮਾਮੇ ਦੇ ਲੜਕੇ ਅੰਸ਼ਪ੍ਰੀਤ ਸਿੰਘ ਪੁੱਤਰ ਗੁਰਵਿੰਦਰ ਸਿੰਘ ਵਾਸੀ ਪਿੰਡ ਨੌਗਾਵਾ ਨਾਲ ਕਾਰ ’ਤੇ ਸਵਾਰ ਹੋ ਕੇ ਬਡੂੰਗਰ ਮੜ੍ਹੀਆ ਪਾਸ ਜਾ ਰਿਹਾ ਸੀ ਤਾਂ ਕਥਿਤ ਦੋਸ਼ੀ ਕਾਰ ’ਤੇ ਸਵਾਰ ਹੋ ਕੇ ਆਏ ਅਤੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆ ਧਮਕੀਆ ਦੇ ਕੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਨੇ ਧਾਰਾ 115(2), 118(1), 126(2), 351(2), 191(3), 190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਜ਼ਿਲ੍ਹੇ ਭਰ ਦੇ ਪ੍ਰਾਇਮਰੀ ਸਕੂਲਾਂ ’ਚ ਮੈਗਾ ਪੀਟੀਐਮ

**➢ਬੀਪੀਈਓ ਪ੍ਰਿਥੀ ਸਿੰਘ ਵੱਲੋਂ ਅੱਧਾ ਦਰਜਨ ਸਕੂਲਾਂ ਦਾ ਦੌਰਾ**



ਪਟਿਆਲਾ, 30 ਮਈ (ਚ.ਨ.ਸ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੂਬੇ ਭਰ ਦੇ ਸਰਕਾਰੀ ਸਕੂਲਾਂ ਅੰਦਰ ‘ਸਿੱਖਿਆ ਦਾ ਮਹਾਂ ਜਸ਼ਨ’ ਤਹਿਤ ਮੈਗਾ ਪੀਟੀਐਮ (ਮਾਪੇ ਅਧਿਆਪਕ ਮਿਲਣੀ) ਅਤੇ ਮਾਪਿਆਂ ਦੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਤਹਿਤ ਜ਼ਿਲ੍ਹਾ ਪਟਿਆਲਾ ਦੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ ਅੰਦਰ ਵੀ ਮੈਗਾ ਪੀਟੀਐਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਪੀਟੀਐਮ ਦੌਰਾਨ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਭਰਵੀਂ ਸ਼ਮੂਲੀਅਤ ਕਰਦੇ ਹੋਏ ਆਪਣੇ ਬੱਚਿਆਂ ਦੀ ਸਿੱਖਿਆ ਸਮੇਤ ਹੋਰ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗੀਦਾਰੀ ਬਾਰੇ ਜਾਣਕਾਰੀ ਹਾਸਲ ਕੀਤੀ ਗਈ। ਇਸ ਦੌਰਾਨ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍. ਪ੍ਰਿਥੀ ਸਿੰਘ ਵੱਲੋਂ ਆਪਣੇ ਬਲਾਕ ਅਧੀਨ ਪੈਂਦੇ ਅੱਧਾ ਦਰਜਨ ਦੇ ਕਰੀਬ ਸਕੂਲਾਂ ਦਾ ਦੌਰਾ ਕਰਕੇ ਮਾਪਿਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਗਿਆ। ਇਸ ਦੌਰਾਨ ਉਨਾਂ ਨੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਡਕਾਲਾ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਝੰਡੀ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਸੂਲਰ, ਐਲੀਮੈਂਟਰੀ ਸਮਾਰਟ ਸਕੂਲ ਧੀਰੂ ਦੀ ਮਾਜਰੀ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮਲਟੀਪਰਪਜ਼ ਸਮੇਤ ਹੋਰਨਾਂ ਸਕੂਲਾਂ ਦਾ ਦੌਰਾ ਕਰਕੇ ਮਾਪਿਆਂ ਨੂੰ ਸੰਬੋਧਨ ਕੀਤਾ। ਇਸ ਪੀਟੀਐਮ ਮੌਕੇ ਹਾਜ਼ਰ ਮਾਪਿਆਂ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਭਾਰਤ ਸਰਕਾਰ ਦੇ ਨੀਤੀ ਆਯੋਗ ਨੇ 2026 ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਨੰਬਰ ਇੱਕ ਐਲਾਨ ਕੀਤਾ ਹੈ। ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਲਈ ਭੇਜੇ ਸਨਮਾਨ ਪੱਤਰ ਦੇ ਕੇ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਅਖੀਰ ਵਿੱਚ ਸਿੱਖਿਆ ਵਿਭਾਗ ਵੱਲੋਂ ਭੇਜਿਆ ਗਿਆ ਛੁੱਟੀਆਂ ਦਾ ਕੰਮ ਬੱਚਿਆਂ ਨੂੰ ਦਿੱਤਾ ਗਿਆ। ਇਸ ਮੌਕੇ ਬਲਾਕ ਮੀਡੀਆ ਕੋਆਰਡੀਨੇਟਰ ਸੁਖਜੀਤ ਸਿੰਘ, ਸੈਂਟਰ ਝੰਡੀ ਦੇ ਸੀਐਚਟੀ ਸਤਵੰਤ ਕੌਰ, ਡਕਾਲਾ ਸਕੂਲ ਦੇ ਇੰਚਾਰਜ ਗੁਰਮੀਤ ਸਿੰਘ, ਸਰਪੰਚ ਸੰਦੀਪ ਸਿੰਘ ਝੰਡੀ, ਮੈਂਬਰ ਪੰਚਾਇਤ ਗੁਲਜਾਰ ਮੁਹੰਮਦ, ਅਧਿਆਪਕ ਗੁਰਜੰਟ ਸਿੰਘ, ਜਸਵਿੰਦਰ ਸਿੰਘ, ਸੋਨੀਆ ਬਾਂਸਲ, ਮਨਪ੍ਰੀਤ ਕੌਰ, ਕੁਲਵਿੰਦਰ ਸਿੰਘ, ਕੁਲਵਿੰਦਰ ਕੌਰ, ਹਰਦੀਪ ਸਿੰਘ, ਕੇਵਲ ਸਿੰਘ, ਸੰਦੀਪ ਕੌਰ ਬਲਵਿੰਦਰ ਸਿੰਘ ਅਤੇ ਮਨਜੀਤ ਕੌਰ ਸਮੇਤ ਵਿਦਿਆਰਥੀਆਂ ਦੇ ਮਾਪੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸਕਾਲਰ ਫੀਲਡਜ਼ ਪਬਲਿਕ ਸਕੂਲ ’ਚ ਬੈਗਲੈੱਸ-ਡੇ ਮਨਾਇਆ





ਪਟਿਆਲਾ, 30 ਮਈ (ਰੁਪਾਣਾ) : ਸਕਾਲਰ ਫੀਲਡਜ਼ ਪਬਲਿਕ ਸਕੂਲ, ਪਟਿਆਲਾ ਵਿੱਚ ਗਰਮੀਆਂ ਦੀਆਂ ਛੁੱਟੀਆਂ ਤੋਂ ਪਹਿਲਾਂ ਵਿਦਿਆਰਥੀਆਂ ਲਈ ਇੱਕ ਯਾਦਗਾਰ ਅਤੇ ਰੌਣਕ ਭਰਿਆ ਬੈਗਲੈੱਸ ਡੇ ਮਨਾਇਆ ਗਿਆ। ਇਸ ਵਿਸ਼ੇਸ਼ ਦਿਨ ਦਾ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਬੋਝ ਤੋਂ ਮੁਕਤ ਕਰਕੇ ਸਿੱਖਿਆ ਨੂੰ ਮਨੋਰੰਜਨ, ਰਚਨਾਤਮਕਤਾ ਅਤੇ ਅਨੁਭਵਾਂ ਨਾਲ ਜੋੜਨਾ ਸੀ। ਸਵੇਰ ਤੋਂ ਹੀ ਸਕੂਲ ਦਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰਿਆ ਹੋਇਆ ਸੀ। ਇਸ ਮੌਕੇ ਇੱਕ ਮਾਹਿਰ ਘੁਮਿਆਰ ਨੂੰ ਵੀ ਸੱਦਾ ਦਿੱਤਾ ਗਿਆ, ਜਿਸ ਨੇ ਵਿਦਿਆਰਥੀਆਂ ਨੂੰ ਮਿੱਟੀ ਦੇ ਬਰਤਨ ਅਤੇ ਕਲਾਤਮਕ ਵਸਤੂਆਂ ਬਣਾਉਣ ਦੀ ਪ੍ਰਾਚੀਨ ਕਲਾ ਨਾਲ ਜਾਣੂ ਕਰਵਾਇਆ। ਸਕੂਲ ਦੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੈਗਲੈੱਸ ਡੇ ਵਰਗੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਸੁਰੱਖਿਅਤ ਰਹਿਣ, ਸਮੇਂ ਦੀ ਸਹੀ ਵਰਤੋਂ ਕਰਨ ਅਤੇ ਨਵੀਆਂ ਗੱਲਾਂ ਸਿੱਖਣ ਲਈ ਪ੍ਰੇਰਿਤ ਕੀਤਾ ਗਿਆ।

## ਸਾਬਕਾ ਸਰਪੰਚ ਸੀਸਪਾਲ ਵੱਲੋਂ ਸਮਸ਼ਾਨ ਘਾਟ ਦੇ ਵਿਕਾਸ ਲਈ ਇੱਕ ਲੱਖ ਦੀ ਸੇਵਾ



ਘਨੌਰ, 30 ਮਈ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਦੇ ਪਿੰਡ ਬਠੌਣੀਆਂ ਖੁਰਦ ਦੇ ਸਾਬਕਾ ਸਰਪੰਚ ਸੀਸਪਾਲ ਵੱਲੋਂ ਪਿੰਡ ਦੇ ਸ਼ਮਸ਼ਾਨਘਾਟ ਦੇ ਵਿਕਾਸ ਲਈ ਆਪਣੀ ਨੇਕ ਕਮਾਈ ਵਿੱਚੋਂ ਇੱਕ ਲੱਖ ਰੁਪਏ ਖਰਚ ਕਰਕੇ ਗੇਟ ਅਤੇ ਹੋਰ ਵਿਕਾਸ ਕਾਰਜ ਮੁਕੰਮਲ ਕਰਵਾਏ ਗਏ ਹਨ। ਜਾਣਕਾਰੀ ਅਨੁਸਾਰ ਸਮਸ਼ਾਨਘਾਟ ਵਿੱਚ ਨਵਾਂ ਸ਼ਾਨਦਾਰ ਗੇਟ ਬਣਾਇਆ ਗਿਆ ਹੈ ਅਤੇ ਹੋਰ ਲੋੜੀਂਦੇ ਕੰਮ ਵੀ ਕਰਵਾਏ ਗਏ ਹਨ, ਜਿਸ ਨਾਲ ਥਾਂ ਦੀ ਸੁੰਦਰਤਾ ਅਤੇ ਸਹੂਲਤਾਂ ਵਿੱਚ ਵਾਧਾ ਹੋਇਆ ਹੈ। ਪਿੰਡ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੀਸਪਾਲ ਹਮੇਸ਼ਾਂ ਪਿੰਡ ਦੇ ਭਲੇ ਦੇ ਕੰਮਾਂ ਵਿੱਚ ਅੱਗੇ ਰਹਿੰਦੇ ਹਨ। ਪਿੰਡ ਵਾਸੀਆਂ ਨੇ ਸਾਬਕਾ ਸਰਪੰਚ ਸੀਸਪਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਜ ਸੇਵੀ ਕੰਮ ਹੋਰਨਾਂ ਲਈ ਵੀ ਪ੍ਰੇਰਣਾ ਸਾਬਤ ਹੁੰਦੇ ਹਨ।

## ਕੇਵਲ ਸਿੰਘ ਢਿੱਲੋਂ ਨੂੰ ਭਾਜਪਾ ਦੇ ਨਵੇਂ ਪ੍ਰਧਾਨ ਬਣਾਉਣ ਨਾਲ ਪੰਜਾਬ ਨਵੀਆਂ ਤਰੱਕੀਆਂ ਵੱਲ ਵਧੇਗਾ: ਗੋਗੀ ਟਿਵਾਣਾ



ਨਾਭਾ, 30 ਮਈ (ਗੁਰਚਰਨ ਸਿੰਘ ਚੌਧਰੀ ਮਾਜਰਾ) : ਕੈਪਟਨ ਅਮਰਿੰਦਰ ਸਾਬਕਾ ਮੁੱਖ ਮੰਤਰੀ ਤੇ ਸਾਬਕਾ ਵਿਦੇਸ਼ ਮੰਤਰੀ ਪ੍ਰਨੀਤ ਕੌਰ ਦੇ ਨਜ਼ਦੀਕੀ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਨਵੇਂ ਪ੍ਰਧਾਨ ਵਜੋਂ ਕੇਵਲ ਸਿੰਘ ਢਿੱਲੋਂ ਦੀ ਨਿਯੁਕਤੀ ਨੂੰ ਲੈ ਕੇ ਭਾਜਪਾ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਇਸ ਫੈਸਲੇ ਦਾ ਸਵਾਗਤ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੰਡਲ ਪ੍ਰਧਾਨ ਤੇ ਭਾਜਪਾ ਆਗੂ ਤੇਜਪਾਲ ਸਿੰਘ ਗੋਗੀ ਟਿਵਾਣਾ ਨੇ ਕੇਵਲ ਢਿੱਲੋਂ ਨੂੰ ਵਧਾਈਆਂ ਦਿੰਦਿਆਂ ਕੀਤਾ। ਉਨ੍ਹਾਂ ਕਿਹਾ ਕੇਵਲ ਸਿੰਘ ਢਿੱਲੋਂ ਲੰਮੇ ਸਮੇਂ ਤੋਂ ਲੋਕਾਂ ਨਾਲ ਜੁੜੇ ਰਹੇ ਹਨ ਅਤੇ ਉਨ੍ਹਾਂ ਦੇ ਰਾਜਨੀਤਿਕ ਤਜਰਬੇ ਨਾਲ ਪਾਰਟੀ ਨੂੰ ਨਵੀਂ ਦਿਸ਼ਾ ਅਤੇ ਮਜ਼ਬੂਤੀ ਮਿਲਣ ਦੀ ਉਮੀਦ ਜਤਾਈ ਜਾ ਰਹੀ ਹੈ।ਪੰਜਾਬ ਇਸ ਸਮੇਂ ਕਈ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਨੌਜਵਾਨਾਂ ਦੀ ਬੇਰੁਜ਼ਗਾਰੀ, ਨਸ਼ਿਆਂ ਦੀ ਸਮੱਸਿਆ, ਉਦਯੋਗਾਂ ਦਾ ਘਟਦਾ ਵਿਸ਼ਵਾਸ ਅਤੇ ਕਿਸਾਨਾਂ ਨਾਲ ਜੁੜੇ ਮੁੱਦੇ ਲੋਕਾਂ ਲਈ ਚਿੰਤਾ ਦਾ ਕਾਰਨ ਬਣੇ ਹੋਏ ਹਨ। ਅਜਿਹੇ ਸਮੇਂ ਵਿੱਚ ਭਾਜਪਾ ਦੀ ਨਵੀਂ ਲੀਡਰਸ਼ਿਪ ਤੋਂ ਲੋਕਾਂ ਨੂੰ ਕਾਫੀ ਉਮੀਦਾਂ ਹਨ। ਗੋਗੀ ਟਿਵਾਣਾ ਨੇ ਕੇਵਲ ਸਿੰਘ ਢਿੱਲੋਂ ਜੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਭਾਜਪਾ ਹੋਰ ਮਜ਼ਬੂਤ ਹੋਵੇਗੀ ਅਤੇ ਪਾਰਟੀ ਦਾ ਆਧਾਰ ਹਰ ਵਰਗ ਵਿੱਚ ਵਧੇਗਾ।

# ਜੇ ਯੂਨੀਵਰਸਿਟੀ ਕਾਲਜ ਘਨੌਰ ਨਾ ਹੁੰਦਾ!



ਨੌਵੇਂ ਪਾਤਸ਼ਾਹ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਪ੍ਰਾਪਤ ‘ਪੁਆਧ’ ਦਾ ਇਲਾਕਾ ਪੰਜਾਬ ਦੇ ਖੇਤਰਫਲ ਦਾ ਵੱਡਾ ਹਿੱਸਾ ਆਪਣੇ ਵਿੱਚ ਸਮੋਈ ਬੈਠਾ ਹੈ। ਪੁਆਧੀ ਭਾਸ਼ਾ ਜੋ ਕਿ ਪੰਜਾਬ ਦੇ ਛੇ ਜ਼ਿਲ੍ਹਿਆਂ ਵਿੱਚ ਵਸਦੀ ਵੱਡੀ ਆਬਾਦੀ ਦੁਆਰਾ ਬੋਲੀ ਜਾਂਦੀ ਹੈ, ਇਸ ਇਲਾਕੇ ਨੂੰ ਵਿਲੱਖਣ ਪਹਿਚਾਣ ਦਿੰਦੀ ਹੈ। ਪੰਜਾਬ ਅਤੇ ਹਰਿਆਣਾ ਵਿੱਚ ਪੁਲ ਦੀ ਭੂਮਿਕਾ ਨਿਭਾਉਂਦਾ ਘਨੌਰ ਪੁਆਧ ਦਾ ਅਹਿਮ ਹਿੱਸਾ ਹੈ। ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਘਨੌਰ ਰਿਆਸਤ ਪਟਿਆਲਾ ਦਾ ਅਣ-ਗੌਲਿਆ ਹਿੱਸਾ ਸੀ। ਰਿਆਸਤ ਦੇ ਸਖ਼ਤ ਰੁਖ਼ ਸਦਕਾ ਇਹ ਰਾਜਨੀਤਕ, ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਚੇਤਨਾ ਤੋਂ ਸਦਾ ਅਵੇਸਲਾ ਹੀ ਰਿਹਾ। ਘਨੌਰ ਦਾ ਇਲਾਕਾ ਪੰਜਾਬੀ ਸੂਬਾ ਬਣਨ ਉਪਰੰਤ ਹੀ ਰਾਜਨੀਤਿਕ ਗਲਿਆਰਿਆਂ ਵਿੱਚ ਚਰਚਾ ਦਾ ਵਿਸ਼ਾ ਬਣਿਆ। ਦੇਸ਼ ਦੀ ਸਭ ਤੋਂ ਵੱਧ ਵਿਵਾਦਿਤ ਨਹਿਰ, ਐਸ.ਵਾਈ.ਐਲ. ਦਾ ਜਨਮ ਵੀ ਇਸ ਇਲਾਕੇ ਦੀ ਗੋਦ ਵਿੱਚੋਂ ਹੋਇਆ ਹੈ। ਘੱਗਰ ਦੀ ਮਾਰ ਹੇਠਲਾ ਰਕਬਾ ਕਿਸਾਨੀ ਅਤੇ ਮਜ਼ਦੂਰ ਵਰਗ ਨੂੰ ਗੁਰਬਤ ਵਿੱਚੋਂ ਕੱਢਣ ਵਿੱਚ ਅਸਫਲ ਸੀ। ਪੰਜਾਬ ਦਾ ਸਿੱਖਿਆ-ਹੱਬ ਮੰਨੇ ਜਾਂਦੇ ਪਟਿਆਲਾ ਸ਼ਹਿਰ ਦੇ ਕਾਫ਼ੀ ਨਜ਼ਦੀਕ ਹੋਣ ਦੇ ਬਾਵਜੂਦ ਵੀ ਘਨੌਰ ਉਚੇਰੀ ਸਿੱਖਿਆ ਤੋਂ ਸੱਖਣਾ ਹੀ ਰਿਹਾ ਅਤੇ ਵਿਦਿਅਕ ਪੱਛੜਾਪਣ ਇੱਥੋਂ ਦੇ ਸਰਬਪੱਖੀ ਵਿਕਾਸ ਵਿੱਚ ਅੜਿੱਕਾ ਬਣਦਾ ਰਿਹਾ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਦਾ ਵਿੱਦਿਅਕ ਤਲਿਸਮ ਵੀ ਇੱਥੋਂ ਦੇ ਪਾੜ੍ਹਿਆਂ ’ਤੇ ਨਾ ਚੱਲ ਸਕਿਆ। ਸੰਨ 2010-11 ਤੱਕ ਇਸ ਇਲਾਕੇ ਦਾ ਕੋਈ ਵਿਰਲਾ ਵਿਦਿਆਰਥੀ ਹੀ ਯੂਨੀਵਰਸਿਟੀ ਦੇ ਵਿਭਾਗ ਵਿੱਚ ਨਜ਼ਰੀ ਪੈਂਦਾ ਸੀ। ਬਾਰਵੀਂ ਤੋਂ ਬਾਅਦ ਬਹੁਤੇ ਨੌਜਵਾਨ ਅੱਗੇ ਪੜ੍ਹਾਈ ਕਰਨ ਨਾਲੋਂ ਲੋਕਲ ਫੈਕਟਰੀਆਂ ਜਾਂ ਮਜ਼ਦੂਰੀ ਦੇ ਹੋਰ ਧੰਦੇ ਅਪਣਾਉਣ ਨੂੰ ਵਧੇਰੇ ਤਰਜੀਹ ਦਿੰਦੇ ਸਨ। ਨੌਜਵਾਨ ਲੜਕੀਆਂ ਨੂੰ ਸਿੱਖਿਆ ਦੇਣ ਦਾ ਵਿਚਾਰ ਤਾਂ ਲੋਕਾਂ ਦੀ ਸੋਚ ਦਾ ਹਿੱਸਾ ਵੀ ਨਹੀਂ ਸੀ। ਬੇਸ਼ੱਕ ਪਟਿਆਲਾ ਅਤੇ ਰਾਜਪੁਰਾ ਸ਼ਹਿਰ ਬਹੁਤੇ ਦੂਰ ਨਹੀਂ ਸਨ ਪਰੰਤੂ ਲੜਕੀਆਂ ਦੇ ਮਾਪੇ ਉਨ੍ਹਾਂ ਨੂੰ ਪੜ੍ਹਾਉਣ ਦੀ ਬਜਾਏ ਹੱਥ ਪੀਲੇ ਕਰਕੇ ਸਹੁਰੇ ਤੋਰਨ ਨੂੰ ਵੱਡੀ ਜ਼ਿੰਮੇਵਾਰੀ ਸਮਝਦੇ ਸਨ। ਇਲਾਕੇ ਦੇ ਲੋਕਾਂ ਦੇ ਬਹੁਤੇ ਜਾਗਰੂਕ ਨਾ ਹੋਣ ਕਰਕੇ ਉਨ੍ਹਾਂ ਦੁਆਰਾ ਕਦੇ ਵੀ ਕਾਲਜ ਸਥਾਪਤ ਕਰਨ ਦੀ ਮੰਗ ਮੌਜੂਦਾ ਸਰਕਾਰਾਂ ਅੱਗੇ ਨਹੀਂ ਸੀ ਰੱਖੀ ਗਈ, ਕਿਉਂਕਿ ਉਹ ਤਾਂ ਪਿੰਡਾਂ ਵਿੱਚ ਬਣਦੀਆਂ ਗਲੀਆਂ-ਨਾਲੀਆਂ ਨੂੰ ਹੀ ਵਿਕਾਸ ਸਮਝਦੇ ਸਨ। ਚੰਗੇ ਭਾਗਾਂ ਨਾਲ ਭਾਰਤ ਸਰਕਾਰ ਦੁਆਰਾ ਦੇਸ਼ ਵਿੱਚ ਵਿੱਦਿਅਕ ਤੌਰ ’ਤੇ ਪੱਛੜੇ ਇਲਾਕੇ ਤਲਾਸ਼ਣ ਲਈ ਇੱਕ ਸਰਵੇ ਕਰਵਾਇਆ ਗਿਆ ਅਤੇ ਉਨ੍ਹਾਂ ਪੱਛੜੇ ਇਲਾਕਿਆਂ ਵਿੱਚ ਉਚੇਰੀ ਸਿੱਖਿਆ ਪ੍ਰਦਾਨ ਕਰਨ ਹਿਤ ਸਰਕਾਰੀ ਡਿਗਰੀ ਕਾਲਜ ਖੋਲ੍ਹਣ ਦਾ ਫ਼ੈਸਲਾ ਕੀਤਾ ਗਿਆ। ਦੇਸ਼ ਦੀ ਆਜ਼ਾਦੀ ਦੇ 64 ਵੇਂ ਸਾਲ 2011 ਵਿੱਚ ਪੰਜਾਬ ਸਰਕਾਰ ਦੁਆਰਾ ਵਿੱਦਿਅਕ ਤੌਰ ’ਤੇ ਪੱਛੜੇ ਇਲਾਕੇ ਘਨੌਰ ਵਿੱਚ ਯੂਨੀਵਰਸਿਟੀ ਕਾਲਜ ਸਥਾਪਤ ਕੀਤਾ ਗਿਆ, ਜਿਸ ਨੂੰ ਚਲਾਉਣ ਦਾ ਜ਼ਿੰਮਾ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਸੌਂਪਿਆ ਗਿਆ। ਯੂਨੀਵਰਸਿਟੀ ਕਾਲਜ, ਘਨੌਰ ਦੀ ਸਥਾਪਨਾ ਇਲਾਕੇ ਲਈ ਉਹ ਸੋਗਾਤ ਸੀ, ਜਿਸ ਦੁਆਰਾ ਹੋਣ ਵਾਲੀ ਕਰਾਮਾਤ ਲੋਕਾਂ ਦੀ ਕਲਪਨਾ ਤੋਂ ਵੀ ਪਰ੍ਹੇ ਸੀ। ਸੰਨ 2011 ਨੂੰ ਕਾਲਜ ਦੇ ਰੂਪ ਵਿੱਚ ਲਾਇਆ ਉਹ ਵਿੱਦਿਅਕ ਬੂਟਾ ਅੱਜ ਇੱਕ ਵਿਸ਼ਾਲ ਦਰੱਖ਼ਤ ਬਣ ਚੁੱਕਿਆ ਹੈ, ਜੋ ਛਾਂਦਾਰ ਵੀ ਹੈ ਤੇ ਫ਼ਲਦਾਰ ਵੀ। ਸਿਰਫ਼ ਦੋ ਕਮਰਿਆਂ ਤੋਂ ਸ਼ੁਰੂ ਹੋਇਆ ਕਾਲਜ ਹੁਣ ਵੱਡੀ ਇਮਾਰਤ, ਕਿਤਾਬਾਂ ਨਾਲ ਭਰਪੂਰ ਲਾਇਬ੍ਰੇਰੀ, ਆਧੁਨਿਕ ਕੰਪਿਊਟਰ ਤੇ ਸਾਇੰਸ ਲੈਬਜ਼, ਖੇਡ ਸਟੇਡੀਅਮ ਅਤੇ ਜਿਮਨੇਜ਼ੀਅਮ ਵਰਗੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਹੈ। ਐਨੀਆਂ ਇਕੱਠੀਆਂ ਸਹੂਲਤਾਂ ਤਾਂ ਕਈ ਥਾਈਂ ਸ਼ਹਿਰਾਂ ਦੇ ਕਾਲਜਾਂ ਵਿੱਚ ਵੀ ਮੌਜੂਦ ਨਹੀਂ ਹੁੰਦੀਆਂ। ਲਗਭਗ 50 ਪਿੰਡਾਂ ਦੇ ਵਿਦਿਆਰਥੀ ਦੂਰ-ਦੁਰਾਡੇ ਜਾਣ ਦੀ ਬਜਾਏ ਆਪਣੇ ਇਲਾਕੇ ਵਿੱਚ ਹੀ (ਬੀ.ਏ., ਬੀ.ਕਾਮ., ਬੀ. ਸੀ. ਏ., ਬੀ. ਐਸ. ਸੀ. ਨਾਨ ਮੈਡੀਕਲ., ਪੀ.ਜੀ.ਡੀ.ਸੀ.ਏ. ਅਤੇ ਐਮ. ਏ. ਪੰਜਾਬੀ) ਉੱਚ ਦਰਜੇ ਦੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਘਨੌਰ ਕਾਲਜ ਦੇ ਸ਼ੁਰੂ ਹੋਣ ਤੋਂ ਪਹਿਲਾਂ ਮਾਪਿਆਂ ਲਈ ਜਿੰਨ੍ਹਾਂ ਔਖਾ ਲੜਕੀਆਂ ਨੂੰ ਪੜ੍ਹਨ ਲਈ ਸ਼ਹਿਰ ਭੇਜਣਾ ਸੀ ਉਸ ਤੋਂ ਕਿਤੇ ਵੱਧ ਮੁਸ਼ਕਿਲ ਉਥੋਂ ਦੇ ਕਾਲਜਾਂ ਦੀ ਭਾਰੀ-ਭਰਕਮ ਫ਼ੀਸਾਂ ਦੀ ਭਰਪਾਈ ਕਰਨਾ ਸੀ। ਪ੍ਰਾਈਵੇਟ ਕਾਲਜ ਤਾਂ ਫ਼ੀਸਾਂ ਦੇ ਰੂਪ ਵਿੱਚ ਲੁੱਟ-ਖਸੁੱਟ ਕਰਨ ਦੇ ਹੱਦਾਂ ਬੰਨ੍ਹੇ ਟੱਪ ਚੁੱਕੇ ਸਨ। ਗਰੀਬ ਵਿਦਿਆਰਥਣਾਂ ਲਈ ਤਾਂ ਪੜ੍ਹਾਈ ਇੱਕ ਸੁਪਨੇ ਸਮਾਨ ਸੀ। ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਯੂਨੀਵਰਸਿਟੀ ਕਾਲਜ ਘਨੌਰ ਅਜਿਹੇ ਵਿਦਿਆਰਥੀਆਂ ਨੂੰ ਬਹੁਤ ਘੱਟ ਫ਼ੀਸਾਂ ’ਤੇ ਮਿਆਰੀ ਸਿੱਖਿਆ ਦੇਣ ਲਈ ਵਚਨਬੱਧ ਹੈ। ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਪੂਰੀ ਫ਼ੀਸ ਮੁਆਫ਼ ਹੋਣ ਕਾਰਨ ਗਰੀਬ ਪਰਿਵਾਰਾਂ ਦੇ ਕਿੰਨੇ ਹੀ ਵਿਦਿਆਰਥੀ ਉਚੇਰੀ ਸਿੱਖਿਆ ਪ੍ਰਾਪਤ ਕਰਨ ਦਾ ਸੁਪਨਾ ਸਾਕਾਰ ਕਰਨ ਵਿੱਚ ਕਾਮਯਾਬ ਹੋਏ ਹਨ। ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕਾਲਜ ਵਿੱਚ ਐਨ. ਐਸ. ਐਸ., ਐਨ. ਸੀ. ਸੀ. (ਆਰਮੀ ਅਤੇ ਏਅਰ) ਅਤੇ ਖੇਡ ਵਿੰਗ ਸਰਗਰਮ ਹਨ। ਕਾਲਜ ਦਾ ਐਨ. ਐਸ. ਐਸ. ਯੂਨਿਟ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕਾਲਜਾਂ ਵਿੱਚੋਂ 02 ਵਾਰ ‘ਸਰਵੋਤਮ ਕਾਲਜ’ ਦੇ ਅਵਾਰਡ ਸਮੇਤ ਯੂਨੀਵਰਸਿਟੀ ਪੱਧਰ ਦੇ 13 ਅਵਾਰਡ ਹਾਸਿਲ ਕਰ ਚੁੱਕਾ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਰਿਕਾਰਡ ਹੈ। ਕਾਲਜ ਦੇ ਕਈ ਐਨ. ਸੀ. ਸੀ. ਕੈਡਿਟ ਭਾਰਤੀ ਫ਼ੌਜ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰ ਰਹੇ ਹਨ। ਖੇਡਾਂ ਵਿੱਚ ਵੀ ਕਾਲਜ ਨੇ ਵਾਹਵਾ ਨਾਮਣਾ ਖੱਟਿਆ ਹੈ। ਮੌਜੂਦਾ ਸਮੇਂ ਦੌਰਾਨ ਕਾਲਜ ਵਿੱਚ ਚੱਲ ਰਹੇ 05 ਖੇਡ ਵਿੰਗਾਂ ਦੇ ਖਿਡਾਰੀ ਯੂਨੀਵਰਸਿਟੀ ਅਤੇ ਇੰਟਰ ਯੂਨੀਵਰਸਿਟੀ ਪੱਧਰ ’ਤੇ ਮੱਲਾਂ ਮਾਰ ਰਹੇ ਹਨ। ਵੱਡੀ ਗਿਣਤੀ ਵਿੱਚ ਕਾਲਜ ਤੋਂ ਗ੍ਰੈਜੂਏਟ ਹੋਏ ਵਿਦਿਆਰਥੀ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਲਗਭਗ ਹਰੇਕ ਵਿਭਾਗ ਵਿੱਚ ਘਨੌਰ ਕਾਲਜ ਦਾ ਨਾਮ ਰੌਸ਼ਨ ਕਰ ਰਹੇ ਹਨ। ਉਹ ਇਲਾਕਾ ਜਿੱਥੋਂ ਗ੍ਰੈਜੂਏਟ ਵਿਅਕਤੀ ਲੱਭਣਾ ਮੁਸ਼ਕਿਲ ਸੀ ਅੱਜ ਉਸੇ ਇਲਾਕੇ ਦੇ ਵਿਦਿਆਰਥੀ ਯੂਨੀਵਰਸਿਟੀ ਤੋਂ ਪੀ.ਐਚ.ਡੀ. ਦੀ ਡਿਗਰੀ ਕਰ ਰਹੇ ਹਨ। ਇਹ ਕਰਿਸ਼ਮਾ ਯੂਨੀਵਰਸਿਟੀ ਕਾਲਜ ਘਨੌਰ ਦਾ ਹੀ ਹੈ। ਕਾਲਜ ਤੋਂ ਆਪਣੀ ਪੜ੍ਹਾਈ ਮੁਕੰਮਲ ਕਰਨ ਤੋਂ ਬਾਅਦ ਬਹੁਤ ਸਾਰੇ ਵਿਦਿਆਰਥੀ ਸਰਕਾਰੀ ਅਤੇ ਗੈਰ-ਸਰਕਾਰੀ ਵਿਭਾਗਾਂ ਵਿੱਚ ਨੌਕਰੀਆਂ ਕਰ ਰਹੇ ਹਨ, ਜਿਨ੍ਹਾਂ ਵਿੱਚ ਬੈਂਕ ਮੈਨੇਜਰ, ਪੁਲਿਸ ਸਬ-ਇੰਸਪੈਕਟਰ, ਪਟਵਾਰੀ, ਅਸਿਸਟੈਂਟ ਪ੍ਰੋਫ਼ੈਸਰ, ਸਕੂਲ ਅਧਿਆਪਕ, ਪੁਲਿਸ ਕਾਂਸਟੇਬਲ, ਅਗਨੀਵੀਰ ਆਦਿ ਸ਼ਾਮਲ ਹਨ। ਕਾਲਜ ਦੇ ਸਭ ਤੋਂ ਪੁਰਾਣੇ ਅਧਿਆਪਕਾਂ ਵਿੱਚੋਂ ਇੱਕ ਹੋਣ ਕਰਕੇ ਮੈਂ ਇਹ ਸਭ ਕੁਝ ਬਹੁਤ ਨੇੜੇ ਤੋਂ ਵੇਖਿਆ ਹੈ। ਅੱਜ ਜਦੋਂ ਪਿਛਾਂਹ ਵੱਲ ਝਾਤ ਮਾਰਦਾ ਹਾਂ ਤਾਂ ਮਨ ਨੂੰ ਬੜਾ ਸਕੂਨ ਅਤੇ ਤਸੱਲੀ ਮਿਲਦੀ ਹੈ ਕਿ ਜਿਸ ਮਕਸਦ ਨਾਲ ਸਾਡਾ ਕਾਲਜ ਸਥਾਪਿਤ ਕੀਤਾ ਗਿਆ ਸੀ, ਉਹ ਉਸ ਵਿੱਚ ਕਾਫ਼ੀ ਹੱਦ ਤੱਕ ਸਫ਼ਲ ਸਾਬਿਤ ਹੋਇਆ ਹੈ, ਜਿਸ ਤਰ੍ਹਾਂ ਪਾਣੀ ਦੀ ਇੱਕ ਬੂੰਦ ਦੀ ਅਸਲੀ ਕੀਮਤ ਮਾਰੂਥਲ ਵਿੱਚ ਬੈਠਾ ਇੱਕ ਪਿਆਸਾ ਵਿਅਕਤੀ ਹੀ ਜਾਣ ਸਕਦਾ ਹੈ, ਠੀਕ ਉਸੇ ਤਰ੍ਹਾਂ ਘਨੌਰ ਕਾਲਜ ਦੀ ਅਹਿਮੀਅਤ ਉਹੀ ਪਰਿਵਾਰ ਜਾਣਦੇ ਹਨ ਜਿਨ੍ਹਾਂ ਪਰਿਵਾਰਾਂ ਨੂੰ ਇਸ ਕਾਲਜ ਨੇ ਉਨ੍ਹਾਂ ਦੇ ਖ਼ਾਨਦਾਨ ਦਾ ਪਹਿਲਾ ਗ੍ਰੈਜੂਏਟ ਦਿੱਤਾ ਹੈ। ਗਿਆਨ ਦੇ ਵਿਸ਼ਾਲ ਸਮੁੰਦਰ ਵਿੱਚ ਇਹ ਕਾਲਜ ਇੱਕ ਬੂੰਦ ਮਾਤਰ ਤਾਂ ਜ਼ਰੂਰ ਹੋ ਸਕਦਾ ਹੈ ਪਰੰਤੂ ਮੈਂ ਯਕੀਨ ਨਾਲ ਕਹਿ ਸਕਦਾ ਹਾਂ ਕਿ ਪੁਆਧ ਦਾ ਵੱਡਾ ਇਲਾਕਾ ਗਿਆਨ ਵਿਹੂਣਾ ਮਾਰੂਥਲ ਹੁੰਦਾ, ਜੇਕਰ ਯੂਨੀਵਰਸਿਟੀ ਕਾਲਜ ਘਨੌਰ ਨਾ ਹੁੰਦਾ।

ਡਾ. ਜਤਿੰਦਰ ਸਿੰਘ
ਅਸਿਸਟੈਂਟ ਪ੍ਰੋਫੈਸਰ,
ਯੂਨੀਵਰਸਿਟੀ ਕਾਲਜ, ਘਨੌਰ
ਮੋਬਾਇਲ: 98883-00691

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ
ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
31-5-2026
ਦਿਨ-ਐਤਵਾਰ



ਭਾਈ ਤਖ਼ਤ ਸਿੰਘ ਜੀ
ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਗੁਰਦੁਆਰਾ ਅਕਾਲਗੜ੍ਹ ਸਾਹਿਬ
(ਅਨਾਰਦਾਨਾ ਚੌਂਕ) ਪਟਿਆਲਾ।
ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074

ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ



# ਪਟਿਆਲਾ–ਆਸ/ਪਾਸ



## ਡਾ.ਬਲਬੀਰ ਸਿੰਘ ਵੱਲੋਂ ਮੋਬਾਈਲ ਮੈਡੀਕਲ ਯੂਨਿਟ ਦੀ ਸ਼ੁਰੂਆਤ

### ➢ਲੋਕਾਂ ਨੂੰ ਮਿਲਣਗੀਆਂ 24 ਘੰਟੇ ਸਿਹਤ ਸੇਵਾਵਾਂ: ਸਿਹਤ ਮੰਤਰੀ



ਪਟਿਆਲਾ, 30 ਮਈ (ਚ.ਨ.ਸ.) : ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰ ਦੇ ਨੇੜੇ ਅਤੇ ਸਮੇਂ ਸਿਰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਟੀਚੇ ਨੂੰ ਅੱਗੇ ਵਧਾਉਂਦਿਆਂ ਅੱਜ ਪਟਿਆਲਾ ਦੇ ਤ੍ਰਿਪੜੀ ਕਮਿਊਨਿਟੀ ਹੈਲਥ ਸੈਂਟਰ ਵਿਖੇ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਵਾਸੀਆਂ ਨੂੰ 24 ਘੰਟੇ ਸਿਹਤ ਸਹੂਲਤਾਂ ਉਪਲੱਬਧ ਕਰਵਾਉਣ ਦੇ ਉਦੇਸ਼ ਨਾਲ ਮੋਬਾਈਲ ਮੈਡੀਕਲ ਯੂਨਿਟ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਮੋਬਾਈਲ ਮੈਡੀਕਲ ਯੂਨਿਟ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਪਹੁੰਚ ਕੇ ਲੋਕਾਂ ਨੂੰ ਘਰ ਦੇ ਨੇੜੇ ਹੀ ਗੁਣਵੱਤਾ ਭਰੀ ਸਿਹਤ ਸੇਵਾਵਾਂ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਮੁੱਖ ਟੀਚਾ ਪੰਜਾਬ ਦੇ ਹਰ ਨਾਗਰਿਕ ਤੱਕ ਬਿਹਤਰ ਅਤੇ ਸਮੇਂ ਸਿਰ ਇਲਾਜ ਦੀ ਸਹੂਲਤ ਪਹੁੰਚਾਉਣਾ ਹੈ ਤਾਂ ਜੋ ਕਿਸੇ ਵੀ ਵਿਅਕਤੀ ਨੂੰ ਇਲਾਜ ਲਈ ਦੂਰ ਦਰਾਜ਼ ਨਾ ਜਾਣਾ ਪਵੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤ ਖੇਤਰ ਵਿੱਚ ਇਤਿਹਾਸਕ ਬਦਲਾਅ ਲਿਆ ਰਹੀ ਹੈ ਅਤੇ ਆਮ ਲੋਕਾਂ ਨੂੰ ਮੁਫ਼ਤ ਅਤੇ ਉੱਚ ਪੱਧਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਸਰਕਾਰੀ ਹਸਪਤਾਲਾਂ ਅਤੇ ਸਿਹਤ ਕੇਂਦਰਾਂ ਵਿੱਚ ਨਵੀਆਂ ਸਹੂਲਤਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਲੋਕਾਂ ਨੂੰ ਵਧੀਆ ਇਲਾਜ ਮਿਲ ਸਕੇ। ਸਮਾਗਮ ਦੌਰਾਨ ਸਿਹਤ ਵਿਭਾਗ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਆਸ਼ਾ ਵਰਕਰਾਂ ਅਤੇ ਏ.ਐਨ.ਐਮਜ਼ ਨੂੰ ਵੀ ਸਨਮਾਨਿਤ ਕੀਤਾ ਗਿਆ। ਸਿਹਤ ਮੰਤਰੀ ਨੇ ਉਨ੍ਹਾਂ ਦੀ ਸੇਵਾ ਭਾਵਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਵਰਕਰ ਲੋਕਾਂ ਤੱਕ ਸਿਹਤ ਸੇਵਾਵਾਂ ਪਹੁੰਚਾਉਣ ਵਿੱਚ ਰੀੜ੍ਹ ਦੀ ਹੱਡੀ ਵਾਂਗ ਕੰਮ ਕਰ ਰਹੀਆਂ ਹਨ ਅਤੇ ਪੰਜਾਬ ਸਰਕਾਰ ਉਨ੍ਹਾਂ ਦੇ ਯੋਗਦਾਨ ਦੀ ਕਦਰ ਕਰਦੀ ਹੈ। ਇਸ ਮੌਕੇ ਮੌਜੂਦ ਬਜ਼ੁਰਗਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਉਹ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਮੁਫ਼ਤ ਇਲਾਜ ਅਤੇ ਓਪਰੇਸ਼ਨਾਂ ਦਾ ਲਾਭ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਹਿਤੈਸ਼ੀ ਯੋਜਨਾਵਾਂ ਕਾਰਨ ਆਮ ਲੋਕਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਸਮਾਗਮ ਦੌਰਾਨ ਸਿਹਤ ਵਿਭਾਗ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਇੱਕ ਪ੍ਰਭਾਵਸ਼ਾਲੀ ਨਾਟਕ ਵੀ ਪੇਸ਼ ਕੀਤਾ ਗਿਆ। ਇਸ ਨਾਟਕ ਰਾਹੀਂ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ ਸ਼ੈਲੀ ਜੇਟਲੀ, ਐਸ ਐਮ ਓ ਡਾ ਪਰਨੀਤ ਕੌਰ, ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

## ਪਟਿਆਲਾ ਦੇ 376 ਸੀਨੀਅਰ ਸੈਕੰਡਰੀ ਸਕੂਲਾਂ 'ਚ ਮੈਗਾ ਪੀ.ਟੀ.ਐੱਮ.



ਪਟਿਆਲਾ, 30 ਮਈ (ਰੁਪਾਣਾ) : ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਭਰ ਵਿੱਚ ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਮਨਾਏ ਜਾ ਰਹੇ ਸਿੱਖਿਆ ਦਾ ਮਹਾਂ ਜਸ਼ਨ ਮੈਗਾ ਪੀ ਟੀ ਐਮ ਮਾਪਿਆਂ ਦੀ ਵਰਕਸ਼ਾਪ ਤਹਿਤ ਅੱਜ ਜਿਲ੍ਹਾ ਪਟਿਆਲਾ ਦੇ 376 ਸੀਨੀਅਰ ਸੈਕੰਡਰੀ ਸਕੂਲਾਂ 'ਚ ਸਕੂਲ ਆਫ਼ ਐਮੀਨੈਂਸ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮਾਪਿਆਂ ਨੇ ਸ਼ਮੂਲੀਅਤ ਕਰਕੇ ਆਪਣੇ ਬੱਚਿਆਂ ਦੀ ਵਿੱਦਿਅਕ ਕਾਰਗੁਜ਼ਾਰੀ, ਸਕੂਲ ਦੀਆਂ ਪ੍ਰਾਪਤੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਫ਼ੀਲ ਖਾਨਾ ਸਕੂਲ ਵਿੱਚ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਬੋਰਡ ਪ੍ਰੀਖਿਆਵਾਂ ਵਿੱਚ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਬੋਰਡ ਜਮਾਤਾਂ ਵਿੱਚ ਕਿਸੇ ਵੀ ਵਿਸ਼ੇ ਵਿੱਚ 100 ਵਿੱਚੋਂ 100 ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਆਰ.ਸੀ.ਏ. ਪ੍ਰੋਗਰਾਮ ਅਧੀਨ ਮਹੱਤਵਪੂਰਨ ਪ੍ਰਗਤੀ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਦੇ ਨਾਲ ਹੀ ਜੇ ਈ , ਕਲੈਟ ਅਤੇ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸਫਲਤਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕਰਕੇ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਸਰਾਹਿਆ ਗਿਆ। ਸਕੂਲਾਂ ਦੇ ਸਮੂਹ ਅਧਿਆਪਕਾਂ ਅਤੇ ਸਟਾਫ਼ ਦੀ ਵੀ ਵਿਸ਼ੇਸ਼ ਹੌਸਲਾ ਅਫ਼ਜ਼ਾਈ ਕੀਤੀ ਗਈ, ਜਿਨ੍ਹਾਂ ਦੀ ਅਣਥੱਕ ਮਿਹਨਤ ਅਤੇ ਸਮਰਪਣ ਸਦਕਾ ਸਕੂਲ ਨੇ ਅਕਾਦਮਿਕ, ਸਹਿ-ਅਕਾਦਮਿਕ, ਖੇਡਾਂ ਅਤੇ ਹੋਰ ਖੇਤਰਾਂ ਵਿੱਚ ਮਹੱਤਵਪੂਰਨ ਉਪਲੱਬਧੀਆਂ ਹਾਸਲ ਕੀਤੀਆਂ ਹਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ.ਰਵਿੰਦਰਪਾਲ ਸਿੰਘ ਸ਼ਰਮਾ ਨੇ ਕਿਹਾ ਕਿ ਸਿੱਖਿਆ ਦਾ ਮਹਾਂ-ਜਸ਼ਨ ਪੰਜਾਬ ਸਰਕਾਰ ਦੀ ਇੱਕ ਦੂਰਅੰਦੇਸ਼ੀ ਪਹਿਲ ਹੈ, ਜਿਸ ਦਾ ਮਕਸਦ ਮਾਪਿਆਂ ਨੂੰ ਸਕੂਲਾਂ ਨਾਲ ਹੋਰ ਨੇੜਿਓਂ ਜੋੜਨਾ ਅਤੇ ਸਿੱਖਿਆ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਉਣਾ ਹੈ। ਡਾ. ਸ਼ਰਮਾ ਨੇ ਸਨਮਾਨਿਤ ਹੋਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਫ਼ੀਲ ਖਾਨਾ ਸਕੂਲ ਦੇ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ 'ਸਿੱਖਿਆ ਦਾ ਮਹਾਂ ਜਸ਼ਨ ਸਕੂਲ, ਮਾਪਿਆਂ ਅਤੇ ਵਿਦਿਆਰਥੀਆਂ ਵਿਚਕਾਰ ਸਾਂਝ ਨੂੰ ਮਜ਼ਬੂਤ ਕਰਨ ਦਾ ਇੱਕ ਵਿਲੱਖਣ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਇੱਕ ਸਰਵੇਖਣ ਅਨੁਸਾਰ ਪੰਜਾਬ ਦੇ ਸਰਕਾਰੀ ਸਕੂਲ ਦੇਸ਼ ਵਿੱਚ ਪਹਿਲੇ ਸਥਾਨ 'ਤੇ ਪਹੁੰਚੇ ਹਨ, ਜੋ ਕਿ ਸਮੂਹ ਅਧਿਆਪਕ ਵਰਗ, ਵਿਦਿਆਰਥੀਆਂ, ਮਾਪਿਆਂ ਅਤੇ ਸਿੱਖਿਆ ਵਿਭਾਗ ਲਈ ਮਾਣ ਵਾਲੀ ਪ੍ਰਾਪਤੀ ਹੈ। ਇਹ ਸਫਲਤਾ ਅਧਿਆਪਕਾਂ ਦੀ ਲਗਨ, ਵਿਦਿਆਰਥੀਆਂ ਦੀ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਸਮਾਗਮ ਦੌਰਾਨ ਮਾਪਿਆਂ ਨੇ ਸਕੂਲ ਦੇ ਸਿੱਖਿਆਕ ਮਾਹੌਲ, ਵਿਦਿਆਰਥੀ-ਕੇਂਦਰਿਤ ਗਤੀਵਿਧੀਆਂ ਅਤੇ ਸਕੂਲ ਦੀਆਂ ਪ੍ਰਾਪਤੀਆਂ ਦੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦਾ ਸਮਾਪਨ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਅਤੇ ਉਨ੍ਹਾਂ ਦੀ ਨਿਰੰਤਰ ਤਰੱਕੀ ਦੀ ਕਾਮਨਾ ਨਾਲ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਤੇਲ ਦੀਆਂ ਵਧੀਆਂ ਕੀਮਤਾਂ ਦੇ ਵਿਰੋਧ 'ਚ ਹੈਰੀਮਾਨ ਦੀ ਅਗਵਾਈ ਹੇਠ ਕਾਂਗਰਸੀਆਂ ਵੱਲੋਂ ਰੋਸ ਮੁਜ਼ਾਹਰਾ



ਦੇਵੀਗੜ੍ਹ, 30 ਮਈ (ਗੁਰਜੀਤ ਸਿੰਘ ਢੋਟ) : ਕਿਸਾਨੀ ਅਤੇ ਆਮ ਵਰਗ ਨੂੰ ਖਤਮ ਕਰਨ 'ਤੇ ਤੁਲੀ ਹੈ ਕੇਂਦਰ ਦੀ ਸਰਕਾਰ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸਨੌਰ ਕਾਂਗਰਸ ਦੇ ਇੰਚਾਰਜ ਹਰਿੰਦਰ ਪਾਲ ਸਿੰਘ ਹੈਰੀਮਾਨ ਵੱਲੋਂ ਦੇਵੀਗੜ੍ਹ ਵਿਖੇ ਕੇਂਦਰ ਸਰਕਾਰ ਦੀਆਂ ਮਾਰੂ ਨੀਤੀਆਂ ਅਤੇ ਤੇਲ ਰਸੋਈ ਗੈਸ ਦੀਆਂ ਰੋਜ਼ਾਨਾ ਵੱਧ ਰਹੀਆਂ ਕੀਮਤਾਂ ਦੇ ਵਿਰੋਧ ਦੇਵੀਗੜ੍ਹ ਵਿਖੇ ਰੋਸ ਧਰਨੇ ਦੌਰਾਨ ਕੀਤਾ। ਉਹਨਾਂ ਕਿਹਾ ਕਿ ਦੇਸ਼ ਵਿੱਚ ਭਾਰਤੀ ਜਨਤਾ ਪਾਰਟੀ ਨੇ ਤੇਲ ਦੀਆਂ ਕੀਮਤਾਂ ਵਧਾ ਕੇ ਦੇਸ਼ ਦੇ ਲੋਕਾਂ ਦਾ ਕਚੂਮਰ ਕੱਢ ਦਿੱਤਾ ਹੈ। ਹਲਕਾ ਇੰਚਾਰਜ ਹਰਿੰਦਰ ਪਾਲ ਸਿੰਘ ਹੈਰੀਮਾਨ ਵੱਲੋਂ ਅੱਜ ਦੇਵੀਗੜ੍ਹ ਵਿਖੇ ਕਾਂਗਰਸ ਪਾਰਟੀ ਵੱਲੋਂ ਤੇਲ ਦੀਆਂ ਵਧੀਆਂ ਕੀਮਤਾਂ ਦੇ ਵਿਰੋਧ ਵਿੱਚ ਦਿੱਤੇ ਧਰਨੇ ਅਤੇ ਰੋਸ ਮਾਰਚ ਨੂੰ ਸੰਬੋਧਨ ਕਰਨ ਉਪਰੰਤ ਚੌਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਬੀਜੇਪੀ ਸਰਕਾਰ ਨੇ ਹਰ ਵਰਗ ਨੂੰ ਖਤਮ ਕਰਕੇ ਰੱਖ ਦਿੱਤਾ ਹੈ। ਇਸ ਰੋਸ ਮਾਰਚ ਨੂੰ ਕਾਂਗਰਸ ਪਾਰਟੀ ਦੀ ਜ਼ਿਲ੍ਹਾ ਪ੍ਰਧਾਨ ਬੀਬੀ ਗੁਰਸ਼ਰਨ ਕੌਰ ਰੰਧਾਵਾ, ਹਲਕਾ ਸਨੌਰ ਦੇ ਇੰਚਾਰਜ ਹਰਿੰਦਰਪਾਲ ਸਿੰਘ ਹੈਰੀਮਾਨ, ਜੋਗਿੰਦਰ ਸਿੰਘ ਕਾਕੜਾ, ਅਸ਼ਵਨੀ ਬੱਤਾ ਬਲਾਕ ਪ੍ਰਧਾਨ ਸਨੌਰ, ਮਹਿਕ ਗਰੇਵਾਲ ਨੈਣਾ, ਰਣਧੀਰ ਸਿੰਘ ਦੇਵੀਨਗਰ ਆਦਿ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਅਸ਼ਵਨੀ ਬੱਤਾ ਸਾਬਕਾ ਚੇਅਰਮੈਨ, ਮਹਿਕ ਗਰੇਵਾਲ ਨੈਣਾ, ਜੋਗਿੰਦਰ ਸਿੰਘ ਕਾਕੜਾ, ਗੌਰਵ ਸੰਧੂ, ਕਰਮਜੀਤ ਸਿੰਘ ਨੰਬਰਦਾਰ, ਤਰਲੋਚਨ ਸਿੰਘ ਭੋਲਾ, ਰਣਧੀਰ ਸਿੰਘ ਦੇਵੀਨਗਰ, ਜਰਨੈਲ ਸਿੰਘ ਚੂੰਹਟ, ਤਿਲਕ ਰਾਜ ਸ਼ਰਮਾ, ਪ੍ਰਕਾਸ਼ ਸਿੰਘ ਨੰਬਰਦਾਰ, ਗੁਰਨਾਮ ਸਿੰਘ ਮਸੀਂਗਣ, ਸਤਨਾਮ ਸਿੰਘ ਮਸੀਂਗਣ, ਪ੍ਰਨਵ ਗੋਇਲ, ਜ਼ਿਲ੍ਹਾ ਯੂਥ ਪ੍ਰਧਾਨ, ਚਰਨਜੀਤ ਸਿੰਘ ਜੱਜ, ਜੀਤ ਸਿੰਘ ਮੀਰਾਂਪੁਰ, ਅਵਤਾਰ ਹਡਾਣਾ, ਜਰਨੈਲਸਿੰਘ ਮਸੀਂਗਣ, ਬਿੱਟੂ ਧਨੌਰੀ, ਅਮਰਜੀਤ ਸਿੰਘ ਪੀ.ਏ. ਹਰਿੰਦਰ ਸਿੰਘ ਘੜਾਮ, ਨਿਰਮਲ ਸਿੰਘ ਬਿੰਜਲ, ਕਾਲਾ ਪੰਜੇਟਾਂ, ਹੈਰੀ ਦਦਹੇੜੀਆਂ,, ਬੂਟਾਂ ਸਿੰਘ ਨੈਰਖੇੜੀਆਂ ਸਾਰੇ ਮੰਡ ਪ੍ਰਧਾਨ, ਗੁਰਜੰਟ ਸਿੰਘ ਨਿਜਾਮਪੁਰ, ਰਣਜੀਤ ਸਿੰਘ ਸੰਧੂ, ਸ਼ੈਲੀ ਭਾਂਖਰ ਆਦਿ ਤੋਂ ਇਲਾਵਾ ਹੋਰ ਵੀ ਵੱਡੀ ਗਿਣਤੀ 'ਚ ਕਾਂਗਰਸੀ ਆਗੂ ਮੌਜੂਦ ਸਨ।

## ਸੜਕ ਹਾਦਸੇ 'ਚ ਨੌਜਵਾਨ ਦੀ ਮੌਤ



ਸਮਾਣਾ, 30 ਮਈ (ਵਿਜੇ ਕੁਮਾਰ) : ਸਮਾਣਾ- ਪਾਤੜਾ ਸੜਕ 'ਤੇ ਸਥਿਤ ਇੱਕ ਢਾਬੇ 'ਤੇ ਦੇਰ ਰਾਤ ਖਾਣਾ ਖਾਣ ਗਏ ਪਿਤਾ ਪੁੱਤ 'ਚੋਂ ਪੁੱਤਰ ਦੀ ਮੋਬਾਇਲ ਸੁਣਦੇ ਸਮੇਂ ਕਾਰ ਵੱਲੋਂ ਫੇਟ ਮਾਰੇ ਜਾਣ ਨਾਲ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ । ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਸ ਦੇ ਏ.ਐਸ.ਆਈ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਅਵਤਾਰ ਸਿੰਘ (27) ਵਾਸੀ ਬੰਮਣਾ ਪਤੀ ਦੇ ਪਿਤਾ ਨਛੱਤਰ ਸਿੰਘ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਹ ਸ਼ੁਕਰਵਾਰ ਦੇਰ ਰਾਤ ਆਪਣੇ ਪੁੱਤਰ ਨਾਲ ਪਾਤੜਾ ਰੋਡ 'ਤੇ ਸਥਿਤ ਇੱਕ ਢਾਬੇ 'ਤੇ ਖਾਣਾ ਖਾਣ ਗਏ ਸਨ, ਕਿ ਇਸ ਦੌਰਾਨ ਉਸਦੇ ਪੁੱਤਰ ਨੂੰ ਮੋਬਾਈਲ 'ਤੇ ਫੋਨ ਆ ਗਿਆ, ਫੋਨ ਸੁਣਦਾ- ਸੁਣਦਾ ਉਸਦਾ ਪੁੱਤਰ ਜਦੋਂ ਸੜਕ ਨੇੜੇ ਪਹੁੰਚਿਆ ਤਾਂ ਪਾਤੜਾਂ ਵੱਲੋਂ ਆ ਰਹੀ ਇੱਕ ਕਾਰ ਨੇ ਉਸ ਨੂੰ ਫੇਟ ਮਾਰ ਦਿੱਤੀ, ਜਿਸ ਨਾਲ ਉਹ ਸੜਕ 'ਤੇ ਡਿੱਗ ਕੇ ਗੰਭੀਰ ਜ਼ਖਮੀ ਹੋ ਗਿਆ। ਜ਼ਖਮੀ ਨੂੰ ਇਲਾਜ ਲਈ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਮੌਜੂਦ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਅਧਿਕਾਰੀ ਅਨੁਸਾਰ ਦਰਜ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਮ੍ਰਿਤਕ ਦੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਹਵਾਲੇ ਕਰਨ ਉਪਰੰਤ ਸੀ.ਸੀ.ਟੀ.ਵੀ ਕੈਮਰਿਆਂ ਤੇ ਹੋਰ ਸਾਧਨਾਂ ਰਾਹੀਂ ਕਾਰ ਦੀ ਪਹਿਚਾਣ ਕਰ ਅਣਪਛਾਤੇ ਚਾਲਕ ਤੇ ਵਾਹਨ ਦੀ ਭਾਲ ਕੀਤੀ ਜਾ ਰਹੀ ਹੈ।

## ਸੁਰਜੀਤ ਸਿੰਘ ਰੱਖੜਾ ਵੱਲੋਂ ਸਮਾਣਾ 'ਚ 'ਮੇਰੀ ਰਸੋਈ' ਯੋਜਨਾ ਦੀ ਰਸਮੀ ਸ਼ੁਰੂਆਤ



ਸਮਾਣਾ, 30 ਮਈ (ਵਿਜੇ ਕੁਮਾਰ/ਜਵੰਦਾ) : ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਨੇ ਮਾਨ ਸਰਕਾਰ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਪੌਸ਼ਟਿਕ ਖੁਰਾਕ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 'ਮੇਰੀ ਰਸੋਈ' ਯੋਜਨਾ ਦੀ ਸਮਾਣਾ ਵਿਖੇ ਰਸਮੀ ਸ਼ੁਰੂਆਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸ. ਰੱਖੜਾ ਨੇ ਕਿਹਾ ਕਿ ਸਮਾਣਾ ਵਾਸੀਆਂ ਲਈ ਇਤਿਹਾਸਿਕ ਦਿਨ ਹੈ, ਕਿਉਂਕਿ ਨਗਰ ਕੌਂਸਲ ਚੋਣਾਂ ਦੇ ਸ਼ਾਨਦਾਰ ਨਤੀਜਿਆਂ ਦੇ ਦੂਜੇ ਦਿਨ ਹੀ ਮਾਨ ਸਰਕਾਰ ਦੀਆਂ ਲੋਕ ਹਿਤੈਸ਼ੀ ਯੋਜਨਾਵਾਂ ਦੀ ਸ਼ੁਰੂਆਤ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਇਹ ਯੋਜਨਾ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ ਵੱਡੀ ਰਾਹਤ ਸਾਬਿਤ ਹੋਵੇਗੀ। ਇਸ ਸਕੀਮ ਤਹਿਤ ਸੂਬੇ ਦੇ ਕਰੀਬ 40 ਲੱਖ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਹਰ ਲਾਭਪਾਤਰੀ ਪਰਿਵਾਰ ਨੂੰ ਤਿੰਨ ਮਹੀਨਿਆਂ ਬਾਅਦ ਇੱਕ ਵਿਸ਼ੇਸ਼ ਕਿੱਟ ਦਿੱਤੀ ਜਾਵੇਗੀ, ਜਿਸ ਵਿੱਚ ਸਰ੍ਹੋਂ ਦਾ ਤੇਲ, ਦਾਲ, ਖੰਡ, ਲੂਣ, ਹਲਦੀ ਅਤੇ ਰਸੋਈ ਦੀਆਂ ਹੋਰ ਜ਼ਰੂਰੀ ਵਸਤਾਂ ਸ਼ਾਮਲ ਹੋਣਗੀਆਂ।ਸ. ਰੱਖੜਾ ਨੇ ਕਿਹਾ ਕਿ ਵਧਦੀ ਮਹਿੰਗਾਈ ਦੇ ਇਸ ਦੌਰ ਵਿੱਚ 'ਮੇਰੀ ਰਸੋਈ' ਯੋਜਨਾ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਲਈ ਵਿੱਤੀ ਰਾਹਤ ਦਾ ਸਾਧਨ ਬਣੇਗੀ ਅਤੇ ਲੋਕਾਂ ਦੀ ਜ਼ਿੰਦਗੀ ਨੂੰ ਹੋਰ ਸੁਖਾਲਾ ਬਣਾਉਣ ਵਿੱਚ ਮਦਦਗਾਰ ਸਾਬਿਤ ਹੋਵੇਗੀ। ਇਸ ਮੌਕੇ ਸੁੱਖੀ ਰੱਖੜਾ, ਕਪੂਰ ਚੰਦ ਬਾਂਸਲ, ਰਾਣਾ ਸੇਖੋਂ, ਅਸ਼ੋਕ ਮੋਦਗਿੱਲ, ਜਗਤਾਰ ਸਿੰਘ ਸੰਧੂ, ਗੁਰਦਿਆਲ ਸਿੰਘ ਰੰਧਾਵਾ, ਸੋਨੀ ਕਿੰਗ, ਸੁਰਜੀਤ ਪੱਪੀ, ਹੋਰ 'ਆਪ' ਦੇ ਮੋਹਤਬਰ ਆਗੂ ਅਤੇ ਵਰਕਰ ਸਹਿਬਾਨ ਹਾਜ਼ਰ ਰਹੇ।

## ਸੰਤ ਖਮਾਣੋ ਵਾਲੇ, ਸਾਬਕਾ ਮੰਤਰੀ ਧਰਮਸੋਤ ਅਤੇ ਮਹੰਤ ਖਨੌੜਾ ਨੇ ਖੱਟੜਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ

ਭਾਦਸੋਂ, 30 ਮਈ (ਭਰਪੂਰ ਸਿੰਘ ਮੱਟਰਾਂ) : ਬੀਤੇ ਦਿਨੀਂ ਚਾਸਵਾਲ ਦੇ ਹਰਵਿੰਦਰ ਸਿੰਘ ਖਨੌੜਾ ਨੇ ਖੱਟੜਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।



ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਉਨ੍ਹਾਂ ਨਾਲ ਭਗਵੰਤ ਸਿੰਘ ਗੁਰਪਿਆਰ ਸਿੰਘ ਖੱਟੜਾ ਦੇ ਨੌਜਵਾਨ ਸਪੁੱਤਰ ਪ੍ਰਭਜੋਤ ਸਿੰਘ ਦਾ ਦੇਹਾਂਤ ਹੋ ਗਿਆ ਸੀ। ਅੱਜ ਸੰਤ ਸੇਵਾ ਨੰਦ ਖਮਾਣੋ ਵਾਲੇ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਕਾਂਗਰਸ ਦੇ ਸਾਬਕਾ ਦਿਹਾਤੀ ਜ਼ਿਲ੍ਹਾ ਪ੍ਰਧਾਨ ਮਹੰਤ ਮਣਕੂ, ਅਮਿਤ ਕੋਹਲੀ, ਗੁਰਮੀਤ ਸਿੰਘ, ਨਰਿੰਦਰ ਸਿੰਘ ਖਨੌੜਾ, ਗੁਰਜੀਤ ਸਿੰਘ ਵਿੱਕੀ ਖੱਟੜਾ, ਗੁਰਸੇਵਕ ਸਿੰਘ , ਹਰਦੀਪ ਸਿੰਘ ਹੈਪੀ, ਅਵਤਾਰ ਸਿੰਘ, ਨੇਤਰ ਸਿੰਘ ਘੁੰਡਰ, ਸੁਰਜੀਤ ਸਿੰਘ ਵੀ ਹਾਜ਼ਰ ਸਨ।

## ਸਾਂਝ ਕੇਂਦਰ ਮੁਲਾਜ਼ਮਾਂ ਨੇ ਸਰਕਾਰ ਖ਼ਿਲਾਫ਼ ਲਗਾਇਆ ਧਰਨਾ, ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਹਮਾਇਤ ਦਾ ਐਲਾਨ



ਭੁਨਰਹੇੜੀ, 30 ਮਈ (ਗੁਰਜੀਤ ਸਿੰਘ ਢੋਟ) : ਅੱਜ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੀ ਟੀਮ ਵੱਲੋਂ ਜੋ ਸਾਂਝ ਕੇਂਦਰ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਦੇ ਸੰਬੰਧ ਵਿੱਚ ਸਾਂਝ ਕੇਂਦਰ ਬੰਦ ਕਰਕੇ ਧਰਨਾ ਲਾਇਆ ਹੋਇਆ ਹੈ ਉਹਨਾਂ ਧਰਨਿਆਂ ਵਿੱਚ ਸ਼ਾਮਿਲ ਹੋ ਕੇ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਡੱਟ ਕੇ ਹਮਾਇਤ ਕੀਤੀ ਗਈ । ਅੱਜ ਦੇ ਧਰਨੇ ਵਿੱਚ ਸਾਰੀ ਟੀਮ ਦੇ ਨਾਲ ਜਥੇਬੰਦੀ ਦੇ ਪ੍ਰਧਾਨ ਤੇ ਯੂਨੀਅਨ ਦੇ ਆਗੂ ਬੂਟਾ ਸਿੰਘ ਸ਼ਾਦੀਪੁਰ ਵੀ ਸ਼ਾਮਿਲ ਹੋਏ ਅਤੇ ਸ਼ਾਦੀਪੁਰ ਨੇ ਸਰਕਾਰ ਨੂੰ ਕਰੜੇ ਹੱਥੀ ਲੈਂਦੇ ਕਿਹਾ ਕਿ ਸਰਕਾਰ 100% ਹੀ ਪਾਸਾ ਵੱਟ ਗਈ ।ਇਸ ਮੌਕੇ ਸ਼ਾਦੀਪੁਰ ਨੇ ਦੱਸਿਆ ਕਿ ਜੋ ਮੁਲਾਜ਼ਮਾਂ ਤੋਂ ਪਤਾ ਲੱਗਾ ਕਿ ਕੇਵਲ 10,500 ਤਨਖਾਹ ਦਿੱਤੀ ਜਾ ਰਹੀ ਹੈ ਉਹਨਾਂ ਦੇ ਦੱਸਣ ਅਨੁਸਾਰ ਕੰਪਨੀ 22000 ਤੋਂ ਉੱਪਰ ਪਰ ਹੈਡ ਤਨਖਾਹ ਲੈ ਰਹੀ ਹੈ ਆਸ ਕਰ ਰਹੇ ਨੇ। ਇਸ ਮੌਕੇ 'ਤੇ ਬੂਟਾ ਸਿੰਘ ਸ਼ਾਦੀ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਤੇ ਐਸਕੇਐਮ ਦੇ ਆਗੂ ਕੈਪਟਨ ਮੇਜਰ ਸਿੰਘ ਬਲਕਾਰ ਸਿੰਘ ਸੰਘਰਸ਼ੀ ਗਰਮੇਜ ਸਿੰਘ ਹਾਕਮ ਸਿੰਘ ਬੂਹੀ ਭਗਵੰਤ ਸਿੰਘ ਜਰਨੈਲ ਸਿੰਘ ਨਿਸ਼ਾਨ ਸਿੰਘ ਗੁਰਪ੍ਰੀਤ ਸਿੰਘ ਯਾਦ ਬਾਜਵਾ ਸੇਵਾ ਸਿੰਘ ਬਾਜਵਾ ਜੋਬਨ ਪ੍ਰੀਤ ਇਸ ਮੌਕੇ ਸਾਂਝ ਕੇਂਦਰ ਦਾ ਮੰਗ ਪੱਤਰ ਦੇਣ ਵਾਲੀ ਟੀਮ ਦਵਿੰਦਰ ਸਿੰਘ, ਅਨੀਤਾ ਰਾਣੀ, ਬਲਵਿੰਦਰ ਸਿੰਘ,ਜਤਿੰਦਰ ਸਿੰਘ ਸੰਮੇਲ, ਸੁਰਿੰਦਰ ਕੁਮਾਰ,ਜਗਤਾਰ ਸਿੰਘ,ਇਸ਼ਪਿੰਦਰ ਸਿੰਘ, ਗੁਰਦੀਪ ਸਿੰਘ ਸਾਂਝ ਕੇਂਦਰ ਟੀਮ ਵੱਲੋਂ ਮੰਗ ਪੱਤਰ ਦਿੱਤਾ ਗਿਆ ਸਰਕਾਰ ਪ੍ਰਤੀ ਰੋਸ ਕੀਤਾ ਗਿਆ।

## ਪਾਣੀ ਦੇ ਤੇਜ਼ ਵਹਾਅ 'ਚ ਰੁੜ੍ਹੇ ਨੌਜਵਾਨ ਦੀ ਲਾਸ਼ ਮਿਲੀ



ਸਮਾਣਾ, 30 ਮਈ (ਵਿਜੇ ਕੁਮਾਰ) ਸ਼ੁੱਕਰਵਾਰ ਦੁਪਹਿਰ ਸਮੇਂ ਪਿੰਡ ਬਾਦਸ਼ਾਹਪੁਰ ਕਾਲੇਕੀ ਨੇੜਿਓ ਭਾਖੜਾ ਨਹਿਰ 'ਚ ਪਾਣੀ ਪੀਂਦੇ ਸਮੇਂ ਨੌਜਵਾਨ ਦਾ ਪੈਰ ਫਿਸਲ ਜਾਣ ਕਾਰਨ ਪਾਣੀ ਦੇ ਤੇਜ਼ ਵਹਾਅ ਵਿੱਚ ਰੁੜ ਗਿਆ। ਮਾਮਲੇ ਦੇ ਜਾਂਚ ਅਧਿਕਾਰੀ ਸਦਰ ਪੁਲਸ ਦੇ ਏ.ਐਸ.ਆਈ. ਨਿਰਮਲ ਸਿੰਘ ਨੇ ਦੱਸਿਆ ਕਿ ਮ੍ਰਿਤਕ ਦਲਵਿੰਦਰ ਸਿੰਘ (36) ਪੁੱਤਰ ਗੁਰਜੰਟ ਸਿੰਘ ਵਾਸੀ ਪਿੰਡ ਬਾਦਸ਼ਾਹਪੁਰ ਕਾਲੇਕੀ ਦੇ ਚਾਚਾ ਭੁਪਿੰਦਰ ਸਿੰਘ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਸ ਦਾ ਭਤੀਜਾ ਸ਼ੁੱਕਰਵਾਰ ਨੂੰ ਦੁਪਹਿਰ ਸਮੇਂ ਮੋਟਰਸਾਈਕਲ 'ਤੇ ਘਰੋਂ ਆਇਆ ਸੀ, ਜੋ ਭਾਖੜਾ ਨਹਿਰ 'ਚ ਪਾਣੀ ਪੀਂਦੇ ਸਮੇਂ ਪਾਣੀ ਦੇ ਤੇਜ਼ ਵਹਾਅ 'ਚ ਰੁੜ ਗਿਆ, ਜਿਸ ਦਾ ਪਤਾ ਉਹਨਾਂ ਨੂੰ ਭਾਖੜਾ ਨਹਿਰ ਕਿਨਾਰੇ ਖੜੇ ਮੋਟਰਸਾਈਕਲ ਨੂੰ ਵੇਖ ਕੇ ਕਿਸੇ ਵਿਅਕਤੀ ਵੱਲੋਂ ਉਹਨਾਂ ਨੂੰ ਸੂਚਨਾ ਦੇਣ 'ਤੇ ਲੱਗਿਆ। ਜਿਸ ਦੀ ਭਾਲ ਕਰਨ ਤੇ ਉਸ ਦੀ ਲਾਸ਼ ਪਿੰਡ ਧਨੇਠਾ ਨੇੜਿਓਂ ਨਹਿਰ 'ਚੋਂ ਬਰਾਮਦ ਹੋਈ। ਉਹਨਾਂ ਅੱਗੇ ਦੱਸਿਆ ਕਿ ਉਹਨਾਂ ਦਾ ਭਤੀਜਾ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ। ਅਧਿਕਾਰੀ ਅਨੁਸਾਰ ਮ੍ਰਿਤਕ ਦੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ 194 ਤਹਿਤ ਕਾਰਵਾਈ ਕਰਦਿਆਂ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ।

## ਸਮਾਣਾ ਨਗਰ ਕੌਂਸਲ 'ਤੇ 'ਆਪ' ਦਾ ਬਹੁਮਤ, ਕਪੂਰ ਚੰਦ ਬਾਂਸਲ ਪ੍ਰਧਾਨਗੀ ਦੀ ਦੌੜ ਵਿੱਚ ਸਭ ਤੋਂ ਅੱਗੇ



ਸਮਾਣਾ, 30 ਮਈ (ਅਮਿਤ ਸ਼ਰਮਾ): ਸਮਾਣਾ ਨਗਰ ਕੌਂਸਲ ਚੋਣਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਮ ਆਦਮੀ ਪਾਰਟੀ ਨੇ 21 ਵਿੱਚੋਂ 13 ਸੀਟਾਂ 'ਤੇ ਜਿੱਤ ਦਰਜ ਕਰਕੇ ਸਪੱਸ਼ਟ ਬਹੁਮਤ ਹਾਸਲ ਕਰ ਲਿਆ ਹੈ। ਇਸ ਜਿੱਤ ਨਾਲ ਨਗਰ ਕੌਂਸਲ ਦੀ ਕਮਾਨ ਵੀ ਹੁਣ ਆਮ ਆਦਮੀ ਪਾਰਟੀ ਦੇ ਹੱਥਾਂ ਵਿੱਚ ਰਹਿਣੀ ਤੈਅ ਮੰਨੀ ਜਾ ਰਹੀ ਹੈ। ਚੋਣ ਨਤੀਜਿਆਂ ਦੇ ਐਲਾਨ ਤੋਂ ਬਾਅਦ ਸ਼ਹਿਰ ਦੀਆਂ ਸਿਆਸੀ ਗਲੀਆਂ ਅਤੇ ਸੋਸ਼ਲ ਮੀਡੀਆ 'ਤੇ ਨਵੇਂ ਪ੍ਰਧਾਨ ਦੇ ਚਿਹਰੇ ਨੂੰ ਲੈ ਕੇ ਚਰਚਾਵਾਂ ਦਾ ਦੌਰ ਲਗਾਤਾਰ ਜਾਰੀ ਹੈ। ਕਿਉਂਕਿ ਨਗਰ ਕੌਂਸਲ ਵਿੱਚ ਆਮ ਆਦਮੀ ਪਾਰਟੀ ਨੂੰ ਬਹੁਮਤ ਪ੍ਰਾਪਤ ਹੋਇਆ ਹੈ, ਇਸ ਲਈ ਅਗਲਾ ਪ੍ਰਧਾਨ ਵੀ ਇਸੇ ਪਾਰਟੀ ਦਾ ਬਣਨਾ ਲਗਭਗ ਤੈਅ ਮੰਨਿਆ ਜਾ ਰਿਹਾ ਹੈ। ਭਰੋਸੇਯੋਗ ਸੂਤਰਾਂ ਅਨੁਸਾਰ ਵਾਰਡ ਨੰਬਰ 6 ਤੋਂ ਜੇਤੂ ਕਪੂਰ ਚੰਦ ਬਾਂਸਲ ਪ੍ਰਧਾਨਗੀ ਦੀ ਦੌੜ ਵਿੱਚ ਸਭ ਤੋਂ ਅੱਗੇ ਚੱਲ ਰਹੇ ਹਨ। ਪਾਰਟੀ ਅਤੇ ਸਿਆਸੀ ਹਲਕਿਆਂ ਵਿੱਚ ਉਨ੍ਹਾਂ ਦੇ ਨਾਮ ਦੀ ਚਰਚਾ ਸਭ ਤੋਂ ਵੱਧ ਹੈ ਅਤੇ ਕਈ ਸੂਤਰ ਇਹ ਸੰਕੇਤ ਦੇ ਰਹੇ ਹਨ ਕਿ ਪਾਰਟੀ ਹਾਈਕਮਾਨ ਉਨ੍ਹਾਂ ਦੇ ਨਾਮ 'ਤੇ ਸਹਿਮਤੀ ਜਤਾ ਸਕਦੀ ਹੈ। ਹਾਲਾਂਕਿ ਪ੍ਰਧਾਨਗੀ ਨੂੰ ਲੈ ਕੇ ਅਜੇ ਤੱਕ ਕੋਈ ਅਧਿਕਾਰਿਕ ਐਲਾਨ ਨਹੀਂ ਕੀਤਾ ਗਿਆ, ਪਰ ਮੌਜੂਦਾ ਸਮੀਕਰਨਾਂ ਅਤੇ ਚੱਲ ਰਹੀਆਂ ਚਰਚਾਵਾਂ ਦੇ ਆਧਾਰ 'ਤੇ ਕਪੂਰ ਚੰਦ ਬਾਂਸਲ ਨੂੰ ਨਗਰ ਕੌਂਸਲ ਸਮਾਣਾ ਦਾ ਅਗਲਾ ਪ੍ਰਧਾਨ ਮੰਨਿਆ ਜਾ ਰਿਹਾ ਹੈ। ਹੁਣ ਸਭ ਦੀਆਂ ਨਜ਼ਰਾਂ ਪਾਰਟੀ ਦੇ ਅੰਤਿਮ ਫੈਸਲੇ 'ਤੇ ਟਿਕੀਆਂ ਹੋਈਆਂ ਹਨ।

## ਝਿੰਜਰ ਦੇ 'ਬੋਲੇਗਾ ਘਨੌਰ, ਬਦਲੇਗਾ ਦੌਰ' ਪੈਦਲ ਮਾਰਚ ਦੇ ਪਹਿਲੇ ਦਿਨ ਲੋਕਾਂ ਦਾ ਮਿਲਿਆ ਭਰਵਾਂ ਹੁੰਗਾਰਾ



ਘਨੌਰ, 30 ਮਈ (ਮਦਨ ਲਾਲ/ ਰਾਜਿੰਦਰ ਸਿੰਘ ਕੰਬੋਜ) : ਯੂਥ ਅਕਾਲੀ ਦਲ ਦੇ ਪ੍ਰਧਾਨ ਅਤੇ ਹਲਕਾ ਘਨੌਰ ਦੇ ਇੰਚਾਰਜ ਸਰਦਾਰ ਸਰਬਜੀਤ ਸਿੰਘ ਝਿੰਜਰ ਨੇ ਸ਼ਨੀਵਾਰ ਨੂੰ ਪਿੰਡ ਆਕੜ ਸਥਿਤ ਗੁਰਦੁਆਰਾ ਸ੍ਰੀ ਨਿੰਮ ਸਾਹਿਬ ਪਾਤਸ਼ਾਹੀ ਨੌਵੀਂ ਤੋਂ ਆਪਣੇ 'ਬੋਲੇਗਾ ਘਨੌਰ, ਬਦਲੇਗਾ ਦੌਰ' ਪੈਦਲ ਮਾਰਚ ਦੀ ਸ਼ੁਰੂਆਤ ਕੀਤੀ। 8 ਜੂਨ ਤੱਕ ਚੱਲਣ ਵਾਲਾ ਇਹ ਪੈਦਲ ਮਾਰਚ ਹਲਕਾ ਘਨੌਰ ਦੇ 100 ਤੋਂ ਵੱਧ ਪਿੰਡਾਂ ਨੂੰ ਕਵਰ ਕਰੇਗਾ। ਪਿੰਡ-ਪਿੰਡ ਪੈਦਲ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕਰਦਿਆਂ ਝਿੰਜਰ ਨੇ ਵੱਖ-ਵੱਖ ਥਾਵਾਂ 'ਤੇ ਇਕੱਠਾਂ ਨੂੰ ਸੰਬੋਧਨ ਕੀਤਾ, ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹਾ ਹੈ। ਇਸ ਦੌਰਾਨ ਉਨ੍ਹਾਂ ਪਿੰਡ ਆਕੜ ਵਿੱਚ ਮਨਰੇਗਾ ਦੇ ਕੰਮ ਬੰਦ ਹੋਣ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਪਿਛਲੇ ਇੱਕ ਸਾਲ ਤੋਂ ਮਨਰੇਗਾ ਤਹਿਤ ਕੋਈ ਕੰਮ ਨਹੀਂ ਹੋਇਆ, ਜਿਸ ਕਾਰਨ ਦਿਹਾੜੀਦਾਰ ਮਜ਼ਦੂਰਾਂ ਦੇ ਰੋਜ਼ਗਾਰ ਦਾ ਇੱਕ ਵੱਡਾ ਸਾਧਨ ਖਤਮ ਹੋ ਗਿਆ ਹੈ। ਪੈਦਲ ਮਾਰਚ ਦੌਰਾਨ ਇੱਕ ਭਾਵੁਕ ਪਲ ਦਾ ਜ਼ਿਕਰ ਕਰਦਿਆਂ ਝਿੰਜਰ ਨੇ ਦੱਸਿਆ ਕਿ ਉਨ੍ਹਾਂ ਦੀ ਮੁਲਾਕਾਤ ਇੱਕ ਦੁਖੀ ਮਾਤਾ ਨਾਲ ਹੋਈ, ਜੋ ਆਪਣੀਆਂ ਸਮੱਸਿਆਵਾਂ ਦੱਸਦਿਆਂ ਭਾਵੁਕ ਹੋ ਗਈ। ਉਸ ਨੇ ਕਿਹਾ ਕਿ ਅੱਜ ਤੱਕ ਕੋਈ ਵੀ ਉਸ ਦੀ ਗੱਲ ਸੁਣਨ ਨਹੀਂ ਆਇਆ। ਝਿੰਜਰ ਨੇ ਕਿਹਾ, ਅੱਜ ਮੈਂ ਆਪਣੇ ਸਮੁੱਚੇ ਕਾਫ਼ਲੇ ਨਾਲ ਉਸ ਮਾਤਾ ਦੇ ਘਰ ਗਿਆ ਅਤੇ ਭਾਰੇ ਮਨ ਨਾਲ ਉਸ ਦੀਆਂ ਸਾਰੀਆਂ ਗੱਲਾਂ ਸੁਣੀਆਂ। ਉਨ੍ਹਾਂ ਘਨੌਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀਆਂ ਸਮੱਸਿਆਵਾਂ ਨੂੰ ਆਪਣੇ ਤੱਕ ਸੀਮਤ ਨਾ ਰੱਖਣ। ਚਾਹੇ ਨਿੱਜੀ ਮਸਲਾ ਹੋਵੇ ਜਾਂ ਜਨਤਕ, ਲੋਕ ਨਿਡਰ ਹੋ ਕੇ ਆਪਣੀ ਗੱਲ ਉਨ੍ਹਾਂ ਤੱਕ ਪਹੁੰਚਾਉਣ ਤਾਂ ਜੋ ਉਹ ਉਨ੍ਹਾਂ ਦੀ ਆਵਾਜ਼ ਉੱਚੇ ਪੱਧਰ ਤੱਕ ਲੈ ਜਾ ਸਕਣ। ਸਿਆਸੀ ਮੋਰਚੇ 'ਤੇ ਤਿੱਖਾ ਹਮਲਾ ਕਰਦਿਆਂ ਝਿੰਜਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਕਿਸਾਨਾਂ ਦੀ ਬਾਂਹ ਫੜੀ ਹੈ। ਇਸ ਪੈਦਲ ਮਾਰਚ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਕਈ ਪਿੰਡਾਂ ਦੇ ਵਸਨੀਕ ਝਿੰਜਰ ਦੇ ਨਾਲ ਕਦਮ ਮਿਲਾ ਕੇ ਚੱਲੇ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਆਪਣਾ ਸਮਰਥਨ ਦੇਣ ਦਾ ਐਲਾਨ ਕੀਤਾ। ਇਸ ਮੌਕੇ ਸ.ਜਸਮੇਰ ਸਿੰਘ ਲਾਛੜੂ ਮੈਂਬਰ SGPC, ਸ.ਸੁਰਜੀਤ ਸਿੰਘ ਗੜ੍ਹੀ ਮੈਂਬਰ SGPC, ਸ.ਗੁਰਪ੍ਰੀਤ ਸਿੰਘ ਰਾਜੂ ਖੰਨਾ ਕੋਰ ਕਮੇਟੀ ਮੈਂਬਰ, ਸ਼੍ਰੋਮਣੀ ਅਕਾਲੀ ਦਲ, ਸ.ਹਰਕੇਸ਼ ਸਿੰਘ ਮੋਹਰੀ ਪ੍ਰਧਾਨ ਹਰਿਆਣਾ ਸ਼੍ਰੋਮਣੀ ਅਕਾਲੀ ਦਲ, ਸ.ਅਮਰਿੰਦਰ ਸਿੰਘ ਬਜਾਜ ਸਾਬਕਾ ਮੇਅਰ, ਸ.ਅਮਿਤ ਸਿੰਘ ਰਾਠੀ ਜਿਲ੍ਹਾ ਪ੍ਰਧਾਨ ਸ਼ਹਿਰੀ, ਸ.ਜਸਪਾਲ ਸਿੰਘ ਬਿੱਟੂ ਚੱਠਾ ਹਲਕਾ ਇੰਚਾਰਜ, ਸ਼੍ਰੀ ਕਬੀਰ ਦਾਸ ਹਲਕਾ ਇੰਚਾਰਜ ਸ਼ੁਤਰਾਣਾ, ਸ.ਮੱਖਣ ਸਿੰਘ ਲਾਲਕਾ ਹਲਕਾ ਇੰਚਾਰਜ ਨਾਭਾ, ਸ.ਅੰਮ੍ਰਿਤ ਸਿੰਘ ਲੰਘ ਜ਼ਿਲ੍ਹਾ ਪ੍ਰਧਾਨ ਦਿਹਾਤੀ, ਕਰਨ ਸਾਹਨੀ ਜਿਲ੍ਹਾ ਪ੍ਰਧਾਨ ਸ਼ਹਿਰੀ ਯੂਥ ਵਿੰਗ, ਸ.ਸੁਖਦੇਵ ਸਿੰਘ, ਜ਼ਿਲ੍ਹਾ ਪ੍ਰਧਾਨ 23 ਵਿੰਗ, ਸ.ਗੁਰਦੀਪ ਸਿੰਘ ਸ਼ੇਖੂਪੁਰਾ ਜ਼ਿਲ੍ਹਾ ਪ੍ਰਧਾਨ 23 ਵਿੰਗ, ਅਮਰਿੰਦਰ ਬਿੱਲਾ ਜ਼ਿਲ੍ਹਾ ਪ੍ਰਧਾਨ 23 ਵਿੰਗ, ਸ.ਹਰਬੰਸ ਸਿੰਘ ਜ਼ਿਲ੍ਹਾ ਪ੍ਰਧਾਨ SC ਵਿੰਗ ਪਟਿਆਲਾ ਦਿਹਾਤੀ, ਸ.ਤੇਜਿੰਦਰਪਾਲ ਸਿੰਘ ਸੰਧੂ ਅਤੇ ਹਲਕਾ ਘਨੌਰ ਦੇ ਸਾਰੇ ਸਰਕਲ ਪ੍ਰਧਾਨ, ਸੀਨੀਅਰ ਆਗੂ ਅਤੇ ਸਮੂਹ ਯੂਥ ਵਿੰਗ ਦੇ ਮੈਂਬਰ ਹਾਜ਼ਰ ਸਨ।

## ਪੁਲਿਸ ਨੇ ਨਹਿਰ 'ਚੋਂ ਮਿਲੇ ਭਰੂਣ ਨੂੰ ਹਸਪਤਾਲ ਦੀ ਮੋਰਚਰੀ 'ਚ ਰਖਵਾਇਆ



ਸਮਾਣਾ, 30 ਮਈ (ਵਿਜੇ ਕੁਮਾਰ) : ਕੰਟਰੋਲ ਰੂਮ ਤੋਂ ਮਿਲੀ ਸੂਚਨਾ ਦੇ ਆਧਾਰ 'ਤੇ ਸਿਟੀ ਪੁਲਸ ਨੇ ਭਾਖੜਾ ਨਹਿਰ 'ਚ ਪਾਣੀ ਤੇ ਤੈਰਦੇ ਜਾ ਰਹੇ ਇੱਕ ਭਰੂਣ ਨੂੰ ਗੋਤਾਖੋਰ ਸ਼ੰਕਰ ਭਾਰਦਵਾਜ ਦੀ ਟੀਮ ਵੱਲੋਂ ਕਢਵਾ ਕੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰਖਵਾ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੀ ਏ.ਐਸ.ਆਈ. ਜਗਦੀਸ਼ ਕੁਮਾਰ ਨੇ ਦੱਸਿਆ ਕਿ ਕੰਟਰੋਲ ਰੂਮ ਤੋਂ ਸੂਚਨਾ ਮਿਲਣ 'ਤੇ ਜਦੋਂ ਉਹ ਗੋਤਾਖੋਰ ਸ਼ੰਕਰ ਭਾਰਦਵਾਜ ਨੂੰ ਨਾਲ ਲੈ ਕੇ ਭਾਖੜਾ ਨਹਿਰ ਚੀਕਾ ਪੁੱਲ 'ਤੇ ਪਹੁੰਚੇ ਤਾਂ ਪਿੰਡ ਫਤਿਹਪੁਰ ਵੱਲੋਂ ਭਾਖੜਾ ਨਹਿਰ 'ਚ ਤੈਰਦਾ ਇੱਕ ਭਰੂਣ ਦਿਖਾਈ ਦਿੱਤਾ। ਉਹਨਾਂ ਅੱਗੇ ਦੱਸਿਆ ਕਿ ਭਰੂਣ ਨੂੰ ਗੋਤਾਖੋਰਾਂ ਨੇ ਪਟਿਆਲਾ- ਚੀਕਾ ਪੁੱਲਾ ਦਰਮਿਆਨ ਨਹਿਰ' ਚੋਂ ਬਾਹਰ ਕੱਢਿਆ ਤੇ ਸਿਵਲ ਹਸਪਤਾਲ ਲਿਜਾਇਆ ਗਿਆ। ਡਾਕਟਰ ਸਚਿਵ ਗਰਗ ਨੇ ਭਰੂਣ ਚੈੱਕ ਕਰਨ ਉਪਰੰਤ ਦੱਸਿਆ ਕਿ ਇਹ ਕਈ ਦਿਨ ਪੁਰਾਣਾ ਲੱਗਦਾ ਹੈ, ਜਿਸ ਦੀ ਜਾਂਚ ਮਾਹਿਰ ਡਾਕਟਰਾਂ ਵੱਲੋਂ ਕਰਨ 'ਤੇ ਹੀ ਸਹੀ ਪਤਾ ਚੱਲੇਗਾ।ਜਾਂਚ ਅਧਿਕਾਰੀ ਅਨੁਸਾਰ ਅਣਪਛਾਤਿਆਂ ਖਿਲਾਫ ਮਾਮਲਾ ਦਰਜ ਕਰਕੇ ਬਰੀਕੀ ਜਾਂਚ ਕੀਤੀ ਜਾ ਰਹੀ ਹੈ।

## ਮੈਗਾ ਪੀਟੀਐਮ ਨੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵਿਚਕਾਰ ਮਜ਼ਬੂਤ ਕੀਤਾ ਆਪਸੀ ਤਾਲਮੇਲ




ਮਲੇਰਕੋਟਲਾ, 30 ਮਈ (ਬਲਜੀਤ ਸਿੰਘ ਟਿੱਬਾ) : ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਸੁਧਾਰਾਤਮਕ ਪਹਿਲਕਦਮੀਆਂ ਤਹਿਤ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੈਗਾ ਪੀ.ਟੀ.ਐਮ. (ਮਾਪੇ-ਅਧਿਆਪਕ ਮਿਲਣੀ) ਮੁਹਿੰਮ ਅਧੀਨ ਅੱਜ ਜ਼ਿਲ੍ਹਾ ਮਾਲੇਰਕੋਟਲਾ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮੈਗਾ ਪੀ.ਟੀ.ਐਮ. ਦਾ ਸਫਲ ਆਯੋਜਨ ਕੀਤਾ ਗਿਆ। ਇਸ ਦੌਰਾਨ ਮਾਪਿਆਂ ਅਤੇ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਸ਼ਮੂਲੀਅਤ ਕਰਦਿਆਂ ਸਕੂਲਾਂ ਵਿੱਚ ਉਪਲਬਧ ਸਹੂਲਤਾਂ, ਪੜ੍ਹਾਈ ਦੇ ਮਿਆਰ ਅਤੇ ਬੱਚਿਆਂ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ। ਸਥਾਨਕ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਈ ਗਈ ਮੈਗਾ ਪੀ.ਟੀ.ਐਮ. ਦੌਰਾਨ ਸਕੂਲ ਪ੍ਰਿੰਸੀਪਲ ਚਰਨਜੀਤ ਵਾਤਿਸ ਨੇ ਮਾਪਿਆਂ ਨਾਲ ਸਿੱਧੀ ਗੱਲਬਾਤ ਕਰਦਿਆਂ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜ਼ਾਰੀ, ਸਹਿ-ਪਾਠਕ੍ਰਮ ਗਤੀਵਿਧੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਪ੍ਰਿੰਸੀਪਲ ਚਰਨਜੀਤ ਵਾਤਿਸ ਨੇ ਕਿਹਾ ਕਿ ਮੈਗਾ ਪੀ.ਟੀ.ਐਮ. ਰਾਹੀਂ ਮਾਪਿਆਂ ਤੋਂ ਪ੍ਰਾਪਤ ਫੀਡਬੈਕ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਸਹਾਇਕ ਸਾਬਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਨੂੰ ਦਿੱਤੀ ਜਾ ਰਹੀ ਤਰਜੀਹ ਅਤੇ ਸਰਕਾਰੀ ਸਕੂਲਾਂ ਵਿੱਚ ਕੀਤੇ ਜਾ ਰਹੇ ਸੁਧਾਰਾਂ ਕਾਰਨ ਲੋਕਾਂ ਦਾ ਭਰੋਸਾ ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਲਈ ਪੂਰੀ ਤਨਦੇਹੀ ਨਾਲ ਕਾਰਜ ਕਰ ਰਹੇ ਹਨ, ਤਾਂ ਜੋ ਵਿਦਿਆਰਥੀ ਹਰ ਖੇਤਰ ਵਿੱਚ ਸਫਲਤਾ ਹਾਸਲ ਕਰਕੇ ਆਪਣੇ ਮਾਪਿਆਂ, ਸਕੂਲ, ਜ਼ਿਲ੍ਹੇ ਅਤੇ ਪੰਜਾਬ ਦਾ ਨਾਮ ਰੌਸ਼ਨ ਕਰ ਸਕਣ।

## ਪਿੰਡ ਬਾਸਮਾ ਤੋਂ ਤੇਪਲਾ ਨੂੰ ਜਾਂਦੇ ਕੱਚੇ ਰਸਤੇ 'ਤੇ ਬਣਾਈ ਪੱਕੀ ਸੜਕ, ਰਾਹਗੀਰ ਖ਼ੁਸ਼



ਘਨੌਰ, 30 ਮਈ (ਰਾਜਿੰਦਰ ਸਿੰਘ ਕੰਬੋਜ) : ਪਿੰਡ ਬਾਸਮਾ ਤੋਂ ਪਿੰਡ ਤੇਪਲਾ ਨੂੰ ਜਾਂਦੇ ਕੱਚੇ ਰਸਤੇ ਤੇ ਸੂਬਾ ਸਰਕਾਰ ਅਤੇ ਵਿਧਾਇਕ ਗੁਰਲਾਲ ਘਨੌਰ ਦੇ ਯਤਨਾਂ ਸਦਕਾ ਪੱਕੀ ਸੜਕ ਬਣ ਗਈ ਹੈ ਇਸ ਸੜਕ ਨਾਲ ਇਸ ਜਿੱਥੇ ਰਾਹਗੀਰ ਨੂੰ ਦੋ ਕਿਲੋਮੀਟਰ ਦਾ ਪੈਂਡਾ ਘੱਟ ਤੈਅ ਕਰਨਾ ਪਵੇਗਾ। ਸੂਬਾ ਸਰਕਾਰ ਵੱਲੋਂ ਕੱਚੇ ਰਸਤੇ ਤੇ ਬਣਾਈ ਗਈ ਪੱਕੀ ਸੜਕ ਬਾਰੇ ਜਾਣਕਾਰੀ ਦਿੰਦੇ ਹੋਏ ਬਲਾਕ ਸੰਮਤੀ ਮੈਂਬਰ ਪਾਲ ਸਿੰਘ, ਬਲਾਕ ਪ੍ਰਧਾਨ ਸੁਖਦਰਸ਼ਨ ਸਿੰਘ ਬਾਸਮਾ ,ਸਰਪੰਚ ਗੁਰਚੈਨ ਸਿੰਘ ਤੇਪਲਾ, ਸਰਪੰਚ ਪਤਵਿੰਦਰ ਸਿੰਘ, ਬੱਗਾ ਸਿੰਘ ਬੈਦਵਾਨ, ਸੁਰਿੰਦਰ ਸਿੰਘ, ਲਖਵਿੰਦਰ ਸਿੰਘ, ਹਰਮੇਸ਼ ਕੁਮਾਰ, ਮੱਖਣ ਸਿੰਘ,ਸੋਹਣ ਸਿੰਘ, ਸਰਦੂਲ ਸਿੰਘ ਅਤੇ ਸੁਖਵਿੰਦਰ ਸਿੰਘ, ਸ਼ਿਸਨ ਸਿੰਘ ਨੇ ਦੱਸਿਆ ਕਿ ਪਿੰਡ ਬਾਸਮਾ ਤੋਂ ਪਿੱਪਲਾਂ ਨੂੰ ਕੱਚੇ ਜਾਣ ਵਾਲੇ ਰਸਤੇ ਨੂੰ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਆਪੇ ਹਲਕਾ ਵਿਧਾਇਕ ਗੁਰਲਾਲ ਘਨੌਰ ਦੇ ਯਤਨਾ ਨਾਲ ਪੱਕੀ ਸੜਕ ਬਣਾ ਦਿੱਤਾ ਹੈ ਜਿਸ ਕਾਰਨ ਜਾਣ ਵਾਲੇ ਰਾਹਗੀਰਾਂ ਨੂੰ ਹੁਣ ਜਿੱਥੇ ਦੋ ਕਿਲੋਮੀਟਰ ਦਾ ਪੈਂਡਾ ਘੱਟ ਤੈ ਕਰਨਾ ਪਵੇਗਾ ਉਥੇ ਹੀ ਉਹ ਜਲਦੀ ਹੀ ਪਿੰਡ ਤੇਪਲਾ ਪਹੁੰਚ ਜਾਣਗੇ ਇਸ ਦੇ ਨਾਲ ਹੀ ਹੁਣ ਇਸ ਸੜਕ ਨੂੰ ਬਣਾਉਣ ਲਈ ਵਿਧਾਇਕ ਗੁਰਲਾਲ ਸਿੰਘ ਘਨੌਰ ਦਾ ਧੰਨਵਾਦ ਕੀਤਾ ਹੈ।

## ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਨ ਨੂੰ ਬਚਾਉਣ ਲਈ ਸਮੁੱਚੇ ਪਟਿਆਲਵੀ ਆਪਣੇ ਆਲੇ-ਦੁਆਲੇ ਦੀ ਸਾਫ-ਸਫਾਈ ਵੱਲ ਧਿਆਨ ਦੇਣ : ਬਾਜਵਾ, ਭਲਵਾਨ



ਪਟਿਆਲਾ, 30 ਮਈ (ਚ.ਨ.ਸ) : ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਨ ਨੂੰ ਬਚਾਉਣ ਅਤੇ ਆਪਣੇ ਆਲੇ ਦੁਆਲੇ ਨੂੰ ਸਾਫ-ਸੁਥਰਾ ਰੱਖਣ ਲਈ ਉਚ ਅਧਿਕਾਰੀਆਂ ਦੀ ਸਰਪ੍ਰਸਤੀ ਹੇਠ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਉਦਘਾਟਨ ਸਤੀਸ਼ ਕੁਮਾਰ ਗੋਇਲ ਪ੍ਰਿੰਸੀਪਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਿਊ ਪਾਵਰ ਹਾਊਸ ਕਲੋਨੀ ਨੇ ਕੀਤਾ। ਵਿਸ਼ੇਸ਼ ਤੌਰ 'ਤੇ ਸੁਰਿੰਦਰ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਉਪਕਾਰ ਸਿੰਘ ਪ੍ਰਧਾਨ ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ, ਵਰਿੰਦਰ ਖਰੋਡ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ , ਹਰਮਨਜੀਤ ਸਿੰਘ ਰੰਧਾਵਾ, ਰਾਜ ਕੁਮਾਰ ਨੇ ਸ਼ਿਰਕਤ ਕੀਤੀ।ਇਸ ਮੌਕੇ ਸੁਖਜਿੰਦਰ ਬਾਜਵਾ ਅਤੇ ਪਰਮਿੰਦਰ ਭਲਵਾਨ ਨੇ ਕਿਹਾ ਕਿ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਨ ਨੂੰ ਬਚਾਉਣ ਲਈ ਵੱਖ ਵੱਖ ਸਕੂਲਾਂ ਅਤੇ ਪਾਰਕਾਂ ਵਿੱਚ ਆਪਣੇ ਆਲੇ ਦੁਆਲੇ ਦੀ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਹਨਾਂ ਸਮੂਚੇ ਪਟਿਆਲਵੀਆਂ ਨੂੰ ਵੀ ਅਪੀਲ ਕੀਤੀ ਕਿ ਉਹੋ ਆਪਣੇ ਘਰਾਂ ਦੇ ਆਲੇ-ਦੁਆਲੇ ਦੀ ਸਾਫ -*ਸਫਾਈ ਰੱਖਣ ਅਤੇ ਆਪਣੇ ਘਰਾਂ ਵਿੱਚ ਗਮਲਿਆਂ ਜਾ ਕਿਸੇ ਹੋਰ ਚੀਜ਼ ਵਿੱਚ ਪਾਣੀ ਨਾ ਖੜਾ ਹੋਣ ਦੇਣ ਇਸ ਨਾਲ ਡੇਂਗੂ ਦਾ ਲਾਰਵਾ ਪੈਦਾ ਹੋ ਸਕਦਾ ਹੈ, ਅਤੇ ਡੇਂਗੂ ਦੇ ਮੱਛਰਾਂ ਦੇ ਕੱਟਣ ਨਾਲ ਤੁਸੀਂ ਗੰਭੀਰ ਬਿਮਾਰ ਵੀ ਹੋ ਸਕਦੇ ਹੋ।